@Qpatrika | @qaumipatrika punjabi | instagram.com/qaumipatrika

**Largest Circulated**

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

**Punjabi National Daily**

**Qaumi Patrika NO.1**

ਦਿੱਲੀ, ਹਿਮਾਚਲ, ਹਰਿਆਣਾ, ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖੰਡ ਸੇ ਪ੍ਰਸਾਰਿਤ।

Sunday, 2 August 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਐਤਵਾਰ 2 ਅਗਸਤ 2026, 18 ਸਾਵਣ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 269, qpatrika@gmail.com ਫੋਨ : 9971359517 www.qaumipatrika.org

# ਸੰਸਦ 'ਚ 'ਈਡੀਅਟ' ਤੇ 'ਅੰਧਭਗਤ' 'ਤੇ ਰੇੜਕਾ, ਹੰਗਾਮੇ ਤੋਂ ਬਾਅਦ ਰਾਹੁਲ ਗਾਂਧੀ ਦੇ ਭਾਸ਼ਣ 'ਤੇ ਚੱਲੀ ਕੈਂਚੀ

**ਕੌਮੀ ਪਤ੍ਰਿਕਾ**
**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 1 ਅਗਸਤ। ਲੋਕ ਸਭਾ 'ਚ ਪੇਪਰ ਲੀਕ ਰੋਕੂ ਬਿੱਲ 'ਤੇ ਚਰਚਾ ਚੱਲ ਰਹੀ ਹੈ। ਸਦਨ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਭਾਸ਼ਣ ਦੇ ਰਹੇ ਹਨ। ਰਾਹੁਲ ਗਾਂਧੀ ਦੇ ਭਾਸ਼ਣ ਦੌਰਾਨ ਲੋਕ ਸਭਾ 'ਚ ਹੰਗਾਮਾ ਮਚ ਗਿਆ। ਰਾਹੁਲ ਗਾਂਧੀ ਨੇ ਵਿਦਿਆਰਥੀਆਂ ਦੇ ਪ੍ਰਦਰਸ਼ਨ 'ਤੇ ਕਿਹਾ, 'ਇਸ ਦੇਸ਼ ਦੇ ਭਵਿੱਖ ਨੇ ਸਾਡੀਆਂ ਸੜਕਾਂ 'ਤੇ ਜੋ ਕੀਤਾ, ਉਸ ਨੂੰ ਦੇਖ ਕੇ ਮੈਂ ਬਹੁਤ ਉਤਸ਼ਾਹਤ ਤੇ ਆਸਵੰਦ ਮਹਿਸੂਸ ਕਰ ਰਿਹਾ ਹਾਂ। ਇਹ ਗੁੱਸਾ, ਹਿੰਸਾ ਜਾਂ ਨਫ਼ਰਤ ਨਹੀਂ ਸੀ, ਬਲਕਿ ਇਸ ਦੇਸ਼ ਦੇ ਨੌਜਵਾਨਾਂ ਤੇ ਆਉਣ ਵਾਲੀ ਪੀੜ੍ਹੀ ਦੀ ਡੂੰਘੀ ਭਾਵਨਾ ਦਾ ਇਜ਼ਹਾਰ ਸੀ।' ਰਾਹੁਲ ਗਾਂਧੀ ਨੇ ਭਾਸ਼ਣ ਦੌਰਾਨ ਕਿਹਾ, 'ਤਿੰਨ ਤਰ੍ਹਾਂ ਦੇ ਲੋਕ ਹੁੰਦੇ ਹਨ.. ਵਿਦਿਆਰਥੀ, ਅੰਧਭਗਤ ਤੇ ਈਡੀਅਟ। ਜਿੱਥੇ 'ਅੰਧਭਗਤ' ਨੂੰ ਲੱਗਦਾ ਹੈ ਕਿ 'ਈਡੀਅਟ' ਹੀ ਭਗਵਾਨ ਹੈ। ਤੁਸੀਂ ਦੱਸੋ ਸਟੂਡੈਂਟ ਕੌਣ ਹੈ ਤੇ ਈਡੀਅਟ ਕੌਣ?' ਜੰਤਰ-ਮੰਤਰ 'ਤੇ ਵਿਰੋਧ ਕਰ ਰਹੇ ਵਿਦਿਆਰਥੀਆਂ ਨਾਲ ਆਪਣੀ ਗੱਲਬਾਤ ਨੂੰ ਯਾਦ ਕਰਦੇ ਹੋਏ ਰਾਹੁਲ ਗਾਂਧੀ ਨੇ ਇਕ ਯੁਵਾ ਔਰਤ ਨਾਲ ਹੋਈ ਗੱਲਬਾਤ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਟੂਡੈਂਟ ਹੋਣ ਦਾ ਕੀ ਮਤਲਬ ਹੈ। ਰਾਹੁਲ ਨੇ ਕਿਹਾ, 'ਮੈਂ ਉਸ ਲੜਕੀ ਤੋਂ ਪੁੱਛਿਆ, 'ਤੂੰ ਮੈਨੂੰ ਦੱਸਿਆ ਕਿ ਤੂੰ ਇਕ ਵਿਦਿਆਰਥਣ ਹੈ। ਇਸ ਦਾ ਕੀ ਮਤਲਬ ਹੈ? ਕੀ ਤੂੰ ਕਾਲਜ ਜਾਂ ਸਕੂਲ 'ਚ ਪੜ੍ਹਦੀ ਹੈ ਜਾਂ ਇਸ ਦਾ ਮਤਲਬ ਹੈ ਕਿ ਤੂੰ ਕਿਤਾਬਾਂ ਪੜ੍ਹਦੀ ਹੈਂ?' ਕਾਂਗਰਸ ਆਗੂ ਨੇ ਅੱਗੇ ਦੱਸਿਆ, 'ਉਸ ਨੇ ਬਹੁਤ



ਸੁੰਦਰ ਜਵਾਬ ਦਿੱਤਾ। ਉਨ੍ਹਾਂ ਕਿਹਾ, ਵਿਦਿਆਰਥੀ ਉਹ ਹੈ ਜਿਸ ਦਾ ਦਿਮਾਗ ਤੇ ਦਿਲ ਖੁੱਲ੍ਹਾ ਹੋਵੇ, ਜੋ ਸ਼ੁਰੂ ਤੋਂ ਹੀ ਇਹ ਮੰਨ ਲਵੇ ਕਿ ਉਸ ਨੂੰ ਕੁਝ ਨਹੀਂ ਪਤਾ। ਵਿਦਿਆਰਥੀ ਜਾਣਦਾ ਹੈ ਕਿ ਜੋ ਕੁਝ ਵੀ ਉਹ ਜਾਣਦਾ ਹੈ, ਉਸ ਨੂੰ ਬਾਅਦ 'ਚ ਨਵੀਂ ਜਾਣਕਾਰੀ ਨਾਲ ਬਦਲਿਆ ਜਾ ਸਕਦਾ ਹੈ। ਵਿਦਿਆਰਥੀ ਸਮਝਦਾ ਹੈ ਕਿ ਬ੍ਰਹਿਮੰਡ ਲਗਾਤਾਰ ਬਦਲ ਰਿਹਾ ਹੈ ਤੇ ਇਸ ਲਈ ਉਹ ਸਮਝਦਾ ਹੈ ਕਿ ਗਿਆਨ ਵੀ ਲਗਾਤਾਰ ਬਦਲ ਰਿਹਾ ਹੈ।' ਰਾਹੁਲ ਗਾਂਧੀ ਨੇ ਇਸ ਤੋਂ ਬਾਅਦ ਉਸ ਵਿਦਿਆਰਥੀ ਵੱਲੋਂ ਦੱਸੇ ਗਏ ਇਕ ਹੋਰ ਤਰ੍ਹਾਂ ਦੇ ਲੋਕਾਂ ਦਾ ਜ਼ਿਕਰ ਕੀਤਾ ਤੇ ਕਿਹਾ, 'ਉਸ ਨੇ ਮੈਨੂੰ ਦੱਸਿਆ ਕਿ ਲੋਕਾਂ ਦੀ ਇਕ ਹੋਰ ਕੈਟੇਗਰੀ ਹੁੰਦੀ ਹੈ। ਉਹ ਵਿਦਿਆਰਥੀ ਨਹੀਂ ਹੁੰਦੇ, ਉਨ੍ਹਾਂ ਨੂੰ ਪੂਰਾ ਯਕੀਨ ਹੁੰਦਾ ਹੈ ਕਿ ਉਹ ਸਭ ਕੁਝ ਜਾਣਦੇ ਹਨ।' ਕਾਂਗਰਸ ਆਗੂ ਨੇ ਕਿਹਾ, 'ਉਹ ਮੰਨਦੇ ਹਨ ਕਿ ਬ੍ਰਹਿਮੰਡ ਸਥਿਰ ਹੈ ਤੇ ਉਨ੍ਹਾਂ ਨੂੰ ਲੱਗਦਾ ਹੈ ਕਿ ਗਿਆਨ ਉਨ੍ਹਾਂ ਦੇ ਅੰਦਰੋਂ ਆਉਂਦਾ ਹੈ। ਉਹ ਖੁਦ ਨੂੰ ਭਗਵਾਨ ਮੰਨਦੇ ਹਨ, ਉਨ੍ਹਾਂ ਨੂੰ ਲੱਗਦਾ ਹੈ ਕਿ ਜੋ ਕੁਝ ਵੀ ਜਾਣਨ ਯੋਗ ਹੈ, ਉਹ ਸਭ ਜਾਣਦੇ ਹਨ। ਉਹ ਹੰਕਾਰੀ ਹੁੰਦੇ ਹਨ, ਉਹ ਕਿਸੇ ਦੀ ਗੱਲ ਨਹੀਂ ਸੁਣਦੇ, ਉਹ ਦੂਜਿਆਂ ਦੀ ਸੱਚਾਈ ਦਾ ਸਤਿਕਾਰ ਨਹੀਂ ਕਰਦੇ।' ਰਾਹੁਲ ਗਾਂਧੀ ਨੇ ਅੱਗੇ ਦੱਸਿਆ, 'ਮੈਂ ਉਸ ਸਟੂਡੈਂਟ ਤੋਂ ਪੁੱਛਿਆ, ਤੂੰ ਅਜਿਹੇ ਲੋਕਾਂ ਨੂੰ ਕੀ ਕਹਿੰਦੀ ਹੈਂ? ਉਸ ਨੇ ਕਿਹਾ, ਮੈਂ ਉਨ੍ਹਾਂ ਨੂੰ ਈਡੀਅਟ (ਮੂਰਖ) ਕਹਿੰਦੀ ਹਾਂ।' ਰਾਹੁਲ ਨੇ ਲੋਕ ਸਭਾ 'ਚ ਭਾਸ਼ਣ ਦੌਰਾਨ ਕਿਹਾ, 'ਅੰਧਭਗਤ ਉਹ ਵਿਅਕਤੀ ਹੈ ਜੋ ਦੂਜੇ ਵਿਅਕਤੀ ਨੂੰ ਭਗਵਾਨ ਮੰਨਦਾ ਹੈ।' ਰਾਹੁਲ ਗਾਂਧੀ ਦੇ ਈਡੀਅਟ ਸ਼ਬਦ ਦਾ ਇਸਤੇਮਾਲ ਕਰਦੇ ਹੀ ਸੰਸਦੀ ਮਾਮਲਿਆਂ ਦੇ ਮੰਤਰੀ ਕਿਰਨ ਰਿਜੀਜੂ ਨੇ ਇਤਰਾਜ਼ ਜਤਾਇਆ ਤੇ ਸਪੀਕਰ ਓਮ ਬਿਰਲਾ ਨੂੰ ਅਪੀਲ ਕੀਤੀ ਕਿ ਉਹ ਇਸ ਗ਼ੈਰ-ਸੰਸਦੀ ਸ਼ਬਦ ਨੂੰ ਕਾਰਵਾਈ ਤੋਂ ਹਟਾ ਦੇਣ। ਕਿਰਨ ਰਿਜੀਜੂ ਦੇ ਬੋਲਣ 'ਤੇ ਰਾਹੁਲ ਗਾਂਧੀ ਨੇ ਕਿਹਾ, 'ਅਧਿਅਕਸ਼ ਜੀ, ਜੇ ਤੁਸੀਂ ਚਾਹੁੰਦੇ ਹੋ ਕਿ ਦੇਸ਼ ਵਿਚ ਸਿਰਫ਼ BJP ਬੋਲੇ ਤਾਂ ਮੈਂ ਚੁੱਪ ਹੋ ਕੇ ਬੈਠ ਜਾਵਾਂਗਾ। ਮੈਂ ਜਦੋਂ ਵੀ ਬੋਲਦਾ ਹਾਂ, BJP ਵੱਲੋਂ ਕੋਈ ਨਾ ਕੋਈ ਬੋਲਣ ਲੱਗ ਪੈਂਦਾ ਹੈ।' ਰਾਹੁਲ ਗਾਂਧੀ ਨੇ ਐਜੂਕੇਸ਼ਨ ਸਿਸਟਮ ਨੂੰ ਲੈ ਕੇ ਸਰਕਾਰ 'ਤੇ ਨਿਸ਼ਾਨਾ ਵਿੰਨ੍ਹਦੇ ਹੋਏ ਕਿਹਾ, 'ਸਿੱਖਿਆ ਸਿਸਟਮ ਬਹੁਤ ਮਹਿੰਗਾ ਹੈ। ਸਰਕਾਰ ਪੂਰੇ ਸਿੱਖਿਆ ਬਜਟ 'ਚ ਜਿੰਨਾ ਖਰਚ ਕਰਦੀ ਹੈ, ਉਸ ਤੋਂ ਕਿਤੇ ਜ਼ਿਆਦਾ ਪੈਸਾ ਇਕ ਪ੍ਰੀਖਿਆ 'ਤੇ ਖਰਚ ਹੋ ਜਾਂਦਾ ਹੈ।' ਕਾਂਗਰਸ ਆਗੂ ਨੇ ਅੱਗੇ ਕਿਹਾ, 'ਵਿਦਿਆਰਥੀ ਇਸ ਲਈ ਪਰੇਸ਼ਾਨ ਹਨ ਕਿਉਂਕਿ ਉਹ ਆਪਣੀ ਪਸੰਦ ਦੇ ਕੰਮ ਨਹੀਂ ਕਰ ਪਾ ਰਹੇ ਹਨ। ਵਿਦਿਆਰਥੀ ਇਸ ਗੱਲ ਤੋਂ ਬਹੁਤ ਪਰੇਸ਼ਾਨ ਹਨ ਕਿ ਉਨ੍ਹਾਂ ਨੂੰ ਆਪਣੇ ਪੈਸ਼ਨ ਨੂੰ ਫਾਲੋ ਕਰਨ ਜਾਂ ਆਪਣੇ ਮਨ ਦੇ ਸਵਾਲ ਪੁੱਛਣ ਦੀ ਇਜਾਜ਼ਤ ਨਹੀਂ ਹੈ।' ਰਾਹੁਲ ਗਾਂਧੀ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਲੈ ਕੇ ਸਦਨ 'ਚ ਬਿਆਨ ਦਿੱਤਾ।

## 520 ਪੈਟਰੋਲ ਤੁਹਾਡੀ ਗੱਡੀ ਲਈ ਸੁਰੱਖਿਅਤ ਹੈ ਜਾਂ ਨਹੀਂ? ਕੰਪਨੀਆਂ ਨੇ ਕੇਜਰੀਵਾਲ ਨੂੰ ਕੀ ਦਿੱਤਾ ਜਵਾਬ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 1 ਅਗਸਤ। ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਦੋਸ਼ ਲਾਇਆ ਹੈ ਕਿ ਕੇਂਦਰ ਦੀ ਭਾਜਪਾ ਸਰਕਾਰ ਉਨ੍ਹਾਂ ਦੇ ਸ਼ਨੀਵਾਰ ਨੂੰ ਤੈਅ ਟਾਊਨ ਹਾਲ ਪ੍ਰੋਗਰਾਮ ਨੂੰ ਨਹੀਂ ਹੋਣ ਦੇ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਪਹਿਲਾਂ ਪੁਲਿਸ ਕਾਂਸਟੀਚਿਊਸ਼ਨ ਕਲੱਬ ਗਈ ਅਤੇ ਉਨ੍ਹਾਂ ਲੋਕਾਂ ਨੂੰ ਕਿਹਾ ਕਿ ਕੇਜਰੀਵਾਲ ਦਾ ਸ਼ਨੀਵਾਰ ਨੂੰ ਹੋਣ ਵਾਲਾ ਸਮਾਗਮ ਰੱਦ ਕਰ ਦਿੱਤਾ ਜਾਵੇ। ਜਦੋਂ ਉਨ੍ਹਾਂ ਕਿਹਾ ਕਿ ਉਹ ਬੁਕਿੰਗ ਕਰਵਾ ਚੁੱਕੇ ਹਨ, ਰਸੀਦ ਵੀ ਕੱਟ ਚੁੱਕੀ ਹੈ ਤਾਂ ਉਹ ਪੁਲਿਸ ਵਾਲੇ ਮੇਰੇ ਅਤੇ ਸੌਰਭ ਭਾਰਦਵਾਜ ਕੋਲ ਆਏ। ਕੇਜਰੀਵਾਲ ਨੇ ਦੱਸਿਆ ਕਿ ਪੁਲਿਸ ਨੇ ਉਨ੍ਹਾਂ ਨੂੰ ਕਿਹਾ ਕਿ, ਇਸ ਲਈ ਤੁਸੀਂ ਪਰਮਿਸ਼ਨ ਲਓ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਤੁਸੀਂ ਪ੍ਰੋਗਰਾਮ ਆਯੋਜਿਤ ਨਹੀਂ ਕਰ ਸਕਦੇ। ਕੇਜਰੀਵਾਲ ਨੇ ਕਿਹਾ ਕਿ ਇਨਡੋਰ ਪ੍ਰੋਗਰਾਮ ਲਈ ਕਦੇ ਵੀ ਪਰਮਿਸ਼ਨ ਦੀ ਲੋੜ ਨਹੀਂ ਪੈਂਦੀ ਸੀ, ਪਹਿਲਾਂ ਵੀ ਹੁੰਦੇ ਰਹੇ ਹਨ ਅਤੇ ਉਨ੍ਹਾਂ ਦਾ ਪ੍ਰੋਗਰਾਮ ਹੋ ਕੇ ਰਹੇਗਾ। ਦੱਸ ਦਈਏ ਕਿ ਇਹ ਪ੍ਰੋਗਰਾਮ ਈ-20 (520) ਪੈਟਰੋਲ




ਨੂੰ ਲੈ ਕੇ ਹੋਣ ਵਾਲਾ ਹੈ। ਕੇਜਰੀਵਾਲ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਦੇਸ਼ ਵਾਸੀਆਂ ਉੱਤੇ ਈ-20 ਪੈਟਰੋਲ ਥੋਪਣ 'ਚ ਲੱਗੀ ਹੋਈ ਹੈ। ਉਨ੍ਹਾਂ ਕਿਹਾ ਕਿ ਮੈਂ ਕੁਝ ਦਿਨ ਪਹਿਲਾਂ ਦੇਸ਼ ਵਿੱਚ ਵਾਹਨ ਬਣਾਉਣ ਵਾਲੀਆਂ 29 ਕੰਪਨੀਆਂ ਨੂੰ ਪੱਤਰ ਲਿਖ ਕੇ ਪੁੱਛਿਆ ਸੀ ਕਿ ਕੀ ਉਨ੍ਹਾਂ ਦੇ ਵਾਹਨ ਈ-20 ਪੈਟਰੋਲ ਦੀ ਵਰਤੋਂ ਕਰਨ ਦੇ ਲਿਹਾਜ਼ ਨਾਲ ਬਿਹਤਰ ਹਨ। ਕੇਜਰੀਵਾਲ ਨੇ ਕਿਹਾ ਕਿ ਅਸੀਂ ਕੰਪਨੀਆਂ ਤੋਂ ਪੁੱਛਿਆ ਸੀ ਕਿ ਜੇਕਰ ਈ-20 ਪੈਟਰੋਲ ਦੀ ਵਰਤੋਂ ਨਾਲ ਵਾਹਨ ਖਰਾਬ ਹੁੰਦੇ ਹਨ ਜਾਂ ਵਾਹਨਾਂ ਦਾ ਮਾਈਲੇਜ ਘੱਟ ਹੁੰਦਾ ਹੈ ਤਾਂ ਇਸ ਦਾ ਹਰਜਾਨਾ ਤੁਸੀਂ ਦਿਓਗੇ। ਇਨ੍ਹਾਂ 'ਚੋਂ ਕਿਸੇ ਵੀ ਕੰਪਨੀ ਦਾ ਲਿਖਤੀ ਰੂਪ ਵਿੱਚ ਜਵਾਬ ਨਹੀਂ ਆਇਆ। ਕੇਜਰੀਵਾਲ ਨੇ ਦਾਅਵਾ ਕੀਤਾ ਕਿ ਕੰਪਨੀਆਂ ਦੇ 9 ਅਧਿਕਾਰੀਆਂ ਨਾਲ ਉਨ੍ਹਾਂ ਦੀ ਫੋਨ 'ਤੇ ਗੱਲਬਾਤ ਹੋਈ ਹੈ। ਜਿਸ 'ਚ ਅਧਿਕਾਰੀਆਂ ਨੇ ਕਿਹਾ ਕਿ ਮੋਦੀ ਸਰਕਾਰ ਉਨ੍ਹਾਂ ਨੂੰ ਧਮਕੀ ਦੇ ਰਹੀ ਹੈ ਕਿ ਇਹ ਲੋਕ ਇਹ ਕਹਿਣ ਕਿ ਈ-20 ਪੈਟਰੋਲ ਵਾਹਨਾਂ ਲਈ ਉਪਯੋਗੀ ਹੈ। ਕੇਜਰੀਵਾਲ ਨੇ ਕਿਹਾ ਕਿ ਈ-20 ਪੈਟਰੋਲ ਪ੍ਰਧਾਨ ਮੰਤਰੀ ਨੂੰ ਵਾਪਸ ਲੈਣਾ ਪਵੇਗਾ, ਸ਼ਾਂਤੀ ਨਾਲ ਲੈ ਲੈਣ ਜਾਂ ਫਿਰ ਜਨਤਾ ਕਰਵਾ ਲਵੇਗੀ।

## ਭਦੋਹੀ ਜ਼ਿਲ੍ਹੇ ਦਾ ਨਾਂ ਹੁਣ ਹੋਵੇਗਾ 'ਸੰਤ ਰਵਿਦਾਸ ਨਗਰ', ਮੁੱਖ ਮੰਤਰੀ ਯੋਗੀ ਦਾ ਵੱਡਾ ਐਲਾਨ

**ਕੌਮੀ ਪਤ੍ਰਿਕਾ**
**ਨਵਦੀਪ ਸਿੰਘ ਸਾਹਨੀ**

ਵਾਰਾਣਸੀ 1 ਅਗਸਤ। ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਗੁਰੂ ਪੂਰਨਿਮਾ ਦੇ ਸ਼ੁਭ ਮੌਕੇ 'ਤੇ ਵਾਰਾਣਸੀ ਵਿੱਚ ਇੱਕ ਇਤਿਹਾਸਕ ਫੈਸਲਾ ਲੈਂਦਿਆਂ ਭਦੋਹੀ ਜ਼ਿਲ੍ਹੇ ਦਾ ਨਾਮ ਬਦਲ ਕੇ ਮੁੜ 'ਸੰਤ ਰਵਿਦਾਸ ਨਗਰ' ਰੱਖਣ ਦਾ ਐਲਾਨ ਕੀਤਾ ਹੈ। ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਅੱਜ ਤੋਂ ਇਸ ਜ਼ਿਲ੍ਹੇ ਨੂੰ ਇਸ ਦੇ ਪੁਰਾਣੇ ਨਾਮ ਨਾਲ ਹੀ ਜਾਣਿਆ ਜਾਵੇਗਾ। ਇੱਕ ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਪਿਛਲੀ ਸਮਾਜਵਾਦੀ ਪਾਰਟੀ (ਸਪਾ) ਦੀ ਸਰਕਾਰ 'ਤੇ ਸਿੱਧਾ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਸਪਾ ਸਰਕਾਰ ਨੇ ਸੰਤ ਰਵਿਦਾਸ ਜੀ ਦੇ ਨਾਮ 'ਤੇ ਬਣੇ ਜ਼ਿਲ੍ਹੇ ਦਾ ਨਾਮ ਹਟਾ ਕੇ ਇੱਕ ਪਾਪ



ਕੀਤਾ ਸੀ, ਜਿਸ ਨੂੰ ਹੁਣ ਸੁਧਾਰਿਆ ਗਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜੋ ਲੋਕ ਸਮਾਜ ਨੂੰ ਵੰਡਣ ਦੀ ਰਾਜਨੀਤੀ ਕਰਦੇ ਹਨ, ਉਨ੍ਹਾਂ ਦੇ ਆਦਰਸ਼ ਸੰਤ ਰਵਿਦਾਸ ਜਾਂ ਮਹਾਰਿਸ਼ੀ ਵਾਲਮੀਕਿ ਨਹੀਂ, ਸਗੋਂ ਔਰੰਗਜ਼ੇਬ ਅਤੇ ਬਾਬਰ ਵਰਗੇ ਲੋਕ ਹਨ। ਮੁੱਖ ਮੰਤਰੀ ਨੇ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਵੱਲੋਂ ਮਹਾਂਪੁਰਖਾਂ ਨੂੰ ਦਿੱਤੇ ਜਾ ਰਹੇ ਸਤਿਕਾਰ ਬਾਰੇ ਗੱਲ ਕਰਦਿਆਂ ਦੱਸਿਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜਲੰਧਰ ਏਅਰਪੋਰਟ ਦਾ ਨਾਮ ਸੰਤ ਰਵਿਦਾਸ ਜੀ ਦੇ ਨਾਮ 'ਤੇ ਅਤੇ ਅਯੁੱਧਿਆ ਏਅਰਪੋਰਟ ਦਾ ਨਾਮ ਮਹਾਰਿਸ਼ੀ ਵਾਲਮੀਕਿ ਜੀ ਦੇ ਨਾਮ 'ਤੇ ਰੱਖਿਆ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਸੰਤਾਂ ਅਤੇ ਰਿਸ਼ੀਆਂ ਦੇ ਆਦਰਸ਼ਾਂ 'ਤੇ ਚੱਲ ਰਹੀ ਹੈ। ਮਾਹਿਰਾਂ ਅਨੁਸਾਰ ਮੁੱਖ ਮੰਤਰੀ ਦੇ ਇਸ ਕਦਮ ਨੂੰ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਉਨ੍ਹਾਂ ਦੇ 'ਮਿਸ਼ਨ ਦਲਿਤ' ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ। ਇਸ ਫੈਸਲੇ ਰਾਹੀਂ ਭਾਜਪਾ ਦਲਿਤ ਭਾਈਚਾਰੇ ਵਿੱਚ ਇੱਕ ਮਜ਼ਬੂਤ ਸੰਦੇਸ਼ ਦੇਣ ਦੀ ਕੋਸ਼ਿਸ਼ ਕਰ ਰਹੀ ਹੈ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਇਸ ਮੌਕੇ ਵਾਰਾਣਸੀ ਵਿਖੇ ਸੰਤ ਰਵਿਦਾਸ ਮੰਦਰ ਵਿੱਚ ਮੱਥਾ ਵੀ ਟੇਕਿਆ।

## ਕਾਂਗਰਸ ਦੇ ਕੌਮੀ ਪ੍ਰਧਾਨ ਦੀ ਪੰਜਾਬ 'ਚ ਹੋਵੇਗੀ ਪੇਸ਼ੀ ! ਅਦਾਲਤ ਨੇ ਜਾਰੀ ਕੀਤਾ ਵਾਰੰਟ

ਸੰਗਰੂਰ 1 ਅਗਸਤ। ਕਾਂਗਰਸ ਦੇ ਕੌਮੀ ਪ੍ਰਧਾਨ ਮਲਿਕਅਰਜੁਨ ਖੜਗੇ ਵੱਲੋਂ ਹਿੰਦੂ ਸੰਗਠਨਾਂ ਖਿਲਾਫ਼ ਟਿੱਪਣੀ ਦੇ ਮਾਮਲੇ ਨੂੰ ਲੈ ਕੇ ਉਨ੍ਹਾਂ ਦੀਆ ਮੁਸ਼ਕਿਲਾਂ ਵੱਧਣ ਜਾ ਰਹੀਆਂ ਹਨ, ਕਿਉਂਕਿ ਸੰਗਰੂਰ ਕੋਰਟ ਵੱਲੋਂ ਉਨ੍ਹਾਂ ਖਿਲਾਫ਼ ਵਾਰੰਟ ਜਾਰੀ ਕੀਤਾ ਗਿਆ ਹੈ। ਇਸ ਸਬੰਧੀ ਅੱਜ ਪੱਤਰਕਾਰਾਂ ਨਾਲ ਸੰਗਰੂਰ ਦੇ ਵਸਨੀਕ ਅਤੇ ਬਜਰੰਗ ਦਲ ਦੇ ਆਗੂ ਹਿਤੇਸ਼ ਭਾਰਦਵਾਜ ਤੇ ਐਡਵੋਕੇਟ ਲਲਿਤ ਗਰਗ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮਾਮਲਾ 2023 ਕਰਨਾਟਕਾ ਚੋਣਾਂ ਦੌਰਾਨ ਦਾ ਹੈ। ਖੜਗੇ ਵੱਲੋਂ ਇਕ ਟਿੱਪਣੀ ਰਾਹੀਂ ਬਜਰੰਗ ਦਲ ਦੀ ਤੁਲਨਾ ਪਾਕਿਸਤਾਨੀ ਅੱਤਵਾਦੀ ਏਜੰਸੀ ਪੀ.ਐੱਫ.ਆਈ. ਨਾਲ ਕੀਤੀ ਗਈ ਸੀ। ਇਸ ਮਾਮਲੇ ਵਿਚ 28 ਜੁਲਾਈ ਨੂੰ ਸੰਗਰੂਰ ਅਦਾਲਤ ਵੱਲੋਂ ਖੜਗੇ ਖ਼?ਲਾਫ਼ ਜ਼ਮਾਨਤੀ ਵਾਰੰਟ ਜਾਰੀ ਹੋਇਆ ਹੈ। 19 ਸਤੰਬਰ 2026 ਨੂੰ ਖੜਗੇ ਨੂੰ ਹੁਣ ਸੰਗਰੂਰ ਅਦਾਲਤ ਵਿਚ ਪੇਸ਼ ਹੋਕੇ ਜ਼ਮਾਨਤ ਲੈਣੀ ਪਵੇਗੀ। ਐਡਵੋਕੇਟ ਲਲਿਤ ਗਰਗ ਨੇ ਦੱਸਿਆ ਕਿ ਪਹਿਲਾਂ ਇਹ ਕੇਸ ਸਿਵਲ ਮੈਟਰ ਵਿਚ ਚੱਲ ਰਿਹਾ ਸੀ, ਜਿਸ ਵਿਚ ਖੜਗੇ ਦੇ ਵਕੀਲ ਨੇ ਪੇਸ਼ੀ ਭੁਗਤੀ ਸੀ। ਹੁਣ ਮਾਣਯੋਗ ਕੋਰਟ ਨੇ ਕੇਸ ਨੂੰ ਕ੍ਰਿਮਨਲ ਮਾਮਲੇ ਵਿਚ ਤਬਦੀਲ ਕਰ ਦਿੱਤਾ ਹੈ ਤੇ ਜੇਕਰ ਮਲਿਕਅਰਜੁਨ ਖੜਗੇ ਖ਼ੁਦ ਪੇਸ਼ ਨਹੀਂ ਹੁੰਦੇ ਤਾਂ ਕੋਰਟ ਵੱਲੋਂ ਗੈਰ ਜ਼ਮਾਨਤੀ ਵਾਰੰਟ ਵੀ ਜਾਰੀ ਹੋ ਸਕਦੇ ਹਨ।

## ਅੰਡਰਵਰਲਡ ਡਾਨ ਛੋਟਾ ਰਾਜਨ ਨੂੰ ਵੱਡਾ ਝਟਕਾ ! ਅਦਾਲਤ ਨੇ ਸੁਣਾਈ 7 ਸਾਲ ਦੀ ਸਜ਼ਾ

ਨੈਸ਼ਨਲ ਡੈਸਕ 1 ਅਗਸਤ। ਚੇਨਈ ਦੀ ਇੱਕ ਵਿਸ਼ੇਸ਼ ਸੀਬੀਆਈ ਅਦਾਲਤ ਨੇ ਗੈਂਗਸਟਰ ਛੋਟਾ ਰਾਜਨ ਨੂੰ ਜਾਅਲੀ ਦਸਤਾਵੇਜ਼ਾਂ ਦੀ ਵਰਤੋਂ ਕਰਕੇ ਪਾਸਪੋਰਟ ਪ੍ਰਾਪਤ ਕਰਨ ਦੇ ਦੋਸ਼ ਵਿੱਚ ਸੱਤ ਸਾਲ ਦੀ ਕੈਦ ਦੀ ਸਜ਼ਾ ਸੁਣਾਈ। ਅਧਿਕਾਰੀਆਂ ਨੇ ਦੱਸਿਆ ਕਿ ਏਜੰਸੀ 22 ਸਾਲ ਲੰਬੀ ਕਾਨੂੰਨੀ ਲੜਾਈ ਤੋਂ ਬਾਅਦ ਰਾਜਨ ਨੂੰ ਦੋਸ਼ੀ ਠਹਿਰਾਉਣ ਵਿੱਚ ਸਫਲ ਰਹੀ। ਰਾਜਨ ਨੇ ਸਕੂਲ ਟ?ਰਾਂਸਫਰ ਸਰਟੀਫਿਕੇਟ ਤੇ ਰਾਸ਼ਨ ਕਾਰਡ ਵਰਗੇ ਝੂਠੇ ਦਸਤਾਵੇਜ਼ ਪੇਸ਼ ਕਰਕੇ 'ਵਿਜੇ ਕਦਮ' ਦੀ ਪਛਾਣ ਅਪਣਾਈ ਸੀ। ਸੀਬੀਆਈ ਦੇ ਬੁਲਾਰੇ ਨੇ ਇੱਕ ਬਿਆਨ ਵਿੱਚ ਕਿਹਾ, ਦੋਸ਼ੀ, ਛੋਟਾ ਰਾਜਨ ਇਸ ਸਮੇਂ ਨਵੀਂ ਦਿੱਲੀ ਦੀ ਤਿਹਾੜ ਜੇਲ੍ਹ ਵਿੱਚ ਬੰਦ ਹੈ, ਜਿੱਥੇ ਉਹ ਪਹਿਲਾਂ ਹੀ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਹੈ। ਏਜੰਸੀ ਨੇ 19 ਮਾਰਚ, 2002 ਨੂੰ ਐਫਆਈਆਰ ਦਰਜ ਕਰ ਕੇ ਜਾਂਚ ਸ਼ੁਰੂ ਕੀਤੀ। ਇਹ ਦੋਸ਼ ਲਾਇਆ ਗਿਆ ਸੀ ਕਿ ਦੋਸ਼ੀ ਨੇ ਜਾਅਲੀ ਦਸਤਾਵੇਜ਼ਾਂ ਦੀ ਵਰਤੋਂ ਕਰ ਕੇ ਪਾਸਪੋਰਟ ਲਈ ਅਰਜ਼ੀ ਦਿੱਤੀ ਸੀ ਅਤੇ ਪ੍ਰਾਪਤ ਕੀਤਾ ਸੀ, ਜਿਸ ਨਾਲ ਚੇਨਈ ਦੇ ਖੇਤਰੀ ਪਾਸਪੋਰਟ ਦਫਤਰ ਨਾਲ ਧੋਖਾ ਹੋਇਆ ਸੀ। ਬੁਲਾਰੇ ਨੇ ਕਿਹਾ, ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਛੋਟਾ ਰਾਜਨ ਨੇ ਝੂਠੇ ਦਸਤਾਵੇਜ਼ ਪੇਸ਼ ਕਰ ਕੇ 'ਵਿਜੇ ਕਦਮ' ਦੇ ਨਾਮ 'ਤੇ ਭਾਰਤੀ ਪਾਸਪੋਰਟ ਲਈ ਅਰਜ਼ੀ ਦਿੱਤੀ ਸੀ... ਇਹ ਵੀ ਖੁਲਾਸਾ ਹੋਇਆ ਕਿ 'ਵਿਜੇ ਕਦਮ' ਦਾ ਅਸਲੀ ਨਾਮ ਰਾਜੇਂਦਰ ਉਰਫ਼ ਨਾਨਾ ਉਰਫ਼ ਛੋਟਾ ਰਾਜਨ ਸੀ, ਜੋ ਮੁੰਬਈ ਦੇ ਰਹਿਣ ਵਾਲੇ ਸਦਾਸ਼ਿਵ ਦਾ ਪੁੱਤਰ ਸੀ। ਸੀਬੀਆਈ ਨੇ ਦੋ ਸਾਲਾਂ ਦੇ ਅੰਦਰ, 22 ਜਨਵਰੀ, 2004 ਨੂੰ ਰਾਜਨ ਵਿਰੁੱਧ ਚਾਰਜਸ਼ੀਟ ਦਾਇਰ ਕੀਤੀ।

## ਜੰਮੂ-ਕਸ਼ਮੀਰ ਪੁਲਸ ਨੇ ਰਿਆਸੀ 'ਚ 5 ਅੱਤਵਾਦੀਆਂ ਦੀ ਜ਼ਮੀਨ ਕੀਤੀ ਜ਼ਬਤ

ਨੈਸ਼ਨਲ ਡੈਸਕ 1 ਅਗਸਤ। ਜੰਮੂ-ਕਸ਼ਮੀਰ ਦੇ ਪੁਲਸ ਡਾਇਰੈਕਟਰ ਜਨਰਲ (ਡੀ.ਜੀ.ਪੀ.) ਨਲਿਨ ਪ੍ਰਭਾਤ ਨੇ ਰਿਆਸੀ ਜ਼ਿਲ੍ਹੇ ਦੇ ਪੰਜ ਅੱਤਵਾਦੀਆਂ ਦੀ 1.7 ਹੈਕਟੇਅਰ ਜ਼ਮੀਨ ਜ਼ਬਤ ਕਰਨ ਦੇ ਹੁਕਮ ਦਿੱਤੇ ਹਨ ਜੋ ਪਾਕਿਸਤਾਨ ਤੋਂ ਕੰਮ ਕਰ ਰਹੇ ਸਨ। ਇੱਕ ਪੁਲਸ ਬੁਲਾਰੇ ਨੇ ਕਿਹਾ, ਡੀ.ਜੀ.ਪੀ. ਨਲਿਨ ਪ੍ਰਭਾਤ ਨੇ ਪਾਕਿਸਤਾਨ ਤੋਂ ਕੰਮ ਕਰ ਰਹੇ ਪੰਜ ਬਦਨਾਮ ਅੱਤਵਾਦੀਆਂ ਦੀਆਂ ਜਾਇਦਾਦਾਂ ਜ਼ਬਤ ਕਰਨ ਦੇ ਹੁਕਮ ਦਿੱਤੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪੁਲਿਸ ਨੇ ਪਾਕਿਸਤਾਨ ਤੋਂ ਕੰਮ ਕਰ ਰਹੇ ਲਸ਼ਕਰ-ਏ-ਤੋਇਬਾ ਦੇ ਇੱਕ ਚੋਟੀ ਦੇ ਅੱਤਵਾਦੀ ਮੁਹੰਮਦ ਕਾਸਿਮ ਵਿਰੁੱਧ ਭਗੌੜਾ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਬੁਲਾਰੇ ਅਨੁਸਾਰ, ਕਾਸਿਮ ਦੀ ਜਾਇਦਾਦ ਇਸ ਸਾਲ ਮਾਰਚ ਵਿੱਚ ਜ਼ਬਤ ਕੀਤੀ ਗਈ ਸੀ। ਜ਼ਬਤ ਕਰਨ ਦੇ ਹੁਕਮ ਅਨੁਸਾਰ, ਜਿਨ੍ਹਾਂ ਅੱਤਵਾਦੀਆਂ ਦੀ ਜ਼ਮੀਨ ਜ਼ਬਤ ਕੀਤੀ ਗਈ ਹੈ, ਉਨ੍ਹਾਂ ਦੀ ਪਛਾਣ ਅਲਤਾਫ ਦੀਨ, ਗੁਲਾਮ ਮੁਹੰਮਦ, ਮੁਹੰਮਦ ਅਸ਼ਰਫ, ਸ਼ਬੀਰ ਅਹਿਮਦ ਅਤੇ ਬਹਾਰ ਦੀਨ ਵਜੋਂ ਹੋਈ ਹੈ। ਇਹ ਸਾਰੇ ਕਈ ਸਾਲ ਪਹਿਲਾਂ ਹਥਿਆਰਾਂ ਅਤੇ ਗੋਲਾ ਬਾਰੂਦ ਦੀ ਵਰਤੋਂ ਦੀ ਸਿਖਲਾਈ ਲੈਣ ਲਈ ਪਾਕਿਸਤਾਨ ਗਏ ਸਨ।

## 'ਨੀਟ ਪ੍ਰਦਰਸ਼ਨ 'ਚ ਸ਼ਾਮਲ ਵਿਦਿਆਰਥੀਆਂ ਨੂੰ ਮਿਲੇਗੀ ਸਰਕਾਰੀ ਨੌਕਰੀ ਤੇ ਪੈਨਸ਼ਨ': ਤੇਜਸਵੀ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 1 ਅਗਸਤ। ਬਿਹਾਰ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਤੇਜਸਵੀ ਯਾਦਵ ਨੇ ਮੰਗਲਵਾਰ ਨੂੰ ਕਿਹਾ ਕਿ ਉਨ੍ਹਾਂ ਦੀ ਪਾਰਟੀ ਦੀ ਸਰਕਾਰ ਬਣਦੀ ਹੈ ਤਾਂ ਹਾਲ ਹੀ ਵਿੱਚ NEET-UG ਵਿਦਿਆਰਥੀ ਅੰਦੋਲਨ ਦੌਰਾਨ ਜ਼ਖਮੀ ਅਤੇ FIR ਦਾ ਸਾਹਮਣਾ ਕਰਨ ਵਾਲੇ ਅਤੇ ਜੇਲ੍ਹ ਜਾਣ ਵਾਲੇ ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਸਰਕਾਰੀ ਪੈਨਸ਼ਨ ਅਤੇ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸ਼ਾਂਤੀਪੂਰਨ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਅਤੇ ਨੌਜਵਾਨਾਂ ਵਿਰੁੱਧ, ਜਿਸ ਤਰ੍ਹਾਂ ਨਾਲ ਪੁਲਸ ਕਾਰਵਾਈ ਕੀਤੀ ਗਈ ਹੈ, ਉਹ ਚਿੰਤਾਜਨਕ ਹੈ। ਪਟਨਾ ਦੇ ਬਾਂਕੀਪੁਰ ਉਪ-ਚੋਣ ਵਿੱਚ ਆਪਣੀ ਪਾਰਟੀ ਦੀ ਉਮੀਦਵਾਰ ਰੇਖਾ ਗੁਪਤਾ ਦੇ ਰੋਡ ਸ਼ੋਅ ਤੋਂ ਪਹਿਲਾਂ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਰਾਸ਼ਟਰੀ ਜਨਤਾ ਦਲ (ਆਰਜੇਡੀ) ਦੇ ਨੇਤਾ ਨੇ ਵਿਦਿਆਰਥੀ ਅੰਦੋਲਨ ਨੂੰ ਲੋਕਤੰਤਰੀ ਅਧਿਕਾਰਾਂ ਨਾਲ ਜੁੜਿਆ ਮੁੱਦਾ ਦੱਸਿਆ। ਉਨ੍ਹਾਂ ਕਿਹਾ ਕਿ ਅੰਦੋਲਨ ਦੌਰਾਨ ਬਹੁਤ ਸਾਰੇ ਵਿਦਿਆਰਥੀਆਂ ਨੂੰ ਲਾਠੀਚਾਰਜ ਦਾ ਸਾਹਮਣਾ ਕਰਨਾ ਪਿਆ, ਜਿਸ ਕਾਰਨ ਕਈ ਵਿਦਿਆਰਥੀ ਜ਼ਖਮੀ ਹੋ ਗਏ। ਇਸ ਦੌਰਾਨ ਕਈਆਂ ਵਿਰੁੱਧ ਐਫਆਈਆਰ ਦਰਜ ਕੀਤੀਆਂ ਗਈਆਂ ਅਤੇ ਕੁਝ ਨੂੰ ਜੇਲ੍ਹ ਵੀ ਜਾਣਾ ਪਿਆ। ਤੇਜਸਵੀ ਨੇ ਕਿਹਾ ਕਿ ਨੌਜਵਾਨਾਂ ਨੇ ਆਪਣੇ ਅਧਿਕਾਰਾਂ ਅਤੇ ਬਿਹਤਰ ਪ੍ਰੀਖਿਆ ਪ੍ਰਣਾਲੀ ਦੀ ਮੰਗ ਉਠਾਈ ਹੈ। ਇਸ ਲਈ ਜੇਕਰ ਆਰਜੇਡੀ ਸਰਕਾਰ ਬਣਾਉਂਦੀ ਹੈ, ਤਾਂ ਉਨ੍ਹਾਂ ਨੂੰ ਸਨਮਾਨਜਨਕ ਸਮਰਥਨ ਪ੍ਰਦਾਨ ਕਰਨ ਲਈ ਪੈਨਸ਼ਨਾਂ ਅਤੇ ਸਰਕਾਰੀ ਨੌਕਰੀਆਂ ਦਾ ਪ੍ਰਬੰਧ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰੀਖਿਆ ਪ੍ਰਣਾਲੀ ਨਿਰਪੱਖ, ਸੁਰੱਖਿਅਤ ਅਤੇ ਪੂਰੀ ਤਰ੍ਹਾਂ ਪਾਰਦਰਸ਼ੀ ਹੋਣੀ ਚਾਹੀਦੀ ਹੈ। ਨੌਜਵਾਨਾਂ ਨੂੰ ਰੁਜ਼ਗਾਰ



ਪ੍ਰਦਾਨ ਕੀਤਾ ਜਾਣਾ ਚਾਹੀਦਾ ਹੈ ਅਤੇ ਭ੍ਰਿਸ਼ਟਾਚਾਰ ਨੂੰ ਸਖ਼ਤੀ ਨਾਲ ਰੋਕਿਆ ਜਾਣਾ ਚਾਹੀਦਾ ਹੈ। ਤੇਜਸਵੀ ਨੇ ਕਿਹਾ ਕਿ ਆਰਜੇਡੀ ਹਰ ਹਾਲਤ ਵਿੱਚ ਇਨ੍ਹਾਂ ਮੁੱਦਿਆਂ ਲਈ ਲੜ ਰਹੇ ਵਿਦਿਆਰਥੀਆਂ ਦੇ ਨਾਲ ਖੜ੍ਹਾ ਰਹੇਗਾ। ਰਾਜ ਸਰਕਾਰ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾਂ ਕਿਹਾ ਕਿ ਜਨਤਕ ਦਬਾਅ ਨੇ ਸਰਕਾਰ ਨੂੰ ਐਫਆਈਆਰ ਵਾਪਸ ਲੈਣ ਲਈ ਮਜਬੂਰ ਕੀਤਾ। ਹਾਲਾਂਕਿ, ਆਰਜੇਡੀ ਨੇਤਾ ਨੇ ਕਿਹਾ ਕਿ ਸਿਰਫ਼ ਐਫਆਈਆਰ ਵਾਪਸ ਲੈਣਾ ਕਾਫ਼ੀ ਨਹੀਂ ਹੈ ਅਤੇ ਪ੍ਰਦਰਸ਼ਨ ਦੇ ਆਲੇ ਦੁਆਲੇ ਦੇ ਹਾਲਾਤ ਅਤੇ ਪੁਲਸ ਕਾਰਵਾਈ ਦੇ ਆਧਾਰ ਨੂੰ ਸਪੱਸ਼ਟ ਕਰਨ ਲਈ ਪੂਰੀ ਘਟਨਾ ਦੀ ਨਿਆਂਇਕ ਜਾਂਚ ਕਰਵਾਈ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰੀ ਢੰਗ ਨਾਲ ਆਪਣੇ ਵਿਚਾਰ ਪ੍ਰਗਟ ਕਰਨ ਵਾਲੇ ਨੌਜਵਾਨਾਂ ਵਿਰੁੱਧ ਕੀਤੀਆਂ ਗਈਆਂ ਕਾਰਵਾਈਆਂ ਦੀ ਨਿਰਪੱਖ ਜਾਂਚ ਜ਼ਰੂਰੀ ਹੈ। ਉਪ ਚੋਣ ਬਾਰੇ ਤੇਜਸਵੀ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਪੂਰੀ ਤਾਕਤ ਨਾਲ ਚੋਣ ਮੈਦਾਨ ਵਿੱਚ ਹੈ ਅਤੇ ਮਹਾਂਗਠਜੋੜ ਨੂੰ ਜਨਤਾ ਦਾ ਸਮਰਥਨ ਮਿਲ ਰਿਹਾ ਹੈ।

## ਤਾਮਿਲਨਾਡੂ 'ਚ ਵੱਡਾ ਹਾਦਸਾ: ਰਸੋਈ ਗੈਸ ਸਿਲੰਡਰ ਫਟਣ ਨਾਲ 10 ਲੋਕ ਜ਼ਖ਼ਮੀ, 7 ਗੰਭੀਰ

ਨੈਸ਼ਨਲ ਡੈਸਕ 1 ਅਗਸਤ। ਬੁੱਧਵਾਰ ਦੇਰ ਰਾਤ ਤਾਮਿਲਨਾਡੂ ਦੇ ਤੰਜਾਵੁਰ ਜ਼ਿਲ੍ਹੇ ਦੇ ਚਿਨਾ ਅੰਮਾਨਕੁਡੀ ਵਿੱਚ ਇੱਕ ਘਰ 'ਚ ਲੱਗੀ ਅੱਗ ਬੁਝਾਉਣ ਦੀ ਕੋਸ਼ਿਸ਼ ਦੌਰਾਨ ਇੱਕ ਐਲਪੀਜੀ ਸਿਲੰਡਰ ਫਟਣ ਨਾਲ ਇੱਕ 15 ਸਾਲਾ ਲੜਕੀ ਸਮੇਤ ਘੱਟੋ-ਘੱਟ 10 ਲੋਕ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ। ਪੁਲਸ ਦੇ ਅਨੁਸਾਰ ਜ਼ਖਮੀਆਂ ਵਿੱਚੋਂ ਸੱਤ ਦਾ ਇਸ ਸਮੇਂ ਤੰਜਾਵੁਰ ਮੈਡੀਕਲ ਕਾਲਜ ਹਸਪਤਾਲ ਦੇ ਇੰਟੈਂਸਿਵ ਕੇਅਰ ਯੂਨਿਟ (ਆਈ.ਸੀ.ਯੂ.) 'ਚ ਇਲਾਜ ਚੱਲ ਰਿਹਾ ਹੈ। ਪੁਲਸ ਨੇ ਦੱਸਿਆ ਕਿ ਇਹ ਘਟਨਾ ਬੁੱਧਵਾਰ ਰਾਤ ਲਗਭਗ 2 ਵਜੇ ਲਕਸ਼ਮੀਪੁਰਮ ਖੇਤਰ 'ਚ ਸਥਾਨਕ ਕਿਸਾਨ ਮੁਰੂਗਯਾਨ ਦੇ ਘਾਹ-ਫੂਸ ਵਾਲੇ ਘਰ 'ਚ ਵਾਪਰੀ। ਚਸ਼ਮਦੀਦਾਂ ਦੇ ਅਨੁਸਾਰ ਤਿਰੂਵੋਨਮ ਦੇ ਨੇੜੇ ਚਿਨਾ ਅੰਮਾਨਕੁਡੀ ਵਿੱਚ ਘਾਹ-ਫੂਸ ਵਾਲੇ ਘਰ ਵਿੱਚ ਅੱਗ ਲੱਗ ਗਈ, ਜਦੋਂ ਪਰਿਵਾਰ ਸੌਂ ਰਿਹਾ ਸੀ। ਗੁਆਂਢੀਆਂ ਨੇ ਅੱਗ ਦੀਆਂ ਲਪਟਾਂ ਵੇਖੀਆਂ ਤੇ ਪਰਿਵਾਰ ਨੂੰ ਸੁਰੱਖਿਅਤ ਬਾਹਰ ਕੱਢਣ ਲਈ ਸੁਚੇਤ ਕੀਤਾ। ਫਿਰ ਉਨ੍ਹਾਂ ਨੇ ਪਾਣੀ ਨਾਲ ਅੱਗ ਬੁਝਾਉਣੀ ਸ਼ੁਰੂ ਕਰ ਦਿੱਤੀ। ਪੁਲਸ ਨੇ ਦੱਸਿਆ ਕਿ ਜਦੋਂ ਘਰ ਦੇ ਆਲੇ-ਦੁਆਲੇ ਬਹੁਤ ਸਾਰੇ ਸਥਾਨਕ ਲੋਕ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕਰ ਰਹੇ ਸਨ, ਤਾਂ ਰਸੋਈ ਵਿੱਚ ਰੱਖਿਆ ਇੱਕ ਐਲਪੀਜੀ ਸਿਲੰਡਰ ਅਚਾਨਕ ਫਟ ਗਿਆ। ਇਸ ਹਾਦਸੇ ਵਿੱਚ ਮੁਰੂਗਯਨ, ਉਸਦੀ ਧੀ ਅਭਿਨਯਾ ਅਤੇ ਅੱਗ ਬੁਝਾਉਣ ਵਿੱਚ ਮਦਦ ਕਰਨ ਵਾਲੇ ਕਈ ਗੁਆਂਢੀ ਜ਼ਖਮੀ ਹੋ ਗਏ। ਪੁਲਸ ਦੇ ਅਨੁਸਾਰ ਜ਼ਖਮੀਆਂ ਦੀ ਪਛਾਣ ਕਾਸੀਨਾਥਨ, ਰਾਜਸ਼ੇਖਰ, ਪਲਾਨੀਵੇਲ, ਵੇਮਬਈਆਨ, ਕਲੈਯਾਰਾਸੀ, ਭੁਵਨੇਸ਼ਵਰਨ, ਸੇਲਵਰਾਜ ਅਤੇ ਕਾਲੀਅਮਲ ਵਜੋਂ ਹੋਈ ਹੈ। ਕਰੰਬਾਕੁਡੀ ਤੋਂ ਫਾਇਰਫਾਈਟਰਜ਼ ਮੌਕੇ 'ਤੇ ਪਹੁੰਚੇ ਅਤੇ ਪੀੜਤਾਂ ਨੂੰ ਬਚਾਇਆ। ਜ਼ਖਮੀਆਂ ਵਿੱਚੋਂ ਤਿੰਨ ਨੂੰ ਪੱਟੂਕੋਟਾਈ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਜਦੋਂ ਕਿ ਗੰਭੀਰ ਰੂਪ ਵਿੱਚ ਸੜ ਚੁੱਕੇ ਸੱਤ ਹੋਰਾਂ ਨੂੰ ਤੰਜਾਵੁਰ ਮੈਡੀਕਲ ਕਾਲਜ ਹਸਪਤਾਲ ਭੇਜਿਆ ਗਿਆ, ਜਿੱਥੇ ਉਨ੍ਹਾਂ ਨੂੰ ਆਈਸੀਯੂ ਵਿੱਚ ਦਾਖਲ ਕਰਵਾਇਆ ਗਿਆ ਹੈ। ਤਿਰੂਵੋਨਮ ਪੁਲਿਸ ਨੇ ਮਾਮਲਾ ਦਰਜ ਕਰ ਕੇ ਹਾਦਸੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਦਾਨ ਗਿਣਤੀ ਕਰਨ ਵਾਲੇ ਮੁਲਾਜਮਾਂ ਦੀ ਸ਼ਿਫਟ ਟਾਈਮਿੰਗ ਵਧੀ, ਹੁਣ ਕਰ ਰਹੇ ਹਨ 8 ਘੰਟੇ ਡਿਊਟੀ

**ਕੌਮੀ ਪਤ੍ਰਿਕਾ**

ਅਯੁੱਧਿਆ 1 ਅਗਸਤ। ਰਾਮ ਮੰਦਰ ਭੇਟਾਂ ਨਾਲ ਜੁੜੀਆਂ ਚੋਰੀ ਦੀਆਂ ਘਟਨਾਵਾਂ ਦੇ ਵਿਚਕਾਰ ਪ੍ਰਾਪਤ ਫੰਡਾਂ ਦੀ ਗਿਣਤੀ ਕਰਨ ਦੇ ਵੱਖ-ਵੱਖ ਤਰੀਕਿਆਂ ਦੀ ਜਾਂਚ ਕੀਤੀ ਗਈ ਹੈ। ਹੁਣ ਦੋਵਾਂ ਸ਼ਿਫਟਾਂ ਦੀ ਮਿਆਦ ਵਧਾ ਦਿੱਤੀ ਗਈ ਹੈ। ਸੂਤਰਾਂ ਅਨੁਸਾਰ, ਗਿਣਤੀ ਕਰਨ ਵਾਲਾ ਸਟਾਫ਼ ਪ੍ਰਤੀ ਸ਼ਿਫਟ ਅੱਠ ਘੰਟੇ ਦੀ ਡਿਊਟੀ ਨਿਭਾ ਰਿਹਾ ਹੈ। ਇਸ ਦੌਰਾਨ ਉਹ ਕਰੰਸੀ ਨੋਟਾਂ ਨੂੰ ਛਾਂਟਣ ਤੋਂ ਲੈ ਕੇ ਉਨ੍ਹਾਂ ਨੂੰ ਬੰਡਲ ਕਰਨ ਤੱਕ ਸਭ ਕੁਝ ਸੰਭਾਲਦੇ ਹਨ। ਨਵੇਂ ਦਿਸ਼ਾ-ਨਿਰਦੇਸ਼ਾਂ ਦੇ ਤਹਿਤ ਪਹਿਲੀ ਸ਼ਿਫਟ ਸਵੇਰੇ 8:00 ਵਜੇ ਤੋਂ ਸ਼ਾਮ 4:00 ਵਜੇ ਤੱਕ ਚੱਲਦੀ ਹੈ, ਜਦੋਂ ਕਿ ਦੂਜੀ ਸ਼ਿਫਟ ਦੁਪਹਿਰ 12:30 ਵਜੇ ਸ਼ੁਰੂ ਹੁੰਦੀ ਹੈ ਅਤੇ ਰਾਤ 8:30 ਵਜੇ ਤੱਕ ਜਾਰੀ ਰਹਿੰਦੀ ਹੈ। ਪਹਿਲਾਂ, ਹਰੇਕ ਸ਼ਿਫਟ ਛੇ ਘੰਟੇ ਚੱਲਦੀ ਸੀ। ਇੱਕ ਕਰਮਚਾਰੀ ਨੇ ਇਸ ਤਬਦੀਲੀ ਦੀ ਪੁਸ਼ਟੀ ਕੀਤੀ, ਇਹ ਨੋਟ ਕਰਦੇ ਹੋਏ ਕਿ ਜਦੋਂ ਕਿ ਸ਼ਿਫਟ ਦੀ ਮਿਆਦ ਵਧੀ ਹੈ, ਮਾਣਭੱਤਾ ਉਹੀ ਰਹਿੰਦਾ ਹੈ, ਜਿਸ ਨਾਲ ਲੰਬੇ ਸਮੇਂ ਵਿੱਚ ਕੰਮ ਜਾਰੀ ਰੱਖਣਾ ਅਸੰਭਵ ਹੋ ਜਾਂਦਾ ਹੈ; ਉਹ ਸਿਰਫ਼ ਚਾਹੁੰਦੇ ਹਨ ਕਿ ਜਾਂਚ ਪੂਰੀ ਹੋਵੇ। ਪਹਿਲਾਂ, ਇੱਕ ਹੀ ਸ਼ਿਫਟ ਵਿੱਚ ਭੇਟਾਂ ਦੀ ਗਿਣਤੀ ਲਈ ਇੱਕ ਟ?ਰਾਇਲ ਰਨ ਕੀਤਾ ਗਿਆ ਸੀ। ਉਸ ਸਮੇਂ ਬੈਂਕ ਸਟਾਫ ਦੇ ਨਾਲ ਕਈ ਆਊਟਸੋਰਸ ਕੀਤੇ ਕਰਮਚਾਰੀ ਤਾਇਨਾਤ ਕੀਤੇ ਗਏ ਸਨ। ਹਾਲਾਂਕਿ, ਮੁਕੱਦਮੇ ਤੋਂ ਬਾਅਦ ਦੋ-ਸ਼ਿਫਟ ਗਿਣਤੀ ਪ੍ਰਣਾਲੀ 'ਤੇ ਵਾਪਸ ਜਾਣ ਦਾ ਫੈਸਲਾ ਕੀਤਾ ਗਿਆ ਸੀ, ਜਿਸਨੂੰ ਬਾਅਦ ਵਿੱਚ ਲਾਗੂ ਕੀਤਾ ਗਿਆ ਸੀ। ਜੁਲਾਈ ਵਿੱਚ ਪ੍ਰਾਪਤ ਹੋਈਆਂ ਪੇਸ਼ਕਸ਼ਾਂ ਦੀ ਰਕਮ ਜੂਨ ਦੇ ਮੁਕਾਬਲੇ ਥੋੜ੍ਹੀ ਘੱਟ ਸੀ। ਫਿਰ ਵੀ ਬੈਂਕ ਅਧਿਕਾਰੀਆਂ ਅਤੇ ਟਰੱਸਟੀਆਂ ਦਾ ਦਾਅਵਾ ਹੈ ਕਿ ਇਹ ਅੰਕੜਾ ?18-20 ਲੱਖ ਦੇ ਦਾਇਰੇ ਵਿੱਚ ਰਹਿੰਦਾ ਹੈ। ਬੈਂਕ ਮੈਨੇਜਰ ਅਨੂਪ ਤਿਵਾੜੀ ਦਾ ਦ੍ਰਿਸ਼ਟੀਕੋਣ ਪ੍ਰਾਪਤ ਨਹੀਂ ਕੀਤਾ ਜਾ ਸਕਿਆ ਕਿਉਂਕਿ ਉਸਨੇ ਆਪਣੇ ਮੋਬਾਈਲ ਫੋਨ 'ਤੇ ਕਾਲਾਂ ਦਾ ਜਵਾਬ ਨਹੀਂ ਦਿੱਤਾ। ਚੋਰੀ ਦੀਆਂ ਘਟਨਾਵਾਂ ਕਾਰਨ ਇਸ ਡਿਊਟੀ 'ਤੇ ਨਿਯੁਕਤ ਕਰਮਚਾਰੀਆਂ ਨੂੰ ਸਭ ਤੋਂ ਵੱਧ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਜਦੋਂ ਕਿ ਦੋਸ਼ੀਆਂ ਨੂੰ ਜੇਲ੍ਹ ਭੇਜ ਦਿੱਤਾ ਗਿਆ ਸੀ, ਜਾਂਚ ਦੌਰਾਨ ਹੋਰ ਸਟਾਫ ਮੈਂਬਰ ਡਰੇ ਹੋਏ ਸਨ ਅਤੇ ਬਹੁਤ ਦੁਖੀ ਸਨ। ਹਾਲਾਂਕਿ ਸਿੰਗਲ-ਸ਼ਿਫਟ ਗਿਣਤੀ ਮੁਕੱਦਮਾ ਸ਼ੁਰੂ ਵਿੱਚ ਕੀਤੇ ਜਾਣ 'ਤੇ ਬਹੁਤ ਸਾਰੇ ਆਊਟਸੋਰਸ ਕੀਤੇ ਕਰਮਚਾਰੀ ਭੱਜ ਗਏ ਸਨ

## ਪੈਲੇਟ ਗੰਨ ਮਾਮਲਾ: ਆਰਏਐਫ ਹਥਿਆਰਾਂ ਦੇ ਰਿਕਾਰਡਾਂ ਨੂੰ ਸੁਰੱਖਿਅਤ ਰੱਖਣ ਦੇ ਅਦਾਲਤ ਨੇ ਦਿੱਤੇ ਹੁਕਮ

**ਕੌਮੀ ਪਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 1 ਅਗਸਤ। ਸੁਪਰੀਮ ਕੋਰਟ ਨੇ ਕੇਂਦਰ ਸਰਕਾਰ ਨੂੰ ਨਿਰਦੇਸ਼ ਦਿੱਤਾ ਕਿ ਉਹ ਰਾਸ਼ਟਰੀ ਯੋਗਤਾ ਕਮ ਪ੍ਰਵੇਸ਼ ਪ੍ਰੀਖਿਆ ਪ੍ਰਸ਼ਨ ਪੱਤਰ ਲੀਕ ਹੋਣ ਵਿਰੁੱਧ ਜੰਤਰ-ਮੰਤਰ 'ਤੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਦੌਰਾਨ ਤਾਇਨਾਤ ਰੈਪਿਡ ਐਕਸ਼ਨ ਫੋਰਸ ਦੁਆਰਾ ਹਥਿਆਰਾਂ ਦੀ ਵਰਤੋਂ ਦੇ ਰਿਕਾਰਡ ਨੂੰ ਸੁਰੱਖਿਅਤ ਰੱਖੇ। ਸੁਪਰੀਮ ਕੋਰਟ ਨੇ ਸਾਬਕਾ ਕੇਂਦਰੀ ਸੂਚਨਾ ਕਮਿਸ਼ਨਰ ਅਤੇ ਸੇਵਾਮੁਕਤ ਭਾਰਤੀ ਪੁਲਸ ਸੇਵਾ (ਆਈਪੀਐਸ) ਅਧਿਕਾਰੀ ਯਸ਼ੋਵਰਧਨ ਆਜ਼ਾਦ ਅਤੇ ਪੈਲੇਟ ਨਾਲ ਜ਼ਖਮੀ ਹੋਏ ਦੋ ਵਿਅਕਤੀਆਂ ਦੁਆਰਾ ਦਾਇਰ ਪਟੀਸ਼ਨ 'ਤੇ ਸਵਾਲ ਉਠਾਏ, ਜਿਸ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਨਾਲ ਨਜਿੱਠਣ ਲਈ ਧਾਤ ਦੀਆਂ ਪੈਲੇਟ ਬੰਦੂਕਾਂ ਦੀ ਵਰਤੋਂ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਉਣ ਦੀ ਮੰਗ ਕੀਤੀ। ਬਿਊਰੋ ਆਫ਼ ਪੁਲਸ ਰਿਸਰਚ ਐਂਡ ਡਿਵੈਲਪਮੈਂਟ (ਬੀਪੀਆਰਡੀ) ਦੀ ਸਲਾਹ ਦਾ ਹਵਾਲਾ ਦਿੰਦੇ ਹੋਏ ਅਦਾਲਤ ਨੇ ਕਿਹਾ ਕਿ ਪੁਲਸ ਨੂੰ ਅਸਾਧਾਰਨ ਹਾਲਾਤਾਂ ਵਿੱਚ ਪੈਲੇਟ ਗਨ ਦੀ ਵਰਤੋਂ ਕਰਨ ਦਾ ਅਧਿਕਾਰ ਹੈ। ਚੀਫ਼ ਜਸਟਿਸ ਆਫ਼ ਇੰਡੀਆ ਸੂਰਿਆ ਕਾਂਤ, ਜਸਟਿਸ ਜੋਇਮਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਦੀ ਬੈਂਚ ਨੇ ਸੀਨੀਅਰ ਵਕੀਲ ਵਰਿੰਦਾ ਗਰੋਵਰ ਦੀਆਂ ਦਲੀਲਾਂ 'ਤੇ ਵਿਚਾਰ ਕੀਤਾ ਅਤੇ ਦਿੱਲੀ ਸਰਕਾਰ ਨੂੰ NEET ਪੇਪਰ ਲੀਕ ਵਿਰੁੱਧ ਵਿਰੋਧ ਪ੍ਰਦਰਸ਼ਨਾਂ ਦੌਰਾਨ ਪੈਲੇਟ ਗੰਨਾਂ ਨਾਲ ਜ਼ਖਮੀ ਹੋਏ ਲੋਕਾਂ ਦਾ ਸਭ ਤੋਂ ਵਧੀਆ ਸੰਭਵ ਇਲਾਜ ਮੁਹੱਈਆ ਕਰਵਾਉਣ ਦਾ ਨਿਰਦੇਸ਼ ਦਿੱਤਾ। ਹਾਲਾਂਕਿ, ਬੈਂਚ ਨੇ ਕਿਹਾ ਕਿ ਉਹ



20 ਜੁਲਾਈ ਨੂੰ ਕਾਕਰੋਚ ਜਨਤਾ ਪਾਰਟੀ (ਸੀਜੇਪੀ) ਦੀ ਅਗਵਾਈ ਵਾਲੇ ਵਿਰੋਧ ਪ੍ਰਦਰਸ਼ਨ ਦੌਰਾਨ ਪੈਲੇਟ ਗੰਨਾਂ ਦੀ ਵਰਤੋਂ ਦੇ ਮਾਮਲੇ 'ਤੇ ਸੁਣਵਾਈ ਕਰਨ ਲਈ ਤਿਆਰ ਹੈ। ਗਰੋਵਰ ਦੀਆਂ ਦਲੀਲਾਂ 'ਤੇ ਧਿਆਨ ਦਿੰਦੇ ਹੋਏ ਬੈਂਚ ਨੇ ਕੇਂਦਰ ਸਰਕਾਰ ਦੀ ਨੁਮਾਇੰਦਗੀ ਕਰ ਰਹੇ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਨੂੰ ਜੰਤਰ-ਮੰਤਰ ਵਿਰੋਧ ਪ੍ਰਦਰਸ਼ਨ ਦੌਰਾਨ ਤਾਇਨਾਤ ਆਰਏਐਫ ਹਥਿਆਰਾਂ ਦੀ ਵਰਤੋਂ ਦੇ ਰਿਕਾਰਡ ਨੂੰ ਸੁਰੱਖਿਅਤ ਰੱਖਣ ਦਾ ਨਿਰਦੇਸ਼ ਦਿੱਤਾ। ਆਜ਼ਾਦ ਨੇ ਸੁਪਰੀਮ ਕੋਰਟ ਤੱਕ ਪਹੁੰਚ ਕਰਕੇ ਨਾਗਰਿਕ ਭੀੜ ਨੂੰ ਖਿੰਡਾਉਣ ਲਈ ਪੰਪ-ਐਕਸ਼ਨ ਜਾਂ ਪ੍ਰੋਜੈਕਟਾਈਲ-ਐਕਸ਼ਨ ਬੰਦੂਕਾਂ ਤੋਂ ਚਲਾਈਆਂ ਜਾਣ ਵਾਲੀਆਂ ਪੂਰੀ ਤਰ੍ਹਾਂ ਜਾਂ ਅੰਸ਼ਕ ਤੌਰ 'ਤੇ ਧਾਤ ਦੀਆਂ ਪੈਲੇਟ ਗੋਲੀਆਂ ਦੀ ਵਰਤੋਂ 'ਤੇ ਦੇਸ਼ ਵਿਆਪੀ ਪਾਬੰਦੀ ਲਗਾਉਣ ਦੀ ਮੰਗ ਕੀਤੀ ਹੈ। ਉਨ੍ਹਾਂ ਦਾ ਤਰਕ ਹੈ ਕਿ ਅਜਿਹੇ ਹਥਿਆਰ ਤਾਕਤ ਦੀ ਵਰਤੋਂ ਸੰਬੰਧੀ ਸੰਵਿਧਾਨਕ ਨਿਯਮਾਂ ਦੇ ਬੁਨਿਆਦੀ ਤੌਰ 'ਤੇ ਉਲਟ ਹਨ। ਸੰਵਿਧਾਨ ਦੀ ਧਾਰਾ 32 ਦੇ ਤਹਿਤ ਦਾਇਰ ਕੀਤੀ ਗਈ ਇਹ ਜਨਹਿਤ ਪਟੀਸ਼ਨ ਆਜ਼ਾਦ ਅਤੇ ਦੋ ਵਿਅਕਤੀਆਂ ਦੁਆਰਾ ਸਾਂਝੇ ਤੌਰ 'ਤੇ ਦਾਇਰ ਕੀਤੀ ਗਈ ਸੀ, ਜਿਨ੍ਹਾਂ ਨੇ 20 ਜੁਲਾਈ ਨੂੰ ਕੇਂਦਰੀ ਦਿੱਲੀ ਵਿੱਚ ਹੋਏ 'ਸੰਸਦ ਚਲੋ' ਵਿਰੋਧ ਪ੍ਰਦਰਸ਼ਨ ਦੌਰਾਨ ਗੋਲੀਆਂ ਨਾਲ ਜ਼ਖਮੀ ਹੋਣ ਦਾ ਦਾਅਵਾ ਕੀਤਾ ਸੀ।

# ਪ੍ਰਦਰਸ਼ਨਕਾਰੀਆਂ ਨੇ ਮਹਿਲਾ ਕਾਂਸਟੇਬਲ ਦੇ ਪਾੜੇ ਕੱਪੜੇ, ਵੀਡੀਓ ਵਾਇਰਲ ਹੋਣ ਮਗਰੋਂ 2 ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਰਾਏਗੜ੍ਹ 1 ਅਗਸਤ। ਛੱਤੀਸਗੜ੍ਹ ਦੇ ਰਾਏਗੜ੍ਹ ਜ਼ਿਲ੍ਹੇ 'ਚ ਕੋਲਾ ਮਾਈਨਿੰਗ ਵਿਰੁੱਧ ਚੱਲ ਰਿਹਾ ਪ੍ਰਦਰਸ਼ਨ ਹਿੰਸਕ ਰੂਪ ਧਾਰਨ ਕਰ ਗਿਆ ਹੈ, ਜਿਸ ਦੌਰਾਨ ਇਕ ਮਹਿਲਾ ਪੁਲਸ ਮੁਲਾਜ਼ਮ ਦੀ ਇੱਜ਼ਤ ਨਾਲ ਖਿਲਵਾੜ ਕਰਨ ਦਾ ਬੇਹੱਦ ਸ਼ਰਮਨਾਕ ਮਾਮਲਾ ਸਾਹਮਣੇ ਆਇਆ ਹੈ। ਸੋਸ਼ਲ ਮੀਡੀਆ 'ਤੇ ਇਕ ਦਿਲ ਕੰਬਾਊ ਵੀਡੀਓ ਵਾਇਰਲ ਹੋ ਰਹੀ ਹੈ, ਜਿਸ 'ਚ ਡਿਊਟੀ 'ਤੇ ਤਾਇਨਾਤ ਇਕ ਮਹਿਲਾ ਕਾਂਸਟੇਬਲ ਭੀੜ ਵਿਚਕਾਰ ਇਕ ਖੇਤ 'ਚ ਇਕੱਲੀ ਰਹਿ ਗਈ। ਵੀਡੀਓ 'ਚ ਦੇਖਿਆ ਜਾ ਸਕਦਾ ਹੈ ਕਿ ਮੁਲਜ਼ਮ ਉਸ ਦੇ ਕੱਪੜੇ ਪਾੜ ਰਹੇ ਹਨ ਅਤੇ ਉਹ ਹੱਥ ਜੋੜ ਕੇ ਰੋਂਦੇ ਹੋਏ ਆਪਣੀ ਜਾਨ ਦੀ ਭੀਖ ਮੰਗ ਰਹੀ ਹੈ। ਉਹ ਵਾਰ-ਵਾਰ ਕਹਿ ਰਹੀ ਹੈ, ਭਾਈ, ਕੱਪੜੇ ਨਾ ਪਾੜੋ, ਮੈਂ ਕੁਝ ਨਹੀਂ ਕਰਾਂਗੀ। ਇਕ ਮੁਲਜ਼ਮ ਉਸਦੇ ਫਟੇ ਹੋਏ ਕੱਪੜੇ ਖਿੱਚ ਰਿਹਾ ਸੀ ਜਦੋਂ ਕਿ ਦੂਜਾ ਇਸ ਦੀ ਵੀਡੀਓ ਬਣਾ ਰਿਹਾ ਸੀ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਇਹ ਘਟਨਾ 27 ਦਸੰਬਰ ਨੂੰ ਤਮਨਾਰ ਬਲਾਕ 'ਚ ਵਾਪਰੀ ਸੀ। ਬਿਲਾਸਪੁਰ ਰੇਂਜ ਦੇ ਆਈਜੀ ਸੰਜੀਵ ਸ਼ੁਕਲਾ ਅਨੁਸਾਰ,"ਮਹਿਲਾ ਕਾਂਸਟੇਬਲ ਨਾਲ ਕੁੱਟਮਾਰ ਅਤੇ ਛੇੜਛਾੜ ਦੇ ਦੋਸ਼ 'ਚ 2 ਸਥਾਨਕ ਨਿਵਾਸੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਮੁਲਜ਼ਮਾਂ 'ਤੇ ਕਤਲ ਦੀ ਕੋਸ਼ਿਸ਼, ਛੇੜਛਾੜ ਅਤੇ ਲੁੱਟ-ਖੋਹ ਸਮੇਤ ਕਈ ਗੰਭੀਰ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਹੈ। ਡਿਜੀਟਲ ਸਬੂਤਾਂ ਦੇ ਆਧਾਰ 'ਤੇ ਹੋਰ ਸ਼ਾਮਲ ਵਿਅਕਤੀਆਂ ਦੀ ਪਛਾਣ ਕੀਤੀ ਜਾ ਰਹੀ ਹੈ। ਰਾਏਗੜ੍ਹ ਦੇ 14 ਪਿੰਡਾਂ ਦੇ ਨਿਵਾਸੀ ਜਿੰਦਲ ਪਾਵਰ ਲਿਮਟਿਡ ਨੂੰ ਅਲਾਟ ਕੀਤੇ ਗਏ 'ਗਾਰੇ ਪੇਲਮਾ ਸੈਕਟਰ-1' ਕੋਲਾ ਬਲਾਕ ਵਿਰੁੱਧ 12 ਦਸੰਬਰ ਤੋਂ ਵਿਰੋਧ ਪ੍ਰਦਰਸ਼ਨ ਕਰ ਰਹੇ ਸਨ। 27 ਦਸੰਬਰ ਨੂੰ ਇਹ ਪ੍ਰਦਰਸ਼ਨ ਉਦੋਂ ਹਿੰਸਕ ਹੋ ਗਿਆ ਜਦੋਂ ਪ੍ਰਦਰਸ਼ਨਕਾਰੀਆਂ ਨੇ ਪੁਲਸ ਬੱਸ, ਜੀਪ ਅਤੇ ਇਕ ਐਂਬੂਲੈਂਸ ਨੂੰ ਅੱਗ ਲਗਾ ਦਿੱਤੀ। ਪਥਰਾਅ ਕਾਰਨ ਦੋ ਅਧਿਕਾਰੀਆਂ ਸਮੇਤ ਕਈ ਪੁਲਸ ਕਰਮਚਾਰੀ ਜ਼ਖਮੀ ਹੋ ਗਏ।



ਮਹਿਲਾਵਾਂ ਦੇ ਇਕ ਸਮੂਹ ਨੇ ਥਾਣਾ ਮੁਖੀ ਕਮਲਾ ਪੁਸਾਮ 'ਤੇ ਵੀ ਹਮਲਾ ਕੀਤਾ, ਜਿਸ ਨਾਲ ਉਹ ਜ਼ਖਮੀ ਹੋ ਗਏ। ਭੀੜ ਨੇ ਕੋਲਾ ਪਲਾਂਟ ਦੇ ਕੰਪਲੈਕਸ 'ਚ ਵੀ ਭਾਰੀ ਭੰਨ-ਤੋੜ ਅਤੇ ਅੱਗਜ਼ਨੀ ਕੀਤੀ। ਇਸ ਘਟਨਾ ਤੋਂ ਬਾਅਦ ਸਿਆਸੀ ਮਾਹੌਲ ਗਰਮਾ ਗਿਆ ਹੈ। ਕਾਂਗਰਸ ਪਾਰਟੀ ਨੇ ਭਾਜਪਾ ਦੀ 'ਡਬਲ ਇੰਜਣ' ਸਰਕਾਰ ਨੂੰ ਕਾਨੂੰਨ ਵਿਵਸਥਾ ਦੇ ਮੋਰਚੇ 'ਤੇ ਫੇਲ੍ਹ ਦੱਸਿਆ ਹੈ ਅਤੇ ਔਰਤਾਂ ਦੀ ਸੁਰੱਖਿਆ 'ਤੇ ਸਵਾਲ ਚੁੱਕੇ ਹਨ। ਵਧਦੇ ਤਣਾਅ ਨੂੰ ਦੇਖਦਿਆਂ ਰਾਏਗੜ੍ਹ ਪ੍ਰਸ਼ਾਸਨ ਨੇ ਮਾਈਨਿੰਗ ਪ੍ਰਾਜੈਕਟ ਲਈ ਹੋਈ ਜਨਤਕ ਸੁਣਵਾਈ ਨੂੰ ਰੱਦ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।

## ਲੁਟੇਰਿਆਂ ਵੱਲੋਂ ਗੋਲੀਆਂ ਮਾਰ ਕੇ ਮੁੰਡੇ ਦਾ ਕਤਲ, ਡੇਢ ਸਾਲ ਪਹਿਲਾਂ ਹੋਇਆ ਸੀ ਵਿਆਹ

ਤਰਨਤਾਰਨ 1 ਅਗਸਤ। ਬੀਤੀ ਰਾਤ ਜ਼ਿਲ੍ਹਾ ਤਰਨਤਾਰਨ ਅਧੀਨ ਆਉਂਦੇ ਪਿੰਡ ਸਭਰਾਂ ਵਿਖੇ ਤਿੰਨ ਨਕਾਬ ਪੋਸ਼ ਲੁਟੇਰਿਆਂ ਵੱਲੋਂ ਨੌਜਵਾਨ ਦਾ ਗੋਲ?ੀ ਮਾਰ ਕੇ ਕਤਲ ਕਰ ਦਿੱਤਾ ਗਿਆ। ਮ੍ਰਿਤਕ ਨੌਜਵਾਨ ਦੀ ਪਛਾਣ ਹਰਪ੍ਰੀਤ ਸਿੰਘ (30) ਪੁੱਤਰ ਵਿਰਸਾ ਸਿੰਘ ਵਾਸੀ ਪਿੰਡ ਸਭਰਾ ਵਜੋਂ ਹੋਈ ਹੈ। ਹਰਪ੍ਰੀਤ ਸਿੰਘ ਦਾ ਲਗਭਗ ਡੇਢ ਸਾਲ ਪਹਿਲਾਂ ਵਿਆਹ ਹੋਇਆ ਸੀ। ਜਾਣਕਾਰੀ ਮੁਤਾਬਕ ਬੀਤੀ ਰਾਤ ਜਦੋਂ ਹਰਪ੍ਰੀਤ ਸਿੰਘ ਆਪਣੇ ਘਰ ਦੇ ਨਜ਼ਦੀਕ ਆਪਣੇ ਗੁਆਢੀਆਂ ਸਮੇਤ ਗਲੀ ਵਿਚ ਖੜ੍ਹਾ ਸੀ ਤਾਂ ਮੋਟਰਸਾਈਕਲ ਉੱਪਰ ਸਵਾਰ ਤਿੰਨ ਨਕਾਬ ਪੋਸ਼ ਨੌਜਵਾਨਾਂ ਨੂੰ ਰੋਕਦੇ ਹੋਏ ਸ਼ੱਕ ਦੇ ਆਧਾਰ ਉੱਪਰ ਜਦੋਂ ਉਕਤਾਨ ਤੋਂ ਪੁੱਛਗਿਛ ਕੀਤੀ ਗਈ ਤਾਂ ਉਨ੍ਹਾਂ ਵੱਲੋਂ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀ ਗਈਆਂ। ਇਸ ਦੌਰਾਨ ਹਰਪ੍ਰੀਤ ਸਿੰਘ ਦੇ ਪੇਟ ਵਿਚ ਦੋ ਗੋਲੀਆਂ ਲੱਗੀਆਂ, ਜਿਸ ਕਾਰਣ ਹਰਪ੍ਰੀਤ ਗੰਭੀਰ ਰੂਪ ਵਿਚ ਜ਼ਖਮੀ ਹੋ ਗਿਆ। ਜਿਸ ਨੂੰ ਹਸਪਤਾਲ ਲਿਆਂਦਾ ਗਿਆ ਜਿਥੇ ਉਸ ਦੀ ਮੌਤ ਹੋ ਗਈ। ਵਾਰਦਾਤ ਨੂੰ ਅੰਜਾਮ ਦੇਣ ਵਾਲੇ ਇਕ ਮੁਲਜ਼ਮ ਨੂੰ ਪਿੰਡ ਵਾਸੀਆਂ ਨੇ ਕਾਬੂ ਕਰ ਲਿਆ ਜਦਕਿ ਦੋ ਫਰਾਰ ਹੋਣ ਵਿਚ ਕਾਮਯਾਬ ਹੋ ਗਏ। ਇਸ ਮਾਮਲੇ ਦੀ ਥਾਣਾ ਸਦਰ ਪੱਟੀ ਦੀ ਪੁਲਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਮ੍ਰਿਤਕ ਦੀ ਪਤਨੀ ਨੇ ਰੋਂਦੇ ਕੁਰਲਾਉਂਦੇ ਹੋਏ ਮੁਲਜ਼ਮਾਂ ਦੀ ਜਲਦ ਗ੍ਰਿਫਤਾਰੀ ਅਤੇ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਦੇਣ ਦੀ ਮੰਗ ਕੀਤੀ ਹੈ।

# ਇਸ ਰੇਲਵੇ ਫਾਟਕ 'ਤੇ ਟੁੱਟਿਆ ਟਰਾਲੀ ਦਾ ਐਕਸਲ, ਡੇਢ ਘੰਟਾ ਰੋਕੀਆਂ ਰੇਲਾਂ

**ਕੌਮੀ ਪਤ੍ਰਿਕਾ**

ਜਲੰਧਰ 1 ਅਗਸਤ। ਮੋਗਾ ਤੋਂ ਆ ਰਹੀ ਇੱਟਾਂ ਨਾਲ ਭਰੀ ਇਕ ਟਰਾਲੀ ਟਾਂਡਾ ਫਾਟਕ 'ਤੇ ਹਾਦਸਾਗ੍ਰਸਤ ਹੋ ਗਈ। ਮਿਲੀ ਜਾਣਕਾਰੀ ਮੁਤਾਬਕ ਪਠਾਨਕੋਟ ਜਾਂਦੇ ਸਮੇਂ ਟਰਾਲੀ ਦਾ ਐਕਸਲ ਟੁੱਟ ਗਿਆ। ਇਹ ਘਟਨਾ ਸਵੇਰੇ 8 ਵਜੇ ਟਾਂਡਾ ਫਾਟਕ 'ਤੇ ਵਾਪਰੀ। 50 ਤੋਂ ਵੱਧ ਟਰੇਨਾਂ ਦੀ ਆਵਾਜਾਈ ਠੱਪ ਰਹੀ। ਇਸ ਦੌਰਾਨ ਮਜ਼ਦੂਰਾਂ ਨੇ ਟਰਾਲੀ ਤੋਂ ਇੱਟਾਂ ਉਤਾਰਨੀਆਂ ਸ਼ੁਰੂ ਕਰ ਦਿੱਤੀਆਂ। ਹਾਲਾਂਕਿ ਸਮੇਂ ਦੇ ਚੱਕਰ ਵਿਚ ਟਰਾਲੀ ਚਾਲਕ ਨੇ ਕ੍ਰੇਨ ਦੀ ਮਦਦ ਨਾਲ ਟਰਾਲੀ ਨੂੰ ਫਾਟਕ ਦੇ ਵਿਚੋਂ ਸਾਈਡ 'ਤੇ ਕਰਵਾਇਆ ਅਤੇ ਫਿਰ ਰੇਲਵੇ ਲਾਈਨ ਨੂੰ ਚਾਲੂ ਕਰਵਾਇਆ ਗਿਆ। ਟਰਾਲੀ ਡਰਾਈਵਰ ਨੇ ਦੱਸਿਆ ਕਿ ਉਹ ਮੋਗਾ ਤੋਂ ਜਲੰਧਰ ਦੇ ਪਠਾਨਕੋਟ ਚੌਕ ਜਾ



ਲੋਕਾਂ ਨੇ ਟਰਾਲੀ ਨੂੰ ਅੱਗੇ ਕਰਨ ਦੀ ਕੋਸ਼ਿਸ਼ ਕੀਤੀ ਪਰ ਭਾਰ ਜ਼ਿਆਦਾ ਹੋਣ ਕਾਰਨ ਟਰਾਲੀ ਅੱਗੇ ਨਹੀਂ ਹੋਈ। ਇਸ ਦੀ ਸੂਚਨਾ ਗੇਟਮੈਨ ਨੇ ਸੀਨੀਅਰ ਰੇਲਵੇ ਅਧਿਕਾਰੀਆਂ ਨੂੰ ਸੂਚਿਤ ਕੀਤਾ ਗਿਆ। ਕਰੀਬ ਡੇਢ ਘੰਟਾ ਟਰਾਲੀ ਦੇ ਰੇਲਵੇ ਲਾਈਨ ਵਿਚਕਾਰ ਖੜ੍ਹੀ ਹੋਣ ਕਾਰਨ ਰੇਲਵੇ ਲਾਈਨ ਨੂੰ ਬੰਦ ਕਰਨਾ ਪਿਆ। ਉਸ ਡੇਢ ਘੰਟੇ ਦੌਰਾਨ ਫਾਟਕ ਬੰਦ ਕਰ ਦਿੱਤਾ ਗਿਆ ਅਤੇ ਰਿਹਾ ਸੀ। ਜਦੋਂ ਉਹ ਟਾਂਡਾ ਫਾਟਕ ਕੋਲ ਪਹੁੰਚਿਆ ਤਾਂ ਟਰਾਲੀ ਦਾ ਐਕਸਲ ਰੇਲਵੇ ਟਰੈਕ 'ਤੇ ਟੁੱਟ ਗਿਆ। ਗਨੀਮਤ ਇਹ ਰਹੀ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਉਸ ਨੇ ਟਰਾਲੀ ਦੇ ਮਾਲਕਾਂ ਨੂੰ ਟਰਾਲੀ ਦੇ ਟੁੱਟਣ ਦੀ ਜਾਣਕਾਰੀ ਦਿੱਤੀ। ਸੂਚਨਾ ਮਿਲਣ 'ਤੇ ਆਰ. ਪੀ. ਐੱਫ਼. ਪੁਲਸ ਟੀਮ, ਰੇਲਵੇ ਟੀਮਾਂ ਦੇ ਨਾਲ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ।

## ਮੈਡੀਕਲ ਸਟੋਰ 'ਚ ਵੱਡੀ ਚੋਰੀ: ਸ਼ਟਰ ਤੋੜ ਲੱਖਾਂ ਦੀ ਨਕਦੀ ਲੈ ਉੱਡੇ ਚੋਰ, ਵਪਾਰੀਆਂ 'ਚ ਦਹਿਸ਼ਤ

ਲੁਧਿਆਣਾ 1 ਅਗਸਤ। ਕੋਤਵਾਲੀ ਥਾਣੇ ਦੇ ਅਧਿਕਾਰ ਖੇਤਰ ਵਿੱਚ ਲੱਕੜ ਬਾਜ਼ਾਰ ਚੌਕ ਨੇੜੇ ਇੱਕ ਮੈਡੀਕਲ ਸਟੋਰ ਦਾ ਸ਼ਟਰ ਤੋੜ ਕੇ ਅਣਪਛਾਤੇ ਚੋਰਾਂ ਨੇ ਲੱਖਾਂ ਰੁਪਏ ਚੋਰੀ ਕਰ ਲਏ। ਸੂਚਨਾ ਮਿਲਣ 'ਤੇ ਸਥਾਨਕ ਪੁਲਸ ਮੌਕੇ 'ਤੇ ਪਹੁੰਚੀ। ਚੋਰੀ ਤੋਂ ਬਾਅਦ ਵਪਾਰੀਆਂ ਵਿੱਚ ਭਾਰੀ ਦਹਿਸ਼ਤ ਪਾਈ ਜਾ ਰਹੀ ਹੈ। ਸੋਮਵਾਰ ਸਵੇਰੇ 4:30 ਵਜੇ ਦੇ ਕਰੀਬ, ਦੋ ਬਾਈਕ 'ਤੇ ਸਵਾਰ ਤਿੰਨ ਚੋਰਾਂ ਨੇ ਨਿਊ ਟੱਕਰ ਮੈਡੀਕਲ ਸਟੋਰ ਦਾ ਸ਼ਟਰ ਸੱਬਲ ਨਾਲ ਤੋੜਿਆ ਅਤੇ ਗੱਲੇ ਵਿੱਚੋਂ ਡੇਢ ਲੱਖ ਰੁਪਏ ਚੋਰੀ ਕਰ ਲਏ ਅਤੇ ਭੱਜ ਗਏ। ਮੈਡੀਕਲ ਸਟੋਰ ਦੇ ਮਾਲਕ ਨੇ ਦੱਸਿਆ ਕਿ ਆਕਾਸ਼ ਬੇਕਰੀ ਦੇ ਮਾਲਕ ਨੇ ਸੋਮਵਾਰ ਸਵੇਰੇ 5:30 ਵਜੇ ਦੇ ਕਰੀਬ ਉਸਨੂੰ ਘਟਨਾ ਦੀ ਜਾਣਕਾਰੀ ਦਿੱਤੀ, ਜਿਸ ਤੋਂ ਬਾਅਦ ਉਹ ਤੁਰੰਤ ਮੌਕੇ 'ਤੇ ਪਹੁੰਚਿਆ। ਉਸ ਦੇ ਮੈਡੀਕਲ ਸਟੋਰ ਦਾ ਸ਼ਟਰ ਟੁੱਟਿਆ ਹੋਇਆ ਸੀ। ਸੈਂਟਰ ਅਤੇ ਸਾਈਡ ਦੇ ਤਾਲੇ ਠੀਕ ਸਨ, ਪਰ ਸ਼ਟਰ ਨੂੰ ਹੇਠਾਂ ਤੋਂ ਸੱਬਲ ਨਾਲ ਤੋੜਿਆ ਗਿਆ ਸੀ। ਮਾਲਕ ਦੇ ਅਨੁਸਾਰ, ਦੁਕਾਨ ਤੋਂ ਕੋਈ ਦਵਾਈ ਜਾਂ ਹੋਰ ਸਾਮਾਨ ਨਹੀਂ ਲਿਜਾਇਆ ਗਿਆ। ਹਾਲਾਂਕਿ, ਗੱਲੇ ਵਿੱਚ ਰੱਖੇ 1.5 ਲੱਖ ਰੁਪਏ ਚੋਰੀ ਹੋ ਗਏ। ਚੋਰ ਕਾਊਂਟਰ 'ਤੇ ਰੱਖੇ ਸਿੱਕੇ ਵੀ ਲੈ ਗਏ। ਦੁਕਾਨਦਾਰ ਨੇ ਸ਼ੱਕ ਜਤਾਇਆ ਹੈ ਕਿ ਚੋਰੀ ਵਿੱਚ ਕੋਈ ਅੰਦਰਲਾ ਵਿਅਕਤੀ ਸ਼ਾਮਲ ਹੋ ਸਕਦਾ ਹੈ। ਚੋਰ ਇੱਕ ਟਾਰਚ ਪਿੱਛੇ ਛੱਡ ਗਏ, ਜਿਸਨੂੰ ਉਹ ਪਛਾਣਦਾ ਹੈ। ਉਸਨੇ ਇਸਨੂੰ ਪੁਲਸ ਦੇ ਹਵਾਲੇ ਕਰ ਦਿੱਤਾ ਹੈ। ਕੋਤਵਾਲੀ ਪੁਲਸ ਸਟੇਸ਼ਨ ਦੇ ਇੰਚਾਰਜ ਇੰਸਪੈਕਟਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਤਿੰਨ ਚੋਰਾਂ ਨੇ ਇਹ ਵਾਰਦਾਤ ਕੀਤੀ ਹੈ। ਪੁਲਸ ਸੀ.ਸੀ.ਟੀ.ਵੀ. ਫੁਟੇਜ ਦੀ ਜਾਂਚ ਕਰ ਰਹੀ ਹੈ। ਮੈਡੀਕਲ ਸਟੋਰ ਮਾਲਕ ਦੇ ਬਿਆਨ ਦੇ ਆਧਾਰ 'ਤੇ ਪੁਲਸ ਨੇ ਅਣਪਛਾਤੇ ਚੋਰਾਂ ਵਿਰੁੱਧ ਮਾਮਲਾ ਦਰਜ ਕਰ ਲਿਆ ਹੈ। ਚੋਰਾਂ ਨੂੰ ਜਲਦੀ ਹੀ ਫੜ ਲਿਆ ਜਾਵੇਗਾ।

## ਖੜ੍ਹੇ ਟਰੱਕ 'ਚ ਵੱਜੀ ਤੇਜ਼ ਰਫ਼ਤਾਰ ਕਾਰ ! 2 ਔਰਤਾਂ ਸਮੇਤ 3 ਜਣਿਆਂ ਦੀ ਮੌਤ, ਪੈ ਗਿਆ ਚੀਕ-ਚਿਹਾੜਾ

ਨੈਸ਼ਨਲ ਡੈਸਕ 1 ਅਗਸਤ। ਹਿਮਾਚਲ ਪ੍ਰਦੇਸ਼ ਦੇ ਕੁੱਲੂ ਜ਼ਿਲ੍ਹੇ ਵਿੱਚ ਨਵੇਂ ਸਾਲ ਦੀ ਪੂਰਵ ਸੰਧਿਆ 'ਤੇ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ ਹੈ, ਜਿਸ ਵਿੱਚ ਤਿੰਨ ਲੋਕਾਂ ਦੀ ਮੌਤ ਹੋ ਗਈ ਅਤੇ ਇੱਕ ਹੋਰ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਅਧਿਕਾਰੀਆਂ ਅਨੁਸਾਰ ਤਿੰਨ ਔਰਤਾਂ ਸਮੇਤ ਚਾਰ ਦੋਸਤ ਨਵੇਂ ਸਾਲ ਦੀ ਪੂਰਵ ਸੰਧਿਆ ਅਤੇ ਸਥਾਨਕ ਟੈਟੂ ਕਲਾਕਾਰ ਸਤਪਾਲ ਦਾ ਜਨਮਦਿਨ ਮਨਾਉਣ ਲਈ ਕਸੋਲ ਆਏ ਹੋਏ ਸਨ। ਇਹ ਹਾਦਸਾ ਵੀਰਵਾਰ ਤੜਕੇ ਕਰੀਬ 3 ਵਜੇ ਉਸ ਸਮੇਂ ਵਾਪਰਿਆ ਜਦੋਂ ਇਹ ਦੋਸਤ ਵਾਪਸ ਕੁੱਲੂ ਪਰਤ ਰਹੇ ਸਨ। ਉਨ੍ਹਾਂ ਦੀ ਤੇਜ਼ ਰਫ਼ਤਾਰ ਗੱਡੀ ਸੜਕ ਕਿਨਾਰੇ ਬਣੇ ਇੱਕ ਚਬੂਤਰੇ ਨਾਲ ਟਕਰਾਉਣ ਤੋਂ ਬਾਅਦ ਉੱਥੇ ਖੜ੍ਹੇ ਇੱਕ ਟਰੱਕ ਨਾਲ ਜਾ ਵੱਜੀ। ਟੱਕਰ ਇੰਨੀ ਭਿਆਨਕ ਸੀ ਕਿ ਵਾਹਨ ਪੂਰੀ ਤਰ੍ਹਾਂ ਕੁਚਲਿਆ ਗਿਆ, ਜਿਸ ਕਾਰਨ ਸਤਪਾਲ ਸਮੇਤ ਤਿੰਨ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਅਧਿਕਾਰੀਆਂ ਅਨੁਸਾਰ ਹਾਦਸੇ ਵਿੱਚ ਜ਼ਖਮੀ ਹੋਈ ਔਰਤ ਨੂੰ ਇਲਾਜ ਲਈ ਮੰਡੀ ਸਥਿਤ ਨੇਰਚੌਕ ਮੈਡੀਕਲ ਕਾਲਜ ਵਿੱਚ ਭਰਤੀ ਕਰਵਾਇਆ ਗਿਆ ਹੈ। ਪੁਲਸ ਅਨੁਸਾਰ ਮ੍ਰਿਤਕਾਂ ਵਿੱਚ ਸ਼ਾਮਲ ਦੋ ਔਰਤਾਂ ਦੀ ਪਛਾਣ ਅਜੇ ਤੱਕ ਨਹੀਂ ਹੋ ਸਕੀ ਹੈ। ਪੁਲਸ ਨੇ ਇਸ ਸਬੰਧੀ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਪੋਸਟਮਾਰਟਮ ਤੋਂ ਬਾਅਦ ਲਾਸ਼ਾਂ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀਆਂ ਜਾਣਗੀਆਂ।

## ਫਿਰੋਜਪੁਰ-ਫ਼ਾਜ਼ਿਲਕਾ ਰੋਡ 'ਤੇ ਦੇਰ ਰਾਤ ਪਲਟੀ ਪੰਜਾਬ ਰੋਡਵੇਜ਼ ਦੀ ਬਸ

ਗੁਰੂਹਰਸਹਾਏ 1 ਅਗਸਤ। ਫ਼ਰੋਜ਼ਪੁਰ-ਫ਼ਾਜ਼ਿਲਕਾ ਜੀਟੀ ਰੋਡ 'ਤੇ ਫਾਜ਼ਿਲਕਾ ਤੋਂ ਫਿਰੋਜ਼ਪੁਰ ਜਾ ਰਹੀ ਬਸ ਪਿੰਡ ਪਿੰਡੀ ਕੋਲ ਬੇਸਹਾਰਾ ਪਸ਼ੂ ਆਉਣ ਕਾਰਨ ਖੇਤਾਂ ਵਿਚ ਪਲਟ ਗਈ। ਗਨੀਮਤ ਇਹ ਰਹੀ ਕਿ ਹਾਦਸੇ ਵਿਚ ਜਾਨੀ ਨੁਕਸਾਨ ਨਹੀਂ ਹੋਇਆ। ਜਾਣਕਾਰੀ ਅਨੁਸਾਰ ਬੁੱਧਵਾਰ ਦੇਰ ਰਾਤ ਨੂੰ ਜਦੋਂ ਫਾਜ਼ਿਲਕਾ ਤੋਂ ਫਿਰੋਜ਼ਪੁਰ ਵੱਲ ਨੂੰ ਜਾ ਰਹੀ ਪੰਜਾਬ ਰੋਡਵੇਜ਼ ਦੀ ਬੱਸ ਜਦ ਪਿੰਡ ਪਿੰਡੀ ਕੋਲ ਪਹੁੰਚੀ ਤਾਂ ਸੜਕ 'ਤੇ ਬੇਸਹਾਰਾ ਪਸ਼ੂ ਆ ਗਿਆ। ਬਸ ਚਾਲਕ ਨੇ ਉਸ ਨੂੰ ਬਚਾਉਂਦੇ ਹੋਏ ਆਪਣਾ ਕੰਟਰੋਲ ਖੋ ਦਿੱਤਾ ਜਿਸ ਕਾਰਨ ਬਸ ਪਲਟ ਗਈ। ਬੱਸ ਵਿਚ 15 ਦੇ ਕਰੀਬ ਯਾਤਰੀ ਸਵਾਰ ਸਨ, ਜਿਨ੍ਹਾਂ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ। ਹਾਦਸੇ ਦੀ ਖਬਰ ਮਿਲਦੇ ਹੀ ਸੜਕ ਸੁਰੱਖਿਆ ਫੋਰਸ ਦੇ ਮੁਲਾਜ਼ਮ ਮੌਕੇ 'ਤੇ ਪਹੁੰਚੇ ਅਤੇ ਜ਼ਖਮੀਆਂ ਨੂੰ ਸੰਭਾਲਿਆ ਅਤੇ ਫਸਟ ਏਡ ਦਿੱਤੀ।

## ਸਾਹਿਬਜ਼ਾਦਿਆਂ ਨੂੰ ਵੀਰ ਬਾਲ ਨਹੀਂ ਕਹਿੰਦੀ ਭਾਜਪਾ ਸਰਕਾਰ : ਪਰਮਪਾਲ ਸਿੱਧੂ

ਮਾਨਸਾ 1 ਅਗਸਤ। ਲੋਕ ਸਭਾ ਹਲਕਾ ਬਠਿੰਡਾ ਤੋਂ ਭਾਜਪਾ ਦੇ ਇੰਚਾਰਜ ਪਰਮਪਾਲ ਕੌਰ ਸਿੱਧੂ (ਰਿਟਾ: ਆਈ.ਏ.ਐੱਸ) ਨੇ ਵੀਰ ਬਾਲ ਦਿਵਸ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਵਿਚਾਰ ਅਨੁਸਾਰ ਇਹ ਦਿਨ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਹੈ। ਇਸ ਵਿਚ ਸਾਹਿਬਜ਼ਾਦਿਆਂ ਨੂੰ ਵੀਰ ਬਾਲ ਨਹੀਂ ਕਿਹਾ ਗਿਆ। ਜਿਵੇਂ ਜਵਾਹਰ ਲਾਲ ਨਹਿਰੂ ਤੇ ਬਾਲ ਦਿਵਸ ਮਨਾਇਆ ਜਾਂਦਾ ਹੈ। ਉਸ ਵਿਚ ਜਵਾਹਰ ਲਾਲ ਨਹਿਰੂ ਨੂੰ ਬਾਲ ਨਹੀਂ ਕਿਹਾ ਗਿਆ। ਉਨ੍ਹਾਂ ਕਿਹਾ ਕਿ ਜਿਹੜੇ ਬੱਚੇ ਵੱਖ-ਵੱਖ ਖੇਤਰਾਂ ਵਿਚ ਮੱਲਾਂ ਮਾਰਦੇ ਹਨ, ਉਨ੍ਹਾਂ ਨੂੰ ਵੀਰ ਬਾਲ ਕਿਹਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਦੀ ਸ਼ਹਾਦਤ ਅੱਗੇ ਸਾਡਾ ਸਿਰ ਝੁਕਦਾ ਹੈ। ਜਿਨ੍ਹਾਂ ਦੇ ਕੋਈ ਨਾਮ ਵਰਗਾ ਵੀ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਹੋ ਸਕਦਾ ਕੇਂਦਰ ਸਰਕਾਰ ਵੀਰ ਬਾਲ ਦਿਵਸ ਨੂੰ ਬਦਲਣ ਨੂੰ ਲੈ ਕੇ ਵਿਚਾਰ ਕਰ ਰਹੀ ਹੋਵੇ ਪਰ ਇਸ ਵਿਚ ਸਾਹਿਬਜ਼ਾਦਿਆਂ ਨੂੰ ਵੀਰ ਬਾਲ ਨਹੀਂ ਕਿਹਾ ਗਿਆ। ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਕੇਂਦਰ ਸਰਕਾਰ ਅਤੇ ਭਾਜਪਾ ਨੂੰ ਭੰਡਣ ਲਈ ਇਹ ਪ੍ਰਚਾਰ ਕਰ ਰਹੀਆਂ ਹਨ। ਜਦਕਿ ਸਾਹਿਬਜ਼ਾਦਿਆਂ ਦੀ ਸ਼ਹਾਦਤ ਅੱਗੇ ਸਿਰ ਝੁਕਦਾ ਹੈ। ਉਨ੍ਹਾਂ ਨੂੰ ਵੀਰ ਬਾਲ ਨਾਮ ਨਹੀਂ ਦਿੱਤਾ ਹੈ। ਵੀਰ ਬਾਲ ਵੱਖ-ਵੱਖ ਖੇਤਰਾਂ ਵਿੱਚ ਮੱਲ੍ਹਾਂ ਮਾਰਨ ਵਾਲੇ ਪ੍ਰਤਿਭਾਵਾਨ ਬੱਚਿਆਂ ਨੂੰ ਕਿਹਾ ਗਿਆ ਹੈ।



## ਵਿਦਿਆਰਥਣਾਂ 'ਚ ਕਾਰ ਮਾਰ ਕੇ ਜ਼ਖਮੀ ਕਰਨ ਵਾਲੇ ਖ਼ਿਲਾਫ਼ ਕੇਸ ਦਰਜ

ਫਾਜ਼ਿਲਕਾ 1 ਅਗਸਤ। ਇਥੋਂ ਦੇ ਇਕ ਨਿੱਜੀ ਕਾਲਜ 'ਚ ਪਿਛਲੇ ਦਿਨੀਂ ਪੇਪਰ ਦੇਣ ਜਾ ਰਹੀਆਂ ਵਿਦਿਆਰਥਣਾਂ 'ਚ ਕਾਰ ਮਾਰ ਕੇ ਜ਼ਖਮੀ ਕਰਨ ਵਾਲੇ ਕਾਰ ਚਾਲਕ ਖ਼?ਲਾਫ਼ ਕੇਸ ਦਰਜ ਕੀਤਾ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਨਵਦੀਪ ਕੌਰ ਵਾਸੀ ਪਿੰਡ ਹੌਜ ਖਾਸ ਨੇ ਦੱਸਿਆ ਕਿ ਉਹ ਹੋਰ ਵਿਦਿਆਰਥਣਾਂ ਨਾਲ ਪੇਪਰ ਦੇਣ ਲਈ ਕਾਲਜ ਜਾ ਰਹੀਆਂ ਸਨ। ਇਸ ਦੌਰਾਨ ਪਿੰਡ ਚੁਵਾੜਿਆਂ ਵਾਲੀ ਕੋਲ ਅਮਿੰਦਰ ਕੁਮਾਰ ਵਾਸੀ ਢਾਣੀ ਖਰਾਸ ਨੇ ਤੇਜ਼ ਰਫ਼ਤਾਰ ਨਾਲ ਕਾਰ ਲਿਆ ਕੇ ਉਨ੍ਹਾਂ 'ਚ ਮਾਰੀ। ਇਸ ਕਾਰਨ ਉਹ ਜ਼ਖਮੀ ਹੋ ਗਈਆਂ। ਪੁਲਸ ਨੇ ਉਕਤ ਵਿਅਕਤੀ ਖ਼?ਲਾਫ਼ ਕੇਸ ਦਰਜ ਕਰ ਲਿਆ।


## ਨਵੇਂ ਸਾਲ ਦਾ ਪਹਿਲਾ ਦਿਨ ਰਿਹਾ ਠੰਡਾ, ਲੋਕ ਰਹੇ ਘਰਾਂ 'ਚ ਕੈਦ

ਬਠਿੰਡਾ 1 ਅਗਸਤ। ਨਵੇਂ ਸਾਲ ਦਾ ਪਹਿਲਾ ਦਿਨ ਕਾਫੀ ਠੰਡਾ ਰਿਹਾ। ਧੁੱਪ ਨਾ ਨਿਕਲਣ ਕਾਰਨ ਠੰਡ ਬਣੀ ਰਹੀ, ਜਿਸ ਕਾਰਨ ਲੋਕ ਘਰਾਂ ਦੇ ਅੰਦਰ ਹੀ ਰਹੇ। ਦਿਨ ਭਰ ਧੁੰਦ ਦੀ ਚਾਦਰ ਛਾਈ ਰਹੀ, ਜਿਸ ਕਾਰਨ ਲੋਕ ਅੱਗ ਸੇਕ ਕੇ ਆਪਣੇ ਆਪ ਨੂੰ ਗਰਮ ਕਰਦੇ ਦਿਖਾਈ ਦਿੱਤੇ। ਸੰਘਣੀ ਧੁੰਦ ਕਾਰਨ ਦਿਨ ਵੇਲੇ ਤਰੇਲ ਦੀਆਂ ਬੂੰਦਾਂ ਡਿੱਗਦੀਆਂ ਰਹੀਆਂ, ਜਿਸ ਨਾਲ ਮੀਂਹ ਵਰਗਾ ਮਾਹੌਲ ਬਣਿਆ। ਹਾਲਾਂਕਿ ਘੱਟੋ-ਘੱਟ ਤਾਪਮਾਨ 9 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਪਰ ਠੰਡ ਬਰਕਰਾਰ ਰਹੀ। ਸਾਲ ਦਾ ਪਹਿਲਾ ਦਿਨ ਹੋਣ ਆਪਣੇ ਆਪ ਨੂੰ ਗਰਮ ਕਰਦੇ ਦਿਖਾਈ ਦਿੱਤੇ। ਸੰਘਣੀ ਧੁੰਦ ਕਾਰਨ ਦਿਨ ਵੇਲੇ ਤਰੇਲ ਦੀਆਂ ਬੂੰਦਾਂ ਡਿੱਗਦੀਆਂ ਰਹੀਆਂ, ਜਿਸ ਨਾਲ ਮੀਂਹ ਵਰਗਾਕਾਰਨ ਜ਼ਿਆਦਾਤਰ ਲੋਕ ਧਾਰਮਿਕ ਗਤੀਵਿਧੀਆਂ 'ਚ ਰੁੱਝੇ ਹੋਏ ਸਨ, ਜਿਸ ਕਾਰਨ ਬਜ਼ਾਰਾਂ 'ਚ ਗਤੀਵਿਧੀਆਂ ਘੱਟ ਰਹੀਆਂ। ਜ਼ਿਲ੍ਹੇ ਦੇ ਕੁੱਝ ਇਲਾਕਿਆਂ 'ਚ ਹਲਕੀ ਬਾਰਸ਼ ਵੀ ਹੋਈ, ਜਿਸ ਨਾਲ ਠੰਡਾ ਮੌਸਮ ਬਰਕਰਾਰ ਰਿਹਾ। ਮੌਸਮ ਵਿਭਾਗ ਦੇ ਅਨੁਸਾਰ ਠੰਡ ਦਾ ਮੌਸਮ ਜਾਰੀ ਰਹੇਗਾ, ਕੁੱਝ ਇਲਾਕਿਆਂ 'ਚ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਹੈ।

# ਪੰਜਾਬ ਚ ਇਸ ਜ਼ਿਲ੍ਹੇ ਦੀ ਨਵੇਂ ਸਿਰਿਓਂ ਹੋ ਗਈ ਵਾਰਡਬੰਦੀ, ਸਰਕਾਰ ਨੇ ਜਾਰੀ ਕੀਤਾ ਨੋਟੀਫਿਕੇਸ਼ਨ

**ਕੌਮੀ ਪਤ੍ਰਿਕਾ**

ਬਠਿੰਡਾ 1 ਅਗਸਤ। ਪੰਜਾਬ ਸਰਕਾਰ ਦੇ ਸਥਾਨਕ ਸਰਕਾਰਾਂ ਵਿਭਾਗ ਨੇ ਬਠਿੰਡਾ ਨਗਰ-ਨਿਗਮ ਲਈ ਨਵੀਂ ਵਾਰਡ ਹੱਦਬੰਦੀ ਸਬੰਧੀ ਇਕ ਨੋਟੀਫਿਕੇਸ਼ਨ ਜਾਰੀ ਕੀਤਾ ਹੈ। ਇਹ ਨੋਟੀਫਿਕੇਸ਼ਨ ਪੰਜਾਬ ਸਰਕਾਰ ਦੇ ਅਸਧਾਰਨ ਗਜ਼ਟ ਵਿਚ ਪ੍ਰਕਾਸ਼ਿਤ ਕੀਤਾ ਜਾਵੇਗਾ। ਨਵੀਂ ਪ੍ਰਣਾਲੀ ਦੇ ਤਹਿਤ ਬਠਿੰਡਾ ਨਗਰ ਨਿਗਮ ਨੂੰ ਕੁੱਲ 50 ਵਾਰਡਾਂ ਵਿਚ ਵੰਡਿਆ ਗਿਆ ਹੈ, ਜਿਨ੍ਹਾਂ ਵਿਚੋਂ 33 ਵਾਰਡ ਵੱਖ-ਵੱਖ ਰਾਖਵੇਂ ਵਰਗਾਂ ਲਈ ਨਿਰਧਾਰਤ ਕੀਤੇ ਗਏ ਹਨ। ਨਵੀਂ ਵਾਰਡਬੰਦੀ ਅਨੁਸਾਰ ਔਰਤਾਂ, ਅਨੁਸੂਚਿਤ ਜਾਤੀਆਂ (ਐੱਸ. ਸੀ.) ਅਤੇ ਪੱਛੜੀਆਂ ਸ਼੍ਰੇਣੀਆਂ (ਓ. ਬੀ. ਸੀ.) ਨੂੰ ਵਿਆਪਕ ਪ੍ਰਤੀਨਿਧਤਾ ਪ੍ਰਦਾਨ ਕਰਦੀ ਹੈ। ਇਸਨੂੰ ਸਮਾਜਿਕ ਨਿਆਂ ਵੱਲ ਇਕ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ। ਵਾਰਡਬੰਦੀ ਅਨੁਸਾਰ ਵਾਰਡਾਂ ਦੀਆਂ ਸੀਮਾਵਾਂ ਨਿਰਧਾਰਤ ਕਰਨ ਲਈ ਸਰਹਿੰਦ ਨਹਿਰ, ਰਿੰਗ ਰੋਡ, ਬਰਨਾਲਾ ਬਾਈਪਾਸ, ਡੱਬਵਾਲੀ ਰੋਡ, ਮਾਨਸਾ ਰੋਡ ਅਤੇ ਜੀ. ਟੀ. ਰੋਡ ਵਰਗੀਆਂ ਪ੍ਰਮੁੱਖ ਸੜਕਾਂ ਨੂੰ ਆਧਾਰ ਵਜੋਂ ਵਰਤਿਆ ਗਿਆ ਹੈ। ਇਸ ਤੋਂ ਇਲਾਵਾ ਕਈ ਪੁਰਾਣੇ ਵਾਰਡਾਂ ਦੀਆਂ ਹੱਦਾਂ ਬਦਲ ਕੇ ਆਬਾਦੀ ਸੰਤੁਲਨ ਬਣਾਈ ਰੱਖਣ ਦੇ ਯਤਨ ਕੀਤੇ ਗਏ ਹਨ। ਭਵਿੱਖ ਦੀ ਆਬਾਦੀ ਅਤੇ ਵਿਕਾਸ ਦੇ ਮੱਦੇਨਜ਼ਰ ਪ੍ਰਸ਼ਾਸਕੀ ਸੰਤੁਲਨ ਬਣਾਈ ਰੱਖਣ ਲਈ ਨਵੀਆਂ ਵਿਕਸਤ ਕਾਲੋਨੀਆਂ ਅਤੇ ਫੈਲ ਰਹੇ ਖੇਤਰਾਂ ਨੂੰ ਵੱਖਰੇ ਵਾਰਡਾਂ ਵਿਚ ਸ਼ਾਮਲ ਕੀਤਾ ਗਿਆ ਹੈ। ਨਵੀਂ



ਵਾਰਡ ਬੰਦੀ ਜਾਰੀ ਹੋਣ ਦੇ ਨਾਲ ਮਹਾਨਗਰ 'ਚ ਰਾਜਨੀਤਿਕ ਸਰਗਰਮੀਆਂ ਤੇਜ਼ੀ ਨਾਲ ਸਰਗਰਮ ਹੋ ਗਈਆਂ ਹਨ। ਰਾਜਨੀਤਿਕ ਪਾਰਟੀਆਂ ਅਤੇ ਸੰਭਾਵੀ ਉਮੀਦਵਾਰਾਂ ਨੇ ਵਾਰਡ ਢਾਂਚੇ ਅਤੇ ਰਿਜ਼ਰਵੇਸ਼ਨ ਪ੍ਰਣਾਲੀ ਦਾ ਅਧਿਐਨ ਕਰਨਾ ਸ਼ੁਰੂ ਕਰ ਦਿੱਤਾ ਹੈ। ਸੂਤਰਾਂ ਅਨੁਸਾਰ ਵਾਰਡ ਤਬਦੀਲੀਆਂ ਸਬੰਧੀ ਕੁਝ ਖੇਤਰਾਂ ਵਿਚ ਇਤਰਾਜ਼ ਉੱਠ ਸਕਦੇ ਹਨ ਅਤੇ ਸਰਕਾਰ ਕੋਲ ਲਿਖਤੀ ਇਤਰਾਜ਼ ਦਾਇਰ ਕੀਤੇ ਜਾਣ ਦੀ ਸੰਭਾਵਨਾ ਹੈ। ਨਵੀਂ ਵਾਰਡਬੰਦੀ ਨੂੰ ਆਉਣ ਵਾਲੀਆਂ ਨਗਰ ਨਿਗਮ ਚੋਣਾਂ ਦੀ ਤਿਆਰੀ ਵੱਲ ਇਕ ਵੱਡਾ ਕਦਮ ਮੰਨਿਆ ਜਾ ਰਿਹਾ ਹੈ। ਇਹ ਨਾ ਸਿਰਫ ਚੋਣ ਪ੍ਰਕਿਰਿਆ ਨੂੰ ਸਪੱਸ਼ਟਤਾ ਪ੍ਰਦਾਨ ਕਰੇਗਾ ਬਲਕਿ ਔਰਤਾਂ ਅਤੇ ਹਾਸ਼ੀਏ 'ਤੇ ਧੱਕੇ ਗਏ ਸਮੂਹਾਂ ਦੀ ਭਾਗੀਦਾਰੀ ਨੂੰ ਵੀ ਮਜ਼ਬੂਤ ਕਰੇਗਾ। ਇਹ ਵਾਰਡ ਸੀਮਾਕਰਨ ਪੰਜਾਬ ਨਗਰ ਨਿਗਮ ਐਕਟ, 1975 ਦੀ ਧਾਰਾ 8(2) ਅਤੇ ਵਾਰਡਾਂ ਦੀ ਹੱਦਬੰਦੀ ਆਰਡਰ, 1995 ਦੇ ਤਹਿਤ ਕੀਤਾ ਗਿਆ ਹੈ, ਜਿਸਨੂੰ ਪੰਜਾਬ ਦੇ ਰਾਜਪਾਲ ਦੀ ਪ੍ਰਵਾਨਗੀ ਪ੍ਰਾਪਤ ਹੈ।

## ਅੰਮ੍ਰਿਤਸਰ ਟੈਂਡਰ ਘੁਟਾਲਾ ਮਾਮਲੇ 'ਚ ਪੰਜਾਬ ਸਰਕਾਰ ਦੀ ਵੱਡੀ ਕਾਰਵਾਈ

ਲੁਧਿਆਣਾ/ਅੰਮ੍ਰਿਤਸਰ, 1 ਅਗਸਤ। ਅੰਮ੍ਰਿਤਸਰ ਦੇ ਬਹੁ-ਕਰੋੜੀ ਟੈਂਡਰ ਘੁਟਾਲੇ ਵਿੱਚ ਪੰਜਾਬ ਸਰਕਾਰ ਨੇ ਸਖ਼ਤ ਰੁਖ਼ ਅਖਤਿਆਰ ਕਰਦਿਆਂ ਵੱਡੀ ਕਾਰਵਾਈ ਕੀਤੀ ਹੈ। ਸਰਕਾਰ ਨੇ ਐੱਸ.ਐੱਸ.ਪੀ. ਵਿਜੀਲੈਂਸ ਤੋਂ ਬਾਅਦ ਹੁਣ ਇੰਪਰੂਵਮੈਂਟ ਟਰੱਸਟ ਦੇ 7 ਇੰਜੀਨੀਅਰਾਂ ਨੂੰ ਵੀ ਸਸਪੈਂਡ ਕਰ ਦਿੱਤਾ ਹੈ। ਇਹ ਮਾਮਲਾ ਪਿਛਲੇ ਦਿਨੀਂ ਐੱਸ.ਐੱਸ.ਪੀ. ਵਿਜੀਲੈਂਸ ਲਖਬੀਰ ਸਿੰਘ ਦੀ ਛੁੱਟੀ ਹੋਣ ਤੋਂ ਬਾਅਦ ਲਗਾਤਾਰ ਚਰਚਾ ਵਿੱਚ ਬਣਿਆ ਹੋਇਆ ਸੀ। ਸੂਤਰਾਂ ਅਨੁਸਾਰ, ਇਹ ਸਾਰਾ ਵਿਵਾਦ ਲਗਭਗ 50 ਕਰੋੜ ਰੁਪਏ ਦੀ ਲਾਗਤ ਵਾਲੇ ਟੈਂਡਰਾਂ ਦੀ ਅਲਾਟਮੈਂਟ ਨਾਲ ਜੁੜਿਆ ਹੋਇਆ ਹੈ। ਮਾਮਲੇ ਦੀ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਵਰਕ ਆਰਡਰ ਜਾਰੀ ਕਰਨ ਦੀ ਪ੍ਰਕਿਰਿਆ ਵਿੱਚ ਨਿਯਮਾਂ ਨੂੰ ਛਿੱਕੇ ਟੰਗ ਕੇ ਵੱਡੇ ਪੱਧਰ 'ਤੇ ਭ੍ਰਿਸ਼ਟਾਚਾਰ ਕੀਤਾ ਗਿਆ ਹੈ। ਇਸ ਭ੍ਰਿਸ਼ਟਾਚਾਰ ਕਾਰਨ ਸਰਕਾਰੀ ਖ਼ਜ਼ਾਨੇ ਨੂੰ ਕਰੋੜਾਂ ਰੁਪਏ ਦਾ ਚੂਨਾ ਲੱਗਾ ਹੈ। ਇਸ ਘੁਟਾਲੇ ਦੀ ਗੰਭੀਰਤਾ ਨੂੰ ਦੇਖਦਿਆਂ ਸਰਕਾਰ ਨੇ ਹੁਣ ਅਗਲੇਰੀ ਕਾਰਵਾਈ ਤੇਜ਼ ਕਰ ਦਿੱਤੀ ਹੈ। ਮਿਲੀ ਜਾਣਕਾਰੀ ਮੁਤਾਬਕ, ਸਸਪੈਂਡ ਕੀਤੇ ਗਏ ਦੋਸ਼ੀ ਅਫਸਰਾਂ ਖਿਲਾਫ ਜਲਦੀ ਹੀ ਵਿਜੀਲੈਂਸ ਕੇਸ ਦਰਜ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ। ਸਰਕਾਰ ਦੀ ਇਸ ਕਾਰਵਾਈ ਨਾਲ ਭ੍ਰਿਸ਼ਟ ਅਧਿਕਾਰੀਆਂ ਵਿੱਚ ਹੜਕੰਪ ਮਚਿਆ ਹੋਇਆ ਹੈ।

## ਪੰਜਾਬ ਭਾਜਪਾ ਦੇ ਵਫ਼ਦ ਨੇ ਚੰਡੀਗੜ੍ਹ 'ਚ ਰਾਜਪਾਲ ਨਾਲ ਕੀਤੀ ਮੁਲਾਕਾਤ, ਸੌਂਪਿਆ ਮੰਗ ਪੱਤਰ

ਚੰਡੀਗੜ੍ਹ 1 ਅਗਸਤ। ਪੰਜਾਬ ਭਾਜਪਾ ਦੇ ਇੱਕ ਵਫ਼ਦ ਵੱਲੋਂ ਚੰਡੀਗੜ੍ਹ 'ਚ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ ਗਈ। ਇਸ ਦੌਰਾਨ ਉਨ੍ਹਾਂ ਸਰਕਾਰ ਵਲੋਂ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਕੀਤੀ ਗਈ ਹਦਬੰਦੀ ਨੂੰ ਲੈ ਕੇ ਰਾਜਪਾਲ ਨੂੰ ਇਕ ਮੰਗ ਪੱਤਰ ਸੌਂਪਿਆ। ਮੀਟਿੰਗ ਦੌਰਾਨ ਸੂਬੇ ਵਿਚ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਵਿਚਾਰ-ਵਟਾਂਦਰਾ ਵੀ ਕੀਤਾ ਗਿਆ। ਭਾਜਪਾ ਨੇ ਦੋਸ਼ ਲਾਇਆ ਕਿ ਸੂਬਾ ਸਰਕਾਰ ਪੂਰੇ ਸੂਬੇ ਵਿੱਚ ਵਾਰਡਬੰਦੀ ਦਾ ਕੰਮ ਮਨਮਾਨੇ, ਜਲਦਬਾਜ਼ੀ ਅਤੇ ਗੈਰ-ਕਾਨੂੰਨੀ ਢੰਗ ਨਾਲ ਕਰ ਰਹੀ ਹੈ, ਜਿਸ ਕਾਰਨ ਆਮ ਲੋਕਾਂ ਵਿੱਚ ਭੰਬਲਭੂਸਾ, ਮੁਸੀਬਤ ਅਤੇ ਅਸੁਰੱਖਿਆ ਦਾ ਮਾਹੌਲ ਪੈਦਾ ਹੋ ਗਿਆ ਹੈ। ਅਸ਼ਵਨੀ ਸ਼ਰਮਾ ਦੀ ਅਗਵਾਈ ਹੇਠ ਮਨੋਜਰੰਜਨ ਕਾਲੀਆ, ਵਿਨੀਤ ਜੋਸ਼ੀ, ਕੇਵਲ ਸਿੰਘ ਢਿੱਲੋਂ ਅਤੇ ਪਰਮਿੰਦਰ ਸਿੰਘ ਬਰਾੜ ਆਦਿ ਨੇ ਇਸ ਸਬੰਧ ਵਿੱਚ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ ਅਤੇ ਵਾਰਡਬੰਦੀ ਪ੍ਰਕਿਰਿਆ ਵਿੱਚ ਤੁਰੰਤ ਦਖਲ ਦੇਣ ਦੀ ਮੰਗ ਕੀਤੀ।

# ਖ਼ੁਦ ਹਨੇਰੇ 'ਚ ਰਹਿ ਕੇ ਦੂਜਿਆਂ ਨੂੰ ਰੌਸ਼ਨੀ ਦੇ ਰਿਹਾ 21 ਸਾਲਾ ਅਮਨ ! 800 ਤੋਂ ਵੱਧ ਨੌਜਵਾਨਾਂ ਨੂੰ ਕਰ ਚੁੱਕੈ 'ਟਰੇਨ'

**ਕੌਮੀ ਪਤ੍ਰਿਕਾ**

ਮੁਜ਼ੱਫਰਨਗਰ 1 ਅਗਸਤ। ਉੱਤਰ ਪ੍ਰਦੇਸ਼ ਦੇ ਮੁਜ਼ੱਫਰਨਗਰ ਜ਼ਿਲ੍ਹੇ ਦੇ ਇਕ ਛੋਟੇ ਜਿਹੇ ਪਿੰਡ ਤਾਵਲੀ 'ਚ ਜਨਮੇ 21 ਸਾਲਾ ਅਮਨ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਜੇਕਰ ਇਰਾਦੇ ਮਜ਼ਬੂਤ ਹੋਣ ਤਾਂ ਸਰੀਰਕ ਅਸਮਰੱਥਾ ਕਦੇ ਵੀ ਰੁਕਾਵਟ ਨਹੀਂ ਬਣ ਸਕਦੀ। ਅੱਖਾਂ ਦੀ ਰੋਸ਼ਨੀ ਨਾ ਹੋਣ ਦੇ ਬਾਵਜੂਦ, ਅਮਨ ਨੇ ਆਪਣੀ ਮਿਹਨਤ ਨਾਲ ਨਾ ਸਿਰਫ਼ ਆਪਣੇ ਜੀਵਨ 'ਚ ਰੋਸ਼ਨੀ ਭਰੀ, ਸਗੋਂ ਹੁਣ ਉਹ 800 ਤੋਂ ਵੱਧ ਬੱਚਿਆਂ ਦੇ ਭਵਿੱਖ ਨੂੰ ਵੀ ਰੋਸ਼ਨ ਕਰ ਰਹੇ ਹਨ। ਅਮਨ ਨੇ ਨੌਜਵਾਨਾਂ ਨੂੰ ਆਤਮ-ਨਿਰਭਰ ਬਣਾਉਣ ਲਈ 'ਆਡੀਓ ਟੀਵੀ ਨੈੱਟਵਰਕ' ਨਾਮ ਦਾ ਇਕ ਪਲੇਟਫਾਰਮ ਤਿਆਰ ਕੀਤਾ ਹੈ। ਇਸ ਰਾਹੀਂ ਉਹ ਨੌਜਵਾਨਾਂ ਨੂੰ ਵੌਇਸ ਓਵਰ, ਆਰਟੀਫੀਸ਼ੀਅਲ ਇੰਟੈਲੀਜੈਂਸ (19), ਕੋਡਿੰਗ, ਬਿਜ਼ਨੈੱਸ ਅਤੇ ਫਾਈਨੈਂਸ਼ੀਅਲ ਐਡਵਾਈਜ਼ਰੀ ਵਰਗੇ ਆਧੁਨਿਕ ਕੋਰਸ ਬਿਲਕੁਲ ਮੁਫ਼ਤ ਕਰਵਾ ਰਹੇ ਹਨ। ਉਨ੍ਹਾਂ ਦੇ ਸਿਖਿਆਰਥੀਆਂ 'ਚ ਲਗਭਗ 250 ਬੱਚੇ ਦਿਵਿਆਂਗ (ਵਿਸ਼ੇਸ਼ ਲੋੜਾਂ ਵਾਲੇ) ਹਨ। ਸੰਘਰਸ਼ ਅਤੇ ਸਿੱਖਿਆ ਦਾ ਸਫ਼ਰ ਅਮਨ ਦਾ ਸਫ਼ਰ ਸੌਖਾ ਨਹੀਂ ਸੀ। ਉਨ੍ਹਾਂ ਦੇ ਪਰਿਵਾਰ ਨੇ ਉਨ੍ਹਾਂ ਦੀ ਪੜ੍ਹਾਈ ਲਈ ਦਿੱਲੀ ਦਾ ਰੁਖ ਕੀਤਾ, ਜਿੱਥੇ ਉਨ੍ਹਾਂ ਨੇ ਬਰੇਲ ਲਿਪੀ ਸਿੱਖੀ। ਇਸ ਤੋਂ ਬਾਅਦ ਉਨ੍ਹਾਂ ਨੇ ਅਲੀਗੜ੍ਹ ਮੁਸਲਿਮ ਯੂਨੀਵਰਸਿਟੀ ਤੋਂ ਵਿੱਦਿਆ ਪ੍ਰਾਪਤ ਕੀਤੀ। ਅਮਨ ਨੇ ਆਨਲਾਈਨ ਸਰੋਤਾਂ ਦੀ ਮਦਦ ਨਾਲ ਖੁਦ ਕੋਡਿੰਗ, 19 ਅਤੇ ਪ੍ਰੌਂਮਪਟ ਇੰਜੀਨੀਅਰਿੰਗ ਵਰਗੇ ਗੁੰਝਲਦਾਰ ਵਿਸ਼ੇ ਸਿੱਖੇ। ਉਨ੍ਹਾਂ ਦਾ ਮੰਨਣਾ ਹੈ ਕਿ ਜੇਕਰ ਸਮਾਜ ਨੇ ਸਾਨੂੰ ਕੁਝ ਦਿੱਤਾ ਹੈ, ਤਾਂ ਉਸ ਨੂੰ ਮੋੜਨਾ ਸਾਡਾ ਫਰਜ਼ ਹੈ। ਅਮਨ ਦੇ ਇਸ ਪ੍ਰਾਜੈਕਟ ਨੇ ਕਈ ਨੌਜਵਾਨਾਂ ਨੂੰ ਵੱਡੀਆਂ ਕੰਪਨੀਆਂ 'ਚ ਰੁਜ਼ਗਾਰ ਦਿਵਾਇਆ ਹੈ, ਜਿਨ੍ਹਾਂ 'ਚ ਜਲੰਧਰ ਦੇ ਨੌਜਵਾਨ ਵੀ ਸ਼ਾਮਲ ਹਨ: ਆਰਿਅਨ (21 ਸਾਲ), ਜਲੰਧਰ: ਆਰਿਅਨ ਨੇ 'ਆਡੀਓ ਟੀਵੀ ਨੈੱਟਵਰਕ' ਤੋਂ 6 ਮਹੀਨੇ ਦੀ ਮੁਫ਼ਤ ਵੌਇਸ ਓਵਰ ਸਿਖਲਾਈ ਲਈ। ਅੱਜ ਉਹ ਆਦਿਤਿਆ ਬਿਰਲਾ ਗਰੁੱਪ 'ਚ ਇਕ ਚੰਗੇ ਪੈਕੇਜ 'ਤੇ ਕੰਮ ਕਰ ਰਹੇ ਹਨ ਅਤੇ ਕਈ ਇਸ਼ਤਿਹਾਰਾਂ ਨੂੰ ਆਪਣੀ ਆਵਾਜ਼ ਦੇ ਚੁੱਕੇ ਹਨ। ਸਤਿਅਮ (17 ਸਾਲ), ਜਲੰਧਰ: ਸਤਿਅਮ ਖੁਦ ਵੀ ਦ੍ਰਿਸ਼ਟੀਹੀਣ ਹਨ। ਉਨ੍ਹਾਂ ਨੇ ਅਮਨ ਤੋਂ ਸਿਖਲਾਈ ਲੈ ਕੇ ਕਾਲ ਸੈਂਟਰਾਂ ਲਈ ਵੌਇਸ ਓਵਰ ਕਰਨਾ ਸ਼ੁਰੂ ਕੀਤਾ ਹੈ। ਅੱਜ ਤੁਸੀਂ ਕਈ ਕਾਲ ਸੈਂਟਰਾਂ 'ਚ ਜੋ ਆਵਾਜ਼ ਸੁਣਦੇ ਹੋ-ਹਿੰਦੀ ਲਈ 1 ਦਬਾਓ, ਅੰਗਰੇਜ਼ੀ ਲਈ 2 ਦਬਾਓ— ਉਹ ਸਤਿਅਮ ਦੀ ਹੀ ਆਵਾਜ਼ ਹੈ। ਅਮਨ ਦੀ ਇਹ ਕੋਸ਼ਿਸ਼ ਉਨ੍ਹਾਂ ਨੌਜਵਾਨਾਂ ਲਈ ਉਮੀਦ ਦੀ ਕਿਰਨ ਬਣੀ ਹੈ ਜੋ ਮਹਿੰਗੀ ਫੀਸ ਨਹੀਂ ਭਰ ਸਕਦੇ।

## 2025 'ਚ ਪ੍ਰਸ਼ਾਸਨਿਕ ਸੇਵਾਵਾਂ 'ਚ ਡਿਜੀਟਲ ਸੁਧਾਰਾਂ ਦਾ ਗਵਾਹ ਬਣਿਆ ਪੰਜਾਬ : ਅਮਨ ਅਰੋੜਾ

ਚੰਡੀਗੜ੍ਹ/ਜਲੰਧਰ 1 ਅਗਸਤ। ਪੰਜਾਬ ਦਾ ਪ੍ਰਸ਼ਾਸਨ ਸਾਲ 2025 ਦੌਰਾਨ ਵੱਡੇ ਡਿਜੀਟਲ ਬਦਲਾਅ ਦਾ ਗਵਾਹ ਬਣਿਆ ਹੈ, ਜਿਸ ਤਹਿਤ ਹੁਣ ਨਾਗਰਿਕ-ਕੇਂਦਰਿਤ ਸੇਵਾਵਾਂ ਲੋਕਾਂ ਨੂੰ ਸਿੱਧੇ ਬੂਹਾਂ 'ਤੇ ਹੀ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਤੇ ਸਰਕਾਰੀ ਦਫ਼ਤਰਾਂ 'ਚ ਲੰਬੀਆਂ ਕਤਾਰਾਂ ਲੱਗਣਾ ਤੇ ਲੋਕਾਂ ਦੀ ਖੱਜਲ-ਖੁਆਰੀ ਹੁਣ ਬੀਤੇ ਸਮੇਂ ਦੀ ਗੱਲ ਹੋ ਗਈ ਹੈ। ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸੇਵਾਵਾਂ ਦੀ ਡਲਿਵਰੀ 'ਚ ਪਾਰਦਰਸ਼ਤਾ, ਪਹੁੰਚਯੋਗਤਾ, ਕੁਸ਼ਲਤਾ ਅਤੇ ਈਮਾਨਦਾਰੀ ਨੇ ਸੂਬੇ ਦੇ ਪ੍ਰਸ਼ਾਸਨ ਨੂੰ ਇਕ ਨਵਾਂ ਰੂਪ ਦੇਣ 'ਚ ਸਭ ਤੋਂ ਅਹਿਮ ਭੂਮਿਕਾ ਨਿਭਾਈ ਹੈ, ਜਿਸ ਨਾਲ ਨਾਗਰਿਕਾਂ ਲਈ ਪ੍ਰਸ਼ਾਸਨਿਕ ਸੇਵਾਵਾਂ ਲੈਣਾ ਹੁਣ ਵਧੇਰੇ ਸੁਚਾਰੂ ਤੇ ਸੁਖਾਲਾ ਹੋ ਗਿਆ ਹੈ। ਅਰੋੜਾ ਨੇ ਕਿਹਾ ਕਿ ਬੁਨਿਆਦੀ ਸੁਧਾਰਾਂ ਦੇ ਤਹਿਤ ਈ-ਸੇਵਾ ਪੋਰਟਲ 'ਤੇ ਪਟਵਾਰੀਆਂ ਨੂੰ ਸ਼ਾਮਲ ਕਰਨ ਤੋਂ ਬਾਅਦ 12.46 ਲੱਖ ਤੋਂ ਵੱਧ ਅਰਜ਼ੀਆਂ ਦਾ ਆਨਲਾਈਨ ਨਿਪਟਾਰਾ ਕੀਤਾ ਗਿਆ ਹੈ। ਇਸ ਤੋਂ ਇਲਾਵਾ, 'ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰ' ਯੋਜਨਾ ਦੇ ਤਹਿਤ 1,85,000 ਤੋਂ ਵੱਧ ਨਾਗਰਿਕਾਂ ਨੂੰ ਬੂਹਾਂ 'ਤੇ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ ਹਨ। ਇਹ ਅੰਕੜੇ 'ਸਿਫਾਰਸ਼ ਅਤੇ ਦੇਰੀ' ਦੀ ਪ੍ਰਣਾਲੀ ਤੋਂ ਡਿਜੀਟਲ ਮਾਣ ਵਾਲੀ ਪ੍ਰਣਾਲੀ ਵਿਚ ਤਬਦੀਲੀ ਨੂੰ ਦਰਸਾਉਂਦੇ ਹਨ।

# ਜਲੰਧਰ 'ਚ ਬੱਬਰ ਜਿਊਲਰਜ਼ 'ਚੋਂ 80 ਲੱਖ ਦੇ ਗਹਿਣੇ ਲੁੱਟਣ ਵਾਲੇ ਮੁਲਜ਼ਮ ਦੀ ਤਸਵੀਰ ਆਈ ਸਾਹਮਣੇ

**ਕੌਮੀ ਪਤ੍ਰਿਕਾ**

ਜਲੰਧਰ, 1 ਅਗਸਤ। ਅੱਜ ਸਵੇਰੇ ਸ਼ਹੀਦ ਬਾਬੂ ਲਾਲ ਸਿੰਘ ਨਗਰ ਵਿੱਚ ਬੱਬਰ ਜਿਊਲਰਜ਼ ਦੀ ਦੁਕਾਨ ਵਿੱਚ ਇੱਕ ਦਰਜਨ ਚੋਰ ਕਾਂਟੇ ਨਾਲ ਦੁਕਾਨ ਵਿੱਚ ਦਾਖਲ ਹੋਏ ਅਤੇ 80 ਲੱਖ ਰੁਪਏ ਦੇ ਗਹਿਣੇ ਲੈ ਕੇ ਭੱਜ ਗਏ। ਹੁਣ ਇੱਕ ਮੁਲਜ਼ਮ ਦੀ ਫੋਟੋ ਸਾਹਮਣੇ ਆਈ ਹੈ, ਜਿਸ ਵਿੱਚ ਉਹ ਹੱਥ ਵਿੱਚ ਬੈਗ ਲੈ ਕੇ ਘੁੰਮਦਾ ਦਿਖਾਈ ਦੇ ਰਿਹਾ ਹੈ। ਫੋਟੋ ਵਿੱਚ ਮੁਲਜ਼ਮ ਦਾ ਚਿਹਰਾ ਸਾਫ਼ ਦਿਖਾਈ ਦੇ ਰਿਹਾ ਹੈ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਉਹ ਜਲਦੀ ਹੀ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲੈਣਗੇ। ਇਹ ਘਟਨਾ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ। ਸੀਸੀਟੀਵੀ ਫੁਟੇਜ ਵਿੱਚ ਛੇ ਤੋਂ ਸੱਤ ਚੋਰ ਦੁਕਾਨ ਦੇ ਤਾਲੇ ਕਾਂਟੇ ਨਾਲ ਤੋੜਦੇ ਦਿਖਾਈ ਦੇ ਰਹੇ ਹਨ, ਜਦੋਂ ਕਿ ਹੋਰ ਨੇੜੇ ਖੜ੍ਹੇ, ਆਉਣ ਵਾਲਿਆਂ ਦੀ ਉਡੀਕ ਕਰ ਰਹੇ ਹਨ। ਘਟਨਾ ਦੀ ਜਾਣਕਾਰੀ ਦਿੰਦੇ ਹੋਏ ਬੱਬਰ ਜਿਊਲਰਜ਼ ਦੇ ਮਾਲਕ ਸੋਨੂੰ ਬੱਬਰ ਨੇ ਦੱਸਿਆ ਕਿ ਚੋਰ ਦੁਕਾਨ ਤੋਂ 25 ਤੋਲੇ ਚਾਂਦੀ ਅਤੇ ਛੇ ਤੋਲੇ ਸੋਨਾ ਲੈ ਗਏ। ਪੀੜਤ ਦੇ ਅਨੁਸਾਰ, ਦੁਕਾਨ ਮਾਲਕ ਨੇ 80 ਲੱਖ ਰੁਪਏ ਦੀ ਚੋਰੀ ਦੀ ਰਿਪੋਰਟ ਦਿੱਤੀ। ਘਟਨਾ ਦੀ ਜਾਣਕਾਰੀ ਮਿਲਣ 'ਤੇ ਏਸੀਪੀ ਆਤਿਸ਼ ਭਾਟੀਆ ਮੌਕੇ 'ਤੇ ਪਹੁੰਚੇ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ। ਜਦੋਂ ਦੁਕਾਨ ਮਾਲਕ ਨੂੰ ਸਵੇਰੇ ਘਟਨਾ ਦਾ ਪਤਾ ਲੱਗਾ ਤਾਂ ਉਹ ਦ੍ਰਿਸ਼ ਦੇਖ ਕੇ ਹੈਰਾਨ ਰਹਿ ਗਿਆ। ਦੁਕਾਨ ਸਾਮਾਨ ਨਾਲ ਭਰੀ ਹੋਈ ਸੀ ਅਤੇ ਗਹਿਣਿਆਂ ਦੀਆਂ ਸ਼ੈਲਫਾਂ ਖਾਲੀ ਸਨ। ਪੁਲਸ ਨੂੰ ਤੁਰੰਤ ਸੂਚਿਤ ਕੀਤਾ ਗਿਆ। ਪੁਲਸ ਸਟੇਸ਼ਨ ਦੀ ਇੱਕ ਟੀਮ ਮੌਕੇ 'ਤੇ ਪਹੁੰਚੀ ਤੇ ਦੁਕਾਨ ਦੀ ਚੰਗੀ



ਤਰ੍ਹਾਂ ਜਾਂਚ ਕੀਤੀ। ਪੁਲਸ ਨੇ ਦੁਕਾਨ ਵਿੱਚ ਲੱਗੇ ਸਾਰੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਜ਼ਬਤ ਕਰ ਲਈ ਹੈ ਤੇ ਜਾਂਚ ਸ਼ੁਰੂ ਕਰ ਦਿੱਤੀ ਹੈ। ਸੀਸੀਟੀਵੀ ਫੁਟੇਜ ਵਿੱਚ ਸਾਫ਼ ਦਿਖਾਈ ਦੇ ਰਿਹਾ ਹੈ ਕਿ ਕਈ ਅਪਰਾਧੀ ਦੁਕਾਨ ਵਿੱਚ ਦਾਖਲ ਹੁੰਦੇ ਹਨ, ਚੋਰੀ ਕਰਦੇ ਹਨ ਅਤੇ ਥੋੜ੍ਹੇ ਸਮੇਂ ਵਿੱਚ ਭੱਜ ਜਾਂਦੇ ਹਨ। ਫੁਟੇਜ ਦੇ ਆਧਾਰ 'ਤੇ ਪੁਲਸ ਸ਼ੱਕੀਆਂ ਦੀ ਗਿਣਤੀ, ਉਨ੍ਹਾਂ ਦੀਆਂ ਹਰਕਤਾਂ ਅਤੇ ਉਨ੍ਹਾਂ ਦੇ ਦਾਖਲੇ ਤੇ ਬਾਹਰ ਨਿਕਲਣ ਦੇ ਰਸਤੇ ਨਿਰਧਾਰਤ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਸ਼ੁਰੂਆਤੀ ਜਾਂਚ ਵਿੱਚ ਇਹ ਵੀ ਸ਼ੱਕ ਪੈਦਾ ਹੁੰਦਾ ਹੈ ਕਿ ਅਪਰਾਧੀਆਂ ਨੂੰ ਦੁਕਾਨ ਬਾਰੇ ਪਹਿਲਾਂ ਤੋਂ ਜਾਣਕਾਰੀ ਸੀ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਸੀਸੀਟੀਵੀ ਫੁਟੇਜ ਅਤੇ ਤਕਨੀਕੀ ਸਬੂਤਾਂ ਦੇ ਆਧਾਰ 'ਤੇ ਉਹ ਜਲਦੀ ਹੀ ਦੋਸ਼ੀਆਂ ਦੀ ਪਛਾਣ ਕਰਨ ਦਾ ਦਾਅਵਾ ਕਰਦੇ ਹਨ। ਪੁਲਸ ਨੇ ਆਲੇ ਦੁਆਲੇ ਦੇ ਇਲਾਕੇ ਵਿੱਚ ਲੱਗੇ ਕੈਮਰਿਆਂ ਦੀ ਫੁਟੇਜ ਦੀ ਵੀ ਜਾਂਚ ਸ਼ੁਰੂ ਕਰ ਦਿੱਤੀ ਹੈ। ਅਣਪਛਾਤੇ ਅਪਰਾਧੀਆਂ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਜਾਂਚ ਜਾਰੀ ਹੈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਮਲਕਪੁਰ ਦੇ ਕਰੋੜਾਂ ਰੁਪਏ ਦੇ ਕਥਿਤ ਪੰਚਾਇਤੀ ਘਪਲੇ ਦਾ ਪਰਦਾਫਾਸ਼, 13 ਵਿਅਕਤੀਆਂ ਖ਼ਿਲਾਫ਼ ਮੁਕੱਦਮਾ ਦਰਜ

ਕੌਮੀ ਪਤ੍ਰਿਕਾ

ਲੁਧਿਆਣਾ 1 ਅਗਸਤ। ਲੁਧਿਆਣਾ ਦੇ ਪਿੰਡ ਮਲਕਪੁਰ ਵਿੱਚ ਪੰਚਾਇਤੀ ਫੰਡਾਂ ਦੀ ਵਰਤੋਂ ਨੂੰ ਲੈ ਕੇ ਸਾਹਮਣੇ ਆਏ ਕਥਿਤ ਕਰੋੜਾਂ ਰੁਪਏ ਦੇ ਘਪਲੇ ਨੇ ਸਥਾਨਕ ਪ੍ਰਸ਼ਾਸਨਿਕ ਹਲਕਿਆਂ ਵਿੱਚ ਹਲਚਲ ਮਚਾ ਦਿੱਤੀ ਹੈ। ਲਗਭਗ ਇੱਕ ਦਹਾਕੇ ਤੋਂ ਵੱਧ ਸਮੇਂ ਦੌਰਾਨ ਵਿਕਾਸ ਕਾਰਜਾਂ ਵਿੱਚ ਹੋਈਆਂ ਕਥਿਤ ਵਿੱਤੀ ਬੇਨਿਯਮੀਆਂ ਦੀ ਸ਼ਿਕਾਇਤ ਦੀ ਜਾਂਚ ਮਗਰੋਂ ਪੁਲਿਸ ਨੇ 13 ਵਿਅਕਤੀਆਂ ਖ਼ਿਲਾਫ਼ ਧੋਖਾਧੜੀ, ਅਮਾਨਤ ਵਿੱਚ ਖ਼ਿਆਨਤ ਅਤੇ ਸਾਜ਼ਿਸ਼ ਰਚਣ ਦੇ ਦੋਸ਼ਾਂ ਹੇਠ ਮੁਕੱਦਮਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਥਾਣਾ ਪੀਏਯੂ ਦੀ ਪੁਲਿਸ ਨੇ ਤਹਿਤ ਭਾਰਤੀ ਦੰਡ ਸੰਹਿਤਾ ਦੀਆਂ ਧਾਰਾਵਾਂ 420, 409 ਅਤੇ 120-ਬੀ ਅਧੀਨ ਇਹ ਮਾਮਲਾ ਦਰਜ ਕੀਤਾ ਹੈ। ਇਹ ਕਾਰਵਾਈ ਪਿੰਡ ਮਲਕਪੁਰ ਦੇ ਵਸਨੀਕ ਅਤੇ ਸਾਬਕਾ ਇੰਸਪੈਕਟਰ ਨਾਜ਼ਰ ਸਿੰਘ ਦੀ ਸ਼ਿਕਾਇਤ 'ਤੇ ਕੀਤੀ ਗਈ ਹੈ। ਪੁਲਿਸ ਅਨੁਸਾਰ ਡਿਪਟੀ ਕਮਿਸ਼ਨਰ ਲੁਧਿਆਣਾ ਦੇ ਦਫ਼ਤਰ ਦੀ ਸ਼ਿਕਾਇਤ ਸ਼ਾਖਾ ਵੱਲੋਂ ਭੇਜੇ ਗਏ ਪੱਤਰਾਂ ਦੇ ਆਧਾਰ 'ਤੇ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਸ਼ਿਕਾਇਤ ਵਿੱਚ ਦੋਸ਼ ਲਗਾਇਆ ਗਿਆ ਕਿ ਪਿੰਡ ਮਲਕਪੁਰ ਦੀਆਂ ਦੋ ਪੰਚਾਇਤਾਂ ਵਿੱਚ ਸਾਲ 2013 ਤੋਂ 2024 ਤੱਕ ਵਿਕਾਸ ਕਾਰਜਾਂ ਅਤੇ ਪੰਚਾਇਤੀ ਫੰਡਾਂ ਦੀ ਵਰਤੋਂ ਦੌਰਾਨ ਕਥਿਤ ਤੌਰ 'ਤੇ ਕਰੋੜਾਂ ਰੁਪਏ ਦੀਆਂ ਵਿੱਤੀ ਬੇਨਿਯਮੀਆਂ ਕੀਤੀਆਂ ਗਈਆਂ। ਇਸ ਮਾਮਲੇ ਵਿੱਚ ਪੁਲਿਸ ਨੇ ਰੁਪਿੰਦਰਜੀਤ ਕੌਰ, ਜਸਵਿੰਦਰ ਸਿੰਘ (ਸਹਾਇਕ ਇੰਜੀਨੀਅਰ), ਤੇਜਾ ਸਿੰਘ (ਗ੍ਰਾਮ ਸੇਵਕ), ਬਲਦੇਵ ਸਿੰਘ (ਪੰਚਾਇਤ ਸਕੱਤਰ), ਸੁਖਮਿੰਦਰ ਸਿੰਘ (ਪੰਚਾਇਤ ਸਕੱਤਰ), ਮਲਕੀਤ ਕੌਰ (ਸਰਪੰਚ), ਗੁਰਮੇਲ ਸਿੰਘ, ਜਗਰੂਪ ਸਿੰਘ (ਪੰਚਾਇਤ ਸਕੱਤਰ), ਕਿਰਨਪਾਲ ਸਿੰਘ (ਪੰਚਾਇਤ ਸਕੱਤਰ), ਕਮਲ ਭਾਰਤੀ (ਬੀਡੀਓ ਕਮ ਪੰਚਾਇਤ ਸਕੱਤਰ), ਧਨਵੰਤ ਸਿੰਘ, ਮਲਕੀਤ ਸਿੰਘ ਭੱਟੀ ਅਤੇ ਰਜਿੰਦਰ ਕੌਰ ਨੂੰ ਨਾਮਜ਼ਦ ਕੀਤਾ ਹੈ। ਇਨ੍ਹਾਂ ਵਿੱਚੋਂ ਕਈ ਉਸ ਸਮੇਂ ਬਲਾਕ ਵਿਕਾਸ ਅਤੇ ਪੰਚਾਇਤ ਦਫ਼ਤਰ ਨਾਲ ਜੁੜੇ ਅਹੁਦਿਆਂ 'ਤੇ ਤਾਇਨਾਤ ਰਹੇ ਸਨ। ਸ਼ਿਕਾਇਤ ਮੁਤਾਬਕ ਕਥਿਤ ਗੜਬੜੀਆਂ ਪਿੰਡ ਦੀਆਂ ਦੋਵੇਂ ਪੰਚਾਇਤਾਂ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਅਤੇ ਸਰਕਾਰੀ ਰਾਸ਼ੀ ਦੀ ਵਰਤੋਂ ਨਾਲ ਸਬੰਧਤ ਹਨ। ਦੋਸ਼ ਹੈ ਕਿ ਇਸ ਦੌਰਾਨ ਸਰਕਾਰੀ ਧਨ ਦੀ ਵਰਤੋਂ ਵਿੱਚ ਵੱਡੇ ਪੱਧਰ 'ਤੇ ਬੇਨਿਯਮੀਆਂ ਕੀਤੀਆਂ ਗਈਆਂ, ਜਿਸ ਕਾਰਨ ਸਰਕਾਰੀ ਖ਼ਜ਼ਾਨੇ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਹੋਇਆ। ਪੁਲਿਸ ਨੇ ਮਾਮਲਾ ਦਰਜ ਕਰਨ ਉਪਰੰਤ ਸਬੰਧਤ ਰਿਕਾਰਡ, ਵਿੱਤੀ ਦਸਤਾਵੇਜ਼ਾਂ, ਵਿਕਾਸ ਕਾਰਜਾਂ ਦੇ ਵੇਰਵਿਆਂ ਅਤੇ ਹੋਰ ਸਬੂਤਾਂ ਦੀ ਪੜਤਾਲ ਸ਼ੁਰੂ ਕਰ ਦਿੱਤੀ ਹੈ। ਜਾਂਚ ਅਧਿਕਾਰੀਆਂ ਦਾ ਕਹਿਣਾ ਹੈ ਕਿ ਜਾਂਚ ਦੌਰਾਨ ਜੋ ਵੀ ਤੱਥ ਸਾਹਮਣੇ ਆਉਣਗੇ, ਉਨ੍ਹਾਂ ਦੇ ਆਧਾਰ 'ਤੇ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਹ ਮਾਮਲਾ ਸਾਹਮਣੇ ਆਉਣ ਨਾਲ ਪੰਚਾਇਤੀ ਫੰਡਾਂ ਦੀ ਵਰਤੋਂ ਅਤੇ ਵਿਕਾਸ ਕਾਰਜਾਂ ਦੀ ਪਾਰਦਰਸ਼ਤਾ ਨੂੰ ਲੈ ਕੇ ਵੀ ਕਈ ਸਵਾਲ ਖੜ੍ਹੇ ਹੋ ਗਏ ਹਨ।

## ਜੇਲ੍ਹ 'ਚੋਂ ਬਰਾਮਦ ਹੋਏ 6 ਫੋਨ, 7 ਹਵਾਲਾਤੀਆਂ ਦੇ ਖ਼ਿਲਾਫ਼ ਪਰਚਾ ਦਰਜ

ਫ਼ਿਰੋਜ਼ਪੁਰ 1 ਅਗਸਤ। ਕੇਂਦਰੀ ਜੇਲ੍ਹ ਪ੍ਰਸ਼ਾਸਨ ਨੇ 11 ਜੁਲਾਈ ਤੋਂ 28 ਜੁਲਾਈ ਦੇ ਦਰਮਿਆਨ ਰੂਟੀਨ ਚੈਕਿੰਗਾਂ 'ਚ 6 ਫੋਨ ਬਰਾਮਦ ਕੀਤੇ ਹਨ। ਇਸ ਸਬੰਧੀ ਥਾਣਾ ਸਿਟੀ ਪੁਲਸ ਨੂੰ ਭੇਜੀ ਸ਼ਿਕਾਇਤ ਵਿਚ ਸਹਾਇਕ ਸੁਪਰੀਡੈਂਟ ਨੇ ਦੱਸਿਆ ਕਿ ਜੇਲ੍ਹ ਗਾਰਦ ਵੱਲੋਂ ਰੂਟੀਨ ਚੈਕਿੰਗਾਂ ਦੇ ਦੌਰਾਨ ਹਵਾਲਾਤੀਆਂ ਕੁਲਵੰਤ ਸਿੰਘ ਪਿੰਡ ਬਹਿਕ ਖਾਸ, ਗੁਰਜੀਤ ਸਿੰਘ ਪਿੰਡ ਨੌਸ਼ਹਿਰਾ ਵਾਲਾ, ਗੁਰਪ੍ਰੀਤ ਸਿੰਘ ਗੋਰੀ ਪਿੰਡ ਪੀਰ ਇਸਮਾਈਲ ਖਾਂ, ਮਨੀਸ਼ ਰਾਜਪੂਤ ਵਾਸੀ ਖਲਾਸੀ ਲਾਈਨ ਕੈਂਟ, ਪ੍ਰਿਥਵੀ ਸਿੰਘ ਵਾਸੀ ਭੰਡਾਰੀਆਂ ਵਾਲੀ ਗਲੀ ਸਿਟੀ, ਸੰਦੀਪ ਸਿੰਘ ਪਿੰਡ ਚਾਂਦੀ ਵਾਲਾ, ਧਰਮਪ੍ਰੀਤ ਸਿੰਘ ਜੱਸਾ ਪਿੰਡ ਝੋਕ ਹਰੀਹਰ ਕੋਲੋਂ ਉਕਤ ਫੋਨ ਬਰਾਮਦ ਕੀਤੇ ਗਏ ਹਨ। ਪੁਲਸ ਨੇ ਸਾਰਿਆਂ ਦੇ ਖ਼ਿਲਾਫ਼ ਜੇਲ੍ਹ ਐਕਟ ਦੇ ਤਹਿਤ ਪਰਚਾ ਦਰਜ ਕਰ ਲਿਆ ਹੈ।

## ਭਾਰੀ ਬਾਰਿਸ਼ ਮਗਰੋਂ ਲੁਧਿਆਣਾ 'ਚ ਸੜਕ ਧਸੀ !

ਲੁਧਿਆਣਾ 1 ਅਗਸਤ। ਅੱਜ ਲੁਧਿਆਣਾ ਵਿਚ ਮੌਨਸੂਨ ਦੀ ਪਹਿਲੀ ਜ਼ਬਰਦਸਤ ਬਾਰਿਸ਼ ਹੋਈ, ਜਿਸ ਮਗਰੋਂ ਸੜਕਾਂ 'ਤੇ ਪਾਣੀ ਭਰ ਗਿਆ ਤੇ ਕਈ ਥਾਈਂ ਹਾਦਸੇ ਵੀ ਵਾਪਰੇ। ਜਾਣਕਾਰੀ ਮੁਤਾਬਕ, ਇਸ ਦੌਰਾਨ ਗੁਰਦੇਵ ਨਗਰ ਵਿਚ ਸੜਕ ਅਚਾਨਕ ਧਸ ਗਈ। ਇਸ ਦੌਰਾਨ ਸੜਕ ਧਸਣ ਕਾਰਨ ਬਣੇ ਟੋਏ ਵਿਚ ਕਾਰ ਪਲਟ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਰ ਚਾਲਕ ਸ਼ਿਵਮ ਨੇ ਦੱਸਿਆ ਕਿ ਉਹ ਗਲੀ ਵਿਚ ਜਾ ਰਿਹਾ ਸੀ। ਇਸ ਦੌਰਾਨ ਅਚਾਨਕ ਉਸ ਦੀ ਕਾਰ ਇਕ ਪਾਸੇ ਧੱਸ ਗਈ। ਜਦੋਂ ਉਹ ਵੇਖਣ ਲਈ ਗੱਡੀ ਤੋਂ ਹੇਠਾਂ ਉਤਰਿਆ ਤਾਂ ਕਾਰ ਪੂਰੀ ਤਰ੍ਹਾਂ ਟੋਏ ਵਿਚ ਧੱਸ ਕੇ ਪਲਟ ਗਈ। ਇਸ ਦੇ ਨਾਲ ਹੀ ਹੋਰ ਸੜਕਾਂ 'ਤੇ ਵੀ ਕਈ ਹਾਦਸੇ ਵਾਪਰੇ। ਮੌਸਮ ਵਿਭਾਗ ਵੱਲੋਂ ਅਜੇ ਆਉਣ ਵਾਲੇ ਦਿਨਾਂ ਵਿਚ ਵੀ ਬਾਰਿਸ਼ ਦਾ ਅਲਰਟ ਜਾਰੀ ਕੀਤਾ ਗਿਆ ਹੈ, ਜਿਸ ਕਾਰਨ ਲੋਕਾਂ ਦੀਆਂ ਮੁਸ਼ਕਲਾਂ ਵੱਧ ਸਕਦੀਆਂ ਹਨ।

## ਸੈਰ ਕਰ ਰਹੀ ਔਰਤ ਦੇ ਕੰਨਾਂ 'ਚੋਂ ਵਾਲੀਆਂ ਝਪਟੀਆਂ

ਨਾਭਾ 1 ਅਗਸਤ। ਥਾਣਾ ਕੋਤਵਾਲੀ ਪੁਲਸ ਨੇ ਇਕ ਔਰਤ ਦੀਆਂ ਵਾਲੀਆਂ ਖੋਹਣ 'ਤੇ 3 ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮੁਕੱਦਮਾ ਦਰਜ ਕੀਤਾ ਹੈ। ਸ਼ਿਕਾਇਤਕਰਤਾ ਆਸ਼ਾ ਰਾਣੀ ਪਤਨੀ ਹਰਬੰਸ ਲਾਲ ਵਾਸੀ ਰਿਪੁਦਮਨ ਪੁਰਾ, ਨਾਭਾ ਨੇ ਪੁਲਸ ਨੂੰ ਲਿਖਤੀ ਸ਼ਿਕਾਇਤ 'ਚ ਦੋਸ਼ ਲਗਾਇਆ ਕਿ ਉਹ ਆਪਣੀ ਗੁਆਂਢਣ ਨਾਲ ਨਗਰ ਕੌਂਸਲ ਰੋਡ ਨੇੜੇ ਪੀ. ਪੀ. ਐੱਸ. ਸਕੂਲ ਕੋਲ ਸੈਰ ਕਰ ਰਹੀ ਸੀ। ਇਸੇ ਦੌਰਾਨ ਇਕ ਤੇਜ਼ ਰਫ਼ਤਾਰ ਮੋਟਰਸਾਈਕਲ 'ਤੇ ਸਵਾਰ 3 ਨੌਜਵਾਨ ਆਏ, ਜਿਨ੍ਹਾਂ ਦੇ ਮੂੰਹ ਢਕੇ ਹੋਏ ਸਨ। ਜਿਨ੍ਹਾਂ 'ਚੋਂ ਇਕ ਨੌਜਵਾਨ ਨੇ ਝਪਟ ਮਾਰ ਕੇ ਆਸ਼ਾ ਰਾਣੀ ਦੇ ਕੰਨਾਂ 'ਚ ਪਾਈਆਂ ਸੋਨੇ ਦੀਆਂ ਵਾਲੀਆਂ ਖੋਹ ਲਈਆਂ ਅਤੇ ਮੌਕੇ ਤੋਂ ਫ਼ਰਾਰ ਹੋ ਗਏ।

## ਪਿੰਡ ਅਬਾਸਪੁਰਾ ਵਿਖੇ ਗੈਰ-ਕਾਨੂੰਨੀ ਨਸ਼ਾ ਛੁਡਾਊ ਕੇਂਦਰ 'ਤੇ ਛਾਪਾ

ਅਮਰਗੜ੍ਹ 1 ਅਗਸਤ। ਸਿਹਤ ਵਿਭਾਗ ਅਤੇ ਪੁਲਸ ਪ੍ਰਸ਼ਾਸਨ ਦੀ ਸਾਂਝੀ ਟੀਮ ਵੱਲੋਂ ਪਿੰਡ ਅਬਾਸਪੁਰਾ ਵਿਖੇ ਗੈਰ-ਕਾਨੂੰਨੀ ਤਰੀਕੇ ਨਾਲ ਚਲਾਏ ਜਾ ਰਹੇ ਇਕ ਨਸ਼ਾ ਛੁਡਾਊ ਕੇਂਦਰ 'ਤੇ ਛਾਪੇਮਾਰੀ ਕੀਤੀ ਗਈ। ਇਹ ਕਾਰਵਾਈ ਡੀ. ਐੱਸ. ਪੀ. ਸੰਜੀਵ ਕਪੂਰ ਅਮਰਗੜ੍ਹ, ਐੱਸ.ਐੱਚ.ਓ. ਅਮਰਗੜ੍ਹ, ਐੱਸ.ਆਈ. ਜਗਸੀਰ ਸਿੰਘ, ਡਾ. ਸਾਜਿਲਾ ਖਾਨ (ਸਹਾਇਕ ਸਿਵਲ ਸਰਜਨ), ਡਾ. ਜੋਤੀ ਕਪੂਰ (ਐੱਸ.ਐੱਮ.ਓ., ਅਹਿਮਦਗੜ੍ਹ), ਡਾ. ਸ਼ਗੁਫ਼ਤਾ (ਮਨੋਚਿਕਿਤਸਕ), ਡਾ. ਨਵਪ੍ਰੀਤ ਸਿੰਘ (ਡਰੱਗ ਇੰਸਪੈਕਟਰ), ਰਿਜ਼ਵਾਨ (ਕਲੀਨਿਕਲ ਸਾਈਕੋਲੋਜਿਸਟ) ਅਤੇ ਜਗਸੀਰ ਸਿੰਘ (ਬਲਾਕ ਐਕਸਟੈਂਸ਼ਨ ਐਜੂਕੇਟਰ) ਦੀ ਸਾਂਝੀ ਟੀਮ ਵੱਲੋਂ ਅਮਲ 'ਚ ਲਿਆਂਦੀ ਗਈ। ਛਾਪੇਮਾਰੀ ਦੌਰਾਨ 16 ਨਸ਼ਾ ਪੀੜਤ ਵਿਅਕਤੀਆਂ ਨੂੰ ਸੁਰੱਖਿਅਤ ਬਚਾਇਆ ਗਿਆ। ਜਾਂਚ ਦੌਰਾਨ ਪਾਇਆ ਗਿਆ ਕਿ ਇਹ ਕੇਂਦਰ ਬਿਨਾਂ ਸਰਕਾਰੀ ਮਨਜ਼ੂਰੀ ਅਤੇ ਲੋੜੀਂਦੇ ਮਾਪਦੰਡਾਂ ਦੀ ਪਾਲਣਾ ਕੀਤੇ ਬਿਨਾਂ ਗੈਰ-ਕਾਨੂੰਨੀ ਤਰੀਕੇ ਨਾਲ ਚਲਾਇਆ ਜਾ ਰਿਹਾ ਸੀ। ਇਸ ਮਾਮਲੇ 'ਚ ਕੇਂਦਰ ਚਲਾਉਣ ਵਾਲੇ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਬਚਾਏ ਗਏ ਸਾਰੇ ਵਿਅਕਤੀਆਂ ਦਾ ਮੈਡੀਕਲ ਮੁਆਇਨਾ ਕਰਵਾਇਆ ਗਿਆ ਹੈ ਅਤੇ ਉਨ੍ਹਾਂ ਨੂੰ ਲੋੜੀਂਦੇ ਇਲਾਜ ਤੇ ਮੁੜ ਵਸੇਬੇ ਲਈ ਅਧਿਕਾਰਤ ਨਸ਼ਾ ਛੁਡਾਊ ਕੇਂਦਰਾਂ 'ਚ ਭੇਜਣ ਦੀ ਕਾਰਵਾਈ ਕੀਤੀ ਜਾ ਰਹੀ ਹੈ। ਦੋਸ਼ੀ ਖਿਲਾਫ ਕਾਨੂੰਨ ਅਨੁਸਾਰ ਮਾਮਲਾ ਦਰਜ ਕਰ ਕੇ ਅਗਲੇਰੀ ਜਾਂਚ ਜਾਰੀ ਹੈ। ਮਾਲੇਰਕੋਟਲਾ ਪੁਲਸ ਲੋਕਾਂ ਨੂੰ ਅਪੀਲ ਕਰਦੀ ਹੈ ਕਿ ਨਸ਼ਾ ਪੀੜਤ ਵਿਅਕਤੀਆਂ ਨੂੰ ਸਿਰਫ ਸਰਕਾਰ ਤੋਂ ਪ੍ਰਵਾਨਿਤ ਨਸ਼ਾ ਛੁਡਾਊ ਕੇਂਦਰਾਂ 'ਚ ਹੀ ਦਾਖਲ ਕਰਵਾਇਆ ਜਾਵੇ।

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DIN-DAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

### NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

### NAME CHANGE
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

### PUBLIC NOTICE
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

### NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

### NAME CHANGE
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

### NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

### NAME CHANGE
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

### NAME CHANGE
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

### NAME CHANGE
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

### PUBLIC NOTICE
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

### NAME CHANGE
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

### NAME CHANGE
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

### NAME CHANGE
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

### NAME CHANGE
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

### NAME CHANGE
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

### NAME CHANGE
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

### NAME CHANGE
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

### NAME CHANGE
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

### NAME CHANGE
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

### NAME CHANGE
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

### NAME CHANGE
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

### NAME CHANGE
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

### NAME CHANGE
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

### NAME CHANGE
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

### PUBLIC NOTICE
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH EX.MALL, SECTOR-9, ROHINI, NEW DELHI



ਜਸਵੰਤ ਸਿੰਘ ਖਾਲੜਾ
ਮਨੁੱਖੀ ਅਧਿਕਾਰ ਕਾਰਕੁਨ

# ਫਿਲਮ 'ਸਤਲੁਜ' ਅਤੇ ਪੰਜਾਬ ਵਿਧਾਨ ਸਭਾ ਚੋਣਾਂ 'ਤੇ ਇਸਦਾ ਸੰਭਾਵੀ ਪ੍ਰਭਾਵ

## ਕੀ ਸਿਨੇਮਾ ਬਦਲ ਸਕਦਾ ਹੈ ਸਿਆਸੀ ਸਮੀਕਰਨ?

ਦਿਲਜੀਤ ਦੋਸਾਂਝ ਦੀ ਆਉਣ ਵਾਲੀ ਫ਼ਿਲਮ 'ਸਤਲੁਜ' (ਪਹਿਲਾਂ 'ਪੰਜਾਬ 95') ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਦੇ ਜੀਵਨ ਅਤੇ 1990ਵਿਆਂ ਦੇ ਪੰਜਾਬ ਦੇ ਹਾਲਾਤਾਂ 'ਤੇ ਆਧਾਰਿਤ ਹੈ। ਫ਼ਿਲਮ ਦੇ ਵਿਸ਼ੇ, ਸੈਂਸਰ ਵਿਵਾਦ ਅਤੇ ਖਾਲੜਾ ਕਤਲ ਕੇਸ ਨਾਲ ਸੰਬੰਧਤ ਤਾਜ਼ਾ ਘਟਨਾਕ੍ਰਮ ਨੇ ਇਸ ਨੂੰ ਸਿਆਸੀ ਚਰਚਾ ਦਾ ਵਿਸ਼ਾ ਬਣਾ ਦਿੱਤਾ ਹੈ। ਇਹ ਫ਼ਿਲਮ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ (2027) ਵਿੱਚ ਇੱਕ ਅਹਿਮ ਸਿਆਸੀ ਮੁੱਦਾ ਬਣਨ ਦੀ ਸਮਰੱਥਾ ਰੱਖਦੀ ਹੈ।




**1 ਇਤਿਹਾਸਕ ਜ਼ਖਮਾਂ ਦਾ ਮੁੜ ਉੱਭਰਨਾ**
- 1990ਵਿਆਂ ਦਾ ਕਾਲਾ ਦੌਰ ਫ਼ਿਲਮ ਰਾਹੀਂ ਮੁੜ ਯਾਦਾਂ ਵਿੱਚ ਉੱਭਰੇਗਾ।
- ਪੀੜਤ ਪਰਿਵਾਰਾਂ ਦੀ ਪੀੜ ਚੋਣਾਂ ਦੌਰਾਨ ਭਾਵਨਾਤਮਕ ਮੁੱਦਾ ਬਣ ਸਕਦੀ ਹੈ।
- ਇਨਸਾਫ਼ ਦੀ ਮੰਗ ਮੁੜ ਜ਼ੋਰ ਫੜੇਗੀ।

**2 ਵੱਖ-ਵੱਖ ਸਿਆਸੀ ਪਾਰਟੀਆਂ 'ਤੇ ਪ੍ਰਭਾਵ**
- ਆਮ ਆਦਮੀ ਪਾਰਟੀ: ਕਾਨੂੰਨ-ਵਿਵਸਥਾ ਅਤੇ ਨਿਆਂ ਪ੍ਰਕਿਰਿਆ 'ਤੇ ਸਵਾਲ ਵਧ ਸਕਦੇ ਹਨ।
- ਕਾਂਗਰਸ: ਕਾਂਗਰਸ ਨੂੰ ਬਚਾਅ ਦੀ ਸਥਿਤੀ (Defensive Mode) ਵਿੱਚ ਆਉਣਾ ਪਵੇਗਾ।
- ਅਕਾਲੀ ਦਲ: ਪੰਥਕ ਮੁੱਦਿਆਂ ਨੂੰ ਉਭਾਰਕੇ ਆਪਣਾ ਏਜੰਡਾ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰੇਗਾ।
- ਭਾਜਪਾ: ਸੈਂਸਰ ਵਿਵਾਦ ਕਾਰਨ ਕੇਂਦਰ ਦੀ ਭੂਮਿਕਾ ਵੀ ਚਰਚਾ ਵਿੱਚ ਰਹੇਗੀ।

**3 ਨੌਜਵਾਨਾਂ 'ਤੇ ਅਸਰ**
- ਦਿਲਜੀਤ ਦੋਸਾਂਝ ਦੀ ਨੌਜਵਾਨਾਂ ਵਿੱਚ ਵਿਸ਼ਾਲ ਅਪੀਲ ਅਤੇ ਲੋਕਪ੍ਰਿਅਤਾ ਹੈ। ਜਦੋਂ ਉਹ ਪਰਦੇ 'ਤੇ ਖਾਲੜਾ ਦਾ ਕਿਰਦਾਰ ਨਿਭਾਉਣਗੇ, ਤਾਂ ਨੌਜਵਾਨ ਪੀੜ੍ਹੀ ਇਸ ਇਤਿਹਾਸ ਨਾਲ ਸਿੱਧੀ ਜੁੜੇਗੀ।
- ਫ਼ਿਲਮ ਦੇ ਡਾਇਲਾਗ, ਦ੍ਰਿਸ਼ ਅਤੇ ਇਸਦੇ ਪਿੱਛੇ ਦੀ ਅਸਲ ਕਹਾਣੀ ਸੋਸ਼ਲ ਮੀਡੀਆ (Instagram, Twitter, Facebook) 'ਤੇ ਟ੍ਰੈਂਡ ਕਰੇਗੀ

**4 ਐਨਆਰਆਈ ਭਾਈਚਾਰਾ**
- ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀ ਇਸ ਮੁੱਦੇ 'ਤੇ ਸਰਗਰਮ ਹੋ ਸਕਦੇ ਹਨ।
- ਕੈਨੇਡਾ, ਅਮਰੀਕਾ, ਇੰਗਲੈਂਡ ਅਤੇ ਆਸਟ੍ਰੇਲੀਆ ਵਿੱਚ ਬੈਠੇ ਪੰਜਾਬੀ ਇਸ ਫ਼ਿਲਮ ਨੂੰ ਲੈ ਕੇ ਵੱਡੀ ਮੁਹਿੰਮ ਚਲਾ ਸਕਦੇ ਹਨ

**5 ਪੁਲਿਸ ਸੁਧਾਰ ਅਤੇ ਨਿਆਂ ਪ੍ਰਣਾਲੀ**
- ਪੁਲਿਸ ਸੁਧਾਰ, ਜਵਾਬਦੇਹੀ ਅਤੇ ਪੈਰੋਲ-ਸਜ਼ਾ ਮੁਆਫ਼ੀ ਮੁੱਖ ਚੋਣੀ ਮੁੱਦੇ ਬਣ ਸਕਦੇ ਹਨ।
- ਜਸਪਾਲ ਸਿੰਘ ਮਾਮਲਾ ਸਿਸਟਮ ਦੀਆਂ ਖਾਮੀਆਂ ਨੂੰ ਉਜਾਗਰ ਕਰੇਗਾ।

**6 ਸੈਂਸਰਸ਼ਿਪ ਦੀ ਬਹਿਸ**
- ਫ਼ਿਲਮ ਦੇ ਨਾਮ ਬਦਲਣ ਅਤੇ ਸੈਂਸਰ ਰੋਕ ਨਾਲ ਪ੍ਰਗਟਾਵੇ ਦੀ ਆਜ਼ਾਦੀ 'ਤੇ ਸਵਾਲ ਉੱਠ ਰਹੇ ਹਨ।
- ਇਹ ਮੁੱਦਾ 'ਪੰਜਾਬ ਬਨਾਮ ਦਿੱਲੀ" ਦੇ ਨੈਰੇਟਿਵ ਨੂੰ ਜਨਮ ਦੇ ਸਕਦਾ ਹੈ।

**7 ਚੋਣੀ ਏਜੰਡੇ 'ਤੇ ਸੰਭਾਵੀ ਅਸਰ**
- ਮਨੁੱਖੀ ਅਧਿਕਾਰ, ਇਤਿਹਾਸਕ ਨਿਆਂ, ਨਸ਼ੇ, ਬੇਰੁਜ਼ਗਾਰੀ ਨਾਲ ਇਹ ਮੁੱਦੇ ਚੋਣੀ ਏਜੰਡੇ ਦਾ ਹਿੱਸਾ ਬਣ ਸਕਦੇ ਹਨ।
- ਭਾਵਨਾਵਾਂ ਅਤੇ ਸੋਸ਼ਲ ਮੀਡੀਆ ਦਾ ਮਿਲਿਆ-ਜੁਲਿਆ ਪ੍ਰਭਾਵ ਵੋਟਾਂ ਦੇ ਰੁਝਾਨ ਬਦਲ ਸਕਦਾ ਹੈ।

### ਖਾਲੜਾ ਕੇਸ : ਹੁਣ ਤੱਕ ਦਾ ਸਫ਼ਰ

| 1984-1993 | 1995 | 2005 | 2019 | 2023 | 2027 |
|---|---|---|---|---|---|
| ਪੰਜਾਬ ਵਿੱਚ ਗੈਰ-ਕਾਨੂੰਨੀ ਹੱਤਿਆਵਾਂ ਅਤੇ ਲਾਵਾਰਿਸ ਲਾਸ਼ਾਂ ਦਾ ਦੌਰ | ਜਸਵੰਤ ਸਿੰਘ ਖਾਲੜਾ ਦਾ ਅੰਮ੍ਰਿਤਸਰ ਤੋਂ ਅਗਵਾ, ਬਾਅਦ ਵਿੱਚ ਕਤਲ (ਲਾਸ਼ ਨਹੀਂ ਮਿਲੀ) | ਸੀਬੀਆਈ ਕੋਰਟ ਪਟਿਆਲਾ : DSP ਜਸਪਾਲ ਸਿੰਘ ਤੇ ਪੁਲਿਸ ਅਧਿਕਾਰੀਆਂ ਨੂੰ ਸਜ਼ਾਵਾਂ | ਰਾਜਪਾਲ ਵੱਲੋਂ ਸਜ਼ਾ ਮੁਆਫ਼ੀ ਅਰਜ਼ੀ ਖਾਰਜ, ਹਾਈ ਕੋਰਟ ਪੈਰੋਲ ਵਿਵਾਦ | ਜਸਪਾਲ ਸਿੰਘ ਜ਼ਮਾਨਤ 'ਤੇ ਰਿਹਾਈ | ਪੰਜਾਬ ਵਿਧਾਨ ਸਭਾ ਚੋਣਾਂ ਸੰਭਾਵੀ ਸਿਆਸੀ ਪ੍ਰਭਾਵ |

ਨੋਟ: ਸਾਲ ਸੰਕੇਤਕ ਹਨ, ਤਫ਼ਸੀਲੀ ਘਟਨਾਕ੍ਰਮ ਜਨਤਕ ਰਿਕਾਰਡਾਂ ਅਨੁਸਾਰ

### ਮੁੱਖ ਸਵਾਲ
- ਕੀ 1990ਵਿਆਂ ਦਾ ਦੌਰ ਮੁੜ ਚੋਣੀ ਚਰਚਾ ਦਾ ਕੇਂਦਰ ਬਣੇਗਾ?
- ਕੀ ਨੌਜਵਾਨ ਵੋਟਰ ਇਤਿਹਾਸਕ ਮੁੱਦਿਆਂ ਨੂੰ ਨਵੇਂ ਨਜ਼ਰੀਏ ਨਾਲ ਦੇਖਣਗੇ?
- ਕੀ ਮਨੁੱਖੀ ਅਧਿਕਾਰ ਅਤੇ ਪੁਲਿਸ ਸੁਧਾਰ ਚੋਣੀ ਏਜੰਡੇ ਵਿੱਚ ਜਗ੍ਹਾ ਬਣਾਉਣਗੇ?
- ਕੀ ਐਨਆਰਆਈ ਪ੍ਰਭਾਵ ਸਿਆਸੀ ਸਮੀਕਰਨਾਂ ਨੂੰ ਬਦਲ ਸਕਦਾ ਹੈ?

### ਵਿਸ਼ਲੇਸ਼ਣ (Analysis)
ਫ਼ਿਲਮ "ਸਤਲੁਜ" ਜਨਤਕ ਚਰਚਾ ਨੂੰ ਨਵਾਂ ਆਗਾਮ ਦੇ ਸਕਦੀ ਹੈ। ਇਸਦਾ ਅਸਰ ਫ਼ਿਲਮ ਦੀ ਸਮਗਰੀ, ਦਰਸ਼ਕਾਂ ਦੀ ਪ੍ਰਤੀਕਿਰਿਆ ਅਤੇ ਉਸ ਤੋਂ ਬਾਅਦ ਬਣਨ ਵਾਲੇ ਰਾਜਨੀਤਿਕ ਨੈਰੇਟਿਵ 'ਤੇ ਨਿਰਭਰ ਕਰੇਗਾ।



### ਸਿੱਟਾ (Conclusion)
"ਸਤਲੁਜ" ਕੇਵਲ ਇੱਕ ਫ਼ਿਲਮ ਨਹੀਂ, ਸਗੋਂ ਪੰਜਾਬ ਦੇ ਬਲੇਲ ਇਤਿਹਾਸ ਦੀ ਦਸਤਾਵੇਜ਼ੀ ਪੇਸ਼ਕਾਰੀ ਹੈ। ਇਹ ਫ਼ਿਲਮ ਮਨੁੱਖੀ ਅਧਿਕਾਰਾਂ, ਇਤਿਹਾਸਕ ਯਾਦਾਂ, ਨਿਆਂ ਪ੍ਰਣਾਲੀ ਅਤੇ ਰਾਜਨੀਤਿਕ ਜਵਾਬਦੇਹੀ ਬਾਰੇ ਚਰਚਾ ਨੂੰ ਤੇਜ਼ ਕਰ ਸਕਦੀ ਹੈ। ਚੋਣਾਂ ਵਿੱਚ ਵਿਕਾਸ, ਬੇਰੁਜ਼ਗਾਰੀ, ਨਸ਼ਿਆਂ ਵਰਗੇ ਮੁੱਦੇ ਭਾਵੇਂ ਪ੍ਰਮੁੱਖ ਰਹਿਣਗੇ, ਪਰ "ਸਤਲੁਜ" ਭਾਵਨਾਵਾਂ, ਇਨਸਾਫ਼ ਦੀ ਮੰਗ ਅਤੇ ਪੰਥਕ ਸੰਵੇਦਨਾਵਾਂ ਨੂੰ ਮੁੱਖ ਚੋਣੀ ਮੁੱਦਾ ਬਣਾਉਣ ਦੀ ਸਮਰੱਥਾ ਰੱਖਦੀ ਹੈ।

ਸਿਨੇਮਾ ਹਮੇਸ਼ਾ ਤੋਂ ਹੀ ਸਮਾਜ ਦਾ ਸ਼ੀਸ਼ਾ ਰਿਹਾ ਹੈ, ਅਤੇ ਜਦੋਂ ਸਿਨੇਮਾ ਇਤਿਹਾਸ ਦੇ ਉਨ੍ਹਾਂ ਪੰਨਿਆਂ ਨੂੰ ਛੂੰਹਦਾ ਹੈ ਜਿਨ੍ਹਾਂ ਦੇ ਜ਼ਖ਼ਮ ਅਜੇ ਵੀ ਅੱਲੇ ਹਨ, ਤਾਂ ਇਸਦਾ ਪ੍ਰਭਾਵ ਸਿਰਫ਼ ਸਿਨੇਮਾਘਰਾਂ ਤੱਕ ਸੀਮਤ ਨਹੀਂ ਰਹਿੰਦਾ, ਸਗੋਂ ਸਿਆਸਤ ਦੇ ਗਲਿਆਰਿਆਂ ਤੱਕ ਵੀ ਪਹੁੰਚਦਾ ਹੈ। ਪ੍ਰਸਿੱਧ ਗਾਇਕ ਅਤੇ ਅਦਾਕਾਰ ਦਿਲਜੀਤ ਦੋਸਾਂਝ ਦੀ ਆਉਣ ਵਾਲੀ ਫ਼ਿਲਮ "ਸਤਲੁਜ" (ਜਿਸ ਦਾ ਪਹਿਲਾ ਨਾਮ 'ਪੰਜਾਬ 95' ਸੀ) ਇੱਕ ਅਜਿਹੀ ਹੀ ਫ਼ਿਲਮ ਹੈ। ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਦੇ ਜੀਵਨ ਅਤੇ 1990ਵਿਆਂ ਦੇ ਪੰਜਾਬ ਦੇ ਹਾਲਾਤਾਂ 'ਤੇ ਆਧਾਰਿਤ ਇਹ ਫ਼ਿਲਮ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ (2027) ਵਿੱਚ ਇੱਕ ਅਹਿਮ ਸਿਆਸੀ ਮੁੱਦਾ ਬਣਨ ਦੀ ਸਮਰੱਥਾ ਰੱਖਦੀ ਹੈ।

ਇਸ ਰਿਪੋਰਟ ਵਿੱਚ ਅਸੀਂ ਵਿਸਥਾਰ ਨਾਲ ਚਰਚਾ ਕਰਾਂਗੇ ਕਿ ਇਹ ਫ਼ਿਲਮ ਪੰਜਾਬ ਦੀ ਸਿਆਸਤ, ਵੋਟਰਾਂ ਦੀ ਮਾਨਸਿਕਤਾ ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਏਜੰਡਿਆਂ ਨੂੰ ਕਿਵੇਂ ਪ੍ਰਭਾਵਿਤ ਕਰ ਸਕਦੀ ਹੈ।

### ਇਤਿਹਾਸਕ ਜ਼ਖ਼ਮਾਂ ਦਾ ਮੁੜ ਉੱਭਰਨਾ ਅਤੇ ਜਨਤਕ ਭਾਵਨਾਵਾਂ

ਜਸਵੰਤ ਸਿੰਘ ਖਾਲੜਾ ਪੰਜਾਬ ਦੇ ਇਤਿਹਾਸ ਵਿੱਚ ਇੱਕ ਅਜਿਹਾ ਨਾਮ ਹੈ ਜੋ ਮਨੁੱਖੀ ਅਧਿਕਾਰਾਂ ਦੀ ਰਾਖੀ ਅਤੇ ਪੁਲਿਸ ਜ਼ੁਲਮਾਂ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਦਾ ਪ੍ਰਤੀਕ ਹੈ। ਉਨ੍ਹਾਂ ਨੇ 1990ਵਿਆਂ ਵਿੱਚ ਪੰਜਾਬ ਪੁਲਿਸ ਵੱਲੋਂ ਗ਼ੈਰ-ਕਾਨੂੰਨੀ ਢੰਗ ਨਾਲ "ਲਾਵਾਰਿਸ" ਕਰਾਰ ਦੇ ਕੇ ਸਾੜੀਆਂ ਗਈਆਂ ਹਜ਼ਾਰਾਂ ਲਾਸ਼ਾਂ ਦਾ ਪਰਦਾਫ਼ਾਸ਼ ਕੀਤਾ ਸੀ।

ਭਾਵਨਾਤਮਕ ਲਹਿਰ: ਫ਼ਿਲਮ "ਸਤਲੁਜ" ਦੇ ਰਿਲੀਜ਼ ਹੋਣ ਨਾਲ ਪੰਜਾਬ ਦੇ ਲੋਕਾਂ ਦੇ ਜ਼ਹਿਨ ਵਿੱਚ ਉਹ ਕਾਲਾ ਦੌਰ ਮੁੜ ਤਾਜ਼ਾ ਹੋ ਜਾਵੇਗਾ। ਜਿਨ੍ਹਾਂ ਪਰਿਵਾਰਾਂ ਨੇ ਆਪਣੇ ਨੌਜਵਾਨ ਪੁੱਤਰ ਗਵਾਏ ਹਨ, ਉਨ੍ਹਾਂ ਦੀ ਪੀੜ ਮੁੜ ਸੁਰਖੀਆਂ ਵਿੱਚ ਆਵੇਗੀ। ਚੋਣਾਂ ਦੌਰਾਨ ਭਾਵਨਾਵਾਂ ਹਮੇਸ਼ਾ ਅਹਿਮ ਰੋਲ ਨਿਭਾਉਂਦੀਆਂ ਹਨ, ਅਤੇ ਇਹ ਫ਼ਿਲਮ ਵੋਟਰਾਂ ਨੂੰ ਭਾਵਨਾਤਮਕ ਤੌਰ 'ਤੇ ਲਾਮਬੰਦ ਕਰ ਸਕਦੀ ਹੈ।

ਇਨਸਾਫ਼ ਦੀ ਮੰਗ: ਫ਼ਿਲਮ ਨਾਲ ਇਹ ਬਹਿਸ ਮੁੜ ਛਿੜੇਗੀ ਕਿ ਦਹਾਕੇ ਬੀਤ ਜਾਣ ਦੇ ਬਾਵਜੂਦ ਵੀ ਪੀੜਤਾਂ ਨੂੰ ਪੂਰਾ ਇਨਸਾਫ਼ ਨਹੀਂ ਮਿਲਿਆ। ਜਿਵੇਂ ਕਿ ਹਾਲ ਹੀ ਵਿੱਚ ਸਾਹਮਣੇ ਆਇਆ ਹੈ ਕਿ ਖਾਲੜਾ ਕਤਲ ਕੇਸ ਦਾ ਮੁੱਖ ਦੋਸ਼ੀ ਸਾਬਕਾ ਡੀਐੱਸਪੀ ਜਸਪਾਲ ਸਿੰਘ ਜ਼ਮਾਨਤ ਮਿਲਣ ਤੋਂ ਬਾਅਦ ਲਾਪਤਾ ਹੈ ਅਤੇ ਉਸਦਾ ਦਿੱਤਾ ਪਤਾ ਵੀ ਫ਼ਰਜ਼ੀ ਨਿਕਲਿਆ ਹੈ, ਇਹ ਗੱਲ ਲੋਕਾਂ ਦੇ ਰੋਹ ਨੂੰ ਹੋਰ ਵਧਾਏਗੀ।

### ਵੱਖ-ਵੱਖ ਸਿਆਸੀ ਪਾਰਟੀਆਂ 'ਤੇ ਪ੍ਰਭਾਵ

ਇਸ ਫ਼ਿਲਮ ਦਾ ਪ੍ਰਭਾਵ ਪੰਜਾਬ ਦੀਆਂ ਪ੍ਰਮੁੱਖ ਸਿਆਸੀ ਧਿਰਾਂ 'ਤੇ ਵੱਖੋ-ਵੱਖਰਾ ਪਵੇਗਾ:

ਆਮ ਆਦਮੀ ਪਾਰਟੀ (AAP - ਮੌਜੂਦਾ ਸਰਕਾਰ): ਪੰਜਾਬ ਦੀ ਮੌਜੂਦਾ ਸਰਕਾਰ ਹੋਣ ਦੇ ਨਾਤੇ 'ਆਪ' 'ਤੇ ਸਭ ਤੋਂ ਵੱਧ ਦਬਾਅ ਹੋਵੇਗਾ। ਫ਼ਿਲਮ ਰਾਹੀਂ ਜਦੋਂ ਪੁਲਿਸ ਪ੍ਰਸ਼ਾਸਨ ਦੀਆਂ ਖਾਮੀਆਂ ਉਜਾਗਰ ਹੋਣਗੀਆਂ ਅਤੇ ਜਸਪਾਲ ਸਿੰਘ ਵਰਗੇ ਦੋਸ਼ੀਆਂ ਦੇ ਲਾਪਤਾ ਹੋਣ ਦਾ ਮੁੱਦਾ ਉੱਠੇਗਾ, ਤਾਂ ਵਿਰੋਧੀ ਧਿਰਾਂ ਸਿੱਧੇ ਤੌਰ 'ਤੇ ਮੌਜੂਦਾ ਸਰਕਾਰ ਦੀ ਕਾਨੂੰਨ ਵਿਵਸਥਾ (Law and Order) 'ਤੇ ਸਵਾਲ ਚੁੱਕਣਗੀਆਂ। ਸਰਕਾਰ ਨੂੰ ਇਹ ਸਾਬਤ ਕਰਨਾ ਪਵੇਗਾ ਕਿ ਉਹ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਰਨ ਵਾਲਿਆਂ ਪ੍ਰਤੀ ਨਰਮੀ ਨਹੀਂ ਵਰਤ ਰਹੀ।

ਕਾਂਗਰਸ (Congress): ਕਾਂਗਰਸ ਲਈ ਇਹ ਫ਼ਿਲਮ ਸਭ ਤੋਂ ਵੱਡੀ ਸਿਆਸੀ ਚੁਣੌਤੀ ਬਣ ਸਕਦੀ ਹੈ। 1990ਵਿਆਂ ਵਿੱਚ ਪੰਜਾਬ ਵਿੱਚ ਕਾਂਗਰਸ (ਖ਼ਾਸ ਕਰਕੇ ਬੇਅੰਤ ਸਿੰਘ ਸਰਕਾਰ) ਦਾ ਰਾਜ ਸੀ, ਜਿਸ ਦੌਰਾਨ ਇਹ ਪੁਲਿਸ ਵਧੀਕੀਆਂ ਅਤੇ ਝੂਠੇ ਮੁਕਾਬਲੇ (Fake Encounters) ਸਿਖਰਾਂ 'ਤੇ ਸਨ। ਵਿਰੋਧੀ ਪਾਰਟੀਆਂ ਇਸ ਫ਼ਿਲਮ ਦਾ ਹਵਾਲਾ ਦੇ ਕੇ ਕਾਂਗਰਸ ਦੇ ਇਤਿਹਾਸ 'ਤੇ ਤਿੱਖੇ ਹਮਲੇ ਕਰਨਗੀਆਂ, ਜਿਸ ਨਾਲ ਕਾਂਗਰਸ ਨੂੰ ਬਚਾਅ ਦੀ ਸਥਿਤੀ (Defensive Mode) ਵਿੱਚ ਆਉਣਾ ਪਵੇਗਾ।

ਸ਼੍ਰੋਮਣੀ ਅਕਾਲੀ ਦਲ (SAD): ਅਕਾਲੀ ਦਲ, ਜੋ ਲੰਮੇ ਸਮੇਂ ਤੋਂ ਪੰਥਕ ਏਜੰਡੇ 'ਤੇ ਸਿਆਸਤ ਕਰਦਾ ਆਇਆ ਹੈ, ਇਸ ਮੁੱਦੇ ਨੂੰ ਆਪਣੇ ਹੱਕ ਵਿੱਚ ਭੁਨਾਉਣ ਦੀ ਕੋਸ਼ਿਸ਼ ਕਰੇਗਾ। ਉਹ ਇਸ ਫ਼ਿਲਮ ਨੂੰ ਆਧਾਰ ਬਣਾ ਕੇ ਕੇਂਦਰ ਅਤੇ ਕਾਂਗਰਸ 'ਤੇ ਸਿੱਖਾਂ ਨਾਲ ਹੋਏ ਧੱਕੇ ਦਾ ਮੁੱਦਾ ਚੁੱਕ ਸਕਦੇ ਹਨ। ਹਾਲਾਂਕਿ, ਲੋਕ ਇਹ ਵੀ ਸਵਾਲ ਕਰਨਗੇ ਕਿ ਅਕਾਲੀ ਦਲ ਨੇ ਆਪਣੇ 15 ਸਾਲਾਂ ਦੇ ਰਾਜ ਦੌਰਾਨ ਦੋਸ਼ੀ ਪੁਲਿਸ ਅਧਿਕਾਰੀਆਂ ਖ਼ਿਲਾਫ਼ ਕੀ ਠੋਸ ਕਦਮ ਚੁੱਕੇ।

ਭਾਰਤੀ ਜਨਤਾ ਪਾਰਟੀ (BJP): ਭਾਜਪਾ, ਜੋ ਪੰਜਾਬ ਵਿੱਚ ਆਪਣਾ ਆਧਾਰ ਵਧਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਇਸ ਮੁੱਦੇ 'ਤੇ ਸੰਤੁਲਿਤ ਪਹੁੰਚ ਅਪਣਾ ਸਕਦੀ ਹੈ। ਫ਼ਿਲਮ ਦੇ ਸੈਂਸਰ ਬੋਰਡ (CBFC) ਵਿੱਚ ਫਸੇ ਹੋਣ ਅਤੇ ਨਾਮ ਬਦਲਣ (ਪੰਜਾਬ 95 ਤੋਂ ਸਤਲੁਜ) ਵਰਗੇ ਵਿਵਾਦਾਂ ਕਾਰਨ ਕੇਂਦਰ ਸਰਕਾਰ 'ਤੇ ਵੀ ਪ੍ਰਗਟਾਵੇ ਦੀ ਆਜ਼ਾਦੀ ਨੂੰ ਦਬਾਉਣ ਦੇ ਦੋਸ਼ ਲੱਗ ਰਹੇ ਹਨ।

### ਨੌਜਵਾਨਾਂ ਦੀ ਸੋਚ ਅਤੇ ਦਿਲਜੀਤ ਦੋਸਾਂਝ ਦਾ ਪ੍ਰਭਾਵ

ਪੰਜਾਬ ਦੇ ਨੌਜਵਾਨ ਵੋਟਰ, ਜਿਨ੍ਹਾਂ ਦਾ ਜਨਮ 1990ਵਿਆਂ ਤੋਂ ਬਾਅਦ ਹੋਇਆ ਹੈ, ਸ਼ਾਇਦ ਉਸ ਕਾਲੇ ਦੌਰ ਦੀ ਜ਼ਮੀਨੀ ਹਕੀਕਤ ਤੋਂ ਪੂਰੀ ਤਰ੍ਹਾਂ ਜਾਣੂ ਨਾ ਹੋਣ।

ਸਟਾਰ ਪਾਵਰ: ਦਿਲਜੀਤ ਦੋਸਾਂਝ ਦੀ ਨੌਜਵਾਨਾਂ ਵਿੱਚ ਵਿਸ਼ਾਲ ਅਪੀਲ ਅਤੇ ਲੋਕਪ੍ਰਿਅਤਾ ਹੈ। ਜਦੋਂ ਉਹ ਪਰਦੇ 'ਤੇ ਜਸਵੰਤ ਸਿੰਘ ਖਾਲੜਾ ਦਾ ਕਿਰਦਾਰ ਨਿਭਾਉਣਗੇ, ਤਾਂ ਨੌਜਵਾਨ ਪੀੜ੍ਹੀ ਇਸ ਇਤਿਹਾਸ ਨਾਲ ਸਿੱਧੀ ਜੁੜੇਗੀ।

ਸੋਸ਼ਲ ਮੀਡੀਆ ਲਹਿਰ: ਫ਼ਿਲਮ ਦੇ ਡਾਇਲਾਗ, ਦ੍ਰਿਸ਼ ਅਤੇ ਇਸਦੇ ਪਿੱਛੇ ਦੀ ਅਸਲ ਕਹਾਣੀ ਸੋਸ਼ਲ ਮੀਡੀਆ (Instagram, Twitter, Facebook) 'ਤੇ ਟ੍ਰੈਂਡ ਕਰੇਗੀ। ਚੋਣਾਂ ਵਿੱਚ ਸੋਸ਼ਲ ਮੀਡੀਆ ਦਾ ਬਹੁਤ ਵੱਡਾ ਯੋਗਦਾਨ ਹੁੰਦਾ ਹੈ। ਨੌਜਵਾਨ ਇਸ ਮੁੱਦੇ 'ਤੇ ਸਵਾਲ ਕਰਨਗੇ ਅਤੇ ਸਿਆਸੀ ਪਾਰਟੀਆਂ ਨੂੰ ਇਨ੍ਹਾਂ ਸਵਾਲਾਂ ਦੇ ਜਵਾਬ ਦੇਣ ਲਈ ਮਜਬੂਰ ਹੋਣਾ ਪਵੇਗਾ।

### ਪ੍ਰਵਾਸੀ ਪੰਜਾਬੀਆਂ (NRI) ਦਾ ਦਖ਼ਲ

ਪੰਜਾਬ ਦੀਆਂ ਚੋਣਾਂ ਵਿੱਚ ਪ੍ਰਵਾਸੀ ਪੰਜਾਬੀਆਂ (NRIs) ਦਾ ਪ੍ਰਭਾਵ ਕਦੇ ਵੀ ਅਣਗੌਲਿਆ ਨਹੀਂ ਜਾ ਸਕਦਾ। ਐੱਨਆਰਆਈ ਭਾਈਚਾਰਾ ਮਨੁੱਖੀ ਅਧਿਕਾਰਾਂ, ਖ਼ਾਸ ਕਰਕੇ ਖਾਲੜਾ ਕੇਸ ਵਰਗੇ ਮੁੱਦਿਆਂ 'ਤੇ ਹਮੇਸ਼ਾ ਬਹੁਤ ਸੰਵੇਦਨਸ਼ੀਲ ਰਿਹਾ ਹੈ। ਕੈਨੇਡਾ, ਅਮਰੀਕਾ, ਇੰਗਲੈਂਡ ਅਤੇ ਆਸਟ੍ਰੇਲੀਆ ਵਿੱਚ ਬੈਠੇ ਪੰਜਾਬੀ ਇਸ ਫ਼ਿਲਮ ਨੂੰ ਲੈ ਕੇ ਵੱਡੀ ਮੁਹਿੰਮ ਚਲਾ ਸਕਦੇ ਹਨ। ਇਹ ਮੁਹਿੰਮ ਫੰਡਿੰਗ, ਸੋਸ਼ਲ ਮੀਡੀਆ ਪ੍ਰਚਾਰ, ਅਤੇ ਪੰਜਾਬ ਵਿੱਚ ਆਪਣੇ ਰਿਸ਼ਤੇਦਾਰਾਂ ਨੂੰ ਖ਼ਾਸ ਪਾਰਟੀਆਂ ਦੇ ਪੱਖ ਜਾਂ ਵਿਰੋਧ ਵਿੱਚ ਵੋਟ ਪਾਉਣ ਲਈ ਪ੍ਰੇਰਿਤ ਕਰਕੇ ਪੰਜਾਬ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ ਨੂੰ ਸਿੱਧਾ ਪ੍ਰਭਾਵਿਤ ਕਰ ਸਕਦੀ ਹੈ।

### ਪੁਲਿਸ ਸੁਧਾਰ ਅਤੇ ਨਿਆਂ ਪ੍ਰਣਾਲੀ ਦੀ ਜਵਾਬਦੇਹੀ

ਫ਼ਿਲਮ ਵਿੱਚ ਦਿਖਾਈਆਂ ਗਈਆਂ ਘਟਨਾਵਾਂ ਤੋਂ ਬਾਅਦ, ਚੋਣ ਮਨੋਰਥ ਪੱਤਰਾਂ (Manifestos) ਵਿੱਚ ਪੁਲਿਸ ਸੁਧਾਰਾਂ ਦਾ ਮੁੱਦਾ ਉੱਭਰ ਸਕਦਾ ਹੈ।

ਸਾਬਕਾ ਡੀਐੱਸਪੀ ਜਸਪਾਲ ਸਿੰਘ ਦਾ ਕੇਸ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ ਕਿ ਕਿਵੇਂ ਸਿਸਟਮ ਵਿੱਚ ਖਾਮੀਆਂ ਦਾ ਫਾਇਦਾ ਉਠਾ ਕੇ ਦੋਸ਼ੀ ਕਾਨੂੰਨ ਦੀ ਗ੍ਰਿਫ਼ਤ ਵਿੱਚੋਂ ਬਾਹਰ ਹੋ ਜਾਂਦੇ ਹਨ। (ਜਿਵੇਂ ਕਿ ਪਹਿਲਾਂ ਜ਼ਿਕਰ ਆਇਆ ਹੈ ਕਿ ਜਸਪਾਲ ਸਿੰਘ ਦਾ ਪਤਾ ਪਿੰਡ ਮਾਂਝੀ, ਹੁਸ਼ਿਆਰਪੁਰ ਵਿੱਚ ਫ਼ਰਜ਼ੀ ਨਿਕਲਿਆ)।

ਸਿਆਸੀ ਧਿਰਾਂ ਨੂੰ ਵਾਅਦਾ ਕਰਨਾ ਪੈ ਸਕਦਾ ਹੈ ਕਿ ਉਹ ਪੁਲਿਸ ਪ੍ਰਸ਼ਾਸਨ ਨੂੰ ਸਿਆਸੀ ਦਖ਼ਲ ਤੋਂ ਮੁਕਤ ਕਰਨਗੀਆਂ ਅਤੇ ਪੁਰਾਣੇ ਕੇਸਾਂ ਵਿੱਚ ਸਜ਼ਾਯਾਫ਼ਤਾ ਅਧਿਕਾਰੀਆਂ ਦੀਆਂ ਪੈਰੋਲਾਂ ਅਤੇ ਸਜ਼ਾ-ਮੁਆਫ਼ੀਆਂ 'ਤੇ ਸਖ਼ਤੀ ਕਰਨਗੀਆਂ।

### ਸੈਂਸਰਸ਼ਿਪ ਅਤੇ ਕੇਂਦਰ-ਰਾਜ ਸਬੰਧ

ਫ਼ਿਲਮ ਦਾ ਕੇਂਦਰੀ ਸੈਂਸਰ ਬੋਰਡ ਵੱਲੋਂ ਵਾਰ-ਵਾਰ ਰੋਕਿਆ ਜਾਣਾ, ਕੱਟ ਲਗਾਉਣੇ, ਅਤੇ ਨਾਮ ਬਦਲਣ ਲਈ ਮਜਬੂਰ ਕਰਨਾ ਪੰਜਾਬ ਵਿੱਚ ਕੇਂਦਰ ਸਰਕਾਰ ਪ੍ਰਤੀ ਰੋਸ ਪੈਦਾ ਕਰ ਸਕਦਾ ਹੈ। ਵੋਟਰ ਇਸ ਨੂੰ "ਪੰਜਾਬ ਦੀ ਆਵਾਜ਼ ਦਬਾਉਣ" ਦੀ ਕੋਸ਼ਿਸ਼ ਵਜੋਂ ਦੇਖ ਸਕਦੇ ਹਨ। ਖੇਤਰੀ ਪਾਰਟੀਆਂ ਇਸ ਨੂੰ "ਪੰਜਾਬ ਬਨਾਮ ਦਿੱਲੀ" (ਕੇਂਦਰ) ਦਾ ਮੁੱਦਾ ਬਣਾ ਕੇ ਚੋਣਾਂ ਵਿੱਚ ਲਾਹਾ ਲੈਣ ਦੀ ਕੋਸ਼ਿਸ਼ ਕਰਨਗੀਆਂ। ਇਹ ਬਿਰਤਾਂਤ ਪੰਜਾਬੀਆਂ ਦੀ ਖ਼ੁਦਮੁਖ਼ਤਿਆਰੀ ਅਤੇ ਅਣਖ ਦੀ ਭਾਵਨਾ ਨੂੰ ਜਗਾਉਂਦਾ ਹੈ।

ਫ਼ਿਲਮ "ਸਤਲੁਜ" ਕੇਵਲ ਮਨੋਰੰਜਨ ਦਾ ਸਾਧਨ ਨਹੀਂ, ਬਲਕਿ ਪੰਜਾਬ ਦੇ ਬਲਦੇ ਇਤਿਹਾਸ ਦੀ ਇੱਕ ਦਸਤਾਵੇਜ਼ੀ ਪੇਸ਼ਕਾਰੀ ਹੈ। ਪੰਜਾਬ ਵਿਧਾਨ ਸਭਾ ਚੋਣਾਂ 2027 ਤੋਂ ਠੀਕ ਪਹਿਲਾਂ ਇਸ ਮੁੱਦੇ ਦਾ ਗਰਮਾਉਣਾ ਸਿਆਸੀ ਸਮੀਕਰਨਾਂ ਨੂੰ ਬਦਲ ਸਕਦਾ ਹੈ। ਜਿੱਥੇ ਇਹ ਫ਼ਿਲਮ ਕਾਂਗਰਸ ਲਈ ਪੁਰਾਣੇ ਸਵਾਲ ਖੜ੍ਹੇ ਕਰੇਗੀ, ਉੱਥੇ ਹੀ ਮੌਜੂਦਾ 'ਆਪ' ਸਰਕਾਰ ਨੂੰ ਇਨਸਾਫ਼ ਅਤੇ ਕਾਨੂੰਨ ਵਿਵਸਥਾ (ਜਿਵੇਂ ਜਸਪਾਲ ਸਿੰਘ ਨੂੰ ਮੁੜ ਗ੍ਰਿਫ਼ਤਾਰ ਕਰਨ ਦੀ ਚੁਣੌਤੀ) ਦੇ ਮੋਰਚੇ 'ਤੇ ਘੇਰੇਗੀ।

ਚੋਣਾਂ ਵਿੱਚ ਵਿਕਾਸ, ਬੇਰੁਜ਼ਗਾਰੀ ਅਤੇ ਨਸ਼ਿਆਂ ਵਰਗੇ ਮੁੱਦੇ ਭਾਵੇਂ ਪ੍ਰਮੁੱਖ ਰਹਿਣਗੇ, ਪਰ "ਸਤਲੁਜ" ਫ਼ਿਲਮ ਪੰਜਾਬੀਆਂ ਦੀਆਂ ਭਾਵਨਾਵਾਂ, ਮਨੁੱਖੀ ਅਧਿਕਾਰਾਂ ਦੀ ਉਲੰਘਣਾ ਅਤੇ ਪੰਥਕ ਦਰਦ ਨੂੰ ਇੱਕ ਮੁੱਖ ਚੋਣ ਮੁੱਦਾ ਬਣਾਉਣ ਵਿੱਚ ਫੈਸਲਾਕੁੰਨ ਭੂਮਿਕਾ ਨਿਭਾਏਗੀ। ਇਹ ਵੇਖਣਾ ਦਿਲਚਸਪ ਹੋਵੇਗਾ ਕਿ ਸਿਆਸੀ ਪਾਰਟੀਆਂ ਇਸ ਉੱਭਰਦੇ ਹੋਏ ਭਾਵਨਾਤਮਕ ਤੂਫ਼ਾਨ ਦਾ ਸਾਹਮਣਾ ਕਿਵੇਂ ਕਰਦੀਆਂ ਹਨ ਅਤੇ ਵੋਟਰ ਆਪਣੇ ਵੋਟ ਦੇ ਅਧਿਕਾਰ ਨਾਲ ਇਸ ਪੁਰਾਣੇ ਦਰਦ ਦਾ ਕੀ ਜਵਾਬ ਦਿੰਦੇ ਹਨ।

# ਵਿਵਾਦਾਂ ਨਾਲ ਘਿਰਿਆ ਜੀਵਨ ਹੈ ਸਾਬਕਾ ਡੀਐਸਪੀ ਜਸਪਾਲ ਸਿੰਘ ਦਾ




ਜਸਵੰਤ ਸਿੰਘ ਖਾਲੜਾ ਕਤਲ ਕੇਸ ਦੇ ਮੁੱਖ ਦੋਸ਼ੀ ਸਾਬਕਾ ਡੀਐਸਪੀ ਜਸਪਾਲ ਸਿੰਘ ਦੀ ਰਿਹਾਈ, ਪਤੇ ਦੀ ਗਲਤ ਜਾਣਕਾਰੀ ਅਤੇ ਲਾਪਤਾ ਹੋਣ ਮਗਰੋਂ ਵਧੇ ਸਵਾਲ

### 1995 ਦਾ ਕਤਲ, 2005 ਦੀ ਸਜ਼ਾ
ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਨੂੰ ਸਤੰਬਰ 1995 ਵਿੱਚ ਅੰਮ੍ਰਿਤਸਰ ਵਿੱਚ ਉਨ੍ਹਾਂ ਦੇ ਘਰ ਦੇ ਬਾਹਰੋਂ ਅਗਵਾ ਕਰਕੇ ਕਤਲ ਕਰ ਦਿੱਤਾ ਗਿਆ ਸੀ। ਨਵੰਬਰ 2005 ਵਿੱਚ ਪਟਿਆਲਾ ਦੀ ਸੀਬੀਆਈ ਕੋਰਟ ਨੇ ਡੀਐਸਪੀ ਜਸਪਾਲ ਸਿੰਘ ਅਤੇ ਏਐਸਆਈ ਅਮਰਜੀਤ ਸਿੰਘ ਨੂੰ ਉਮਰ ਕੈਦ, ਜਦਕਿ ਐਸਐਚਓ ਸੁਰਿੰਦਰਪਾਲ ਸਿੰਘ, ਜਸਬੀਰ ਸਿੰਘ, ਸਤਨਾਮ ਸਿੰਘ ਅਤੇ ਹੈੱਡ ਕਾਂਸਟੇਬਲ ਪ੍ਰਿਥੀਪਾਲ ਸਿੰਘ ਨੂੰ ਸੱਤ-ਸੱਤ ਸਾਲ ਕੈਦ ਦੀ ਸਜ਼ਾ ਸੁਣਾਈ ਸੀ।

### ਹਾਈ ਕੋਰਟ ਦਾ ਫੈਸਲਾ
ਅਪੀਲ ਦੌਰਾਨ ਹਾਈ ਕੋਰਟ ਨੇ ਅਮਰਜੀਤ ਸਿੰਘ ਨੂੰ ਬਰੀ ਕਰਦਿਆਂ ਬਾਕੀ ਚਾਰਾਂ ਦੀ ਸੱਤ ਸਾਲ ਦੀ ਸਜ਼ਾ ਵਧਾ ਕੇ ਉਮਰ ਕੈਦ ਕਰ ਦਿੱਤੀ, ਪਰ ਜਸਪਾਲ ਸਿੰਘ ਦੀ ਸਜ਼ਾ ਬਰਕਰਾਰ ਰੱਖੀ।

### ਦੂਜਾ ਗੰਭੀਰ ਕੇਸ
ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਰਿਸ਼ਤੇਦਾਰ ਕੁਲਜੀਤ ਸਿੰਘ ਢੱਠ ਨੂੰ ਮਾਰਨ ਦੀ ਮਨਸ਼ਾ ਨਾਲ ਅਗਵਾ ਕਰਨ ਦੇ ਦੋਸ਼ ਵਿਚ ਹੁਸ਼ਿਆਰਪੁਰ ਜ਼ਿਲ੍ਹਾ ਅਦਾਲਤ ਨੇ ਜਸਪਾਲ ਸਿੰਘ ਅਤੇ ਦੋ ਹੋਰ ਪੁਲਿਸ ਅਧਿਕਾਰੀਆਂ ਨੂੰ ਪੰਜ ਸਾਲ ਦੀ ਸਜ਼ਾ ਸੁਣਾਈ ਸੀ (ਇਹ ਟਾਂਡਾ ਦੀ ਐੱਫਆਈਆਰ 81/1996 ਵਾਲਾ ਉਹੀ ਕੇਸ ਹੈ)

### ਲਾਪਤਾ ਹੋਣ ਨਾਲ ਵਧੇ ਸਵਾਲ
2023 ਵਿੱਚ ਜ਼ਮਾਨਤ 'ਤੇ ਰਿਹਾਅ ਹੋਣ ਮਗਰੋਂ ਨਾਭਾ ਜੇਲ੍ਹ ਪ੍ਰਸ਼ਾਸਨ ਨੇ ਉਸਦੇ ਪਤੇ ਦੀ ਪੁਸ਼ਟੀ ਲਈ ਹੁਸ਼ਿਆਰਪੁਰ ਪੁਲਿਸ ਨੂੰ ਕਿਹਾ। ਪੜਤਾਲ ਵਿੱਚ ਸਾਬਤ ਹੋਇਆ ਕਿ ਪਿੰਡ ਮਾਂਝੀ, ਹੁਸ਼ਿਆਰਪੁਰ ਵਿੱਚ ਜਸਪਾਲ ਸਿੰਘ ਜਾਂ ਉਸਦੇ ਪਰਿਵਾਰ ਦੀ ਕਦੇ ਕੋਈ ਰਿਹਾਇਸ਼ ਨਹੀਂ ਰਹੀ। ਦਿੱਤਾ ਗਿਆ ਪਤਾ ਗਲਤ ਜਾਂ ਜਾਲੀ ਸਾਬਤ ਹੋਇਆ।

### ਸਜ਼ਾ-ਮੁਆਫ਼ੀ ਅਤੇ ਪੈਰੋਲ ਦਾ ਇਤਿਹਾਸ

| | |
|---|---|
| ਅਪਰੈਲ 2019 | ਹਾਈ ਕੋਰਟ ਤੋਂ ਪੈਰੋਲ ਮਿਲੀ ਪਰ ਟਾਂਡਾ ਵਾਲੇ ਕੇਸ ਕਾਰਨ ਜੇਲ੍ਹ ਵਿੱਚ ਹੀ ਰੱਖਿਆ ਗਿਆ। |
| ਸਤੰਬਰ 2019 | 'ਹੇਬੀਅਸ ਕੋਰਪਸ' ਕੇਸ ਹਾਈ ਕੋਰਟ ਵਿੱਚ ਦਾਇਰ ਕੀਤਾ, ਬਾਅਦ ਵਿੱਚ ਵਾਪਸ ਲੈ ਲਿਆ। |
| 2019 | ਤਤਕਾਲੀ ਰਾਜਪਾਲ ਵੀ ਪੀ ਸਿੰਘ ਬਦਨੌਰ ਨੇ ਕੇਂਦਰੀ ਗ੍ਰਹਿ ਵਿਭਾਗ ਦੇ ਇਤਰਾਜ਼ ਮਗਰੋਂ ਸਜ਼ਾ ਮੁਆਫ਼ੀ ਦੀ ਅਰਜ਼ੀ ਖਾਰਜ ਕਰ ਦਿੱਤੀ |
| ਕੋਰੋਨਾ ਕਾਲ | ਹੋਰ ਕੈਦੀਆਂ ਵਾਂਗ ਪੈਰੋਲ ਮਿਲੀ। |
| 2021 | ਮੁੜ ਸਜ਼ਾ ਮੁਆਫ਼ੀ ਦੀ ਅਪੀਲ ਦਾਇਰ ਕੀਤੀ। |
| ਅਗਸਤ 2022 | ਅਪੀਲ ਵਾਪਸ ਲਈ ਗਈ, ਅਦਾਲਤ ਨੇ 16 ਅਗਸਤ 2022 ਤੱਕ ਆਤਮ-ਸਮਰਪਣ ਦਾ ਹੁਕਮ ਦਿੱਤਾ। |
| 2023 | ਜ਼ਮਾਨਤ 'ਤੇ ਰਿਹਾਅ ਹੋਇਆ। |

### ਮੁੱਖ ਸਵਾਲ
- ਗਲਤ ਪਤਾ ਦੇ ਕੇ ਕੀ ਸਾਜ਼ਿਸ਼ ਤਹਿਤ ਲੁਕਿਆ ਗਿਆ?
- ਜੇਲ੍ਹ ਪ੍ਰਸ਼ਾਸਨ ਅਤੇ ਪੁਲਿਸ ਦੀ ਨਿਗਰਾਨੀ ਵਿੱਚ ਕਿਉਂ ਰਹੀ ਢਿੱਲ?
- ਸਜ਼ਾ ਪਾਏ ਬਾਕੀ ਪੁਲਿਸ ਮੁਲਾਜ਼ਮਾਂ ਦਾ ਵੀ ਕੋਈ ਪਤਾ ਨਹੀਂ।
- ਕੀ ਦੋਸ਼ੀਆਂ ਨੂੰ ਸਮੇਂ ਤੋਂ ਪਹਿਲਾਂ ਰਿਹਾਈ ਜਾਂ ਢਿੱਲ ਦੇਣ ਦੀ ਕੋਸ਼ਿਸ਼?

> "ਇਹ ਕੇਸ ਸਿਰਫ ਇੱਕ ਕਤਲ ਦਾ ਨਹੀਂ, ਸਗੋਂ ਪੰਜਾਬ ਵਿੱਚ ਮਨੁੱਖੀ ਅਧਿਕਾਰਾਂ ਦੀ ਲੜਾਈ ਦਾ ਪ੍ਰਤੀਕ ਹੈ। ਦੋਸ਼ੀਆਂ ਨੂੰ ਸਖਤ ਸਜ਼ਾ ਮਿਲਣੀ ਚਾਹੀਦੀ ਹੈ।
> — ਖਾਲੜਾ ਪਰਿਵਾਰ

> "ਦੋਸ਼ੀ ਦੇ ਪਤੇ ਦੀ ਤਸਦੀਕ ਦੀ ਲੋੜ ਤਾਂ ਹੀ ਹੁੰਦੀ ਹੈ ਜੇ ਅਦਾਲਤ ਵਿਸ਼ੇਸ਼ ਨਿਰਦੇਸ਼ ਦੇਵੇ। ਇਸਨੂੰ ਵੱਡਾ ਮੁੱਦਾ ਬਣਾਉਣਾ ਠੀਕ ਨਹੀਂ।
> — ਗਗਨਦੀਪ ਸਿੰਘ, ਵਕੀਲ ਜਸਪਾਲ ਸਿੰਘ

### ਕੌਣ ਸਨ ਜਸਵੰਤ ਸਿੰਘ ਖਾਲੜਾ?



ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਨੇ ਪੰਜਾਬ ਪੁਲਿਸ ਵੱਲੋਂ ਗੈਰ-ਕਾਨੂੰਨੀ ਢੰਗ ਨਾਲ "ਲਾਵਾਰਿਸ" ਦੱਸ ਕੇ ਸਸਕਾਰ ਕੀਤੀਆਂ ਗਈਆਂ ਹਜ਼ਾਰਾਂ ਲਾਸ਼ਾਂ ਦਾ ਪਰਦਾਫਾਸ਼ ਕੀਤਾ ਸੀ। ਇਸ ਕਾਰਨ ਉਹ ਪੁਲਿਸ ਵਧੀਕੀਆਂ ਦੇ ਅਹਿਮ ਗਵਾਹ ਬਣੇ ਅਤੇ ਅੰਤ ਵਿੱਚ ਆਪਣੀ ਜਾਨ ਗਵਾਂ ਬੈਠੇ।

### ਹੁਣ ਅੱਗੇ ਕੀ?
**ਪੰਜਾਬ ਪੁਲਿਸ ਤੇ ਜੇਲ੍ਹ ਪ੍ਰਸ਼ਾਸਨ 'ਤੇ ਦਬਾਅ ਹੋਰ ਵਧ ਗਿਆ ਹੈ, ਅਤੇ ਹੁਣ ਇਹ ਦੇਖਣਾ ਬਾਕੀ ਹੈ ਕਿ ਜਸਪਾਲ ਸਿੰਘ ਨੂੰ ਲੱਭ ਕੇ ਮੁੜ ਗ੍ਰਿਫ਼ਤਾਰ ਕੀਤਾ ਜਾਂਦਾ ਹੈ ਜਾਂ ਨਹੀਂ।**




### ਵਿਸ਼ੇਸ਼ ਰਿਪੋਰਟ / ਪਟਿਆਲਾ

ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਨੂੰ ਸਤੰਬਰ 1995 ਵਿੱਚ ਅੰਮ੍ਰਿਤਸਰ ਵਿੱਚ ਉਨ੍ਹਾਂ ਦੇ ਘਰ ਦੇ ਬਾਹਰੋਂ ਅਗਵਾ ਕਰਕੇ ਕਤਲ ਕੀਤਾ ਗਿਆ ਸੀ, ਹਾਲਾਂਕਿ ਉਨ੍ਹਾਂ ਦੀ ਲਾਸ਼ ਕਦੇ ਨਹੀਂ ਮਿਲੀ। ਨਵੰਬਰ 2005 ਵਿੱਚ ਪਟਿਆਲਾ ਦੀ ਸੀਬੀਆਈ ਕੋਰਟ ਨੇ ਡੀਐੱਸਪੀ ਜਸਪਾਲ ਸਿੰਘ ਅਤੇ ਏਐੱਸਆਈ ਅਮਰਜੀਤ ਸਿੰਘ ਨੂੰ ਉਮਰ ਕੈਦ, ਜਦਕਿ ਐੱਸਐੱਚਓ ਸੁਰਿੰਦਰਪਾਲ ਸਿੰਘ, ਜਸਬੀਰ ਸਿੰਘ, ਸਤਨਾਮ ਸਿੰਘ ਤੇ ਹੈੱਡ ਕਾਂਸਟੇਬਲ ਪ੍ਰਿਥੀਪਾਲ ਸਿੰਘ ਨੂੰ ਸੱਤ-ਸੱਤ ਸਾਲ ਕੈਦ ਦੀ ਸਜ਼ਾ ਸੁਣਾਈ। ਅਪੀਲ ਦੌਰਾਨ ਹਾਈ ਕੋਰਟ ਨੇ ਅਮਰਜੀਤ ਸਿੰਘ ਨੂੰ ਬਰੀ ਕਰਦਿਆਂ ਬਾਕੀ ਚਾਰਾਂ ਦੀ ਸੱਤ ਸਾਲ ਦੀ ਸਜ਼ਾ ਵਧਾ ਕੇ ਉਮਰ ਕੈਦ ਕਰ ਦਿੱਤੀ, ਪਰ ਜਸਪਾਲ ਸਿੰਘ ਦੀ ਸਜ਼ਾ ਬਰਕਰਾਰ ਰੱਖੀ।

ਖਾਲੜਾ ਕਤਲ ਕੇਸ ਤੋਂ ਇਲਾਵਾ ਜਸਪਾਲ ਸਿੰਘ 'ਤੇ ਇੱਕ ਹੋਰ ਗੰਭੀਰ ਕੇਸ ਵੀ ਦਰਜ ਰਿਹਾ ਹੈ — ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਰਿਸ਼ਤੇਦਾਰ ਕੁਲਜੀਤ ਸਿੰਘ ਢੱਠ ਨੂੰ ਮਾਰਨ ਦੀ ਮਨਸ਼ਾ ਨਾਲ ਅਗਵਾ ਕਰਨ ਦੇ ਦੋਸ਼ ਵਿਚ ਹੁਸ਼ਿਆਰਪੁਰ ਜ਼ਿਲ੍ਹਾ ਅਦਾਲਤ ਨੇ ਜਸਪਾਲ ਸਿੰਘ ਅਤੇ ਦੋ ਹੋਰ ਪੁਲਿਸ ਅਧਿਕਾਰੀਆਂ ਨੂੰ ਪੰਜ ਸਾਲ ਦੀ ਸਜ਼ਾ ਸੁਣਾਈ ਸੀ (ਇਹ ਟਾਂਡਾ ਦੀ ਐੱਫਆਈਆਰ 81/1996 ਵਾਲਾ ਉਹੀ ਕੇਸ ਹੈ)। ਹੁਣ, ਜਸਪਾਲ ਸਿੰਘ ਦੀ ਜ਼ਮਾਨਤ 'ਤੇ ਰਿਹਾਈ ਅਤੇ ਹੁਣ ਗਾਇਬ ਹੋਣ ਮਗਰੋਂ ਸ਼ਹੀਦ ਭਗਤ ਸਿੰਘ ਦੇ ਪਰਿਵਾਰ ਨੇ ਵੀ ਸਵਾਲ ਚੁੱਕੇ ਹਨ। ਪਰਿਵਾਰ ਦੇ ਵਕੀਲ ਨੇ ਏਡੀਜੀਪੀ ਜੇਲ੍ਹਾਂ, ਐਡਵੋਕੇਟ ਜਨਰਲ ਅਤੇ ਮੁੱਖ ਮੰਤਰੀ ਦਫ਼ਤਰ ਨੂੰ ਪੱਤਰ ਲਿਖ ਕੇ ਜਸਪਾਲ ਸਿੰਘ ਦੀ ਰਿਹਾਈ ਦੀ ਪ੍ਰਕਿਰਿਆ 'ਤੇ ਸਵਾਲ ਖੜ੍ਹੇ ਕੀਤੇ ਹਨ।

ਹੁਣ ਤਿੰਨ ਦਹਾਕੇ ਬਾਅਦ ਇਹ ਕੇਸ ਮੁੜ ਚਰਚਾ ਵਿੱਚ ਹੈ। ਦਿਲਜੀਤ ਦੋਸਾਂਝ ਦੀ ਫ਼ਿਲਮ "ਸਤਲੁਜ" (ਪਹਿਲਾਂ 'ਪੰਜਾਬ 95') ਨਾਲ ਜੁੜੇ ਵਿਵਾਦ ਦੌਰਾਨ ਇਹ ਖ਼ਬਰ ਸਾਹਮਣੇ ਆਈ ਕਿ ਸਾਬਕਾ ਡੀਐੱਸਪੀ ਜਸਪਾਲ ਸਿੰਘ, ਜੋ ਇਸ ਕੇਸ ਦਾ ਮੁੱਖ ਦੋਸ਼ੀ ਹੈ, ਲਾਪਤਾ ਦੱਸਿਆ ਜਾ ਰਿਹਾ ਹੈ। ਜਸਪਾਲ ਸਿੰਘ ਨਾਭਾ ਓਪਨ ਜੇਲ੍ਹ ਵਿਚ ਉਮਰ ਕੈਦ ਕਟ ਰਿਹਾ ਸੀ ਅਤੇ ਉਸ ਨੂੰ 2023 ਵਿੱਚ ਜ਼ਮਾਨਤ 'ਤੇ ਰਿਹਾਅ ਕੀਤਾ ਗਿਆ ਸੀ। ਜੇਲ੍ਹ ਪ੍ਰਸ਼ਾਸਨ ਵੱਲੋਂ ਨਿਯਮਿਤ ਪੜਤਾਲ ਦੌਰਾਨ ਨਾਭਾ ਜੇਲ੍ਹ ਪ੍ਰਸ਼ਾਸਨ ਨੇ ਖਾਲੜਾ ਕਤਲ ਕੇਸ 'ਚ ਦੋਸ਼ੀ ਸਾਬਕਾ DSP ਜਸਪਾਲ ਸਿੰਘ ਦਾ ਥਹੁ-ਪਤਾ ਲਗਾਉਣ ਲਈ ਕਿਹਾ।

ਇਸ ਪੜਤਾਲ ਵਿੱਚ ਹੈਰਾਨੀਜਨਕ ਗੱਲ ਸਾਹਮਣੇ ਆਈ। ਜੇਲ੍ਹ ਪ੍ਰਸ਼ਾਸਨ ਨੇ ਜਸਪਾਲ ਸਿੰਘ ਵੱਲੋਂ ਦਿੱਤੇ ਪਤੇ ਦੀ ਪੁਸ਼ਟੀ ਲਈ ਹੁਸ਼ਿਆਰਪੁਰ ਪੁਲਿਸ ਨੂੰ ਕਿਹਾ ਸੀ ਪਰ ਪੁਲਿਸ ਨੂੰ ਉਸ ਦਾ ਦਿੱਤਾ ਪਤਾ ਨਹੀਂ ਮਿਲਿਆ। ਹੁਸ਼ਿਆਰਪੁਰ ਸਦਰ ਦੇ ਐੱਸਐੱਚਓ ਬਲਜਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਵੱਲੋਂ ਕੀਤੀ ਗਈ ਪੜਤਾਲ ਮੁਤਾਬਕ ਜਸਪਾਲ ਸਿੰਘ ਜਾਂ ਉਸ ਦੇ ਪਰਿਵਾਰ ਦੀ ਪਿੰਡ ਮਾਂਝੀ, ਹੁਸ਼ਿਆਰਪੁਰ ਵਿਖੇ ਕਦੇ ਰਿਹਾਇਸ਼ ਰਹਿਣ ਦਾ ਕੋਈ ਸਬੂਤ ਨਹੀਂ ਮਿਲਿਆ। ਯਾਨੀ ਜੋ ਪਤਾ ਅਦਾਲਤੀ ਅਤੇ ਜੇਲ੍ਹ ਰਿਕਾਰਡ ਵਿੱਚ ਦਰਜ ਸੀ, ਉਹ ਸਿਰੇ ਤੋਂ ਹੀ ਗ਼ਲਤ ਜਾਂ ਜਾਅਲੀ ਸਾਬਤ ਹੋਇਆ, ਜਿਸ ਨਾਲ ਇਹ ਸਵਾਲ ਖੜ੍ਹਾ ਹੁੰਦਾ ਹੈ ਕਿ ਕੀ ਜਸਪਾਲ ਸਿੰਘ ਨੇ ਜਾਣ-ਬੁੱਝ ਕੇ ਗ਼ਲਤ ਜਾਣਕਾਰੀ ਦਿੱਤੀ ਸੀ ਤਾਂ ਜੋ ਬਾਅਦ ਵਿੱਚ ਲੁਕਿਆ ਜਾ ਸਕੇ।

ਜਸਪਾਲ ਸਿੰਘ ਦਾ ਕਾਨੂੰਨੀ ਇਤਿਹਾਸ ਵੀ ਕਾਫ਼ੀ ਦਿਲਚਸਪ ਅਤੇ ਵਿਵਾਦਾਂ ਭਰਿਆ ਰਿਹਾ ਹੈ। ਅਪਰੈਲ 2019 ਵਿੱਚ ਵੀ ਜਸਪਾਲ ਸਿੰਘ ਨੂੰ ਹਾਈ ਕੋਰਟ ਤੋਂ ਪੈਰੋਲ ਮਿਲੀ ਸੀ। ਉਸ ਸਮੇਂ ਨਾਭਾ ਜੇਲ੍ਹ ਸੁਪਰਡੈਂਟ ਨੇ ਉਸ ਨੂੰ ਖਾਲੜਾ ਕਤਲ ਕੇਸ ਵਿੱਚ ਤਾਂ ਪੈਰੋਲ ਦੇ ਦਿੱਤੀ, ਪਰ ਉਸ ਨੂੰ ਟਾਂਡਾ ਦੀ ਐੱਫਆਈਆਰ (FIR) 81/1996 ਦੇ ਕੇਸ ਵਿੱਚ ਸੁਣਾਈ ਗਈ ਪੰਜ ਸਾਲ ਦੀ ਕੈਦ ਦੇ ਤਹਿਤ ਅੰਦਰ ਹੀ ਰੱਖਿਆ। ਇਸ ਦੇ ਬਾਵਜੂਦ ਜਸਪਾਲ ਸਿੰਘ ਨੇ ਹਾਈ ਕੋਰਟ ਵਿੱਚ ਜੇਲ੍ਹ ਪ੍ਰਸ਼ਾਸਨ ਖ਼ਿਲਾਫ਼ 'ਹੈਬੀਅਸ ਕੋਰਪਸ' ਦਾ ਕੇਸ ਕੀਤਾ ਕਿ ਉਹ 2005 ਤੋਂ ਜੇਲ੍ਹ ਵਿੱਚ ਬੰਦ ਹੈ ਅਤੇ ਉਸ ਦੀ ਪੰਜ ਸਾਲ ਦੀ ਸਜ਼ਾ ਉਮਰ ਕੈਦ ਦੇ ਨਾਲ ਚੱਲਦੇ ਹੋਏ ਖ਼ਤਮ ਹੋ ਗਈ ਹੈ, ਪਰ ਸਤੰਬਰ 2019 ਵਿੱਚ ਉਸ ਨੇ ਇਹ ਕੇਸ ਵਾਪਸ ਲੈ ਲਿਆ।

ਇਸ ਦੇ ਨਾਲ ਹੀ ਸਜ਼ਾ-ਮੁਆਫ਼ੀ ਨੂੰ ਲੈ ਕੇ ਵੀ ਵੱਡਾ ਵਿਵਾਦ ਰਿਹਾ। 2019 ਵਿੱਚ ਤਤਕਾਲੀ ਰਾਜਪਾਲ ਵੀ ਪੀ ਸਿੰਘ ਬਦਨੌਰ ਨੇ ਕੇਂਦਰੀ ਗ੍ਰਹਿ ਵਿਭਾਗ ਦੇ ਇਤਰਾਜ਼ ਆਉਣ ਤੋਂ ਬਾਅਦ ਸਜ਼ਾ ਮੁਆਫ਼ੀ ਦੀ ਅਰਜ਼ੀ ਖਾਰਜ ਕਰ ਦਿੱਤੀ, ਜਿਸ ਕਾਰਨ ਜਸਪਾਲ ਸਿੰਘ ਦੀ ਮੁੜ ਤੋਂ ਉਮਰ ਕੈਦ ਸ਼ੁਰੂ ਹੋ ਗਈ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਸਰਕਾਰੀ ਪੱਧਰ 'ਤੇ ਵੀ ਉਸ ਦੀ ਸਜ਼ਾ ਮੁਆਫ਼ੀ ਜਾਂ ਸਮੇਂ ਤੋਂ ਪਹਿਲਾਂ ਰਿਹਾਈ ਨੂੰ ਲੈ ਕੇ ਸੰਵੇਦਨਸ਼ੀਲਤਾ ਬਣੀ ਰਹੀ ਹੈ, ਖ਼ਾਸ ਕਰਕੇ ਕਿਉਂਕਿ ਇਹ ਕੇਸ ਮਨੁੱਖੀ ਅਧਿਕਾਰ ਕਾਰਕੁਨ ਦੇ ਕਤਲ ਨਾਲ ਜੁੜਿਆ ਹੋਇਆ ਹੈ, ਜਿਸ ਨੇ ਪੰਜਾਬ ਵਿੱਚ ਪੁਲਿਸ ਵੱਲੋਂ ਗ਼ੈਰ-ਕਾਨੂੰਨੀ ਢੰਗ ਨਾਲ "ਲਾਵਾਰਿਸ" ਦੱਸ ਕੇ ਸਸਕਾਰ ਕੀਤੀਆਂ ਗਈਆਂ ਹਜ਼ਾਰਾਂ ਲਾਸ਼ਾਂ ਦਾ ਪਰਦਾਫ਼ਾਸ਼ ਕੀਤਾ ਸੀ।


ਹੁਣ ਜਦੋਂ ਜਸਪਾਲ ਸਿੰਘ ਲਾਪਤਾ/ਫ਼ਰਾਰ ਦੱਸਿਆ ਜਾ ਰਿਹਾ ਹੈ, ਤਾਂ ਇਸ ਗੱਲ 'ਤੇ ਵੀ ਸਵਾਲ ਉੱਠ ਰਹੇ ਹਨ ਕਿ ਕੀ ਜੇਲ੍ਹ ਪ੍ਰਸ਼ਾਸਨ ਅਤੇ ਪੁਲਿਸ ਦੀ ਨਿਗਰਾਨੀ ਵਿੱਚ ਢਿੱਲ ਰਹੀ। ਉਸ ਦੇ ਵਕੀਲ ਗਗਨਦੀਪ ਸਿੰਘ ਦਾ ਕਹਿਣਾ ਹੈ ਕਿ ਦੋਸ਼ੀ ਦੇ ਪਤੇ ਦੀ ਤਸਦੀਕ ਦੀ ਲੋੜ ਤਾਂ ਹੀ ਹੁੰਦੀ ਹੈ ਜੇਕਰ ਅਦਾਲਤ ਵੱਲੋਂ ਇਸ ਬਾਬਤ ਵਿਸ਼ੇਸ਼ ਨਿਰਦੇਸ਼ ਦਿੱਤੇ ਜਾਣ, ਯਾਨੀ ਬਚਾਅ ਪੱਖ ਇਸ ਨੂੰ ਵੱਡਾ ਮੁੱਦਾ ਮੰਨਣ ਤੋਂ ਟਾਲ ਰਿਹਾ ਹੈ।

ਦੂਜੇ ਪਾਸੇ, ਇਸ ਕੇਸ ਵਿੱਚ ਸਜ਼ਾ ਪਾਏ ਬਾਕੀ ਪੁਲਿਸ ਮੁਲਾਜ਼ਮਾਂ ਦਾ ਵੀ ਕੋਈ ਸਹੀ ਥਹੁ-ਪਤਾ ਨਹੀਂ ਹੈ, ਜਿਸ ਨਾਲ ਇਹ ਸ਼ੰਕਾ ਹੋਰ ਗਹਿਰੀ ਹੁੰਦੀ ਹੈ ਕਿ ਦਹਾਕਿਆਂ ਪੁਰਾਣੇ ਇਸ ਹਾਈ-ਪ੍ਰੋਫਾਈਲ ਕੇਸ ਵਿੱਚ ਸਜ਼ਾ ਦਾ ਅਸਲ ਅਮਲ ਕਿੰਨਾ ਕੁ ਪ੍ਰਭਾਵਸ਼ਾਲੀ ਰਿਹਾ ਹੈ। ਮਨੁੱਖੀ ਅਧਿਕਾਰ ਸੰਗਠਨਾਂ ਅਤੇ ਖਾਲੜਾ ਪਰਿਵਾਰ ਵੱਲੋਂ ਲਗਾਤਾਰ ਇਹ ਮੰਗ ਕੀਤੀ ਜਾਂਦੀ ਰਹੀ ਹੈ ਕਿ ਦੋਸ਼ੀ ਪੁਲਿਸ ਅਧਿਕਾਰੀਆਂ ਨੂੰ ਸਮੇਂ ਤੋਂ ਪਹਿਲਾਂ ਰਿਹਾਈ ਜਾਂ ਢਿੱਲ ਨਾ ਦਿੱਤੀ ਜਾਵੇ, ਕਿਉਂਕਿ ਇਹ ਕੇਸ ਪੰਜਾਬ ਵਿੱਚ ਪੁਲਿਸ ਦੀਆਂ ਵਧੀਕੀਆਂ ਖ਼ਿਲਾਫ਼ ਨਿਆਂ ਦਾ ਪ੍ਰਤੀਕ ਮੰਨਿਆ ਜਾਂਦਾ ਹੈ। ਹੁਣ ਪੰਜਾਬ ਪੁਲਿਸ ਅਤੇ ਜੇਲ੍ਹ ਪ੍ਰਸ਼ਾਸਨ 'ਤੇ ਜਸਪਾਲ ਸਿੰਘ ਨੂੰ ਲੱਭਣ ਦਾ ਦਬਾਅ ਵਧ ਗਿਆ ਹੈ, ਅਤੇ ਇਹ ਦੇਖਣਾ ਬਾਕੀ ਹੈ ਕਿ ਕੀ ਉਸ ਨੂੰ ਮੁੜ ਗ੍ਰਿਫ਼ਤਾਰ ਕੀਤਾ ਜਾਂਦਾ ਹੈ ਜਾਂ ਇਹ ਮਾਮਲਾ ਹੋਰ ਲੰਬਾ ਖਿੱਚਿਆ ਜਾਂਦਾ ਹੈ।

ਜਸਪਾਲ ਸਿੰਘ ਦਾ ਸਜ਼ਾ-ਮੁਆਫ਼ੀ ਨਾਲ ਜੁੜਿਆ ਇਤਿਹਾਸ ਵੀ ਵਿਵਾਦਾਂ ਭਰਿਆ ਰਿਹਾ ਹੈ। ਅਪਰੈਲ 2019 ਵਿੱਚ ਹਾਈ ਕੋਰਟ ਤੋਂ ਪੈਰੋਲ ਮਿਲਣ ਦੇ ਬਾਵਜੂਦ ਟਾਂਡਾ ਵਾਲੇ ਕੇਸ ਕਾਰਨ ਜੇਲ੍ਹ ਵਿੱਚ ਹੀ ਰੱਖਿਆ ਗਿਆ, ਜਿਸ ਖ਼ਿਲਾਫ਼ ਉਸ ਨੇ 'ਹੈਬੀਅਸ ਕੋਰਪਸ' ਕੇਸ ਦਾਇਰ ਕੀਤਾ ਪਰ ਸਤੰਬਰ 2019 ਵਿੱਚ ਵਾਪਸ ਲੈ ਲਿਆ। ਉਸੇ ਸਾਲ ਤਤਕਾਲੀ ਰਾਜਪਾਲ ਵੀ ਪੀ ਸਿੰਘ ਬਦਨੌਰ ਨੇ ਕੇਂਦਰੀ ਗ੍ਰਹਿ ਵਿਭਾਗ ਦੇ ਇਤਰਾਜ਼ ਮਗਰੋਂ ਸਜ਼ਾ ਮੁਆਫ਼ੀ ਦੀ ਅਰਜ਼ੀ ਖਾਰਜ ਕਰ ਦਿੱਤੀ। ਕੋਰੋਨਾ ਕਾਲ ਵਿੱਚ ਸਾਰੇ ਕੈਦੀਆਂ ਵਾਂਗ ਜਸਪਾਲ ਸਿੰਘ ਨੂੰ ਵੀ ਪੈਰੋਲ ਮਿਲੀ, ਅਤੇ 2021 ਵਿੱਚ ਉਸ ਨੇ ਮੁੜ ਸਜ਼ਾ ਮੁਆਫ਼ੀ ਦੀ ਅਪੀਲ ਦਾਇਰ ਕੀਤੀ, ਜੋ ਅਗਸਤ 2022 ਵਿੱਚ ਵਾਪਸ ਲੈ ਲਈ ਗਈ ਅਤੇ ਅਦਾਲਤ ਨੇ 16 ਅਗਸਤ 2022 ਤੱਕ ਆਤਮ-ਸਮਰਪਣ ਦਾ ਹੁਕਮ ਦਿੱਤਾ। ਜ਼ਿਕਰਯੋਗ ਹੈ ਕਿ ਜਸਪਾਲ ਸਿੰਘ ਨੇ ਆਪਣੀ ਜ਼ਿਆਦਾਤਰ ਕੈਦ ਓਪਨ ਜੇਲ੍ਹ ਵਿੱਚ ਹੀ ਕੱਟੀ, ਅਤੇ 2023 ਵਿੱਚ ਉਹ ਜ਼ਮਾਨਤ 'ਤੇ ਰਿਹਾਅ ਹੋ ਗਿਆ।

ਹੁਣ ਦਿਲਜੀਤ ਦੋਸਾਂਝ ਦੀ ਫ਼ਿਲਮ "ਸਤਲੁਜ" (ਪਹਿਲਾਂ 'ਪੰਜਾਬ 95') ਨਾਲ ਜੁੜੇ ਵਿਵਾਦ ਦੌਰਾਨ ਸਾਹਮਣੇ ਆਇਆ ਕਿ ਨਾਭਾ ਜੇਲ੍ਹ ਪ੍ਰਸ਼ਾਸਨ ਨੇ ਜਸਪਾਲ ਸਿੰਘ ਦੇ ਦਿੱਤੇ ਪਤੇ ਦੀ ਤਸਦੀਕ ਲਈ ਹੁਸ਼ਿਆਰਪੁਰ ਪੁਲਿਸ ਨੂੰ ਕਿਹਾ, ਪਰ ਪੁਲਿਸ ਨੂੰ ਕੋਈ ਥਹੁ-ਪਤਾ ਨਾ ਲੱਗਾ। ਹੁਸ਼ਿਆਰਪੁਰ ਸਦਰ ਦੇ ਐੱਸਐੱਚਓ ਬਲਜਿੰਦਰ ਸਿੰਘ ਮੁਤਾਬਕ ਪਿੰਡ ਮਾਂਝੀ, ਹੁਸ਼ਿਆਰਪੁਰ ਵਿਖੇ ਜਸਪਾਲ ਸਿੰਘ ਜਾਂ ਉਸ ਦੇ ਪਰਿਵਾਰ ਦੀ ਕਦੇ ਰਿਹਾਇਸ਼ ਦਾ ਕੋਈ ਸਬੂਤ ਨਹੀਂ ਮਿਲਿਆ, ਅਤੇ ਇਸ ਤੋਂ ਪਹਿਲਾਂ ਕਦੇ ਇਸ ਪਤੇ ਦੀ ਤਸਦੀਕ ਦੀ ਮੰਗ ਵੀ ਨਹੀਂ ਆਈ ਸੀ। ਦੂਜੇ ਪਾਸੇ ਜਸਪਾਲ ਸਿੰਘ ਦੇ ਵਕੀਲ ਗਗਨਦੀਪ ਸਿੰਘ ਨੇ ਕਿਹਾ ਕਿ ਪਤੇ ਦੀ ਤਸਦੀਕ ਦੀ ਲੋੜ ਤਾਂ ਹੀ ਹੁੰਦੀ ਹੈ ਜੇ ਅਦਾਲਤ ਵਿਸ਼ੇਸ਼ ਨਿਰਦੇਸ਼ ਦੇਵੇ।

ਇਸ ਕੇਸ ਵਿੱਚ ਸਜ਼ਾ ਪਾਏ ਬਾਕੀ ਪੁਲਿਸ ਮੁਲਾਜ਼ਮਾਂ ਦਾ ਵੀ ਕੋਈ ਪੁਖ਼ਤਾ ਥਹੁ-ਪਤਾ ਨਹੀਂ, ਜਿਸ ਨਾਲ ਇਹ ਸ਼ੰਕਾ ਵਧਦੀ ਹੈ ਕਿ ਦਹਾਕਿਆਂ ਪੁਰਾਣੇ ਇਸ ਹਾਈ-ਪ੍ਰੋਫਾਈਲ ਕੇਸ ਵਿੱਚ ਸਜ਼ਾ ਦਾ ਅਮਲ ਕਿੰਨਾ ਕੁ ਪ੍ਰਭਾਵਸ਼ਾਲੀ ਰਿਹਾ। ਦੋ ਵੱਖ-ਵੱਖ ਪੀੜਤ ਪਰਿਵਾਰਾਂ — ਖਾਲੜਾ ਪਰਿਵਾਰ ਅਤੇ ਹੁਣ ਭਗਤ ਸਿੰਘ ਪਰਿਵਾਰ — ਵੱਲੋਂ ਸਵਾਲ ਚੁੱਕੇ ਜਾਣ ਨਾਲ ਪੰਜਾਬ ਪੁਲਿਸ ਤੇ ਜੇਲ੍ਹ ਪ੍ਰਸ਼ਾਸਨ 'ਤੇ ਦਬਾਅ ਹੋਰ ਵਧ ਗਿਆ ਹੈ, ਅਤੇ ਹੁਣ ਇਹ ਦੇਖਣਾ ਬਾਕੀ ਹੈ ਕਿ ਜਸਪਾਲ ਸਿੰਘ ਨੂੰ ਲੱਭ ਕੇ ਮੁੜ ਗ੍ਰਿਫ਼ਤਾਰ ਕੀਤਾ ਜਾਂਦਾ ਹੈ ਜਾਂ ਨਹੀਂ।




ਚੰਡੀਗੜ੍ਹ : ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਦੇ ਕਤਲ ਅਤੇ ਉਨ੍ਹਾਂ ਸਾਲਾਂ ਦੌਰਾਨ ਪੰਜਾਬ ਪੁਲਿਸ ਦੇ ਅਧਿਕਾਰੀਆਂ ਵੱਲੋਂ ਕੀਤੇ ਗਏ ਕਥਿਤ ਫਰਜ਼ੀ ਮੁਕਾਬਲਿਆਂ ਨੂੰ ਦਰਸਾਉਂਦੀ ਦਿਲਜੀਤ ਦੋਸਾਂਝ ਦੀ ਫ਼ਿਲਮ 'ਸਤਲੁਜ' ਦੇ ਰਿਲੀਜ਼ ਹੋਣ ਨਾਲ ਸਾਬਕਾ ਐੱਸ ਐੱਸ ਪੀ ਅਜੀਤ ਸਿੰਘ ਸੰਧੂ ਦਾ ਨਾਮ ਇੱਕ ਵਾਰ ਫਿਰ ਚਰਚਾ ਵਿੱਚ ਆ ਗਿਆ ਹੈ।

29 ਸਾਲ ਪਹਿਲਾਂ, 23 ਮਈ 1997 ਨੂੰ ਡੇਰਾਬੱਸੀ ਨੇੜੇ ਰੇਲਵੇ ਟਰੈਕ 'ਤੇ ਚਿੱਟੇ ਕੱਪੜਿਆਂ ਵਿੱਚ ਇੱਕ ਵਿਅਕਤੀ ਦਿੱਲੀ-ਕਾਲਕਾ ਹਿਮਾਲੀਅਨ ਕੁਈਨ ਐਕਸਪ੍ਰੈਸ ਦੇ ਸਾਹਮਣੇ ਆ ਗਿਆ ਸੀ, ਜਿਸ ਨੂੰ ਪੁਲਿਸ ਨੇ ਪੰਜਾਬ ਪੁਲਿਸ ਦੇ ਸਭ ਤੋਂ ਵਿਵਾਦਗ੍ਰਸਤ ਚਿਹਰਿਆਂ ਵਿੱਚੋਂ ਇੱਕ ਐੱਸਐੱਸਪੀ ਅਜੀਤ ਸਿੰਘ ਸੰਧੂ ਦੱਸਿਆ ਸੀ ਪਰ ਉਸੇ ਦਿਨ ਤੋਂ ਇਹ ਸਵਾਲ ਖੜ੍ਹਾ ਹੈ ਕਿ ਕੀ ਸੰਧੂ ਦੀ ਸੱਚਮੁੱਚ ਮੌਤ ਹੋਈ ਸੀ ਜਾਂ ਇਹ ਮੌਤ ਦਾ ਇੱਕ ਡਰਾਮਾ ਸੀ।

ਉਸ ਸਮੇਂ ਪਟਿਆਲਾ ਤੋਂ ਪੱਤਰਕਾਰ ਜੁਪਿੰਦਰਜੀਤ ਸਿੰਘ ਦੀਆਂ ਖ਼ਬਰਾਂ ਮੁਤਾਬਕ ਪੁਲਿਸ ਵੱਲੋਂ ਇਸ ਨੂੰ ਖ਼ੁਦਕੁਸ਼ੀ ਕਰਾਰ ਦੇਣ ਦੇ ਬਾਵਜੂਦ ਸ਼ੁਰੂਆਤੀ ਰਿਪੋਰਟਾਂ ਵਿੱਚ ਕਤਲ ਦੀ ਸੰਭਾਵਨਾ ਨੂੰ ਰੱਦ ਨਹੀਂ ਸੀ ਕੀਤਾ ਗਿਆ ਅਤੇ ਸੰਧੂ ਦੀ ਮਾਂ ਨੇ ਵੀ ਪੁਲਿਸ ਨੂੰ ਆਪਣੇ ਪੁੱਤਰ ਦੇ ਕਤਲ ਹੋਣ ਦੀ ਗੱਲ ਕਹੀ ਸੀ, ਜਿਸ ਦੀ ਬਾਅਦ ਵਿੱਚ ਕੋਈ ਜਾਂਚ ਨਹੀਂ ਹੋਈ।

**ਰੇਲ ਡਰਾਈਵਰ ਦਾ ਬਿਆਨ, ਖ਼ੁਦਕੁਸ਼ੀ ਨੋਟ ਅਤੇ ਜਾਂਚ ਦੀਆਂ ਖਾਮੀਆਂ**

ਘਟਨਾ ਦੇ ਪੰਜ ਦਿਨਾਂ ਬਾਅਦ ਰੇਲ ਡਰਾਈਵਰ ਦਾ ਬਿਆਨ ਸਾਹਮਣੇ ਆਇਆ ਜਿਸ ਅਨੁਸਾਰ ਇੱਕ ਵਿਅਕਤੀ ਨੇ ਲਾਲੜੂ ਨੇੜੇ ਅਚਾਨਕ ਰੇਲ ਗੱਡੀ ਅੱਗੇ ਛਾਲ ਮਾਰ ਦਿੱਤੀ ਸੀ। ਮੌਕੇ 'ਤੇ ਪਹੁੰਚੇ ਪੱਤਰਕਾਰਾਂ ਵੱਲੋਂ ਲਾਸ਼ ਦੀ ਪਛਾਣ ਕੀਤੇ ਜਾਣ ਤੋਂ ਬਾਅਦ ਹੀ ਇਹ ਮੰਨ ਲਿਆ ਗਿਆ ਕਿ ਉਹ ਅਜੀਤ ਸਿੰਘ ਸੰਧੂ ਸੀ। ਸੰਧੂ ਦੇ ਬਟੂਏ ਵਿੱਚੋਂ ਦੋ ਟੁਕੜਿਆਂ ਵਿੱਚ ਇੱਕ ਖ਼ੁਦਕੁਸ਼ੀ ਨੋਟ ਮਿਲਿਆ ਜਿਸ ਵਿੱਚ ਪੰਜਾਬੀ ਵਿੱਚ ਲਿਖਿਆ ਸੀ— "ਜ਼ਲਾਲਤ ਦੀ ਜ਼ਿੰਦਗੀ ਜੀਣ ਨਾਲੋਂ ਮਰ ਜਾਣਾ ਹੀ ਚੰਗਾ ਹੈ।"

ਪੁਲਿਸ ਸੂਤਰਾਂ ਅਨੁਸਾਰ ਇਹ ਕਾਗਜ਼ ਨਵਾਂ ਲਿਖਿਆ ਹੋਇਆ ਨਹੀਂ ਲੱਗਦਾ ਸੀ ਜਿਸ ਤੋਂ ਅੰਦਾਜ਼ਾ ਲਗਾਇਆ ਗਿਆ ਕਿ ਉਹ ਕਈ ਦਿਨਾਂ ਤੋਂ ਪ੍ਰੇਸ਼ਾਨ ਸੀ। ਇੱਕ ਨਿੱਜੀ ਲਿਖਤ ਮਾਹਿਰ ਗੋਪਾਲ ਕ੍ਰਿਸ਼ਨ ਸ਼ਰਮਾ ਨੇ ਸੰਧੂ ਦੇ ਪੁਰਾਣੇ ਨਮੂਨਿਆਂ ਨਾਲ ਮਿਲਾਣ ਕਰਕੇ ਇਸ ਨੋਟ ਨੂੰ ਅਸਲੀ ਦੱਸਿਆ ਸੀ ਪਰ ਸਰਕਾਰੀ ਲਿਖਤ ਮਾਹਿਰ ਇਸ ਤੋਂ ਸੰਤੁਸ਼ਟ ਨਹੀਂ ਹੋਇਆ ਅਤੇ ਉਸ ਨੇ ਪੰਜਾਬੀ ਲਿਖਤ ਦੇ ਨਵੇਂ ਨਮੂਨੇ ਮੰਗੇ, ਜਿਸ ਨੇ ਜਾਂਚ ਦੀ ਵੱਡੀ ਖਾਮੀ ਨੂੰ ਉਜਾਗਰ ਕੀਤਾ।

ਇੱਕ ਸੀਨੀਅਰ ਅਧਿਕਾਰੀ ਵਜੋਂ ਸੰਧੂ ਜ਼ਿਆਦਾਤਰ ਅੰਗਰੇਜ਼ੀ ਵਿੱਚ ਦਸਤਾਵੇਜ਼ ਸਾਈਨ ਕਰਦੇ ਸਨ ਅਤੇ ਪੁਲਿਸ ਸਿਰਫ਼ 1977 ਅਤੇ 1978 ਦੇ ਪੁਰਾਣੇ ਪੰਜਾਬੀ ਨਮੂਨੇ ਹੀ ਪੇਸ਼ ਕਰ ਸਕੀ ਜਿਨ੍ਹਾਂ ਦਾ ਮੌਜੂਦਾ ਲਿਖਤ ਨਾਲ ਸਹੀ ਮਿਲਾਣ ਸੰਭਵ ਨਹੀਂ ਸੀ।

**ਪੋਸਟਮਾਰਟਮ ਦੀ ਰਿਪੋਰਟ ਅਤੇ ਅਣਸੁਲਝੇ ਸਵਾਲ**

ਪੋਸਟਮਾਰਟਮ ਦੀ ਰਿਪੋਰਟ ਵਿੱਚ ਸੱਟਾਂ ਮੌਤ ਤੋਂ ਪਹਿਲਾਂ ਦੀਆਂ ਦੱਸੀਆਂ ਗਈਆਂ ਸਨ ਜਿਸ ਦਾ ਮਤਲਬ ਸੀ ਕਿ ਜਦੋਂ ਰੇਲ ਗੱਡੀ ਵੱਜੀ ਤਾਂ ਉਹ ਜ਼ਿੰਦਾ ਸੀ। ਉਸ ਦਾ ਸਰੀਰ ਵਿਚਕਾਰੋਂ ਕੱਟਿਆ ਗਿਆ ਸੀ ਅਤੇ ਖੋਪੜੀ ਦੇ ਚੀਥੜੇ ਉੱਡ ਗਏ ਸਨ ਪਰ ਚਿਹਰਾ ਪਛਾਣਨਯੋਗ ਸੀ।

ਅੱਜ ਜਦੋਂ ਖਾਲੜਾ ਦੇ ਕਤਲ ਅਤੇ ਫਰਜ਼ੀ ਮੁਕਾਬਲਿਆਂ ਦੇ ਦੌਰ ਨੂੰ ਮੁੜ ਯਾਦ ਕੀਤਾ ਜਾ ਰਿਹਾ ਹੈ ਤਾਂ ਸੰਧੂ ਦਾ ਨਾਂ ਸਾਬਕਾ ਡੀ ਜੀ ਪੀ ਕੇ ਪੀ ਐਸ ਗਿੱਲ ਨਾਲ ਜੋੜਿਆ ਜਾ ਰਿਹਾ ਹੈ। ਪਿਛਲੇ ਤਿੰਨ ਦਹਾਕਿਆਂ ਤੋਂ ਇਹ ਚਰਚਾ ਵੀ ਚੱਲ ਰਹੀ ਹੈ ਕਿ ਸੰਧੂ ਮਰਿਆ ਨਹੀਂ ਸੀ, ਸਗੋਂ ਉਸ ਨੂੰ ਸਰਕਾਰੀ ਸੁਰੱਖਿਆ ਹੇਠ ਨਵੀਂ ਪਛਾਣ ਦੇ ਕੇ ਵਿਦੇਸ਼ ਭੇਜ ਦਿੱਤਾ ਗਿਆ ਸੀ।

**ਸਾਲ 2026 ਵਿੱਚ ਵੀ 1997 ਦੇ ਕਈ ਸਵਾਲ ਅਣਸੁਲਝੇ ਹਨ:**

ਇੱਕ ਸਰਵਿਸ ਰਿਵਾਲਵਰ ਰੱਖਣ ਵਾਲੇ ਐੱਸ ਐੱਸ ਪੀ ਨੇ ਰੇਲ ਅੱਗੇ ਛਾਲ ਮਾਰਨ ਦਾ ਔਖਾ ਰਾਹ ਕਿਉਂ ਚੁਣਿਆ?

ਪੁਲਿਸ ਦਹਾਕਿਆਂ ਦੀ ਸਰਵਿਸ ਦੇ ਬਾਵਜੂਦ ਸੰਧੂ ਦੀ ਪੰਜਾਬੀ ਲਿਖਤ ਦਾ ਕੋਈ ਨਵਾਂ ਨਮੂਨਾ ਕਿਉਂ ਨਹੀਂ ਲੱਭ ਸਕੀ?

ਸਰਕਾਰੀ ਮਾਹਰ ਨਿੱਜੀ ਮਾਹਰ ਦੀ ਰਿਪੋਰਟ ਨਾਲ ਅਸਹਿਮਤ ਕਿਉਂ ਸੀ? ਅਤੇ ਸੰਧੂ ਦੀ ਮਾਂ ਵੱਲੋਂ ਲਗਾਏ ਗਏ ਕਤਲ ਦੇ ਦੋਸ਼ਾਂ ਦੀ ਗੰਭੀਰਤਾ ਨਾਲ ਜਾਂਚ ਕਿਉਂ ਨਹੀਂ ਕੀਤੀ ਗਈ?

ਇਹ ਸਭ ਅਜਿਹੇ ਸਵਾਲ ਹਨ ਜਿਨ੍ਹਾਂ ਦੇ ਜਵਾਬ ਕਦੇ ਸਾਹਮਣੇ ਨਹੀਂ ਆਏ।

# ਮੁੱਖ ਮੰਤਰੀ ਨੇ ਭਾਰਤ ਦੇ ਆਪਣੀ ਕਿਸਮ ਦਾ ਪਹਿਲੇ 1,116 ਕਰੋੜ ਰੁਪਏ ਦੀ ਲਾਗਤ ਵਾਲੇ ਵਰਧਮਾਨ-ਆਈਚੀ ਸਟੀਲ ਫੋਰਜਿੰਗ ਪਲਾਂਟ ਦਾ ਨੀਂਹ ਪੱਥਰ ਰੱਖਿਆ, 500 ਨੌਜਵਾਨਾਂ ਨੂੰ ਮਿਲੇਗਾ ਸਿੱਧਾ ਰੋਜ਼ਗਾਰ

:ਲੁਧਿਆਣਾ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਪਾਨ ਦੀ ਆਈਚੀ ਸਟੀਲ ਦੀ ਭਾਈਵਾਲੀ ਨਾਲ ਵਰਧਮਾਨ ਸਪੈਸ਼ਲ ਸਟੀਲਜ਼ ਵੱਲੋਂ ਸਥਾਪਤ ਕੀਤੇ ਜਾ ਰਹੇ ਦੇਸ਼ ਦੇ ਆਪਣੀ ਕਿਸਮ ਦੇ ਪਹਿਲੇ 1,116 ਕਰੋੜ ਰੁਪਏ ਦੇ ਫੋਰਜਿੰਗ ਅਤੇ ਮਸ਼ੀਨਿੰਗ ਯੂਨਿਟ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਨੇ ਇਸ ਨੂੰ ਪੰਜਾਬ ਦੇ ਉਦਯੋਗਿਕ ਵਿਕਾਸ ਅਤੇ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਵੱਲ ਵੱਡਾ ਹੁਲਾਰਾ ਦੱਸਿਆ। ਇਹ ਪ੍ਰੋਜੈਕਟ 500 ਤੋਂ ਵੱਧ ਨੌਜਵਾਨਾਂ ਨੂੰ ਸਿੱਧਾ ਰੁਜ਼ਗਾਰ ਪ੍ਰਦਾਨ ਕਰੇਗਾ।

ਮੁੱਖ ਮੰਤਰੀ ਨੇ ਆਸ ਪ੍ਰਗਟਾਈ ਕਿ ਵਰਧਮਾਨ-ਆਈਚੀ ਦੇ ਪ੍ਰਾਜੈਕਟ ਦੇ ਭਵਿੱਖੀ ਵਿਸਥਾਰ ਨਾਲ ਹੋਰ 2,000 ਲੋਕਾਂ ਲਈ ਨੌਕਰੀਆਂ ਦੇ ਮੌਕੇ ਪੈਦਾ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਕੰਪਨੀਆਂ ਵੱਲੋਂ ਪੰਜਾਬ ਦੇ ਸਾਜ਼ਗਾਰ ਉਦਯੋਗਿਕ ਮਾਹੌਲ ਨੂੰ ਦੇਖਦਿਆਂ ਨਿਵੇਸ਼ ਨੂੰ 500 ਕਰੋੜ ਰੁਪਏ ਦੇ ਸ਼ੁਰੂਆਤੀ ਸਮਝੌਤੇ ਤੋਂ ਵਧਾ ਕੇ 1,116 ਕਰੋੜ ਰੁਪਏ ਕੀਤਾ ਗਿਆ ਹੈ, ਜੋ ਸੂਬੇ ਦੀਆਂ ਉਦਯੋਗ-ਪੱਖੀ ਨੀਤੀਆਂ ਵਿੱਚ ਵਧ ਰਹੇ ਆਲਮੀ ਵਿਸ਼ਵਾਸ ਨੂੰ ਦਰਸਾਉਂਦਾ ਹੈ। ਇਹ ਪਲਾਂਟ ਘਰੇਲੂ ਅਤੇ ਅੰਤਰਰਾਸ਼ਟਰੀ ਬਾਜ਼ਾਰਾਂ ਲਈ ਉੱਚ-ਮੁੱਲ ਵਾਲੇ ਆਟੋਮੋਬਾਈਲ ਪਾਰਟਸ ਦਾ ਨਿਰਮਾਣ ਕਰੇਗਾ ਜਦੋਂ ਕਿ ਪੰਜਾਬ ਦੀ ਨਵੀਂ ਉਦਯੋਗਿਕ ਨੀਤੀ 'ਸਿੰਗਲ-ਵਿੰਡੋ, ਸਿੰਗਲ-ਪੈੱਨ' ਪ੍ਰਣਾਲੀ ਰਾਹੀਂ 45 ਦਿਨਾਂ ਦੇ ਅੰਦਰ ਸਾਰੀਆਂ ਮਨਜ਼ੂਰੀਆਂ ਨੂੰ ਯਕੀਨੀ ਬਣਾਉਂਦੀ ਹੈ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਪ੍ਰੋਜੈਕਟ ਪੰਜਾਬ ਦੇ ਉਦਯੋਗਿਕ ਖੇਤਰ ਲਈ ਨਵੇਂ ਯੁੱਗ ਦੀ ਸ਼ੁਰੂਆਤ ਹੈ। ਇਹ ਸੂਬੇ ਦੇ ਆਰਥਿਕ ਵਿਕਾਸ ਨੂੰ ਹੁਲਾਰਾ ਦੇਣ ਦੇ ਨਾਲ-ਨਾਲ 500 ਤੋਂ ਵੱਧ ਨੌਜਵਾਨਾਂ ਨੂੰ ਸਿੱਧਾ ਰੋਜ਼ਗਾਰ ਪ੍ਰਦਾਨ ਕਰੇਗਾ। ਵਰਧਮਾਨ ਨਾ ਸਿਰਫ਼ ਮੋਹਰੀ ਉਦਯੋਗਿਕ ਗਰੁੱਪ ਹੈ, ਸਗੋਂ ਪੰਜਾਬ ਦੀ ਵਿਕਾਸ ਗਾਥਾ ਦਾ ਮਹੱਤਵਪੂਰਨ ਹਿੱਸਾ ਵੀ ਹੈ, ਜੋ ਲਗਭਗ ਚਾਰ ਦਹਾਕਿਆਂ ਤੋਂ ਸੂਬੇ ਵਿੱਚ ਕੰਮ ਕਰ ਰਿਹਾ ਹੈ। ਵਰਧਮਾਨ ਅਤੇ ਆਈਚੀ ਸਟੀਲ ਵਿਚਕਾਰ ਭਾਈਵਾਲੀ ਭਰੋਸੇ, ਤਕਨਾਲੋਜੀ ਅਤੇ ਲੰਬੇ ਸਮੇਂ ਦੇ ਦ੍ਰਿਸ਼ਟੀਕੋਣ 'ਤੇ ਆਧਾਰਿਤ ਹੈ।

ਮੁੱਖ ਮੰਤਰੀ ਨੇ ਕਿਹਾ, ਆਈਚੀ ਸਟੀਲ ਮੰਨੀ ਪ੍ਰਮੰਨੀ ਜਪਾਨੀ ਕੰਪਨੀ ਹੈ ਅਤੇ ਟੋਇਟਾ ਗਰੁੱਪ ਦੀ ਮਹੱਤਵਪੂਰਨ ਸਪਲਾਇਰ ਹੈ। ਦਸੰਬਰ, 2025 ਵਿੱਚ ਸਾਡੀ ਜਪਾਨ ਯਾਤਰਾ ਦੌਰਾਨ ਅਸੀਂ ਨਾਗੋਆ ਵਿੱਚ ਆਈਚੀ ਸਟੀਲ ਦੀ ਲੀਡਰਸ਼ਿਪ ਨਾਲ ਮੁਲਾਕਾਤ ਕੀਤੀ ਸੀ। ਉਸ ਸਮੇਂ ਵਰਧਮਾਨ ਅਤੇ ਆਈਚੀ ਸਟੀਲ ਨੇ ਪੰਜਾਬ ਵਿੱਚ ਲਗਭਗ 500 ਕਰੋੜ ਰੁਪਏ ਦੇ ਨਿਵੇਸ਼ ਨਾਲ ਮੈਨੂਫੈਕਚਰਿੰਗ ਫੈਸਲਿਟੀ ਸਥਾਪਤ ਕਰਨ ਦੀਆਂ ਸੰਭਾਵਨਾਵਾਂ ਲਈ ਸਮਝੌਤਾ ਸਹੀਬੱਧ ਕੀਤਾ ਸੀ। ਅੱਜ ਕੁਝ ਹੀ ਮਹੀਨਿਆਂ ਦੇ ਅੰਦਰ ਇਸ ਸਮਝੌਤੇ ਨੂੰ ਅਮਲੀ ਰੂਪ ਦੇ ਦਿੱਤਾ ਗਿਆ ਹੈ। ਇਹ ਨੀਤੀ ਨੂੰ ਅਮਲ ਵਿੱਚ ਲਿਆਉਣ ਅਤੇ ਵਚਨਬੱਧਤਾ ਨੂੰ ਹਕੀਕਤ ਵਿੱਚ ਬਦਲਣ ਦਾ ਪ੍ਰਤੱਖ ਪ੍ਰਮਾਣ ਹੈ। ਦੋ ਪੜਾਅ ਵਿੱਚ ਲਗਭਗ 1,100 ਕਰੋੜ ਰੁਪਏ ਦਾ ਯੋਜਨਾਬੱਧ ਨਿਵੇਸ਼ ਕੀਤਾ ਜਾਣਾ ਹੈ।

ਪ੍ਰੋਜੈਕਟ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਪ੍ਰੋਜੈਕਟ ਪੰਜਾਬ ਵਿੱਚ ਜਪਾਨੀ ਦਾ ਆਧੁਨਿਕ ਫੋਰਜਿੰਗ ਤਕਨਾਲੋਜੀ ਲਿਆਏਗਾ ਅਤੇ ਭਾਰਤ ਦੇ ਨਾਲ-ਨਾਲ ਯੂਰਪ, ਆਸੀਆਨ ਮੁਲਕਾਂ, ਅਫਰੀਕਾ ਅਤੇ ਮੈਕਸੀਕੋ ਦੇ ਬਾਜ਼ਾਰਾਂ ਲਈ ਉੱਚ-ਮੁੱਲ ਵਾਲੇ ਆਟੋਮੋਬਾਈਲ ਪਾਰਟਸ ਦਾ ਨਿਰਮਾਣ ਕਰੇਗਾ। ਪੰਜਾਬ ਨਾ ਸਿਰਫ਼ ਵਿਸ਼ੇਸ਼ ਸਟੀਲ ਦਾ ਉਤਪਾਦਨ ਕਰੇਗਾ ਸਗੋਂ ਤਿਆਰ ਪਾਰਟਸ ਦਾ ਨਿਰਮਾਣ ਵੀ ਕਰੇਗਾ। ਇਹ ਬੁਨਿਆਦੀ ਨਿਰਮਾਣ ਤੋਂ ਉੱਚ-ਮੁੱਲ ਵਾਲੇ ਨਿਰਮਾਣ ਵੱਲ ਮਹੱਤਵਪੂਰਨ ਤਬਦੀਲੀ ਹੈ ਅਤੇ ਇੰਜੀਨੀਅਰਿੰਗ, ਆਟੋਮੋਬਾਈਲ ਪਾਰਟਸ ਅਤੇ ਐਡਵਾਂਸਡ ਮੈਨੂਫੈਕਚਰਿੰਗ ਦੇ ਮੁੱਖ ਕੇਂਦਰ ਵਜੋਂ ਲੁਧਿਆਣਾ ਦੀ ਸਥਿਤੀ ਨੂੰ ਹੋਰ ਮਜ਼ਬੂਤ ਕਰੇਗਾ।

ਸੂਬੇ ਦੇ ਉਦਯੋਗਿਕ ਢਾਂਚੇ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਇਹ ਨਿਵੇਸ਼ ਪੰਜਾਬ ਦੇ ਹੁਨਰਮੰਦ ਕਿਰਤੀਆਂ, ਵਰਕ ਕਲਚਰ ਅਤੇ ਉਦਯੋਗਿਕ ਸਮਰੱਥਾ ਵਿੱਚ ਅੰਤਰਰਾਸ਼ਟਰੀ ਕੰਪਨੀਆਂ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ। 'ਪੰਜਾਬ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ 2026' 24 ਖੇਤਰੀ ਨੀਤੀਆਂ ਰਾਹੀਂ ਸਹਾਇਤਾ ਪ੍ਰਦਾਨ ਕਰਦੀ ਹੈ ਅਤੇ ਐਡਵਾਂਸਡ ਮੈਨੂਫੈਕਚਰਿੰਗ, ਬਰਾਮਦ, ਤਕਨਾਲੋਜੀ, ਰੁਜ਼ਗਾਰ ਅਤੇ ਟਿਕਾਊ ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਕਰਦੀ ਹੈ। ਨਿਵੇਸ਼ਕਾਂ ਨੂੰ ਉਨ੍ਹਾਂ ਦੇ ਪ੍ਰੋਜੈਕਟਾਂ ਦੌਰਾਨ ਸਪੱਸ਼ਟ ਨੀਤੀਆਂ, ਤੁਰੰਤ ਫੈਸਲੇ ਅਤੇ ਪੂਰਨ ਸਹਿਯੋਗ ਮਿਲਣਾ ਚਾਹੀਦਾ ਹੈ। ਉਨ੍ਹਾਂ ਦੱਸਿਆ, ਪੰਜਾਬ ਨੇ ਵਨ-ਆਫਿਸ, ਵਨ ਪੋਰਟਲ, 'ਸਿੰਗਲ ਵਿੰਡੋ-ਸਿੰਗਲ ਪੈੱਨ' ਅਤੇ ਸਿੰਗਲ-ਪੁਆਇੰਟ ਰਿਸਪਾਂਸਬਿਲਟੀ ਦੀ ਇੱਕ ਵਿਲੱਖਣ ਪ੍ਰਣਾਲੀ ਸਥਾਪਿਤ ਕੀਤੀ ਹੈ। 'ਇਨਵੈਸਟ ਪੰਜਾਬ' ਸ਼ੁਰੂਆਤ ਤੋਂ ਲੈ ਕੇ ਮਨਜ਼ੂਰੀਆਂ, ਨਿਰਮਾਣ, ਉਤਪਾਦਨ ਅਤੇ ਭਵਿੱਖ ਦੇ ਵਿਸਥਾਰ ਤੱਕ ਨਿਵੇਸ਼ਕਾਂ ਲਈ ਸੰਪਰਕ ਦੇ ਇੱਕੋ-ਇੱਕ ਕੇਂਦਰ ਵਜੋਂ ਕੰਮ ਕਰਦਾ ਹੈ। 'ਫਾਸਟ ਟ੍ਰੈਕ ਪੰਜਾਬ ਪੋਰਟਲ' ਰਾਹੀਂ ਨਿਵੇਸ਼ਕ ਆਨਲਾਈਨ ਅਪਲਾਈ ਕਰ ਸਕਦੇ ਹਨ, ਫੀਸਾਂ ਦਾ ਭੁਗਤਾਨ ਕਰ ਸਕਦੇ ਹਨ ਅਤੇ ਮਨਜ਼ੂਰੀਆਂ ਦੀ ਸਥਿਤੀ ਦੇਖ ਸਕਦੇ ਹਨ। ਇਹ ਪੋਰਟਲ 200 ਤੋਂ ਵੱਧ ਕਾਰੋਬਾਰੀ ਸੇਵਾਵਾਂ ਅਤੇ ਲਗਭਗ 50 ਮੁੱਖ ਰੈਗੂਲੇਟਰੀ ਮਨਜ਼ੂਰੀਆਂ ਪ੍ਰਦਾਨ ਕਰਦਾ ਹੈ।

ਕਾਰੋਬਾਰ ਕਰਨ ਦੀ ਸੌਖ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮਨਜ਼ੂਰੀਆਂ ਨਿਰਧਾਰਤ ਸਮੇਂ ਵਿੱਚ ਦਿੱਤੀਆਂ ਜਾਂਦੀਆਂ ਹਨ ਅਤੇ ਅਰਜ਼ੀਆਂ 'ਤੇ ਵੱਧ ਤੋਂ ਵੱਧ 45 ਕੰਮਕਾਜੀ ਦਿਨਾਂ ਦੇ ਅੰਦਰ ਫੈਸਲਾ ਕੀਤਾ ਜਾਂਦਾ ਹੈ, ਜਿੱਥੇ ਵੀ 'ਸਿੰਗਲ ਵਿੰਡੋ-ਸਿੰਗਲ ਪੈੱਨ' ਸਿਸਟਮ ਲਾਗੂ ਹੁੰਦਾ ਹੈ, ਉੱਥੇ ਆਟੋ-ਡੀਮਡ ਮਨਜ਼ੂਰੀ ਦੀ ਵਿਵਸਥਾ ਹੁੰਦੀ ਹੈ। ਸਾਡਾ ਉਦੇਸ਼ ਬੇਲੋੜੀ ਦੇਰੀ ਨੂੰ ਖਤਮ ਕਰਨਾ ਅਤੇ ਪ੍ਰਸ਼ਾਸਨ ਨੂੰ ਪਾਰਦਰਸ਼ੀ ਅਤੇ ਜਵਾਬਦੇਹ ਬਣਾਉਣਾ ਹੈ। ਪੰਜਾਬ ਪਹਿਲਾਂ ਹੀ ਲਗਭਗ 1.78 ਲੱਖ ਕਰੋੜ ਰੁਪਏ ਦਾ ਨਿਵੇਸ਼ ਆਕਰਸ਼ਿਤ ਕਰ ਚੁੱਕਾ ਹੈ, ਜਿਸ ਨਾਲ ਲਗਭਗ ਛੇ ਲੱਖ ਲੋਕਾਂ ਲਈ ਰੁਜ਼ਗਾਰ ਪੈਦਾ ਹੋਵੇਗਾ। ਇਹ ਨਿਵੇਸ਼ ਉਦਯੋਗਪਤੀਆਂ ਦੇ ਪੰਜਾਬ ਪ੍ਰਤੀ ਵੱਧ ਰਹੇ ਵਿਸ਼ਵਾਸ਼ ਨੂੰ ਦਰਸਾਉਂਦਾ ਹੈ ਅਤੇ ਪੰਜਾਬ ਵੀ ਉਦਯੋਗਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਹੈ।

ਜਪਾਨ ਵਿੱਚ ਸੂਬਾ ਸਰਕਾਰ ਦੀਆਂ ਗਤੀਵਿਧੀਆਂ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਸਾਡਾ ਜਪਾਨ ਦੌਰਾ ਮਹਿਜ਼ ਇੱਕ ਵਿਦੇਸ਼ੀ ਦੌਰਾ ਨਹੀਂ ਸੀ ਸਗੋਂ ਇਸ ਦਾ ਉਦੇਸ਼ ਪੰਜਾਬ ਵਿੱਚ ਨਿਵੇਸ਼, ਤਕਨਾਲੋਜੀ, ਹੁਨਰ ਅਤੇ ਵਿਸ਼ਵਵਿਆਪੀ ਮੌਕੇ ਆਕਰਸ਼ਿਤ ਕਰਨਾ ਸੀ। ਅਸੀਂ ਟੋਕੀਓ, ਨਾਗੋਆ ਅਤੇ ਓਸਾਕਾ ਵਿੱਚ ਪ੍ਰਮੁੱਖ ਜਪਾਨੀ ਕੰਪਨੀਆਂ ਅਤੇ ਸੰਸਥਾਵਾਂ ਨਾਲ ਗੱਲਬਾਤ ਕੀਤੀ ਅਤੇ ਅੱਜ ਦਾ ਇਹ ਪ੍ਰੋਜੈਕਟ ਉਸ ਮਿਸ਼ਨ ਦੇ ਸਭ ਤੋਂ ਮਹੱਤਵਪੂਰਨ ਨਤੀਜਿਆਂ ਵਿੱਚੋਂ ਇੱਕ ਹੈ। ਪੰਜਾਬ ਸਰਕਾਰ ਇਸ ਪ੍ਰੋਜੈਕਟ ਨੂੰ ਸਮੇਂ ਸਿਰ ਪੂਰਾ ਕਰਨ ਲਈ ਵਰਧਮਾਨ ਅਤੇ ਆਈਚੀ ਸਟੀਲ ਨੂੰ ਪੂਰਾ ਸਹਿਯੋਗ ਦੇਵੇਗੀ।

ਪੰਜਾਬ ਦੇ ਉਦਯੋਗਿਕ ਮਾਹੌਲ ਵਿੱਚ ਆਈ ਪ੍ਰਗਤੀਸ਼ੀਲ ਤਬਦੀਲੀ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬਾ ਸਰਕਾਰ ਦੀਆਂ ਉਦਯੋਗ-ਪੱਖੀ ਨੀਤੀਆਂ ਸਦਕਾ ਪਿਛਲੇ ਚਾਰ ਸਾਲਾਂ ਦੌਰਾਨ ਦੂਜੇ ਰਾਜਾਂ ਤੋਂ ਕਈ ਉਦਯੋਗਾਂ ਨੇ ਆਪਣੇ ਕਾਰੋਬਾਰ ਪੰਜਾਬ ਵਿੱਚ ਤਬਦੀਲ ਕੀਤੇ ਹਨ। ਸਾਨੂੰ ਇੱਕ ਅਜਿਹਾ ਸਿਸਟਮ ਵਿਰਾਸਤ ਵਿੱਚ ਮਿਲਿਆ ਸੀ ਜਿੱਥੇ ਪਿਛਲੀਆਂ ਸਰਕਾਰਾਂ ਵੇਲੇ ਫਿਰੌਤੀ ਅਤੇ ਹਿੱਸੇਦਾਰੀ ਸਿਸਟਮ ਤੋਂ ਤੰਗ ਆ ਕੇ ਉਦਯੋਗ ਪੰਜਾਬ ਤੋਂ ਭੱਜ ਰਹੇ ਸਨ। ਨਿਰੰਤਰ ਯਤਨਾਂ ਰਾਹੀਂ, ਅਸੀਂ ਉਦਯੋਗਾਂ ਦਾ ਵਿਸ਼ਵਾਸ ਬਹਾਲ ਕੀਤਾ ਹੈ ਅਤੇ ਪੰਜਾਬ ਨੂੰ ਉਦਯੋਗਿਕ ਵਿਕਾਸ ਵਿੱਚ ਮੋਹਰੀ ਬਣਾਇਆ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ, ਉਹ ਦਿਨ ਬੀਤ ਚੁੱਕੇ ਹਨ ਜਦੋਂ ਨਿਵੇਸ਼ਕਾਂ 'ਤੇ ਅਣਉਚਿਤ ਲਾਭਾਂ ਜਾਂ ਉਨ੍ਹਾਂ ਦੇ ਉੱਦਮਾਂ ਵਿੱਚ ਹਿੱਸੇਦਾਰੀ ਲਈ ਦਬਾਅ ਪਾਇਆ ਜਾਂਦਾ ਸੀ। ਅੱਜ ਪੰਜਾਬ ਸਰਕਾਰ ਸਿਰਫ ਪੰਜਾਬ ਅਤੇ ਪੰਜਾਬੀਆਂ ਦੀ ਭਲਾਈ ਲਈ ਕੰਮ ਕਰਦੀ ਹੈ। ਟਾਟਾ ਸਟੀਲ ਨੇ ਪਹਿਲਾਂ ਹੀ 3,200 ਕਰੋੜ ਰੁਪਏ ਦੇ ਨਿਵੇਸ਼ ਨਾਲ ਪੰਜਾਬ ਵਿੱਚ ਜਮਸ਼ੇਦਪੁਰ ਤੋਂ ਬਾਅਦ ਆਪਣਾ ਦੂਜਾ ਸਭ ਤੋਂ ਵੱਡਾ ਪਲਾਂਟ ਸਥਾਪਿਤ ਕੀਤਾ ਹੈ। ਇਹ ਵੀ ਬਹੁਤ ਮਾਣ ਵਾਲੀ ਗੱਲ ਹੈ ਕਿ ਸਨਾਤਨ ਟੈਕਸਟਾਈਲ, ਨੇਸਲੇ, ਕਲਾਸ, ਫ੍ਰਾਇਡਨਬਰਗ, ਕਾਰਗਿਲ, ਵਰਬੀਓ ਅਤੇ ਡੈਨੋਨ ਵਰਗੀਆਂ ਮੋਹਰੀ ਕੰਪਨੀਆਂ ਨੇ ਸੂਬੇ ਵਿੱਚ ਆਪਣਾ ਕਾਰੋਬਾਰ ਸ਼ੁਰੂ ਕਰ ਦਿੱਤਾ ਹੈ। ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰਨ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਡਾ ਉਦੇਸ਼ ਸਾਡੇ ਨੌਜਵਾਨਾਂ ਨੂੰ ਰੁਜ਼ਗਾਰ ਪ੍ਰਦਾਨ ਕਰਨਾ ਹੈ ਤਾਂ ਜੋ ਨਸ਼ਿਆਂ ਦੀ ਲਾਹਨਤ ਤੋਂ ਦੂਰ ਰਹਿਣ।

ਵਿਹਲਾ ਮਨ ਸ਼ੈਤਾਨ ਦਾ ਘਰ ਹੁੰਦਾ ਹੈ ਅਤੇ ਬੇਰੋਜ਼ਗਾਰੀ ਕਈ ਸਮਾਜਿਕ ਸਮੱਸਿਆਵਾਂ ਦੀ ਜੜ੍ਹ ਹੈ। ਇਸ ਲਈ ਪੰਜਾਬ ਸਰਕਾਰ ਵੱਧ ਤੋਂ ਵੱਧ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ ਕਿ ਸਾਡੇ ਨੌਜਵਾਨ ਸਨਮਾਨਜਨਕ ਨੌਕਰੀਆਂ ਰਾਹੀਂ ਇੱਕ ਖੁਸ਼ਹਾਲ ਭਵਿੱਖ ਦਾ ਨਿਰਮਾਣ ਕਰਨ।

# ਐੱਸ.ਜੀ.ਬੀ.ਚੈਰੀਟੇਬਲ ਸੰਮਤੀ ਵਲੋਂ ਮੁ਼ਫ਼ਤ ਕੈਂਪ ਲਗਾਇਆ



ਮਾਛੀਵਾੜਾ ਸਾਹਿਬ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਐੱਸ.ਜੀ.ਬੀ. ਚੈਰੀਟੇਬਲ ਹਸਪਤਾਲ ਦੇ ਨਵੀਨੀਕਰਨ ਉਪਰੰਤ ਅੱਜ ਧਾਰਮਿਕ ਸਮਾਗਮ ਕਰਵਾਏ ਗਏ ਜਿਸ ਵਿਚ ਵਿਸ਼ੇਸ਼ ਤੌਰ 'ਤੇ ਸਵਾਮੀ ਰਾਮ ਤੀਰਥ ਜੀ, ਸਵਾਮੀ ਕ੍ਰਿਸ਼ਨਾ ਨੰਦ ਜੀ ਨੇ ਸ਼ਮੂਲੀਅਤ ਕੀਤੀ ਜਿਨ੍ਹਾਂ ਆਪਣੇ ਪ੍ਰਵਚਨਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਮੁਫ਼ਤ ਮੈਡੀਕਲ ਕੈਂਪ ਵੀ ਲਗਾਇਆ ਗਿਆ ਜਿਸ ਵਿਚ ਵੱਖ-ਵੱਖ ਬੀਮਾਰੀਆਂ ਦੇ ਮਾਹਿਰ ਡਾਕਟਰ ਸੇਵਾਮੁਕਤ ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਦੇਵ ਸਿੰਘ, ਡਾ. ਜੀ.ਐੱਸ. ਢਿੱਲੋਂ ਅਤੇ ਡਾ. ਹਰਮਨਦੀਪ ਸਿੰਘ (ਦੰਦਾਂ ਦੇ ਮਾਹਿਰ) ਵਲੋਂ ਕਰੀਬ 250 ਤੋਂ ਵੱਧ ਮਰੀਜਾਂ ਦੀ ਜਾਂਚ ਕੀਤੀ ਜਿਨ੍ਹਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਮੁੱਖ ਮਹਿਮਾਨ ਵਜੋਂ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਅਤੇ ਭਾਜਪਾ ਮੰਡਲ ਪ੍ਰਧਾਨ ਸੁਖਵਿੰਦਰ ਲਾਲ ਸੁੱਖੀ ਸ਼ਰਮਾ ਨੇ ਸ਼ਮੂਲੀਅਤ ਕੀਤੀ। ਉਕਤ ਆਗੂਆਂ ਵਲੋਂ ਸਵਾਮੀ ਗੰਗਾ ਨੰਦ ਜੀ ਭੂਰੀ ਵਾਲੇ ਸੇਵਾ ਸੰਮਤੀ ਵਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ।

ਸੰਸਥਾ ਦੇ ਚੇਅਰਮੈਨ ਚਰਨਜੀਤ ਸਿੰਘ ਥੋਪੀਆ ਵਲੋਂ ਆਏ ਮੁੱਖ ਮਹਿਮਾਨਾਂ ਅਤੇ ਸੰਗਤਾਂ ਦਾ ਧੰਨਵਾਦ ਪ੍ਰਗਟਾਇਆ। ਇਸ ਮੌਕੇ ਸਰਵਣ ਸਿੰਘ ਪੋਜੇਵਾਲ, ਪ੍ਰਿੰਸੀਪਲ ਡੀ.ਡੀ. ਵਰਮਾ, ਟਹਿਲ ਸਿੰਘ ਔਜਲਾ, ਸਾਬਕਾ ਕੌਂਸਲਰ ਚੌਧਰੀ ਬਲਵਿੰਦਰ ਰਾਏ, ਰਵਿੰਦਰ ਮੌਦਗਿੱਲ, ਪੀ.ਏ. ਗੁਰਮੁਖ ਸਿੰਘ, ਨੰਬਰਦਾਰ ਹਰਮਿੰਦਰ ਸਿੰਘ ਗਿੱਲ, ਪ੍ਰੇਮ ਸਿੰਘ ਰਜੂਲ, ਅਸ਼ੋਕ ਖੁਰਾਣਾ, ਡਾਕਟਰ ਦੱਤ ਦੇਵ ਭਾਖੜੀ, ਰਾਮਪਾਲ ਠੇਕੇਦਾਰ, ਗੁਰਚਰਨ ਸਿੰਘ ਚੰਨੀ, ਹਰਦਿਲ ਪ੍ਰਿਥੀਪੁਰ, ਸੇਵਾਮੁਕਤ ਇੰਸਪੈਕਟਰ ਮਹਿੰਦਰਪਾਲ ਭਾਟੀਆ, ਸੁਖਵਿੰਦਰ ਰਾਏ, ਅਸ਼ੋਕ ਕੁਮਾਰ, ਹਰਜਿੰਦਰ ਸਿੰਘ ਗੜ੍ਹੀ ਤਰਖਾਣਾ ਵੀ ਹਾਜ਼ਰ ਸਨ।

# ਸਾਹਨੇਵਾਲ ਵਿਖੇ ਮੁੱਖ ਮੰਤਰੀ ਮਾਨ ਨਾਲ ਵਰਿੰਦਰਦੀਪ ਕੌਰ ਬਰ੍ਹਮਾ ਨੇ ਕੀਤੀ ਮੁਲਾਕਾਤ



ਮਾਛੀਵਾੜਾ ਸਾਹਿਬ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ . ਭਗਵੰਤ ਸਿੰਘ ਮਾਨ ਦੀ ਅੱਜ ਸਾਹਨੇਵਾਲ ਫੇਰੀ ਦੌਰਾਨ ਵਰਿੰਦਰਦੀਪ ਕੌਰ ਮਾਨ ਬਰ੍ਹਮਾ (ਉੱਪ ਚੇਅਰਮੈਨ, ਜ਼ਿਲ੍ਹਾ ਪ੍ਰੀਸ਼ਦ ਲੁਧਿਆਣਾ) ਨੇ ਮੁੱਖ ਮੰਤਰੀ ਨਾਲ ਮੁਲਾਕਾਤ ਕਰਕੇ ਜ਼ਿਲ੍ਹਾ ਲੁਧਿਆਣਾ ਅਧੀਨ ਪੈਂਦੇ ਪਿੰਡਾਂ, ਦੇ ਸਰਬਪੱਖੀ ਵਿਕਾਸ ਸਬੰਧੀ ਅਹਿਮ ਮੁੱਦਿਆਂ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ।

ਇਸ ਮੌਕੇ ਉਨ੍ਹਾਂ ਦੇ ਨਾਲ ਹਲਕਾ ਸਮਰਾਲਾ ਦੇ ਯੂਥ ਪ੍ਰਧਾਨ ਸਰਪੰਚ ਮਨਦੀਪ ਸਿੰਘ ਬਰ੍ਹਮਾ ਅਤੇ ਪਿੰਡ ਬਰਵਾਲਾ ਦੇ ਸਰਪੰਚ ਗਗਨਜੋਤ ਸਿੰਘ ਵੀ ਮੌਜੂਦ ਸਨ।

ਮੁਲਾਕਾਤ ਦੌਰਾਨ ਵਰਿੰਦਰਦੀਪ ਕੌਰ ਮਾਨ ਬਰ੍ਹਮਾ ਨੇ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਦੇ ਹੋਰ ਵਿਸਥਾਰ, ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ, ਸਿੱਖਿਆ, ਸਿਹਤ ਅਤੇ ਖੇਡਾਂ ਨਾਲ ਸਬੰਧਤ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣ ਸਬੰਧੀ ਆਪਣੇ ਸੁਝਾਅ ਮੁੱਖ ਮੰਤਰੀ ਦੇ ਧਿਆਨ ਵਿੱਚ ਲਿਆਂਦੇ।

ਮੁੱਖ ਮੰਤਰੀ ਮਾਨ ਨੇ ਉਨ੍ਹਾਂ ਵੱਲੋਂ ਰੱਖੇ ਗਏ ਸੁਝਾਵਾਂ ਨੂੰ ਗੰਭੀਰਤਾ ਨਾਲ ਸੁਣਦਿਆਂ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ ਤਾਂ ਜੋ ਹਰ ਪਿੰਡ ਤਰੱਕੀ ਦੀ ਨਵੀਂ ਮਿਸਾਲ ਬਣ ਸਕੇ।

# ਸੁਨਾਮ ਦੀ ਅਨਾਜ ਮੰਡੀ ਵਿਖੇ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਸਬੰਧੀ ਸ਼ਰਧਾ ਅਤੇ ਸਤਿਕਾਰ ਨਾਲ ਕਰਵਾਇਆ ਜਾਵੇਗਾ ਰਾਜ ਪੱਧਰੀ ਸਮਾਗਮ: ਅਮਨ ਅਰੋੜਾ

ਸੁਨਾਮ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-



ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਅੱਜ ਕਿਹਾ ਕਿ ਮਹਾਨ ਸੁਤੰਤਰਤਾ ਸੈਨਾਨੀ ਅਤੇ ਅਮਰ ਸ਼ਹੀਦ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਰਾਜ ਪੱਧਰੀ ਸ਼ਹੀਦੀ ਸਮਾਗਮ ਨੂੰ ਸੁਨਾਮ ਦੀ ਅਨਾਜ ਮੰਡੀ ਵਿਖੇ ਪੂਰੀ ਸ਼ਰਧਾ, ਸਤਿਕਾਰ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਸਮਾਗਮ ਇਤਿਹਾਸਕ ਅਤੇ ਯਾਦਗਾਰੀ ਹੋਵੇਗਾ।

ਮੀਡੀਆ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਇਸ ਰਾਜ ਪੱਧਰੀ ਸਮਾਗਮ ਦੀ ਅਗਵਾਈ ਕਰਨਗੇ। ਉਨ੍ਹਾਂ ਦੇ ਨਾਲ ਪੰਜਾਬ ਮੰਤਰੀ ਮੰਡਲ ਦੇ ਮੈਂਬਰ, ਵਿਧਾਇਕ, ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ, ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਆਗੂ ਵੀ ਹਾਜ਼ਰ ਰਹਿਣਗੇ। ਇਸ ਮੌਕੇ ਪੰਜਾਬ ਦੇ ਹਰ ਵਰਗ ਨਾਲ ਸਬੰਧਤ ਹਜ਼ਾਰਾਂ ਲੋਕ ਮਹਾਨ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਸੁਨਾਮ ਪਹੁੰਚਣਗੇ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਦਾ ਜੀਵਨ ਦੇਸ਼ਭਗਤੀ, ਬਹਾਦਰੀ ਅਤੇ ਕੁਰਬਾਨੀ ਦੀ ਅਦੁੱਤੀ ਮਿਸਾਲ ਹੈ। ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਦਾ ਬਦਲਾ ਲੈ ਕੇ ਉਨ੍ਹਾਂ ਨੇ ਭਾਰਤ ਦੀ ਆਜ਼ਾਦੀ ਦੀ ਲੜਾਈ ਨੂੰ ਨਵੀਂ ਦਿਸ਼ਾ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਅਸੀਂ ਜਿਸ ਆਜ਼ਾਦ ਫ਼ਿਜ਼ਾ ਵਿੱਚ ਸਾਹ ਲੈ ਰਹੇ ਹਾਂ, ਉਹ ਅਜਿਹੇ ਮਹਾਨ ਸ਼ਹੀਦਾਂ ਦੀਆਂ ਬੇਮਿਸਾਲ ਕੁਰਬਾਨੀਆਂ ਦਾ ਹੀ ਨਤੀਜਾ ਹੈ। ਪੰਜਾਬ ਸਰਕਾਰ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਮਹਾਨ ਸ਼ਹੀਦਾਂ ਦੇ ਇਤਿਹਾਸ ਅਤੇ ਆਦਰਸ਼ਾਂ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸ਼ਹੀਦ ਊਧਮ ਸਿੰਘ ਜੀ ਦੇ ਨਾਮ 'ਤੇ ਵਿਸ਼ਵ ਪੱਧਰੀ ਸਕਿੱਲ ਯੂਨੀਵਰਸਿਟੀ ਸਥਾਪਤ ਕਰਨ ਦਾ ਸੁਪਨਾ ਹੁਣ ਹਕੀਕਤ ਦਾ ਰੂਪ ਧਾਰ ਰਿਹਾ ਹੈ। ਕਪੂਰਥਲਾ ਵਿਖੇ 32 ਏਕੜ ਰਕਬੇ ਵਿੱਚ ਲਗਭਗ ਰੁਪਏ 500 ਕਰੋੜ ਦੀ ਲਾਗਤ ਨਾਲ ਉਸਾਰੀ ਅਧੀਨ ਸ਼ਹੀਦ ਊਧਮ ਸਿੰਘ ਸਕਿੱਲ ਯੂਨੀਵਰਸਿਟੀ ਦਾ ਨਿਰਮਾਣ ਕੰਮ ਤੇਜ਼ੀ ਨਾਲ ਜਾਰੀ ਹੈ। ਉਨ੍ਹਾਂ ਕਿਹਾ ਕਿ ਇਹ ਯੂਨੀਵਰਸਿਟੀ ਪੰਜਾਬ ਨੂੰ ਹੁਨਰ ਵਿਕਾਸ ਦੇ ਖੇਤਰ ਵਿੱਚ ਦੇਸ਼ ਦੇ ਮੋਹਰੀ ਸੂਬਿਆਂ ਵਿੱਚ ਸ਼ਾਮਲ ਕਰਨ ਲਈ ਮੀਲ ਪੱਥਰ ਸਾਬਤ ਹੋਵੇਗੀ।

ਉਨ੍ਹਾਂ ਦੱਸਿਆ ਕਿ ਰਾਜ ਪੱਧਰੀ ਸਮਾਗਮ ਦੌਰਾਨ ਇਸ ਯੂਨੀਵਰਸਿਟੀ ਲਈ ਚਾਰ ਨਾਮਵਰ ਅੰਤਰਰਾਸ਼ਟਰੀ ਯੂਨੀਵਰਸਿਟੀਆਂ ਨਾਲ ਸਮਝੌਤੇ (ਐੱਮ.ਓ.ਯੂ.) 'ਤੇ ਦਸਤਖ਼ਤ ਕੀਤੇ ਜਾਣਗੇ।

ਇਨ੍ਹਾਂ ਸਮਝੌਤਿਆਂ ਨਾਲ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਮਿਆਰ ਦੀ ਸਿੱਖਿਆ, ਖੋਜ, ਫੈਕਲਟੀ ਐਕਸਚੇਂਜ, ਆਧੁਨਿਕ ਤਕਨੀਕੀ ਸਿਖਲਾਈ ਅਤੇ ਵਿਦੇਸ਼ੀ ਰੁਜ਼ਗਾਰ ਦੇ ਬਿਹਤਰ ਮੌਕੇ ਪ੍ਰਾਪਤ ਹੋਣਗੇ। ਇਸ ਨਾਲ ਪੰਜਾਬ ਦੇ ਨੌਜਵਾਨ ਵਿਸ਼ਵ ਪੱਧਰ 'ਤੇ ਆਪਣੀ ਪ੍ਰਤਿਭਾ ਅਤੇ ਹੁਨਰ ਦਾ ਲੋਹਾ ਮਨਵਾਉਣ ਦੇ ਯੋਗ ਬਣਨਗੇ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨਾਂ ਨੂੰ ਯੋਗਤਾ ਅਨੁਸਾਰ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਸੇ ਉਦੇਸ਼ ਨਾਲ ਉਦਯੋਗ ਅਤੇ ਵਣਜ ਵਿਭਾਗ ਅਤੇ ਰੁਜ਼ਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ ਦੇ ਸਾਂਝੇ ਉਪਰਾਲੇ ਨਾਲ ਕਲੱਸਟਰ ਆਧਾਰਿਤ ਮੈਗਾ ਰੁਜ਼ਗਾਰ ਕੈਂਪਾਂ ਦੀ ਸ਼ੁਰੂਆਤ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਸੁਨਾਮ ਵਿਖੇ ਕਰਵਾਏ ਗਏ ਪਹਿਲੇ ਕਲੱਸਟਰ ਆਧਾਰਿਤ ਮੈਗਾ ਰੁਜ਼ਗਾਰ ਕੈਂਪ ਨੂੰ ਨੌਜਵਾਨਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ, ਜਿੱਥੇ ਲਗਭਗ 1200 ਨੌਜਵਾਨਾਂ ਨੂੰ ਵੱਖ-ਵੱਖ ਨਾਮਵਰ ਕੰਪਨੀਆਂ ਵੱਲੋਂ ਰੁਜ਼ਗਾਰ ਅਤੇ ਸਕਿਲਿੰਗ ਦੇ ਮੌਕੇ ਪ੍ਰਦਾਨ ਕੀਤੇ ਗਏ। ਇਸ ਮਾਡਲ ਨੂੰ ਹੁਣ ਸੂਬੇ ਦੇ ਹੋਰ ਜ਼ਿਲ੍ਹਿਆਂ ਵਿੱਚ ਵੀ ਲਾਗੂ ਕੀਤਾ ਜਾਵੇਗਾ ਤਾਂ ਜੋ ਵੱਧ ਤੋਂ ਵੱਧ ਨੌਜਵਾਨਾਂ ਨੂੰ ਆਪਣੇ ਹੀ ਸੂਬੇ ਵਿੱਚ ਰੁਜ਼ਗਾਰ ਦੇ ਬਿਹਤਰ ਮੌਕੇ ਮਿਲ ਸਕਣ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਇੱਕ ਪਾਸੇ ਸ਼ਹੀਦਾਂ ਦੀ ਵਿਰਾਸਤ ਨੂੰ ਸੰਭਾਲਣ ਅਤੇ ਉਨ੍ਹਾਂ ਦੇ ਸੁਪਨਿਆਂ ਦਾ ਪੰਜਾਬ ਸਿਰਜਣ ਲਈ ਵਚਨਬੱਧ ਹੈ, ਜਦਕਿ ਦੂਜੇ ਪਾਸੇ ਨੌਜਵਾਨਾਂ ਨੂੰ ਉੱਚ ਸਿੱਖਿਆ, ਆਧੁਨਿਕ ਹੁਨਰ ਅਤੇ ਰੁਜ਼ਗਾਰ ਨਾਲ ਜੋੜ ਕੇ ਸੂਬੇ ਨੂੰ ਆਰਥਿਕ ਤੌਰ 'ਤੇ ਹੋਰ ਮਜ਼ਬੂਤ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।

ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਹੋਣ ਵਾਲੇ ਰਾਜ ਪੱਧਰੀ ਸ਼ਹੀਦੀਦ ਸਮਾਗਮ ਦਾ ਅਧਿਕਾਰਤ ਪੋਸਟਰ ਜਾਰੀ ਕੀਤਾ ਅਤੇ ਸਮੂਹ ਪੰਜਾਬ ਵਾਸੀਆਂ ਨੂੰ ਆਪਣੇ ਪਰਿਵਾਰਾਂ ਸਮੇਤ ਸੁਨਾਮ ਦੀ ਅਨਾਜ ਮੰਡੀ ਵਿਖੇ ਪਹੁੰਚ ਕੇ ਮਹਾਨ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਅਤੇ ਉਨ੍ਹਾਂ ਦੇ ਆਦਰਸ਼ਾਂ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ।

ਇਸ ਮੌਕੇ ਕੰਬੋਜ ਭਾਈਚਾਰੇ ਦੇ ਨੁਮਾਇੰਦੇ ਜਗਦੀਪ ਸਿੰਘ ਮਹਰੋਕ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਆਮਦ ਸਬੰਧੀ ਸਾਰੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਜਗਦੀਪ ਸਿੰਘ ਮਹਿਰੋਕ, ਹਰਜਿੰਦਰ ਸਿੰਘ ਹਾਂਡਾ ਸਪੋਕਸਮੈਨ ਕੰਬੋਜ ਫਾਊਂਡੇਸ਼ਨ ਅਤੇ ਹਰਦਿਆਲ ਸਿੰਘ ਕੰਬੋਜ ਮੀਤ ਪ੍ਰਧਾਨ ਕੰਬੋਜ ਫਾਊਂਡੇਸ਼ਨ ਦੀ ਅਗਵਾਈ ਵਿੱਚ ਪੋਸਟਰ ਰਿਲੀਜ਼ ਮੌਕੇ ਗਿਆਨੀ ਜੰਗੀਰ ਸਿੰਘ ਰਤਨ, ਕੇਸਰ ਸਿੰਘ ਢੋਟ, ਰਿੰਪੀ ਐਮ. ਸੀ. ਬਿੱਟੂ ਐਮ. ਸੀ. ਪ੍ਰਤਿਪਾਲ ਸਿੰਘ ਕਾਲਾ ਐਮ. ਸੀ. ਪ੍ਰਭਸ਼ਰਨ ਸਿੰਘ ਬੱਬੂ ਸਾਬਕਾ ਐਮ.ਸੀ., ਸਰਪੰਚ ਜਗਤਾਰ ਸਿੰਘ, ਡਾ. ਮਲਕੀਤ ਸਿੰਘ, ਦਰਸ਼ਨ ਸਿੰਘ ਮਹਰੋਕ, ਰਘਵੀਰ ਸਿੰਘ ਜੋਸ਼ਨ, ਨਰਿੰਦਰ ਸਿੰਘ, ਕਾਲਾ ਨੂਗਰੀ ਅਤੇ ਗੁਰਪ੍ਰੀਤ ਢੋਟ ਹਾਜ਼ਰ ਸਨ।

# ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ ਦਾ ਪ੍ਰਦਰਸ਼ਨ

ਮਲੇਰਕੋਟਲਾ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਪਿੰਡ ਹਕੀਮਪੁਰਾ,ਇਲਤਫਾਤਪੁਰਾ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਸੰਘਰਸ਼, ਵਿਚਾਰਧਾਰਾ ਅਤੇ ਸਮਾਜ ਨੂੰ ਦਿੱਤੇ ਅਮੁੱਲੇ ਯੋਗਦਾਨ 'ਤੇ ਆਧਾਰਿਤ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ।

ਇਸ ਮੌਕੇ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਡਾਕੂਮੈਂਟਰੀ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਅਤੇ ਉਨ੍ਹਾਂ ਦੀਆਂ ਮਹਾਨ ਸਿੱਖਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ।

ਡਾਕੂਮੈਂਟਰੀ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਵੱਲੋਂ ਮਨੁੱਖਤਾ, ਸਮਾਨਤਾ, ਭਾਈਚਾਰਕ ਸਾਂਝ ਅਤੇ ਸਮਾਜਿਕ ਨਿਆਂ ਲਈ ਦਿੱਤੇ ਗਏ ਮਹਾਨ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ। ਪਿੰਡ ਵਾਸੀਆਂ ਨੇ ਕਿਹਾ ਕਿ ਅਜਿਹੇ ਉਪਰਾਲੇ ਨਵੀਂ ਪੀੜ੍ਹੀ ਨੂੰ ਮਹਾਨ ਸੰਤਾਂ ਅਤੇ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਇਸ ਮੌਕੇ ਪਿੰਡ ਇਲਤਫਾਤਪੁਰਾ ਦੇ ਸਰਪੰਚ ਚਰਾਗ ਖਾਂ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਅਤੇ ਸਤਿਕਾਰ ਨਾਲ ਸਮਰਪਿਤ ਕਰਕੇ ਉਨ੍ਹਾਂ ਦੇ ਜੀਵਨ ਅਤੇ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਵਿਲੱਖਣ ਉਪਰਾਲੇ ਕਰਨ ਦੀ ਸਲਾਘਾ ਕੀਤੀ।

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੇ ਸਮਾਜ ਨੂੰ ਬਰਾਬਰੀ, ਮਨੁੱਖਤਾ, ਪ੍ਰੇਮ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀ ਵਿਚਾਰਧਾਰਾ ਜਾਤ-ਪਾਤ, ਭੇਦਭਾਵ ਅਤੇ ਸਮਾਜਿਕ ਅਸਮਾਨਤਾ ਤੋਂ ਉੱਪਰ ਉੱਠ ਕੇ ਇੱਕ ਨਿਆਂਪੂਰਨ ਅਤੇ ਸਮਾਨਤਾਵਾਦੀ ਸਮਾਜ ਦੀ ਸਿਰਜਣਾ ਦਾ ਰਾਹ ਦਿਖਾਉਂਦੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਅੱਜ ਦੇ ਸਮੇਂ ਵਿੱਚ ਵੀ ਪੂਰੀ ਤਰ੍ਹਾਂ ਪ੍ਰਸੰਗਿਕ ਹਨ ਅਤੇ ਸਮਾਜ ਨੂੰ ਆਪਸੀ ਪਿਆਰ, ਸਦਭਾਵਨਾ ਅਤੇ ਭਾਈਚਾਰਕ ਸਾਂਝ ਨਾਲ ਅੱਗੇ ਵਧਣ ਦੀ ਪ੍ਰੇਰਣਾ ਦਿੰਦੀਆਂ ਹਨ।

ਸਰਪੰਚ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਸਮਾਜ ਵਿੱਚ ਬਰਾਬਰੀ, ਸਹਿਣਸ਼ੀਲਤਾ, ਸਦਭਾਵਨਾ ਅਤੇ ਮਨੁੱਖੀ ਭਾਈਚਾਰੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਲਈ ਆਪਣਾ ਯੋਗਦਾਨ ਪਾਉਣ।

# ਚੰਡੀਗੜ੍ਹ ਪ੍ਰਸ਼ਾਸਨ ਨੇ 'ਹਰ ਘਰ ਤਿਰੰਗਾ - ਵੰਦੇ ਮਾਤਰਮ ਦੇ 150 ਵਰ੍ਹੇ' ਮੁਹਿੰਮ ਅਤੇ 'ਵਿਭਾਜਨ ਵਿਭੀਸ਼ਿਕਾ ਸਮ੍ਰਿਤੀ ਦਿਵਸ' ਦੇ ਆਯੋਜਨ ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ

ਚੰਡੀਗੜ੍ਹ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-



ਚੰਡੀਗੜ੍ਹ ਪ੍ਰਸ਼ਾਸਨ ਨੇ ਭਾਰਤ ਦੇ ਸੁਤੰਤਰਤਾ ਦਿਵਸ ਸਮਾਰੋਹ ਦੇ ਤਹਿਤ 9 ਤੋਂ 17 ਅਗਸਤ, 2026 ਤੱਕ ਆਯੋਜਿਤ ਕੀਤੇ ਜਾਣ ਵਾਲੇ ਰਾਸ਼ਟਰ ਵਿਆਪੀ 'ਹਰ ਘਰ ਤਿਰੰਗਾ - ਵੰਦੇ ਮਾਤਰਮ ਦੇ 150 ਵਰ੍ਹੇ' ਮੁਹਿੰਮ ਲਈ ਵਿਆਪਕ ਤਿਆਰੀਆਂ ਕੀਤੀਆਂ ਹਨ।

ਅੱਜ ਸ੍ਰੀ ਐੱਚ. ਰਾਜੇਸ਼ ਪ੍ਰਸਾਦ, ਆਈਏਐੱਸ, ਮੁੱਖ ਸਕੱਤਰ, ਯੂਟੀ ਚੰਡੀਗੜ੍ਹ ਪ੍ਰਸ਼ਾਸਨ ਦੀ ਪ੍ਰਧਾਨਗੀ ਵਿੱਚ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਹੋਈ, ਜਿਸ ਵਿੱਚ ਵਿਭਿੰਨ ਵਿਭਾਗਾਂ ਦੀ ਤਿਆਰੀ ਦਾ ਮੁੱਲਾਂਕਣ ਕੀਤਾ ਗਿਆ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ ਮੁਹਿੰਮ ਦੇ ਸਫ਼ਲਤਾਪੂਰਵਕ ਲਾਗੂ ਕਰਨ ਲਈ ਨਿਰਵਿਘਨ ਤਾਲਮੇਲ ਸੁਨਿਸ਼ਚਿਤ ਕੀਤਾ ਗਿਆ।

ਮੁੱਖ ਸਕੱਤਰ ਨੇ ਸਾਰੇ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਵਿੱਦਿਅਕ ਸੰਸਥਾਵਾਂ, ਸਰਕਾਰੀ ਦਫ਼ਤਰਾਂ, ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨਾਂ, ਮਾਰਕਿਟ ਐਸੋਸੀਏਸ਼ਨਾਂ, ਯੁਵਾ ਸੰਗਠਨਾਂ, ਸਵੈ-ਇੱਛੁਕ ਸੰਗਠਨਾਂ ਅਤੇ ਸਿਵਲ ਸੋਸਾਇਟੀ ਨੂੰ ਸਰਗਰਮੀ ਨਾਲ ਸ਼ਾਮਲ ਕਰਕੇ ਵੱਧ ਤੋਂ ਵੱਧ ਜਨਤਕ ਭਾਗੀਦਾਰੀ ਸੁਨਿਸ਼ਚਿਤ ਕਰਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਹਰੇਕ ਵਿਭਾਗ ਨੂੰ ਸਾਰਥਕ ਗਤੀਵਿਧੀਆਂ ਦਾ ਆਯੋਜਨ ਕਰਨਾ ਚਾਹੀਦਾ ਹੈ ਜੋ ਦੇਸ਼ ਭਗਤੀ ਨੂੰ ਪ੍ਰੇਰਿਤ ਕਰਨ ਅਤੇ ਨਾਗਰਿਕਾਂ ਨੂੰ ਆਪਣੇ ਘਰਾਂ, ਸੰਸਥਾਵਾਂ ਅਤੇ ਕਾਰਜ ਸਥਾਨਾਂ 'ਤੇ ਮਾਣ ਨਾਲ ਰਾਸ਼ਟਰੀ ਝੰਡਾ ਲਹਿਰਾਉਣ ਲਈ ਉਤਸ਼ਾਹਿਤ ਕਰਨ।

ਡਾ. ਸਈਦ ਆਬਿਦ ਰਸ਼ੀਦ ਸ਼ਾਹ, ਆਈਏਐੱਸ, ਸਕੱਤਰ, ਟੂਰਿਜ਼ਮ ਅਤੇ ਸੱਭਿਆਚਾਰ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਪ੍ਰਸਤਾਵਿਤ ਗਤੀਵਿਧੀਆਂ ਅਤੇ ਲਾਗੂਕਰਨ ਦੀ ਰਣਨੀਤੀ 'ਤੇ ਇੱਕ ਵਿਆਪਕ ਪੇਸ਼ਕਾਰੀ ਕੀਤੀ ਗਈ। ਵਿਸਤ੍ਰਿਤ ਪੇਸ਼ਕਾਰੀ ਵਿੱਚ 'ਹਰ ਘਰ ਤਿਰੰਗਾ - ਵੰਦੇ ਮਾਤਰਮ ਦੇ 150 ਵਰ੍ਹੇ' ਮੁਹਿੰਮ ਦੇ ਨਾਲ-ਨਾਲ 'ਵਿਭਾਜਨ ਵਿਭੀਸ਼ਿਕਾ ਸਮ੍ਰਿਤੀ ਦਿਵਸ' ਨੂੰ ਮਨਾਉਣ ਲਈ ਸੰਕਲਪ, ਉਦੇਸ਼, ਗਤੀਵਿਧੀ ਕੈਲੰਡਰ, ਵਿਭਾਗਾਂ ਦਰਮਿਆਨ ਤਾਲਮੇਲ ਈਕੋਸਿਸਟਮ ਅਤੇ ਲਾਗੂ ਕਰਨ ਦੀ ਯੋਜਨਾ ਦੀ ਰੂਪਰੇਖਾ ਦਿੱਤੀ ਗਈ। ਪੇਸ਼ਕਾਰੀ ਵਿੱਚ ਵਿਭਿੰਨ ਵਿਭਾਗਾਂ ਦੀਆਂ ਜ਼ਿੰਮੇਵਾਰੀਆਂ ਨੂੰ ਉਜਾਗਰ ਕੀਤਾ ਗਿਆ ਅਤੇ ਸ਼ਹਿਰ ਭਰ ਵਿੱਚ ਮੁਹਿੰਮ ਦਾ ਸਫ਼ਲ ਸੰਚਾਲਨ ਸੁਨਿਸ਼ਚਿਤ ਕਰਨ ਲਈ ਇੱਕ ਸਹਿਯੋਗੀ ਪਹੁੰਚ 'ਤੇ ਜ਼ੋਰ ਦਿੱਤਾ ਗਿਆ।

ਸੱਭਿਆਚਾਰ ਵਿਭਾਗ ਨੇ ਭਾਰਤ ਦੀ ਸਮ੍ਰਿੱਧ ਵਿਰਾਸਤ ਨੂੰ ਮਨਾਉਣ, ਰਾਸ਼ਟਰਵਾਦ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਅਤੇ ਸਰਗਰਮ ਜਨਤਕ ਭਾਗੀਦਾਰੀ ਨੂੰ ਹੁਲਾਰਾ ਦੇਣ ਲਈ ਤਿਆਰ ਕੀਤੇ ਗਏ ਦੇਸ਼ ਭਗਤੀ, ਸੱਭਿਆਚਾਰਕ ਅਤੇ ਸਮੁਦਾਇਕ-ਅਧਾਰਿਤ ਪ੍ਰੋਗਰਾਮਾਂ ਦੀ ਇੱਕ ਵਿਆਪਕ ਸੀਰੀਜ਼ ਦੀ ਕਲਪਨਾ ਕੀਤੀ ਹੈ। ਸੱਭਿਆਚਾਰ, ਵਿਰਾਸਤ, ਕਲਾ, ਸਾਹਿਤ ਅਤੇ ਨੌਜਵਾਨਾਂ ਦੀ ਸ਼ਮੂਲੀਅਤ ਨੂੰ ਜੋੜਦੇ ਹੋਏ ਸਮਾਗਮਾਂ ਦਾ ਇੱਕ ਜੀਵੰਤ ਕੈਲੰਡਰ ਤਿਆਰ ਕੀਤਾ ਗਿਆ ਹੈ, ਜਿਸ ਵਿੱਚ ਏਕਤਾ, ਵਿਵਿਧਤਾ ਅਤੇ ਰਾਸ਼ਟਰੀ ਗੌਰਵ ਦੀਆਂ ਕਦਰਾਂ-ਕੀਮਤਾਂ ਨੂੰ ਸੁਰੱਖਿਅਤ ਰੱਖਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਹੈ। ਸੱਭਿਆਚਾਰ ਵਿਭਾਗ ਚੰਡੀਗੜ੍ਹ ਭਰ ਵਿੱਚ ਮੁਹਿੰਮ ਦਾ ਸਫ਼ਲ ਲਾਗੂਕਰਨ ਸੁਨਿਸ਼ਚਿਤ ਕਰਨ ਲਈ ਵਿਭਿੰਨ ਸਰਕਾਰੀ ਵਿਭਾਗਾਂ, ਵਿੱਦਿਅਕ ਸੰਸਥਾਵਾਂ, ਕਲਾਕਾਰਾਂ, ਸੱਭਿਆਚਾਰਕ ਸੰਗਠਨਾਂ ਅਤੇ ਸਿਵਲ ਸੋਸਾਇਟੀ ਨਾਲ ਤਾਲਮੇਲ ਕਰਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਏਗਾ।

ਇਸ ਵਰ੍ਹੇ ਦੀ ਮੁਹਿੰਮ ਵੰਦੇ ਮਾਤਰਮ ਦੇ 150 ਵਰ੍ਹੇ ਦੀ ਯਾਦ ਨੂੰ ਸਮਰਪਿਤ ਹੈ ਅਤੇ ਸ਼ਹਿਰ ਭਰ ਵਿੱਚ ਜਨਤਕ ਪ੍ਰੋਗਰਾਮਾਂ ਦੌਰਾਨ ਵੰਦੇ ਮਾਤਰਮ ਦੇ ਸਮੂਹਿਕ ਗਾਇਨ ਨੂੰ ਹੁਲਾਰਾ ਦਿੰਦੇ ਹੋਏ ਰਾਸ਼ਟਰੀ ਝੰਡੇ ਨਾਲ ਨਾਗਰਿਕਾਂ ਦੇ ਭਾਵਨਾਤਮਕ ਬੰਧਨ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰਦੀ ਹੈ।

ਮੁਹਿੰਮ ਦੇ ਤਹਿਤ, ਸਰਕਾਰੀ ਭਵਨਾਂ, ਵਿੱਦਿਅਕ ਸੰਸਥਾਵਾਂ, ਟੂਰਿਸਟ ਸਥਾਨਾਂ ਅਤੇ ਹੋਰ ਪ੍ਰਮੁੱਖ ਜਨਤਕ ਸਥਾਨਾਂ ਨੂੰ ਤਿਰੰਗਾ-ਥੀਮ ਵਾਲੀਆਂ ਪ੍ਰਦਰਸ਼ਨੀਆਂ ਨਾਲ ਰੋਸ਼ਨ ਕੀਤਾ ਜਾਵੇਗਾ ਅਤੇ ਸਜਾਇਆ ਜਾਵੇਗਾ। ਮੁਹਿੰਮ ਦੌਰਾਨ ਤਿਰੰਗਾ ਰੈਲੀਆਂ, ਵਾਕਾਥਨ, ਸਾਇਕਲ, ਬਾਈਕ ਅਤੇ ਕਾਰ ਰੈਲੀਆਂ, ਪੇਂਟਿੰਗ, ਕੁਇਜ਼ ਅਤੇ ਰੰਗੋਲੀ ਮੁਕਾਬਲੇ, ਦੇਸ਼ ਭਗਤੀ ਪ੍ਰਦਰਸ਼ਨੀਆਂ, ਸੱਭਿਆਚਾਰਕ ਪ੍ਰਦਰਸ਼ਨੀਆਂ, ਨੁੱਕੜ ਨਾਟਕ, ਲੇਜ਼ਰ ਅਤੇ ਸਾਊਂਡ ਸ਼ੋਅ, ਤਿਰੰਗਾ ਮੇਲੇ, ਤਿਰੰਗਾ ਰੱਖੜੀ ਬਣਾਉਣ ਦੀਆਂ ਵਰਕਸ਼ਾਪਾਂ, ਤਿਰੰਗਾ ਬੁਣਾਈ ਅਤੇ ਧਾਗੇ ਦੀਆਂ ਗਤੀਵਿਧੀਆਂ, ਸੈਲਫੀ ਪੁਆਇੰਟ, ਕਿਸ਼ਤੀ ਰੈਲੀਆਂ ਅਤੇ ਵਿਰਾਸਤ-ਅਧਾਰਿਤ ਪ੍ਰੋਗਰਾਮਾਂ ਸਮੇਤ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਵੇਗਾ।

ਵਿਸ਼ੇਸ਼ ਪਹਿਲਾਂ ਨਾਗਰਿਕਾਂ, ਖਾਸ ਕਰਕੇ ਨੌਜਵਾਨਾਂ ਨੂੰ ਹਥਿਆਰਬੰਦ ਬਲਾਂ ਅਤੇ ਪੁਲਿਸ ਦੇ ਕਰਮਚਾਰੀਆਂ ਨੂੰ ਰਾਸ਼ਟਰ ਪ੍ਰਤੀ ਉਨ੍ਹਾਂ ਦੀ ਸਮਰਪਿਤ ਸੇਵਾ ਲਈ ਆਭਾਰ ਵਿਅਕਤ ਕਰਨ ਵਾਲੇ ਪੱਤਰ ਲਿਖਣ ਲਈ ਵੀ ਉਤਸ਼ਾਹਿਤ ਕਰਨਗੀਆਂ। ਨਾਗਰਿਕਾਂ ਨੂੰ ਅਧਿਕਾਰਿਤ ਮੁਹਿੰਮ ਪੋਰਟਲਾਂ 'ਤੇ ਰਾਸ਼ਟਰੀ ਝੰਡੇ ਨਾਲ ਸੈਲਫੀ ਅਪਲੋਡ ਕਰਕੇ ਡਿਜੀਟਲ ਪਲੈਟਫਾਰਮਾਂ ਦੇ ਜ਼ਰੀਏ ਸਰਗਰਮੀ ਨਾਲ ਹਿੱਸਾ ਲੈਣ ਲਈ ਵੀ ਉਤਸ਼ਾਹਿਤ ਕੀਤਾ ਜਾਵੇਗਾ।

ਮੀਟਿੰਗ ਨੇ ਭਾਰਤ ਦੀ ਵੰਡ ਦੌਰਾਨ ਲੱਖਾਂ ਲੋਕਾਂ ਦੁਆਰਾ ਸਹਿਣ ਕੀਤੇ ਗਏ ਦਰਦ, ਕੁਰਬਾਨੀ, ਸਦਮੇ ਅਤੇ ਵਿਸਥਾਪਨ ਨੂੰ ਯਾਦ ਕਰਨ ਲਈ 14 ਅਗਸਤ, 2026 ਨੂੰ 'ਵਿਭਾਜਨ ਵਿਭੀਸ਼ਿਕਾ ਸਮ੍ਰਿਤੀ ਦਿਵਸ' ਮਨਾਉਣ ਦੇ ਪ੍ਰਬੰਧਾਂ ਦੀ ਵੀ ਸਮੀਖਿਆ ਕੀਤੀ। ਪ੍ਰਦਰਸ਼ਨੀਆਂ, ਦਸਤਾਵੇਜ਼ੀ ਸਕ੍ਰੀਨਿੰਗ, ਸਕੂਲੀ ਵਿਦਿਆਰਥੀਆਂ ਲਈ ਕਿਊਰੇਟਿਡ ਵਿਰਾਸਤੀ ਦੌਰੇ, ਵੰਡ ਤੋਂ ਪ੍ਰਭਾਵਿਤ ਪਰਿਵਾਰਾਂ ਦੁਆਰਾ ਅਨੁਭਵ ਸਾਂਝੇ ਕਰਨ ਦੇ ਸੈਸ਼ਨ, ਸੱਭਿਆਚਾਰਕ ਪੇਸ਼ਕਾਰੀਆਂ, ਮੋਮਬੱਤੀਆਂ ਦੀ ਰੋਸ਼ਨੀ ਵਿੱਚ ਸ਼ਰਧਾਂਜਲੀਆਂ ਅਤੇ ਮੌਨ ਮਾਰਚ ਸ਼ਹਿਰ ਭਰ ਵਿੱਚ ਆਯੋਜਿਤ ਕੀਤੇ ਜਾਣਗੇ। ਮੁੱਖ ਯਾਦਗਾਰੀ ਸਮਾਗਮ ਟੈਗੋਰ ਥੀਏਟਰ, ਚੰਡੀਗੜ੍ਹ ਵਿਖੇ ਹੋਵੇਗਾ।

ਮੀਟਿੰਗ ਵਿੱਚ ਸ੍ਰੀ ਮਨਦੀਪ ਸਿੰਘ ਬਰਾੜ, ਆਈਏਐੱਸ, ਗ੍ਰਹਿ ਸਕੱਤਰ; ਸ਼੍ਰੀ ਦੀਪਰਵਾ ਲਾਕੜਾ, ਆਈਏਐੱਸ, ਵਿੱਤ ਸਕੱਤਰ; ਸੁਸ਼੍ਰੀ ਪ੍ਰੇਰਣਾ ਪੁਰੀ, ਆਈਏਐੱਸ, ਸਕੱਤਰ ਸਿੱਖਿਆ; ਸ਼੍ਰੀ ਅਮਿਤ ਕੁਮਾਰ, ਆਈਏਐੱਸ, ਕਮਿਸ਼ਨਰ, ਨਗਰ ਨਿਗਮ ਚੰਡੀਗੜ੍ਹ; ਸ਼੍ਰੀ ਸਵਪਨਿਲ ਐੱਮ. ਨਾਇਕ, ਆਈਏਐੱਸ, ਸਕੱਤਰ ਪ੍ਰਾਹੁਣਾਚਾਰੀ; ਡਾ ਸਈਅਦ ਆਬਿਦ ਰਸ਼ੀਦ ਸ਼ਾਹ, ਆਈਏਐੱਸ, ਸਕੱਤਰ ਟੂਰਿਜ਼ਮ ਅਤੇ ਸੱਭਿਆਚਾਰ; ਸ਼੍ਰੀ ਹਰਪ੍ਰੀਤ ਸਿੰਘ ਸੂਦਨ, ਆਈਏਐੱਸ, ਸਕੱਤਰ, ਸਮਾਜ ਭਲਾਈ, ਇਸਤਰੀ ਅਤੇ ਬਾਲ ਵਿਕਾਸ; ਸ਼੍ਰੀ ਪ੍ਰਦੀਪ ਕੁਮਾਰ, ਆਈਏਐੱਸ, ਸਕੱਤਰ, ਪਸ਼ੂ ਪਾਲਣ ਅਤੇ ਮੱਛੀ ਪਾਲਣ; ਸ਼੍ਰੀ ਮੁਹੰਮਦ ਮਨਸੂਰ ਐੱਲ, ਆਈਏਐੱਸ, ਸਕੱਤਰ ਸਹਿਕਾਰਤਾ; ਸ਼੍ਰੀ ਡੀ. ਕਾਰਤੀਕੇਯਨ, ਆਈਏਐੱਸ, ਸਕੱਤਰ ਸੂਚਨਾ ਟੈਕਨੋਲੋਜੀ; ਸੁਸ਼੍ਰੀ ਕੰਵਰਦੀਪ ਕੌਰ, ਆਈਪੀਐੱਸ, ਸੀਨੀਅਰ ਪੁਲਿਸ ਸੁਪਰਡੈਂਟ ਸਹਿਤ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀ ਉਪਸਥਿਤ ਸਨ।

ਚੰਡੀਗੜ੍ਹ ਪ੍ਰਸ਼ਾਸਨ ਨੇ ਸਾਰੇ ਨਾਗਰਿਕਾਂ ਅਪੀਲ ਕੀਤੀ ਹੈ ਕਿ ਉਹ ਆਪਣੇ ਘਰਾਂ 'ਤੇ ਮਾਣ ਨਾਲ ਰਾਸ਼ਟਰੀ ਝੰਡਾ ਲਹਿਰਾ ਕੇ, ਸ਼ਹਿਰ ਭਰ ਵਿੱਚ ਆਯੋਜਿਤ ਦੇਸ਼ਭਗਤੀ, ਸੱਭਿਆਚਾਰਕ ਅਤੇ ਸਮੁਦਾਇਕ ਗਤੀਵਿਧੀਆਂ ਵਿੱਚ ਉਤਸ਼ਾਹਪੂਰਵਕ ਹਿੱਸਾ ਲੈ ਕੇ ਅਤੇ ਰਾਸ਼ਟਰ ਦੀ ਏਕਤਾ, ਸਦਭਾਵ, ਦੇਸ਼ਭਗਤੀ ਅਤੇ ਰਾਸ਼ਟਰੀ ਗੌਰਵ ਦੇ ਆਦਰਸ਼ਾਂ ਨੂੰ ਸਸ਼ਕਤ ਬਣਾਉਂਦੇ ਹੋਏ 'ਹਰ ਘਰ ਤਿਰੰਗਾ- ਵੰਦੇ ਮਾਤਰਮ ਦੇ 150 ਵਰ੍ਹੇ' ਮੁਹਿੰਮ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਸਰਗਰਮ ਯੋਗਦਾਨ ਦੇਣ।

# ਡਾਕੂਮੈਂਟਰੀ ਰਾਹੀਂ ਪਿੰਡ ਵਾਸੀਆਂ ਤੇ ਨੌਜਵਾਨਾਂ ਤੱਕ ਪਹੁੰਚਾਇਆ ਜਾ ਰਿਹਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਸੰਦੇਸ਼

ਜਲੰਧਰ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-



ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਜ਼ਿਲ੍ਹੇ ਦੇ ਪਿੰਡਾਂ ਵਿੱਚ ਗੁਰੂ ਜੀ ਦੇ ਜੀਵਨ, ਫਲਸਫੇ ਅਤੇ ਸਿੱਖਿਆਵਾਂ 'ਤੇ ਆਧਾਰਿਤ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਹੈ। ਬੀਤੀ ਸ਼ਾਮ ਡਾਕੂਮੈਂਟਰੀ ਵੈਨ ਜ਼ਿਲ੍ਹੇ ਦੇ ਪਿੰਡ ਪਦਿਆਣਾ, ਖਿਆਲਾ, ਬਜੂਹਾਂ ਕਲਾਂ, ਬਜੂਹਾਂ ਖੁਰਦ ਅਤੇ ਕਬੂਲਪੁਰ ਵਿਖੇ ਪਹੁੰਚੀ, ਜਿਥੇ ਐੱਲ.ਈ.ਡੀ. ਸਕਰੀਨਾਂ 'ਤੇ ਵਿਸ਼ੇਸ਼ ਦਸਤਾਵੇਜ਼ੀ ਫਿਲਮ ਰਾਹੀਂ ਵੱਡੀ ਗਿਣਤੀ ਪਿੰਡ ਵਾਸੀਆਂ ਅਤੇ ਨੌਜਵਾਨਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਸਰਬ ਸਾਂਝੀਵਾਲਤਾ, ਸਮਾਨਤਾ, ਮਨੁੱਖਤਾ ਦੀ ਭਲਾਈ, ਸੱਚ ਅਤੇ ਭਾਈਚਾਰੇ ਦੇ ਸੰਦੇਸ਼ ਤੋਂ ਜਾਣੂ ਕਰਵਾਇਆ ਗਿਆ।

ਦਸਤਾਵੇਜ਼ੀ ਫਿਲਮ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸਮਾਜਿਕ ਸੁਧਾਰਾਂ ਲਈ ਉਨ੍ਹਾਂ ਦੇ ਯੋਗਦਾਨ, ਮਨੁੱਖੀ ਕਦਰਾਂ-ਕੀਮਤਾਂ ਨੂੰ ਅਪਣਾਉਣ, ਸਮਾਜਿਕ ਬਰਾਬਰੀ, ਸੇਵਾ ਅਤੇ ਮਿਹਨਤ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ ਹੈ।

ਇਸ ਮੌਕੇ ਪਿੰਡ ਵਾਸੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਮਹਾਨ ਸਿੱਖਿਆਵਾਂ ਅਤੇ ਉਪਦੇਸ਼ਾਂ ਨੂੰ ਆਮ ਲੋਕਾਂ, ਖਾਸ ਕਰ ਨੌਜਵਾਨਾਂ ਤੱਕ ਪਹੁੰਚਾਉਣ ਲਈ ਕੀਤਾ ਜਾ ਰਿਹਾ ਇਹ ਉੱਦਮ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਗੁਰੂ ਜੀ ਦੀ ਬਾਣੀ ਅੱਜ ਵੀ ਕੁੱਲ ਲੋਕਾਈ ਦਾ ਮਾਰਗਦਰਸ਼ਨ ਕਰਦੀ ਹੈ, ਜਿਸ ਨਾਲ ਸਮਾਜ ਵਿੱਚ ਸਮਾਨਤਾ, ਭਾਈਚਾਰੇ ਅਤੇ ਮਨੁੱਖਤਾ ਦੇ ਮੁੱਲਾਂ ਨੂੰ ਹੋਰ ਮਜ਼ਬੂਤੀ ਮਿਲੇਗੀ।

## ਸੰਪਾਦਕੀ

# ਕਾਪੀਰਾਈਟ ਦੀ ਜਿੱਤ

ਮਸਨੂਈ ਬੁੱਧੀ ਦੇ ਖੇਤਰ ਦੀ ਮੋਹਰੀ ਕੰਪਨੀ 'ਐਨਥ੍ਰੋਪਿਕ' ਵੱਲੋਂ ਲੇਖਕਾਂ ਅਤੇ ਪ੍ਰਕਾਸ਼ਕਾਂ ਨੂੰ 1.5 ਅਰਬ ਡਾਲਰ (ਲਗਪਗ 150 ਕਰੋੜ ਰੁਪਏ) ਦਾ ਹਰਜਾਨਾ ਦੇਣ ਦੀ ਪੇਸ਼ਕਸ਼, ਲੇਖਕੀ ਹੱਕਾਂ (ਕਾਪੀਰਾਈਟ) ਦੇ ਹੱਕਦਾਰਾਂ ਲਈ ਇੱਕ ਵੱਡਾ ਮੋੜ ਸਾਬਤ ਹੋ ਰਹੀ ਹੈ। ਲੇਖਕਾਂ ਦਾ ਦੋਸ਼ ਸੀ ਕਿ ਕੰਪਨੀ ਨੇ ਆਪਣੇ ਏ ਆਈ ਮਾਡਲਾਂ ਨੂੰ ਸਿਖਲਾਈ ਦੇਣ ਲਈ ਉਨ੍ਹਾਂ ਦੀਆਂ ਲਿਖਤਾਂ ਚੋਰੀ-ਛਿਪੇ ਵਰਤੀਆਂ ਹਨ। ਅਦਾਲਤ ਨੇ ਆਪਣੇ ਫ਼ੈਸਲੇ ਵਿੱਚ ਮੰਨਿਆ ਹੈ ਕਿ ਐਨਥ੍ਰੋਪਿਕ ਨੇ ਕਾਪੀਰਾਈਟ ਵਾਲੀਆਂ ਲੱਖਾਂ ਕਿਤਾਬਾਂ ਗ਼ੈਰ-ਕਾਨੂੰਨੀ ਢੰਗ ਨਾਲ ਡਾਊਨਲੋਡ ਅਤੇ ਸਟੋਰ ਕੀਤੀਆਂ ਸਨ। ਇਸੇ ਕਰਕੇ ਇਹ ਸਮਝੌਤਾ ਅਮਰੀਕੀ ਕਾਪੀਰਾਈਟ ਦੇ ਇਤਿਹਾਸ ਵਿੱਚ ਮਾਲੀ ਹਰਜਾਨੇ ਦਾ ਸਭ ਤੋਂ ਵੱਡਾ ਮਾਮਲਾ ਬਣ ਕੇ ਸਾਹਮਣੇ ਆਇਆ ਹੈ। ਇਸ ਨੂੰ ਏ ਆਈ ਇੰਡਸਟਰੀ ਲਈ 'ਨੈਪਸਟਰ ਵਰਗੀ ਇਤਿਹਾਸਕ ਘਟਨਾ' ਮੰਨਿਆ ਜਾ ਰਿਹਾ ਹੈ। ਸਾਲ 2000 ਦੇ ਸ਼ੁਰੂਆਤੀ ਸਮੇਂ ਅਦਾਲਤਾਂ ਨੇ ਨੈਪਸਟਰ ਅਤੇ ਗ੍ਰੋਕਸਟਰ ਵਰਗੀਆਂ ਫਾਈਲ-ਸ਼ੇਅਰਿੰਗ ਕੰਪਨੀਆਂ ਨੂੰ ਕਾਪੀਰਾਈਟ ਦੀ ਉਲੰਘਣਾ ਦਾ ਦੋਸ਼ੀ ਠਹਿਰਾਇਆ ਸੀ, ਕਿਉਂਕਿ ਉਹ ਲੋਕਾਂ ਨੂੰ ਇੰਟਰਨੈੱਟ 'ਤੇ ਮੁਫ਼ਤ ਵਿੱਚ ਗਾਣੇ, ਫ਼ਿਲਮਾਂ ਅਤੇ ਹੋਰ ਰਚਨਾਵਾਂ ਵੰਡਣ ਦਾ ਜ਼ਰੀਆ ਬਣ ਰਹੀਆਂ ਸਨ। ਆਸ ਕੀਤੀ ਜਾਂਦੀ ਹੈ ਕਿ ਮੂਲ ਰਚਨਾਕਾਰਾਂ ਦੀ ਮਿਹਨਤ ਦਾ ਯੋਗ ਮੁੱਲ ਤਾਰਨ ਵਾਲੇ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਦੇ ਇਸ ਰਾਹ ਤੋਂ ਹੁਣ ਪਿੱਛੇ ਨਹੀਂ ਹਟਿਆ ਜਾਵੇਗਾ। ਏ ਆਈ ਸੰਦਾਂ ਨੂੰ ਸਿਖਲਾਈ ਦੇਣ ਲਈ ਇੰਟਰਨੈੱਟ 'ਤੇ ਮੌਜੂਦ ਵਿਸ਼ਾਲ ਡੇਟਾ ਦੀ ਵਰਤੋਂ ਕੀਤੀ ਜਾਂਦੀ ਹੈ, ਜਿਸ ਵਿੱਚ ਕਾਪੀਰਾਈਟ ਦੇ ਘੇਰੇ ਵਿੱਚ ਆਉਂਦੇ ਨਾਵਲ ਅਤੇ ਖ਼ਬਰਾਂ ਵਰਗੀਆਂ ਰਚਨਾਵਾਂ ਵੀ ਸ਼ਾਮਲ ਹਨ। ਸਿਰਜਣਾਤਮਕ ਖੇਤਰ ਨਾਲ ਜੁੜੇ ਲੋਕ ਵੀ ਲਗਾਤਾਰ ਇਹ ਮੰਗ ਕਰਦੇ ਆ ਰਹੇ ਹਨ ਕਿ ਏ ਆਈ ਕੰਪਨੀਆਂ ਉਨ੍ਹਾਂ ਦੀਆਂ ਲਿਖਤਾਂ ਵਰਤਣ ਤੋਂ ਪਹਿਲਾਂ ਇਜਾਜ਼ਤ ਲੈਣ ਜਾਂ ਉਨ੍ਹਾਂ ਨੂੰ ਬਣਦਾ ਮਿਹਨਤਾਨਾ ਦੇਣ। ਹੋਰ ਵੱਡੀਆਂ ਟੈਕਨਾਲੋਜੀ ਕੰਪਨੀਆਂ ਵੀ ਕਾਪੀਰਾਈਟ ਦੇ ਉਲੰਘਣ ਦੇ ਅਜਿਹੇ ਹੀ ਅਦਾਲਤੀ ਮਾਮਲਿਆਂ ਦਾ ਸਾਹਮਣਾ ਕਰ ਰਹੀਆਂ ਹਨ। ਪਰ ਕਲਾਊਡ ਚੈਟਬੌਟ ਬਣਾਉਣ ਵਾਲੀ ਐਨਥ੍ਰੋਪਿਕ ਕੰਪਨੀ ਹਮੇਸ਼ਾ ਤੋਂ ਹੀ ਆਪਣੇ ਆਪ ਨੂੰ ਨੈਤਿਕਤਾ ਦੇ ਨਿਯਮਾਂ 'ਤੇ ਚੱਲਣ ਵਾਲੇ ਇੱਕ ਵਧੀਆ ਵਿਕਲਪ ਵਜੋਂ ਪੇਸ਼ ਕਰਦੀ ਆਈ ਹੈ। ਹਰਜਾਨਾ ਭਰਨ ਦੇ ਇਸ ਫ਼ੈਸਲੇ ਨੇ ਬਾਕੀ ਕੰਪਨੀਆਂ ਨੂੰ ਵੀ ਸਪੱਸ਼ਟ ਸੁਨੇਹਾ ਦਿੱਤਾ ਹੈ ਕਿ ਉਹ ਇਸ ਰਾਹ 'ਤੇ ਚੱਲਦਿਆਂ ਲੇਖਕੀ ਹੱਕਾਂ ਦਾ ਸਤਿਕਾਰ ਕਰਨ। ਜਿਸ ਵੇਲੇ ਪ੍ਰਕਾਸ਼ਨ ਜਗਤ ਅਤੇ ਖ਼ਬਰਾਂ ਵੰਡਣ ਵਾਲੇ ਅਦਾਰੇ ਏ ਆਈ ਕੰਪਨੀਆਂ ਨਾਲ ਲਾਇਸੈਂਸਿੰਗ ਸਮਝੌਤੇ ਕਰਨ ਲਈ ਲਾਈਨਾਂ ਲਾ ਕੇ ਖੜ੍ਹੇ ਹਨ, ਅਜਿਹੇ ਸਮੇਂ 'ਚ ਇਹ ਰਾਜ਼ੀਨਾਮਾ ਇੱਕ ਸਾਕਾਰਾਤਮਕ ਅਤੇ ਚੰਗੀ ਦਿਸ਼ਾ ਵੱਲ ਇਸ਼ਾਰਾ ਕਰਦਾ ਹੈ। ਸੁਰੱਖਿਆ ਦੇ ਲਿਹਾਜ਼ ਨਾਲ ਜੇਕਰ ਏ ਆਈ ਦੀਆਂ ਵਧਦੀਆਂ ਤਾਕਤਾਂ ਦੇ ਖ਼ਤਰਿਆਂ ਬਾਰੇ ਕਿਸੇ ਪੁਸ਼ਟੀ ਦੀ ਲੋੜ ਸੀ ਤਾਂ ਉਹ ਪਰਦਾ ਵੀ 'ਓਪਨ-ਏ ਆਈ' ਨੇ ਖ਼ੁਦ ਹੀ ਲਾਹ ਦਿੱਤਾ ਹੈ। ਇਸ ਚੋਟੀ ਦੀ ਡਿਵੈਲਪਰ ਕੰਪਨੀ ਦੇ ਆਧੁਨਿਕ ਮਾਡਲਾਂ ਨਾਲ ਚੱਲਣ ਵਾਲੇ ਇੱਕ ਸਵੈ-ਚਾਲਿਤ ਏਜੰਟ ਨੇ ਇੱਕ ਹੈਕਿੰਗ ਨੂੰ ਅੰਜਾਮ ਦਿੱਤਾ, ਜਿਸ ਨੇ ਇੱਕ ਸਟਾਰਟਅੱਪ ਦੇ ਪੂਰੇ ਸੁਰੱਖਿਆ ਢਾਂਚੇ ਵਿੱਚ ਸੰਨ੍ਹ ਲਾ ਦਿੱਤੀ। ਇਸ ਖ਼ੁਲਾਸੇ ਨੇ ਲੋਕਾਂ ਦੀ ਚਿੰਤਾ ਹੋਰ ਵਧਾ ਦਿੱਤੀ ਹੈ ਕਿ ਪੂਰੀ ਤਰ੍ਹਾਂ ਸੁਰੱਖਿਅਤ ਰੱਖਿਆ ਗਿਆ ਘੇਰਾ ਵੀ ਇਸ ਸੰਨ੍ਹ ਨੂੰ ਰੋਕ ਨਹੀਂ ਸਕਿਆ। ਹਾਲਾਂਕਿ ਏ ਆਈ ਸੁਰੱਖਿਆ ਖ਼ਾਮੀਆਂ ਨੂੰ ਠੀਕ ਕਰਨ ਵਿੱਚ ਮਦਦ ਕਰ ਸਕਦੀ ਹੈ ਪਰ ਇਸ ਦੀਆਂ ਇਹੋ ਤਾਕਤਾਂ ਉਨ੍ਹਾਂ ਖ਼ਾਮੀਆਂ ਦਾ ਨਜਾਇਜ਼ ਫ਼ਾਇਦਾ ਉਠਾਉਣ ਲਈ ਵੀ ਵਰਤੀਆਂ ਜਾ ਸਕਦੀਆਂ ਹਨ।

## ਐਸਆਈਆਰ ਗਣਨਾ ਫਾਰਮ ਅਪਣੇ ਬੀਐਲਓ ਨੂੰ 3 ਅਗੱਸਤ ਤੱਕ ਜਮਾਂ ਕਰਾਉਣ ਦੀ ਕੀਤੀ ਅਪੀਲ



ਫਾਜ਼ਿਲਕਾ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਤੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਫ਼ਾਜ਼ਿਲਕਾ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਦੀ ਅਗਵਾਈ ਹੇਠ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.)-2026 ਮੁਹਿੰਮ ਨੂੰ ਲੈ ਕੇ ਉਪ ਮੰਡਲ ਮੈਜਿਸਟ੍ਰੇਟ ਸ. ਜੁਗਰਾਜ ਸਿੰਘ ਕਾਹਲੋਂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਧਾਨ ਸਭਾ ਹਲਕਾ 80- ਫਾਜ਼ਿਲਕਾ 'ਚ ਵੋਟਰ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਹੈ।

ਇਸ ਮੁਹਿੰਮ ਤਹਿਤ ਫਾਜ਼ਿਲਕਾ 80 ਸਵੀਪ ਟੀਮ ਦੇ ਨੋਡਲ ਅਫ਼ਸਰ ਸਤਿੰਦਰ ਬੱਤਰਾ ਨੇ ਆਪਣੀ ਟੀਮ ਸਮੇਤ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਕੌੜਿਆਂ ਵਾਲੀ ਜਾ ਕੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਐਸ. ਆਈ. ਆਰ. ਫਾਰਮ ਭਰਨ ਦਾ ਸੁਨੇਹਾ ਦਿੱਤਾ। ਉਹਨਾਂ ਦੇ ਪ੍ਰਸ਼ਨਾਂ ਦੇ ਉੱਤਰ ਇਸ ਸਬੰਧ ਵਿੱਚ ਦਿੱਤੇ ਅਤੇ ਐਸ.ਆਈ.ਆਰ.-2026 ਦੀ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

ਨੋਡਲ ਅਫ਼ਸਰ ਸਤਿੰਦਰ ਬੱਤਰਾ ਨੇ ਦੱਸਿਆ ਕਿ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓ.) ਵੱਲੋਂ ਹਰ ਘਰ ਜਾ ਕੇ ਵੋਟਰਾਂ ਦੀ ਸਵੈ-ਤਸਦੀਕ ਲਈ ਗਣਨਾ ਫਾਰਮ ਵੰਡੇ ਜਾ ਚੁੱਕੇ ਹਨ। ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਫਾਰਮ ਵਿੱਚ ਸਹੀ ਜਾਣਕਾਰੀ ਭਰ ਕੇ ਹਰ ਹਾਲਤ ਵਿੱਚ ਅਪਣੇ ਬੀ.ਐਲ.ਓ. ਕੋਲ 3 ਅਗਸਤ ਤੋਂ ਪਹਿਲਾਂ ਜਮ੍ਹਾਂ ਕਰਵਾਉਣ ਤਾਂਕਿ ਸਾਡੀ ਸ਼ੁੱਧ ਅਤੇ ਸਾਫ਼ ਸੁਥਰੀ ਵੋਟਰ ਸੂਚੀ ਤਿਆਰ ਹੋ ਸਕੇ।

ਉਨ੍ਹਾਂ ਇਸ ਅਭਿਆਨ ਦੇ ਪੂਰੇ ਸ਼ਡਿਊਲ ਪ੍ਰੋਗਰਾਮ ਬਾਰੇ ਜਾਣਕਾਰੀ ਦਿੱਤੀ ਗਈ।

## ਸੁਣਨ ਤੋਂ ਅਸਮਰੱਥ ਲੋੜਵੰਦਾਂ ਲਈ ਰੈੱਡ ਕਰਾਸ ਲਗਾਏਗਾ ਮੁਫ਼ਤ ਹੇਅਰਿੰਗ ਐਂਡ ਵੰਡ ਮੈਗਾ ਕੈਂਪ

ਹੁਸ਼ਿਆਰਪੁਰ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਜ਼ਿਲ੍ਹਾ ਰੈੱਡ ਕ੍ਰਾਸ ਸੁਸਾਇਟੀ ਵੱਲੋਂ ਐਲਿਮਕੋ ਮੋਹਾਲੀ ਦੇ ਸਹਿਯੋਗ ਨਾਲ ਸੁਣਨ ਤੋਂ ਅਸਮਰੱਥ ਲੋੜਵੰਦ ਵਿਅਕਤੀਆਂ ਲਈ ਮੁਫ਼ਤ ਸੁਣਨ ਵਾਲੀਆਂ ਮਸ਼ੀਨਾਂ (ਹੇਅਰਿੰਗ ਏਡ) ਵੰਡਣ ਲਈ ਇੱਕ ਮੇਗਾ ਕੈਂਪ ਲਗਾਇਆ ਜਾ ਰਿਹਾ ਹੈ। ਇਸ ਕੈਂਪ ਰਾਹੀਂ ਸੁਣਨ ਦੀ ਸਮਰੱਥਾ ਘੱਟ ਹੋਣ ਕਾਰਨ ਰੋਜ਼ਾਨਾ ਜੀਵਨ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਯੋਗ ਲਾਭਪਾਤਰੀਆਂ ਨੂੰ ਮੁਫ਼ਤ ਹੇਅਰਿੰਗ ਏਡ ਮੁਹੱਈਆ ਕਰਵਾਏ ਜਾਣਗੇ।

ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਮੰਗੇਸ਼ ਸੂਦ ਨੇ ਦੱਸਿਆ ਕਿ ਇਸ ਕੈਂਪ ਦਾ ਲਾਭ ਲੈਣ ਦੇ ਚਾਹਵਾਨ ਅਤੇ ਯੋਗ ਲਾਭਪਾਤਰੀ ਕਿਸੇ ਵੀ ਕਾਰਜ ਦਿਵਸ ਦੌਰਾਨ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਜ਼ਿਲ੍ਹਾ ਰੈੱਡ ਕਰਾਸ ਦਫ਼ਤਰ ਪਹੁੰਚ ਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਇਸ ਤੋਂ ਇਲਾਵਾ ਇੱਛੁਕ ਵਿਅਕਤੀ ਮੋਬਾਈਲ ਨੰਬਰ 81462-41296 'ਤੇ ਸੰਪਰਕ ਕਰਕੇ ਵੀ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਰਜਿਸਟ੍ਰੇਸ਼ਨ ਦੀ ਆਖਰੀ ਮਿਤੀ 1 ਅਗਸਤ 2026 ਨਿਰਧਾਰਤ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਅਰਜ਼ੀ ਦੇ ਨਾਲ ਲਾਭਪਾਤਰੀ ਲਈ ਆਪਣਾ ਆਧਾਰ ਕਾਰਡ ਜਮ੍ਹਾਂ ਕਰਵਾਉਣਾ ਲਾਜ਼ਮੀ ਹੋਵੇਗਾ। ਜੇਕਰ ਕਿਸੇ ਬਿਨੈਕਾਰ ਕੋਲ ਸੁਣਨ ਸਬੰਧੀ ਕੋਈ ਨਵਾਂ ਮੈਡੀਕਲ ਸਰਟੀਫਿਕੇਟ ਉਪਲਬੱਧ ਹੈ ਤਾਂ ਉਹ ਵੀ ਅਰਜ਼ੀ ਦੇ ਨਾਲ ਜਮ੍ਹਾਂ ਕਰਵਾਇਆ ਜਾ ਸਕਦਾ ਹੈ।

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ, ਸਮਾਜਿਕ ਸੰਸਥਾਵਾਂ, ਸਵੈ-ਸੇਵੀ ਸੰਸਥਾਵਾਂ ਅਤੇ ਗ੍ਰਾਮ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਲੋਕ-ਭਲਾਈ ਕੈਂਪ ਦੀ ਜਾਣਕਾਰੀ ਆਪਣੇ ਆਲੇ-ਦੁਆਲੇ ਰਹਿੰਦੇ ਗਰੀਬ, ਲੋੜਵੰਦ ਅਤੇ ਦਿਵਿਆਂਗ ਵਿਅਕਤੀਆਂ ਤੱਕ ਜ਼ਰੂਰ ਪਹੁੰਚਾਉਣ, ਤਾਂ ਜੋ ਵੱਧ ਤੋਂ ਵੱਧ ਯੋਗ ਵਿਅਕਤੀ ਇਸ ਸਹੂਲਤ ਦਾ ਲਾਭ ਲੈ ਸਕਣ। ਉਨ੍ਹਾਂ ਕਿਹਾ ਕਿ ਰੈੱਡ ਕ੍ਰਾਸ ਦਾ ਉਦੇਸ਼ ਹਰ ਅਸਲ ਲੋੜਵੰਦ ਤੱਕ ਸਹਾਇਤਾ ਪਹੁੰਚਾਉਣਾ ਹੈ। ਇਸ ਲਈ ਸਾਰੇ ਯੋਗ ਵਿਅਕਤੀ ਸਮੇਂ ਸਿਰ ਆਪਣੀ ਰਜਿਸਟ੍ਰੇਸ਼ਨ ਕਰਵਾ ਕੇ ਇਸ ਵਿਸ਼ੇਸ਼ ਪਹਿਲ ਦਾ ਲਾਭ ਜ਼ਰੂਰ ਉਠਾਉਣ।

## ਨੀਤੀ ਤਾਰਾ ਟ੍ਰੇਨਿੰਗ ਟੂਲਕਿੱਟ ਰਾਹੀਂ ਐਸਪੀਰੇਸ਼ਨਲ ਬਲਾਕਾਂ ਦੇ ਡਾਟਾ ਵਿਸ਼ਲੇਸ਼ਣ ਅਤੇ ਸਮੀਖਿਆ ਲਈ ਸਮਰੱਥਾ ਨਿਰਮਾਣ ਟ੍ਰੇਨਿੰਗ ਕਰਵਾਈ



ਗੁਰਦਾਸਪੁਰ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤ ਸਰਕਾਰ ਦੇ ਐਸਪੀਰੇਸ਼ਨਲ ਬਲਾਕ ਪ੍ਰੋਗਰਾਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਅਤੇ ਵਿਕਾਸ ਸੂਚਕਾ ਵਿੱਚ ਗੁਣਾਤਮਕ ਸੁਧਾਰ ਲਿਆਉਣ ਦੇ ਉਦੇਸ਼ ਨਾਲ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨੀਤੀ ਤਾਰਾ ਟ੍ਰੇਨਿੰਗ ਟੂਲਕਿੱਟ ਸਬੰਧੀ ਇੱਕ ਵਿਸ਼ੇਸ਼ ਸਮਰੱਥਾ ਨਿਰਮਾਣ ਟ੍ਰੇਨਿੰਗ ਕਰਵਾਈ ਗਈ।

ਇਸ ਟ੍ਰੇਨਿੰਗ ਵਿੱਚ ਐਸਪੀਰੇਸ਼ਨਲ ਬਲਾਕ ਡੇਰਾ ਬਾਬਾ ਨਾਨਕ ਅਤੇ ਕਲਾਨੌਰ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਭਾਗ ਲਿਆ। ਟ੍ਰੇਨਿੰਗ ਦੌਰਾਨ ਭਾਗੀਦਾਰਾਂ ਨੂੰ ਨੀਤੀ ਤਾਰਾ ਟੂਲਕਿੱਟ ਦੀ ਵਰਤੋਂ ਕਰਕੇ ਸਿਹਤ, ਸਿੱਖਿਆ, ਪੋਸ਼ਣ, ਖੇਤੀਬਾੜੀ, ਬੁਨਿਆਦੀ ਢਾਂਚੇ ਅਤੇ ਹੋਰ ਵਿਕਾਸ ਸੂਚਕਾਂ ਦੇ ਡਾਟਾ ਦਾ ਵਿਸ਼ਲੇਸ਼ਣ ਕਰਨ, ਕਾਰਗੁਜ਼ਾਰੀ ਵਿੱਚ ਮੌਜੂਦ ਕਮੀਆਂ ਦੀ ਪਛਾਣ ਕਰਨ ਅਤੇ ਡਾਟਾ ਆਧਾਰਿਤ ਕਾਰਜ ਯੋਜਨਾਵਾਂ ਤਿਆਰ ਕਰਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਡੇਰਾ ਬਾਬਾ ਨਾਨਕ ਅਤੇ ਕਲਾਨੌਰ ਐਸਪੀਰੇਸ਼ਨਲ ਬਲਾਕਾਂ ਦੇ ਅਧਿਕਾਰੀਆਂ ਨੇ ਵੀ ਆਪਣੇ-ਆਪਣੇ ਸੈਕਟਰਾਂ ਨਾਲ ਸੰਬੰਧਿਤ ਡਾਟਾ ਦੀ ਸਮੀਖਿਆ ਕੀਤੀ ਅਤੇ ਕਾਰਗੁਜ਼ਾਰੀ ਵਿੱਚ ਹੋਰ ਸੁਧਾਰ ਲਿਆਉਣ ਲਈ ਵਿਭਾਗੀ ਕਾਰਜ ਯੋਜਨਾਵਾਂ ਤਿਆਰ ਕਰਨ ਦਾ ਸੰਕਲਪ ਲਿਆ।

ਇਹ ਟ੍ਰੇਨਿੰਗ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਐਸਪੀਰੇਸ਼ਨਲ ਬਲਾਕਾਂ ਵਿੱਚ ਡਾਟਾ ਆਧਾਰਿਤ ਫੈਸਲਾ ਪ੍ਰਣਾਲੀ ਨੂੰ ਮਜ਼ਬੂਤ ਕਰਨ, ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ ਸਥਾਪਿਤ ਕਰਨ ਅਤੇ ਵਿਕਾਸ ਸੂਚਕਾਂ ਵਿੱਚ ਤੇਜ਼ੀ ਨਾਲ ਸੁਧਾਰ ਲਿਆਉਣ ਵੱਲ ਇੱਕ ਮਹੱਤਵਪੂਰਨ ਪਹਿਲ ਸਾਬਤ ਹੋਵੇਗੀ।

## ਭਾਸ਼ਾ ਵਿਭਾਗ ਵੱਲੋਂ ਡਾ. ਮਹਿੰਦਰ ਸਿੰਘ ਰੰਧਾਵਾ ਦੀ ਸਾਹਿਤ ਤੇ ਲੋਕਧਾਰਾ ਨੂੰ ਦੇਣ ਦੀ ਯਾਦ ਵਿੱਚ ਕਵੀ ਦਰਬਾਰ



ਹੁਸ਼ਿਆਰਪੁਰ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਭਾਸ਼ਾ ਵਿਭਾਗ, ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਵੱਲੋਂ ਸਾਹਿਤ ਸਭਾ ਦਸੂਹਾ ਗੜ੍ਹਦੀਵਾਲਾ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਹੁਸ਼ਿਆਰਪੁਰ ਦੇ ਸਹਿਯੋਗ ਨਾਲ਼ ਡਾ. ਐੱਮ.ਐੱਸ. ਰੰਧਾਵਾ ਫਲ ਖੋਜ ਕੇਂਦਰ ਗੰਗੀਆਂ ਦਸੂਹਾ ਵਿਖੇ ਡਾ. ਮਹਿੰਦਰ ਸਿੰਘ ਰੰਧਾਵਾ ਦੀ ਪੰਜਾਬੀ ਸਾਹਿਤ ਅਤੇ ਲੋਕਧਾਰਾ ਨੂੰ ਦੇਣ ਦੀ ਯਾਦ ਵਿੱਚ ਕਵੀ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਬਤੌਰ ਮੁੱਖ ਮਹਿਮਾਨ ਪ੍ਰੋ. ਸੁਰਜੀਤ ਜੱਜ, ਵਿਸ਼ੇਸ਼ ਮਹਿਮਾਨ ਜਸਬੀਰ ਸਿੰਘ ਧੀਮਾਨ ਅਤੇ ਪ੍ਰਧਾਨਗੀ ਪ੍ਰੋ. ਬਲਦੇਵ ਸਿੰਘ ਬੱਲੀ ਨੇ ਕੀਤੀ।ਜੀ ਆਇਆਂ ਸ਼ਬਦ ਆਖਦਿਆਂ ਪ੍ਰੋ. ਬਲਦੇਵ ਸਿੰਘ ਬੱਲੀ ਨੇ ਹੁਸ਼ਿਆਰਪੁਰ ਦੇ ਪਿੰਡ ਬੋਦਲ ਨੂੰ ਭਾਗ ਲਾਉਣ ਵਾਲੇ ਡਾ. ਰੰਧਾਵਾ ਦੇ ਪਿਛੋਕੜ ਨੂੰ ਸਾਹਿਤ ਅਤੇ ਸਮਾਜ ਨਾਲ਼ ਜੋੜ ਕੇ ਮਾਰਮਿਕ ਗੱਲਾਂ ਕੀਤੀਆਂ। ਭਾਸ਼ਾ ਵਿਭਾਗ ਦੀਆਂ ਗਤੀਵਿਧੀਆਂ ਸਾਂਝੀਆਂ ਕਰਦਿਆਂ ਡਾ. ਜਸਵੰਤ ਰਾਏ ਖੋਜ ਅਫ਼ਸਰ ਨੇ ਡਾ. ਰੰਧਾਵਾ ਦੀ ਸਾਹਿਤ ਅਤੇ ਲੋਕਧਾਰਾ ਨੂੰ ਦੇਣ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਕਾਂਗੜੇ ਦੀ ਕਲਾ ਤੇ ਲੋਕ ਗੀਤ, ਪੰਜਾਬ ਦੇ ਲੋਕ ਗੀਤ, ਭਾਰਤੀ ਖੇਤੀ ਦਾ ਇਤਿਹਾਸ ਚਾਰ ਜਿਲਦਾਂ ਵਿੱਚ, ਸਾਇੰਸ ਨਾਲ਼ ਸੰਬੰਧਿਤ ਕਿਤਾਬਾਂ, ਪੰਜਾਬ ਨਾਂ ਦੀ ਸਦਾ ਬਹਾਰ ਕਿਤਾਬ, ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ, ਚੰਡੀਗੜ੍ਹ ਤੇ ਰੋਜ਼ ਗਾਰਡਨ ਦੀ ਸਥਾਪਨਾ ਪਿੱਛੇ ਡਾ. ਰੰਧਾਵਾ ਦਾ ਬਹੁਤ ਵੱਡਾ ਯੋਗਦਾਨ ਹੈ। ਉਸ ਨੇ ਇੱਕ ਤਰ੍ਹਾਂ ਪੰਜਾਬੀ ਭਾਸ਼ਾ, ਸਭਿਆਚਾਰ ਅਤੇ ਵਿਰਸੇ ਦੀ ਪੰਜਾਬ ਵਿੱਚ ਜੜ੍ਹ ਨੂੰ ਹੋਰ ਡੂੰਘੇਰਾ ਕੀਤਾ।

ਇਸ ਚਰਚਾ ਨੂੰ ਪ੍ਰੋ. ਕੇਵਲ ਕਲੋਟੀ, ਪ੍ਰੋ. ਸ਼ਾਮ ਸਿੰਘ, ਪ੍ਰੋ. ਸੁਰਜੀਤ ਜੱਜ, ਜਸਬੀਰ ਸਿੰਘ ਧੀਮਾਨ ਦੀਆਂ ਸਾਹਿਤਕ ਟਿੱਪਣੀਆਂ ਨੇ ਚਰਮ ਸੀਮਾ 'ਤੇ ਪਹੁੰਚਾ ਦਿੱਤਾ।ਉਪਰੰਤ ਤ੍ਰੈ-ਮਾਸਿਕ ਮੈਗਜ਼ੀਨ 'ਚਿਰਾਗ਼' ਦਾ ਵਿਸ਼ੇਸ਼ ਅੰਕ 131-132, ਅਪ੍ਰੈਲ-ਸਤੰਬਰ, 2026 ਲੋਕ ਅਰਪਣ ਕੀਤਾ ਗਿਆ। ਇਸ ਤੋਂ ਬਾਅਦ ਕਰਵਾਏ ਗਏ ਕਵੀ ਦਰਬਾਰ ਵਿੱਚ ਡਾ. ਸ਼ਮਸ਼ੇਰ ਮੋਹੀ ਨਵਤੇਜ ਗੜ੍ਹਦੀਵਾਲਾ, ਮਨਜੀਤ ਕੈਫ਼ੀ, ਡਾ. ਨਰੰਜਨ, ਪ੍ਰੋ. ਮਲਕੀਤ ਜੌੜਾ, ਡਾ. ਅਰਮਨਪ੍ਰੀਤ ਸਿੰਘ, ਹਰਪਾਲ ਸਿੰਘ, ਦਿਲਪ੍ਰੀਤ ਕਾਹਲੋਂ, ਤਰਸੇਮ ਸਿੰਘ, ਡਾ. ਸਰਬਜੋਤ ਸਿੰਘ, ਹਰਸ਼ਵਿੰਦਰ ਕੌਰ, ਡਾ. ਸੋਨੀਆ ਦੇਵੀ, ਰਜਿੰਦਰ ਸਿੰਘ ਢੱਡਾ, ਨਵਜੋਤ ਸਿੰਘ ਰਾਜੂ, ਅਵਤਾਰ ਸਿੰਘ, ਇੰਦਰਜੀਤ ਕਾਜਲ ਨੇ ਤਰੰਨੁਮ ਵਿੱਚ ਨਜ਼ਮਾਂ ਸੁਣਾ ਕੇ ਰੰਧਾਵਾ ਫਲ ਖੋਜ ਕੇਂਦਰ ਦੇ ਅੰਬਾਂ ਦੇ ਬਾਗਾਂ ਨੂੰ ਹੋਰ ਮਹਿਕਾ ਦਿੱਤਾ। ਭਾਸ਼ਾ ਵਿਭਾਗ ਵੱਲੋਂ ਮਹਿਮਾਨਾਂ ਪ੍ਰੋ. ਸੁਰਜੀਤ ਜੱਜ, ਜਸਬੀਰ ਸਿੰਘ ਧੀਮਾਨ ਤੇ ਪ੍ਰੋ. ਬਲਦੇਵ ਸਿੰਘ ਬੱਲੀ ਦਾ ਭਾਸ਼ਾ ਵਿਭਾਗ ਦੀਆਂ ਲੋਈਆਂ ਤੇ ਪੁਸਤਕਾਂ ਅਤੇ ਕਵੀਆਂ ਦਾ ਪੁਸਤਕਾਂ ਦੇ ਸੈੱਟਾਂ ਨਾਲ਼ ਸਨਮਾਨਿਤ ਕੀਤਾ। ਫਲ ਖੋਜ ਕੇਂਦਰ ਨੇ ਸਾਹਿਤਕਾਰਾਂ ਨੂੰ ਦੇਸੀ ਅੰਬ ਚੂਪਾਏ ਤੇ ਨਾਲ਼ ਠੰਡੀ ਲੱਸੀ ਪਿਆ ਕੇ ਸਰਸ਼ਾਰ ਕੀਤਾ। ਧੰਨਵਾਦੀ ਸ਼ਬਦ ਨਾਵਲਕਾਰ ਸੁਰਿੰਦਰ ਨੇਕੀ ਨੇ ਆਖੇ।ਸਟੇਜ ਦੀ ਕਾਰਵਾਈ ਨਵਤੇਜ ਗੜ੍ਹਦੀਵਾਲਾ ਨੇ ਕਾਵਿਕ ਰੰਗ ਵਿੱਚ ਬਾਖ਼ੂਬੀ ਨਿਭਾਈ।

## ਅੰਕੁਸ਼ ਮੁਟਨੇਜਾ ਨੇ ਨਗਰ ਕੌਂਸਲ ਜਲਾਲਾਬਾਦ ਦੇ ਪ੍ਰਧਾਨ ਵਜੋਂ ਅਹੁਦਾ ਸੰਭਾਲਿਆ



ਜਲਾਲਾਬਾਦ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਨਗਰ ਕੌਂਸਲ ਜਲਾਲਾਬਾਦ ਦੀ ਨਵੀਂ ਚੁਣੀ ਗਈ ਲੀਡਰਸ਼ਿਪ ਨੂੰ ਹਲਕਾ ਵਿਧਾਇਕ ਸ੍ਰੀ ਜਗਦੀਪ ਕੰਬੋਜ਼ ਗੋਲਡੀ ਵੱਲੋਂ ਤਹਿ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਅਤੇ ਕਿਹਾ ਕਿ ਅੰਕੁਸ਼ ਮੁਟਨੇਜਾ ਦੇ ਨਗਰ ਕੌਂਸਲ ਜਲਾਲਾਬਾਦ ਦੇ ਪ੍ਰਧਾਨ, ਐਡਵੋਕੇਟ ਰਾਜੀਵ ਬਜਾਜ ਦੇ ਸੀਨੀਅਰ ਵਾਇਸ ਪ੍ਰਧਾਨ ਅਤੇ ਸੋਨੂ ਘੋਗਾ ਦੇ ਵਾਇਸ ਪ੍ਰਧਾਨ ਬਣਨ ਨਾਲ ਇਲਾਕੇ ਦੇ ਵਿਕਾਸ ਕਾਰਜਾਂ ਨੂੰ ਨਵੀਂ ਦਿਸ਼ਾ ਅਤੇ ਗਤੀ ਮਿਲੇਗੀ।

ਇਸ ਮੌਕੇ ਹਲਕਾ ਵਿਧਾਇਕ ਜਗਦੀਪ ਕੰਬੋਜ਼ ਗੋਲਡੀ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ, ਅੰਕੁਸ਼ ਮੁਟਨੇਜਾ ਨੂੰ ਪ੍ਰਧਾਨ, ਐਡਵੋਕੇਟ ਰਾਜੀਵ ਬਜਾਜ ਨੂੰ ਸੀਨੀਅਰ ਵਾਇਸ ਪ੍ਰਧਾਨ ਅਤੇ ਸੋਨੂ ਘੋਗਾ ਨੂੰ ਵਾਇਸ ਪ੍ਰਧਾਨ ਨਵੀਂ ਬਣੀ ਟੀਮ ਸ਼ਹਿਰ ਦੀ ਨੁਹਾਰ ਬਦਲਣ ਲਈ ਦਿਨ-ਰਾਤਬਣਨ 'ਤੇ ਬਹੁਤ-ਬਹੁਤ ਮੁਬਾਰਕਬਾਦ ਦਿੰਦਾ ਹਾਂ। ਉਨ੍ਹਾਂ ਕਿਹਾ ਕਿ ਇਹ ਨਵੀਂ ਟੀਮ ਇਲਾਕੇ ਦੀ ਸੇਵਾ ਪੂਰੀ ਲਗਨ, ਇਮਾਨਦਾਰੀ ਅਤੇ ਤਨਦੇਹੀ ਨਾਲ ਕਰੇਗੀ।

ਉਨ੍ਹਾਂ ਅੱਗੇ ਕਿਹਾ ਕਿ ਜਲਾਲਾਬਾਦ ਸ਼ਹਿਰ ਦੇ ਨਿਵਾਸੀਆਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਅਤੇ ਸ਼ਹਿਰ ਨੂੰ ਸੁੰਦਰ ਤੇ ਵਿਕਾਸਸ਼ੀਲ ਬਣਾਉਣਾ ਸਾਡੀ ਮੁੱਖ ਪ੍ਰਾਥਮਿਕਤਾ ਹੈ। ਨਵੀਂ ਬਣੀ ਟੀਮ ਸ਼ਹਿਰ ਦੀ ਨੁਹਾਰ ਬਦਲਣ ਲਈ ਦਿਨ-ਰਾਤ ਇਕ ਕਰਕੇ ਕੰਮ ਕਰੇਗੀ ਅਤੇ ਆਮ ਜਨਤਾ ਨੂੰ ਹਰ ਬੁਨਿਆਦੀ ਸਹੂਲਤ ਪਹੁੰਚਾਉਣ ਲਈ ਵਚਨਬੱਧ ਰਹੇਗੀ।

ਇਸ ਮੌਕੇ ਨਵੀਂ ਲੀਡਰਸ਼ਿਪ ਨੇ ਹਲਕਾ ਵਿਧਾਇਕ ਜਗਦੀਪ ਕੰਬੋਜ਼ ਗੋਲਡੀ ਅਤੇ ਇਲਾਕਾ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਬਿਨਾਂ ਕਿਸੇ ਭੇਦਭਾਵ ਦੇ ਕੰਮ ਕਰਨਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ.ਡੀ.ਐਮ ਜਲਾਲਾਬਾਦ ਸ੍ਰੀ ਕੰਵਰਜੀਤ ਸਿੰਘ ਮਾਨ ਮੌਜੂਦ ਸਨ।

## ਸੀ.ਪੀ.ਆਈ. ਵੱਲੋਂ ਪੰਜਾਬ ਦੇ ਮੁੱਦਿਆਂ ਨੂੰ ਲੈ ਕੇ ਸਾਰੇ ਜ਼ਿਲ੍ਹਿਆਂ ਵਿੱਚ ਜਾਗਰੂਕਤਾ ਕਨਵੈਨਸ਼ਨਾਂ ਆਯੋਜਨ



ਪਟਿਆਲਾ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਇੱਥੇ ਪਟਿਆਲਾ ਵਿਖੇ ਸੀ.ਪੀ.ਆਈ. ਜਿਲਾ ਪਟਿਆਲਾ ਨੇ ਪੰਜਾਬ ਸੀ.ਪੀ.ਆਈ. ਵੱਲੋਂ ਪੰਜਾਬ ਅਤੇ ਪੂਰੇ ਦੇਸ਼ ਦੇ ਮੁੱਦਿਆਂ ਨੂੰ ਲੈ ਕੇ ਸਾਰੇ ਜਿਲਿਆ ਵਿੱਚ ਜਾਗਰੂਕਤਾ ਕਨਵੈਨਸ਼ਨਾਂ ਕਰਨ ਦੇ ਦਿੱਤੇ ਸੱਦੇ ਦੇ ਸਬੰਧ ਵਿੱਚ ਇੱਕ ਭਰਵੀਂ ਕਨਵੈਨਸ਼ਨ ਕਨਵੈਨਸ਼ਨ ਸਰਵ ਸ੍ਰੀ ਗੁਰਵਿੰਦਰ ਸਿੰਘ ਐਡਵੋਕੇਟ, ਉਤਮ ਸਿੰਘ ਬਾਗੜੀ, ਕਸ਼ਮੀਰ ਸਿੰਘ ਗਦਾਈਆ ਅਤੇ ਰਾਮ ਚੰਦ ਚੁਨਗਰਾ ਦੇ ਪ੍ਰਧਾਨਗੀ ਮੰਡਲ ਲਈ ਅਗਵਾਈ ਵਿੱਚ ਕੀਤੀ। ਇਸ ਕਨਵੈਨਸ਼ਨ ਨੂੰ ਸੰਬੋਧਨ ਕਰਨ ਲਈ ਵਿਸ਼ੇਸ਼ ਤੌਰ ਤੇ ਪੰਜਾਬ ਸੂਬਾ ਕੌਂਸਲ, ਸੀ.ਪੀ.ਆਈ. ਦੇ ਸੂਬਾ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਉਚੇਚੇ ਤੌਰ ਤੇ ਪਹੁੰਚੇ ਹੋਏ ਸਨ। ਬਰਿਜ ਲਾਲ ਸਹਾਇਕ ਸਕੱਤਰ ਨੇ ਸਟੇਜ਼ ਦੀ ਕਾਰਵਾਈ ਆਰੰਭ ਕਰਦੇ ਹੋਏ ਕੁਲਵੰਤ ਸਿੰਘ ਮੌਲਵੀਵਾਲਾ ਜਿਲਾ ਸਕੱਤਰ ਸੀ.ਪੀ.ਆਈ. ਨੂੰ ਸ਼ੁਰੂਆਤੀ ਸ਼ਬਦ ਕਹਿਣ ਲਈ ਸੱਦਾ ਦਿੱਤਾ। ਜਿਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜਿਲੇ ਵੱਲੋਂ ਸੂਬਾਈ ਪਾਰਟੀ ਦੇ ਸੱਦੇ ਦੇ ਮੱਦੇ ਨਜਰ ਇੱਕ ਕਨਵੈਨਸ਼ਨ ਨੂੰ ਪੰਜਾਬ ਵਿੱਚ ਚੋਣ ਮੈਦਾਨ ਭੱਖ ਜਾਣ ਦੇ ਸੰਦਰਭ ਵਿੱਚ ਕਿਹਾ ਕਿ ਸਭ ਬੁਰਜੂਆ ਪਾਰਟੀਆਂ ਚੋਣਾਂ ਦੀਆਂ ਤਿਆਰੀਆਂ ਵਿੱਚ ਜੁੱਟੀਆਂ ਹੋਈਆਂ ਹਨ ਅਤੇ ਲੋਕਾਂ ਨੂੰ ਲੁਭਾਉਣੇ ਨਾਅਰੇ, ਇੱਕ ਦੂਜੀ ਪਾਰਟੀ ਨੂੰ ਤਾਅਨੇ ਮਿਹਣੇ ਅਤੇ ਰਾਜ ਸਤਾ ਹਾਸਲ ਕਰਨ ਲਈ ਤਰ੍ਹਾਂ-ਤਰ੍ਹਾਂ ਦੇ ਜੁਗਾੜ ਕਰਨ ਵਿੱਚ ਮਸਰੂਫ ਹਨ। ਪਰ ਐਨ ਇਸਦੇ ਉਲਟ ਸੀ.ਪੀ.ਆਈ. ਵੱਲੋਂ ਪੰਜਾਬ ਦੇ ਬੁਨਿਆਦੀ ਮੁੱਦੇ ਅਤੇ ਦੇਸ਼ ਵਿੱਚ ਤਾਨਾਸ਼ਾਹੀ ਅਤੇ ਨਫਰਤ ਦੀ ਰਾਜਨੀਤੀ ਆਦਿ ਮਸਲਿਆਂ ਬਾਰੇ ਲੋਕਾਂ ਵਿੱਚ ਜਾਗਰੂਕਤਾ ਲਿਆਉਣ ਲਈ ਮੈਦਾਨ ਵਿੱਚ ਨਿੱਤਰਕੇ ਕਨਵੈਨਸ਼ਨਾਂ ਕਰ ਰਹੀ ਹੈ ਅਤੇ 6 ਅਗਸਤ ਤੋਂ 15 ਅਗਸਤ ਤੱਕ ਪੰਜਾਬ ਵਿੱਚ ਪਦ—ਯਾਤਰਾ ਕਰੇਗੀ ਇਸ ਉਪਰੰਤ ਪਹਿਲੀ ਸਤੰਬਰ 2026 ਨੂੰ ਸੀ.ਪੀ.ਆਈ. ਵਲੋਂ ਦਿੱਲੀ ਦੇ ਰਾਮ ਲੀਲਾ ਗਰਾਊਂਡ ਵਿੱਚ ਕੀਤੀ ਜਾ ਰਹੀ ਮਹਾਂਰੈਲੀ ਵਿੱਚ ਕਾਫਲਿਆਂ ਦੇ ਰੂਪ ਵਿੱਚ ਸ਼ਾਮਲ ਹੋਣ ਲਈ ਹੋਕਾ ਦੇ ਰਹੀ ਹੈ।

ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਪੰਜਾਬ ਸੀ.ਪੀ.ਆਈ. ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਦੇਸ਼ ਵਿੱਚ ਬੀ.ਜੇ.ਪੀ. ਰ.ਸ.ਸ. ਦੇ ਅਜੰਡੇ ਮੁਤਾਬਿਕ ਸਰਕਾਰ ਚਲਾ ਰਹੀ ਹੈ ਅਤੇ ਇਸ ਸਰਕਾਰ ਨੇ ਸਮਾਜਿਕ, ਆਰਥਕ ਅਤੇ ਰਾਜਨੀਤਕ ਖੇਤਰ ਵਿੱਚ ਲੋਕ ਵਿਰੋਧ, ਗਰੀਬ ਵਿਰੋਧੀ ਜਮਹੂਰੀਆ ਅਤੇ ਸੰਘੀ ਢਾਂਚੇ ਨੂੰ ਤਬਾਹ ਕਰਨ ਅਤੇ ਫਿਰਕਾਪ੍ਰਸਤੀ ਨੂੰ ਬੜ੍ਹਾਵਾ ਦੇਣ ਦੀਆਂ ਨੀਤੀਆਂ ਤੇ ਚਲਦੇ ਹੋਏ ਦੇਸ਼ ਵਿੱਚ ਭੁਚਾਲ ਵਰਗੀ ਸਥਿਤੀ ਪੈਦਾ ਕੀਤੀ ਹੋਈ ਹੈ। ਅੰਤਰ ਰਾਸ਼ਟਰੀ ਪੱਧਰ ਤੇ ਇਸ ਸਰਕਾਰ ਦੀ ਵਿਦੇਸ਼ ਨੀਤੀ ਨੇ ਭਾਰਤ ਦਾ ਸਿਰ ਟਰੰਪ ਦੀ ਅਧੀਨਗੀ ਮੰਨਕੇ ਦੁਨੀਆ ਦੇ ਸਾਹਮਣੇ ਨੀਵਾਂ ਕਰਕੇ ਰੱਖ ਦਿੱਤਾ ਹੈ, ਅਮਰੀਕਾ ਅਤੇ ਇਜਰਾਈਲ ਵਲੋਂ ਕੀਤੇ ਜਾ ਰਹੇ ਜੰਗੀ ਜੁਲਮ ਅਤੇ ਗੁੰਡਾ ਗਰਦੀ ਦੇ ਖਿਲਾਫ ਇੱਕ ਸ਼ਬਦ ਵੀ ਨਾ ਬੋਲਣਾ ਬੇਹਦ ਕਮਜੋਰ ਪ੍ਰਧਾਨ ਮੰਤਰੀ ਮੋਦੀ ਦੇ ਰੂਪ ਵਿੱਚ ਨਜਰ ਆ ਰਿਹਾ ਹੈ। ਪੰਜਾਬ ਦੇ ਮੁੱਦਿਆਂ ਤੇ ਬੋਲਦਿਆਂ ਧਾਲੀਵਾਲ ਨੇ ਕਿਹਾ ਕਿ ਅੱਜ ਪੰਜਾਬ ਦੀ ਖੇਤੀ ਤੇ ਚੌਤਰਫਾ ਹਮਲੇ ਨੂੰ ਸਾਮਰਾਜ ਨਾਲ ਮੁਕਤ ਵਪਾਰ ਸਮਝੌਤਾ ਕਰਕੇ ਅੰਦਾਜ ਦਿੱਤਾ ਜਾ ਰਿਹਾ ਹੈ, ਪੰਜਾਬ ਦੇ ਦਰਿਆਈ ਪਾਣੀਆਂ ਦੀ ਵੰਡ ਦੇ ਮਾਮਲੇ ਵਿੱਚ ਪੰਜਾਬ ਨਾਲ ਧੱਕਾ ਕੀਤਾ ਜਾ ਰਿਹਾ ਹੈ। ਪੰਜਾਬੀ ਬੋਲਦੇ ਇਲਾਕੇ ਅਤੇ ਚੰਡੀਗੜ੍ਹ ਪੰਜਾਬ ਨੂੰ ਨਹੀਂ ਦਿੱਤਾ ਜਾ ਰਿਹਾ, ਬੀ.ਬੀ.ਐਮ.ਬੀ. ਬੋਰਡ ਮੈਂਬਰੀ ਖਤਮ ਕਰਨਾ, ਪੰਜਾਬੀ ਭਾਸ਼ਾ ਤੇ ਪੂਰੀ ਤਰ੍ਹਾਂ ਵਿਉਂਤਬੰਦ ਹਮਲਾ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਖੋਹਣ ਦਾ ਜਤਨ, ਪੰਜਾਬ ਵਿੱਚ ਬੀ.ਐਸ.ਐਫ. ਦਾ ਕਬਜਾ ਜਮਾਉਣਾ, ਐਸ.ਆਈ. ਆਰ. ਰਾਹੀਂ ਵੋਟਾਂ ਕੱਟਣ ਦੀ ਕਵਾਇਦ ਆਦਿ ਮੁੱਦੇ ਸੀ.ਪੀ.ਆਈ. ਪੰਜਾਬ ਲਈ ਅਹਿਮ ਸਮਝਦੇ ਹੋਏ ਨਿਰੰਤਰ ਤੌਰ ਤੇ ਆਪਣੀ ਸੰਘਰਸ਼ੀ ਸਰਗਰਮੀ ਜਾਰੀ ਰੱਖੇਗੀ।

## ਰਾਜਾ ਫਾਰਮ 'ਚ ਦੂਜਾ ਕ੍ਰਿਕਟ ਟੂਰਨਾਮੈਂਟ ਸੇਵਾਦਾਰ ਬੱਗਾ ਦਾ ਵਿਸ਼ੇਸ ਸਨਮਾਨ



ਸਨੌਰ,1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਰਾਜਾ ਫਾਰਮ ਬਹਾਦਰਗੜ੍ਹ ਵਿਖੇ ਦੂਜਾ ਕ੍ਰਿਕਟ ਟੂਰਨਾਮੈਂਟ ਬੜੇ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਕਰਵਾਇਆ ਗਿਆ। ਇਸ ਟੂਰਨਾਮੈਂਟ ਵਿੱਚ ਇਲਾਕੇ ਦੀਆਂ ਕਈ ਟੀਮਾਂ ਨੇ ਭਾਗ ਲਿਆ ਅਤੇ ਦਰਸ਼ਕਾਂ ਨੇ ਵੀ ਵੱਡੀ ਗਿਣਤੀ ਵਿੱਚ ਪਹੁੰਚ ਕੇ ਖਿਡਾਰੀਆਂ ਦਾ ਹੌਸਲਾ ਵਧਾਇਆ। ਟੂਰਨਾਮੈਂਟ ਦੌਰਾਨ ਰਾਕੇਸ਼ ਬੱਗਾ ਜੀ ਨੂੰ ਮੁੱਖ ਮਹਿਮਾਨ ਵਜੋਂ ਬੁਲਾਇਆ ਗਿਆ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਦਾ ਫੁੱਲਾਂ ਦੇ ਗੁਲਦਸਤੇ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਰਾਕੇਸ਼ ਬੱਗਾ ਜੀ ਨੇ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਤੰਦਰੁਸਤ ਰੱਖਣ ਦੇ ਨਾਲ-ਨਾਲ ਅਨੁਸ਼ਾਸਨ, ਏਕਤਾ ਅਤੇ ਆਪਸੀ ਭਾਈਚਾਰੇ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਦੀਆਂ ਹਨ। ਉਨ੍ਹਾਂ ਨੇ ਟੂਰਨਾਮੈਂਟ ਦੇ ਸਫਲ ਆਯੋਜਨ ਲਈ ਪ੍ਰਬੰਧਕ ਕਮੇਟੀ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਟੂਰਨਾਮੈਂਟ ਦੇ ਵਿੱਚ ਜੇਤੂ ਅਤੇ ਉਪ-ਜੇਤੂ ਟੀਮਾਂ ਨੂੰ ਟਰਾਫੀਆਂ ਅਤੇ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹੈਪੀ ਜਲਾਲਪੁਰ,ਲਵੀ ਸਰਪੰਚ ਗਾਂਧੀ ਗਰੁੱਪ ਖੰਨਾ ਜੈਰੀ,ਪਿ ੍ਰਸ ਭਵਨ, ਮਨਦੀਪ ਜਲਾਲਪੁਰ, ਸਤਪਾਲ ਸਿੰਘ ਆਦਿ ਸਾਮਲ ਸਨ।

## ਮਾਈ ਭਾਰਤ ਗੁਰਦਾਸਪੁਰ ਦੀ ਸਲਾਹਕਾਰ ਕਮੇਟੀ ਦੀ ਮੀਟਿੰਗ, ਨੌਜਵਾਨਾਂ ਦੀ ਵੱਧ ਤੋਂ ਵੱਧ ਰਜਿਸਟ੍ਰੇਸ਼ਨ 'ਤੇ ਦਿੱਤਾ ਜ਼ੋਰ



ਗੁਰਦਾਸਪੁਰ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਗੁਰਦਾਸਪੁਰ ਦੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਗੁਰਪ੍ਰੀਤ ਸਿੰਘ ਗਿੱਲ ਦੀ ਅਗਵਾਈ ਹੇਠ ਮਾਈ ਭਾਰਤ ਗੁਰਦਾਸਪੁਰ ਦੀ ਸਲਾਹਕਾਰ ਅਤੇ ਸਮਾਯੋਜਨ ਕਮੇਟੀ ਦੀ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ, ਸਿੱਖਿਆ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ 'ਮਾਈ ਭਾਰਤ' ਕਲੱਬ ਦੇ ਮੈਂਬਰਾਂ ਨੇ ਭਾਗ ਲਿਆ।

ਮੀਟਿੰਗ ਦੌਰਾਨ ਨੌਜਵਾਨਾਂ ਨੂੰ ਸਮਾਜਿਕ ਗਤੀਵਿਧੀਆਂ, ਵਾਤਾਵਰਣ ਸੰਭਾਲ, ਨਸ਼ਾ ਮੁਕਤੀ, ਖੇਡਾਂ, ਸਵੈ-ਰੋਜ਼ਗਾਰ ਅਤੇ ਸਰਕਾਰੀ ਯੋਜਨਾਵਾਂ ਨਾਲ ਜੋੜਨ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ 1 ਜੁਲਾਈ ਤੋਂ 15 ਅਗਸਤ ਤੱਕ ਚੱਲ ਰਹੀ 'ਮਾਈ ਭਾਰਤ ਪੋਰਟਲ' ਰਜਿਸਟ੍ਰੇਸ਼ਨ ਮੁਹਿੰਮ ਦੀ ਸਮੀਖਿਆ ਵੀ ਕੀਤੀ ਗਈ ਅਤੇ ਵੱਧ ਤੋਂ ਵੱਧ ਵਿਦਿਆਰਥੀਆਂ ਅਤੇ ਨੌਜਵਾਨਾਂ ਦੀ ਭਾਗੀਦਾਰੀ ਯਕੀਨੀ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।

ਵਧੀਕ ਡਿਪਟੀ ਕਮਿਸ਼ਨਰ ਸ੍ਰੀ ਗੁਰਪ੍ਰੀਤ ਸਿੰਘ ਗਿੱਲ ਨੇ ਕਿਹਾ ਕਿ ਮਾਈ ਭਾਰਤ ਪੋਰਟਲ ਨਾਲ ਵੱਧ ਤੋਂ ਵੱਧ ਨੌਜਵਾਨਾਂ ਨੂੰ ਜੋੜਨਾ ਸਮੇਂ ਦੀ ਲੋੜ ਹੈ। ਉਨ੍ਹਾਂ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਦਿਆਂ ਸਕੂਲਾਂ, ਕਾਲਜਾਂ ਅਤੇ ਹੋਰ ਵਿਦਿਅਕ ਸੰਸਥਾਵਾਂ ਵਿੱਚ ਰਜਿਸਟ੍ਰੇਸ਼ਨ ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਕਿਹਾ।

ਮੀਟਿੰਗ ਵਿੱਚ ਇਹ ਵੀ ਵਿਚਾਰ-ਵਟਾਂਦਰਾ ਕੀਤਾ ਗਿਆ ਕਿ 'ਮਾਈ ਭਾਰਤ ਪੋਰਟਲ' 'ਤੇ ਰਜਿਸਟ੍ਰੇਸ਼ਨ ਨੂੰ ਸੁਚਾਰੂ ਅਤੇ ਪ੍ਰਭਾਵਸ਼ਾਲੀ ਬਣਾਉਣ ਲਈ ਜ਼ਿਲ੍ਹੇ ਦੇ ਸਕੂਲਾਂ ਅਤੇ ਕਾਲਜਾਂ ਵਿੱਚ ਨੋਡਲ ਅਫ਼ਸਰ ਨਿਯੁਕਤ ਕੀਤੇ ਜਾਣਗੇ, ਜੋ ਵਿਦਿਆਰਥੀਆਂ ਦੀ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾਉਣ ਅਤੇ ਉਨ੍ਹਾਂ ਨੂੰ 'ਮਾਈ ਭਾਰਤ' ਦੀਆਂ ਗਤੀਵਿਧੀਆਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

ਮੀਟਿੰਗ ਦੌਰਾਨ ਜਾਗਰੂਕਤਾ ਮੁਹਿੰਮਾਂ, ਸਫ਼ਾਈ ਅਭਿਆਨ, ਖ਼ੂਨਦਾਨ ਕੈਂਪ, ਨਸ਼ਾ ਵਿਰੋਧੀ ਗਤੀਵਿਧੀਆਂ ਅਤੇ ਹੋਰ ਲੋਕ ਭਲਾਈ ਪ੍ਰੋਗਰਾਮਾਂ ਦੀ ਰੂਪ-ਰੇਖਾ ਬਾਰੇ ਵੀ ਚਰਚਾ ਕੀਤੀ ਗਈ।

ਮੀਟਿੰਗ ਵਿੱਚ ਜੰਗਲਾਤ ਵਿਭਾਗ ਤੋਂ ਮੱਖਣ ਸਿੰਘ (ਬਲਾਕ ਅਫ਼ਸਰ), ਜ਼ਿਲ੍ਹਾ ਖੇਡ ਦਫ਼ਤਰ ਦੇ ਨੁਮਾਇੰਦੇ, ਜ਼ਿਲ੍ਹਾ ਯੁਵਕ ਸੇਵਾਵਾਂ ਵਿਭਾਗ ਤੋਂ ਵਿਸ਼ਾਲ, ਸਪੋਰਟਸ ਕੋਆਰਡੀਨੇਟਰ ਅਨੀਤਾ ਪੁਰੀ, ਐਸ.ਡੀ. ਕਾਲਜ ਦੇ ਪ੍ਰੋਫੈਸਰ, ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀ ਅਤੇ ਹੋਰ ਮੈਂਬਰ ਹਾਜ਼ਰ ਸਨ।

ਮੀਟਿੰਗ ਦੇ ਅੰਤ ਵਿੱਚ ਜ਼ਿਲ੍ਹਾ ਯੂਥ ਅਫ਼ਸਰ ਸ੍ਰੀਮਤੀ ਸੰਦੀਪ ਕੌਰ ਵੱਲੋਂ ਮਾਈ ਭਾਰਤ ਪੋਰਟਲ ਨਾਲ ਜੁੜਨ ਦੇ ਫ਼ਾਇਦਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

## ਪ੍ਰੀਗੇਬਾਲਿਨ ਤੇ ਗੈਬਾਪੇਨਟਿਨ ਕੈਪਸੂਲ ਅਤੇ ਐਨਾਫੋਰਟਿਨ ਇੰਜੈਕਸ਼ਨ ਬਿਨਾਂ ਲਾਇਸੈਂਸ ਰੱਖਣ 'ਤੇ ਪਾਬੰਦੀ

ਜਲੰਧਰ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਪੁਲਿਸ ਕਮਿਸ਼ਨਰ ਜਲੰਧਰ ਸਤਿੰਦਰ ਸਿੰਘ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੁਲਿਸ ਕਮਿਸ਼ਨਰੇਟ ਜਲੰਧਰ ਦੀ ਹੱਦ ਅੰਦਰ ਆਉਂਦੇ ਇਲਾਕੇ ਵਿੱਚ ਪ੍ਰੀਗੇਬਾਲਿਨ ਕੈਪਸੂਲ (Pregabalin Capsules), ਗੈਬਾਪੇਨਟਿਨ ਕੈਪਸੂਲ (Gabapentin Capsules) ਅਤੇ ਐਨਾਫੋਰਟਿਨ ਇੰਜੈਕਸ਼ਨ (Anafortan Injection) ਬਿਨਾਂ ਲਾਇਸੈਂਸ ਰੱਖਣ, ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ/ਵੇਚਣ, ਬਿਨਾਂ ਬਿੱਲ ਅਤੇ ਰਿਕਾਰਡ ਦੇ ਖ਼ਰੀਦਣ/ਵੇਚਣ 'ਤੇ ਪਾਬੰਦੀ ਲਾ ਦਿੱਤੀ ਗਈ ਹੈ।

ਇਹ ਹੁਕਮ 25.09.2026 ਤੱਕ ਲਾਗੂ ਰਹੇਗਾ।

## ਭਵਾਨੀਗੜ੍ਹ ਵਾਸੀਆਂ ਨੂੰ ਆਧੁਨਿਕ ਸਿਹਤ ਸਹੂਲਤਾਂ ਦੀ ਵੱਡੀ ਸੌਗਾਤ; ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ 27 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਆਮ ਆਦਮੀ ਕਲੀਨਿਕ ਲੋਕ ਅਰਪਿਤ



ਭਵਾਨੀਗੜ੍ਹ, 1 ਅਗਸਤ
-ਕੌਮੀ ਪੱਤ੍ਰਿਕਾ ਬਿਊਰੋ-

ਹਲਕਾ ਸੰਗਰੂਰ ਦੀ ਵਿਧਾਇਕ ਸ੍ਰੀਮਤੀ ਨਰਿੰਦਰ ਕੌਰ ਭਰਾਜ ਨੇ ਅੱਜ ਭਵਾਨੀਗੜ੍ਹ ਵਿਖੇ 27 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਆਧੁਨਿਕ ਸਹੂਲਤਾਂ ਨਾਲ ਲੈਸ ਆਮ ਆਦਮੀ ਕਲੀਨਿਕ ਦਾ ਰਸਮੀ ਉਦਘਾਟਨ ਕਰਦਿਆਂ ਇਸ ਨੂੰ ਇਲਾਕੇ ਦੇ ਲੋਕਾਂ ਨੂੰ ਸਮਰਪਿਤ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਹਰ ਨਾਗਰਿਕ ਤਕ ਮਿਆਰੀ, ਸਸਤੀਆਂ ਨਹੀਂ ਸਗੋਂ ਪੂਰੀ ਤਰ੍ਹਾਂ ਮੁਫ਼ਤ ਅਤੇ ਆਸਾਨੀ ਨਾਲ ਪਹੁੰਚਯੋਗ ਸਿਹਤ ਸੇਵਾਵਾਂ ਪਹੁੰਚਾਉਣਾ ਹੈ, ਜਿਸ ਦਿਸ਼ਾ ਵਿੱਚ ਆਮ ਆਦਮੀ ਕਲੀਨਿਕ ਇੱਕ ਇਤਿਹਾਸਕ ਪਹਿਲ ਸਾਬਤ ਹੋਏ ਹਨ।

ਵਿਧਾਇਕ ਭਰਾਜ ਨੇ ਕਿਹਾ ਕਿ ਪਹਿਲਾਂ ਆਮ ਬਿਮਾਰੀਆਂ ਦੇ ਇਲਾਜ ਲਈ ਲੋਕਾਂ ਨੂੰ ਦੂਰ-ਦੁਰਾਡੇ ਹਸਪਤਾਲਾਂ ਦੇ ਚੱਕਰ ਲਗਾਉਣੇ ਪੈਂਦੇ ਸਨ, ਜਿਸ ਨਾਲ ਸਮਾਂ ਅਤੇ ਪੈਸਾ ਦੋਵੇਂ ਖਰਚ ਹੁੰਦੇ ਸਨ। ਹੁਣ ਇਨ੍ਹਾਂ ਕਲੀਨਿਕਾਂ ਰਾਹੀਂ ਲੋਕਾਂ ਨੂੰ ਆਪਣੇ ਇਲਾਕੇ ਵਿੱਚ ਹੀ ਤਜਰਬੇਕਾਰ ਡਾਕਟਰਾਂ ਦੀ ਸਲਾਹ, ਮੁਫ਼ਤ ਦਵਾਈਆਂ, ਲੋੜੀਂਦੇ ਲੈਬ ਟੈਸਟ ਅਤੇ ਬੁਨਿਆਦੀ ਸਿਹਤ ਜਾਂਚਾਂ ਵਰਗੀਆਂ ਸਹੂਲਤਾਂ ਇੱਕੋ ਛੱਤ ਹੇਠ ਮਿਲਣਗੀਆਂ। ਇਸ ਨਾਲ ਨਾ ਸਿਰਫ਼ ਲੋਕਾਂ ਦੀ ਸਿਹਤ ਸੁਰੱਖਿਆ ਮਜ਼ਬੂਤ ਹੋਵੇਗੀ, ਸਗੋਂ ਸਰਕਾਰੀ ਸਿਹਤ ਪ੍ਰਣਾਲੀ 'ਤੇ ਲੋਕਾਂ ਦਾ ਭਰੋਸਾ ਵੀ ਹੋਰ ਵਧੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਵਿਆਪਕ ਸੁਧਾਰ ਲਿਆਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਸੂਬੇ ਭਰ ਵਿੱਚ ਸਥਾਪਤ ਕੀਤੇ ਗਏ ਆਮ ਆਦਮੀ ਕਲੀਨਿਕਾਂ ਰਾਹੀਂ ਲੱਖਾਂ ਲੋਕ ਮੁਫ਼ਤ ਸਿਹਤ ਸੇਵਾਵਾਂ ਦਾ ਲਾਭ ਲੈ ਚੁੱਕੇ ਹਨ। ਸਰਕਾਰ ਦਾ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਕਿਸੇ ਵੀ ਵਿਅਕਤੀ ਨੂੰ ਆਰਥਿਕ ਤੰਗੀ ਕਾਰਨ ਇਲਾਜ ਤੋਂ ਵਾਂਝਾ ਨਾ ਰਹਿਣਾ ਪਵੇ।

ਵਿਧਾਇਕ ਭਰਾਜ ਨੇ ਕਿਹਾ ਕਿ ਭਵਾਨੀਗੜ੍ਹ ਵਿਖੇ ਇਹ ਨਵਾਂ ਕਲੀਨਿਕ ਇਲਾਕੇ ਦੇ ਹਜ਼ਾਰਾਂ ਪਰਿਵਾਰਾਂ ਲਈ ਬਹੁਤ ਲਾਭਦਾਇਕ ਸਾਬਤ ਹੋਵੇਗਾ। ਉਨ੍ਹਾਂ ਦੱਸਿਆ ਕਿ ਸਰਕਾਰ ਲੋਕਾਂ ਨੂੰ ਉੱਚ ਪੱਧਰੀ ਸਿਹਤ ਸੇਵਾਵਾਂ ਉਨ੍ਹਾਂ ਦੇ ਘਰਾਂ ਦੇ ਨੇੜੇ ਉਪਲਬਧ ਕਰਵਾਉਣ ਲਈ ਲਗਾਤਾਰ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰ ਰਹੀ ਹੈ ਅਤੇ ਭਵਿੱਖ ਵਿੱਚ ਵੀ ਲੋਕ ਭਲਾਈ ਨਾਲ ਜੁੜੇ ਵਿਕਾਸ ਕਾਰਜ ਇਸੇ ਰਫ਼ਤਾਰ ਨਾਲ ਜਾਰੀ ਰਹਿਣਗੇ।

ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਮ ਆਦਮੀ ਕਲੀਨਿਕਾਂ ਵਿੱਚ ਉਪਲਬਧ ਮੁਫ਼ਤ ਸਿਹਤ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ, ਸਮੇਂ-ਸਮੇਂ 'ਤੇ ਆਪਣੀ ਸਿਹਤ ਦੀ ਜਾਂਚ ਕਰਵਾਉਣ ਅਤੇ ਸਿਹਤ ਪ੍ਰਤੀ ਜਾਗਰੂਕ ਰਹਿਣ। ਉਨ੍ਹਾਂ ਕਿਹਾ ਕਿ ਬਿਮਾਰੀ ਦਾ ਸਮੇਂ ਸਿਰ ਪਤਾ ਲੱਗਣਾ ਅਤੇ ਤੁਰੰਤ ਇਲਾਜ ਹੀ ਸਿਹਤਮੰਦ ਸਮਾਜ ਦੀ ਨੀਂਹ ਹੈ।

ਇਸ ਮੌਕੇ ਐਸ.ਡੀ.ਐਮ. ਸ਼੍ਰੀਮਤੀ ਮਨਜੀਤ ਕੌਰ, ਸਿਹਤ ਵਿਭਾਗ ਦੇ ਅਧਿਕਾਰੀ, ਡਾਕਟਰ, ਸਥਾਨਕ ਪਤਵੰਤੇ, ਪਾਰਟੀ ਆਗੂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।




## ਵਿਸ਼ੇਸ਼ ਰਿਪੋਰਟ/ਚੜ੍ਹਦੀਕਲਾ ਬਿਊਰੋ

ਪਟਿਆਲਾ-ਪੰਜਾਬ ਨੇ 1980 ਅਤੇ 1990 ਦੇ ਦਹਾਕਿਆਂ ਵਿੱਚ ਇੱਕ ਅਜਿਹਾ ਦੌਰ ਵੇਖਿਆ, ਜਿਸ ਦੇ ਜ਼ਖ਼ਮ ਅੱਜ ਵੀ ਹਜ਼ਾਰਾਂ ਪਰਿਵਾਰਾਂ ਦੇ ਦਿਲਾਂ ਵਿੱਚ ਤਾਜ਼ਾ ਹਨ। ਖਾੜਕੂਵਾਦ ਦਾ ਇਹ ਦੌਰ 1978 ਦੀ ਨਿਰੰਕਾਰੀ-ਅਖੰਡ ਕੀਰਤਨੀ ਜਥਾ ਝੜਪ ਤੋਂ ਸ਼ੁਰੂ ਹੋ ਕੇ, 1984 ਦੇ ਆਪ੍ਰੇਸ਼ਨ ਬਲੂ ਸਟਾਰ, ਉਸੇ ਸਾਲ ਦੇ ਸਿੱਖ ਵਿਰੋਧੀ ਕਤਲੇਆਮ ਅਤੇ ਫਿਰ ਲਗਭਗ ਡੇਢ ਦਹਾਕੇ ਦੀ ਹਿੰਸਾ ਵਿੱਚੋਂ ਲੰਘਿਆ। ਇਸ ਸਮੇਂ ਦੌਰਾਨ ਰਾਜ ਸੱਤਾ ਅਤੇ ਖਾੜਕੂ ਦੋਵਾਂ ਧਿਰਾਂ ਵੱਲੋਂ ਹੋਈ ਹਿੰਸਾ ਨੇ ਪੰਜਾਬ ਦੇ ਸਮਾਜਿਕ ਤਾਣੇ-ਬਾਣੇ ਨੂੰ ਡੂੰਘੀ ਸੱਟ ਮਾਰੀ। ਅੱਜ, ਤਿੰਨ ਦਹਾਕਿਆਂ ਬਾਅਦ ਵੀ, ਬਹੁਤ ਸਾਰੇ ਲੋਕ ਮੰਨਦੇ ਹਨ ਕਿ ਪੰਜਾਬ ਨੂੰ ਇੱਕ ਸੱਚ ਕਮਿਸ਼ਨ ਦੀ ਲੋੜ ਹੈ - ਤਾਂ ਜੋ ਉਸ ਦੌਰ ਦੀ ਪੂਰੀ ਸੱਚਾਈ ਸਾਹਮਣੇ ਆ ਸਕੇ।

### ਦੋਹਾਂ ਧਿਰਾਂ ਦੀ ਪੀੜਾ

ਇਸ ਦੌਰ ਦੀ ਸਭ ਤੋਂ ਦੁਖਦਾਈ ਗੱਲ ਇਹ ਹੈ ਕਿ ਹਿੰਸਾ ਇੱਕਪਾਸੜ ਨਹੀਂ ਸੀ। ਮਨੁੱਖੀ ਅਧਿਕਾਰ ਸੰਗਠਨਾਂ ਦੇ ਦਸਤਾਵੇਜ਼ਾਂ ਅਨੁਸਾਰ, ਖਾੜਕੂ ਸਮੂਹਾਂ ਜਾਂ ਪਾਕਿਸਤਾਨੀ ਏਜੰਸੀਆਂ ਦੇ ਇਸ਼ਾਰੇ ਉੱਤੇ ਚੱਲਣ ਵਾਲੇ ਸਮੂਹਾਂ ਨੇ ਆਮ ਨਾਗਰਿਕਾਂ, ਖ਼ਾਸ ਕਰਕੇ ਹਿੰਦੂ ਘੱਟ-ਗਿਣਤੀ, ਬੱਸਾਂ ਵਿੱਚੋਂ ਖਿੱਚ ਕੇ ਮਾਰੇ ਲੋਕਾਂ ਅਤੇ ਰੇਲ ਗੱਡੀਆਂ ਵਿੱਚ ਸਫ਼ਰ ਕਰ ਰਹੇ ਸੈਂਕੜੇ ਯਾਤਰੀਆਂ ਨੂੰ ਨਿਸ਼ਾਨਾ ਬਣਾਇਆ। ਕਈ ਪੱਤਰਕਾਰ, ਗਾਇਕ ਅਮਰ ਸਿੰਘ ਚਮਕੀਲਾ ਅਤੇ ਕਵੀ ਪਾਸ਼ ਵਰਗੀਆਂ ਸ਼ਖ਼ਸੀਅਤਾਂ ਦੇ ਕਤਲ ਵੀ ਇਸੇ ਦੌਰ ਦੀ ਦੇਣ ਹਨ। ਦੂਜੇ ਪਾਸੇ, ਰਾਜ ਸੱਤਾ ਵੱਲੋਂ ਚਲਾਈ ਗਈ ਖਾੜਕੂ-ਵਿਰੋਧੀ ਮੁਹਿੰਮ ਵਿੱਚ ਵੀ ਵੱਡੇ ਪੱਧਰ 'ਤੇ ਬੇਨਿਯਮੀਆਂ ਹੋਈਆਂ। ਹਿਊਮਨ ਰਾਈਟਸ ਵਾਚ ਦੀ ਰਿਪੋਰਟ ਅਨੁਸਾਰ, ਸੁਰੱਖਿਆ ਬਲਾਂ ਨੇ ਹਜ਼ਾਰਾਂ ਸਿੱਖ ਨੌਜਵਾਨਾਂ ਨੂੰ ਬਿਨਾਂ ਕਿਸੇ ਕਾਨੂੰਨੀ ਪ੍ਰਕਿਰਿਆ ਦੇ ਹਿਰਾਸਤ ਵਿੱਚ ਲਿਆ, ਤਸ਼ੱਦਦ ਕੀਤਾ ਅਤੇ ਕਈ ਵਾਰ "ਮੁਕਾਬਲਿਆਂ" ਦੇ ਨਾਂ 'ਤੇ ਮਾਰ ਦਿੱਤਾ। ਪੰਜਾਬ ਪੁਲਿਸ ਦੇ ਤਤਕਾਲੀ ਡੀਜੀਪੀ ਕੇਪੀਐਸ ਗਿੱਲ ਦੇ ਦੌਰ ਵਿੱਚ ਮੁਕਾਬਲਿਆਂ ਬਦਲੇ ਇਨਾਮਾਂ ਦੀ ਵਿਵਸਥਾ ਨੇ "ਲਾਪਤਾ" ਹੋਣ ਅਤੇ ਗ਼ੈਰ-ਨਿਆਇਕ ਹੱਤਿਆਵਾਂ ਦੇ ਮਾਮਲੇ ਹੋਰ ਵਧਾ ਦਿੱਤੇ। ਸਰਕਾਰੀ ਅੰਕੜਿਆਂ ਮੁਤਾਬਕ 1981-93 ਦੌਰਾਨ ਲਗਭਗ 21,667 ਲੋਕ ਮਾਰੇ ਗਏ, ਜਿਨ੍ਹਾਂ ਵਿੱਚ ਆਮ ਨਾਗਰਿਕ, ਸੁਰੱਖਿਆ ਕਰਮਚਾਰੀ ਅਤੇ ਖਾੜਕੂ ਸ਼ਾਮਲ ਸਨ - ਪਰ ਮੰਨਿਆ ਜਾਂਦਾ ਹੈ ਕਿ ਅਸਲ ਗਿਣਤੀ ਇਸ ਤੋਂ ਕਿਤੇ ਵੱਧ ਸੀ।

### ਅੱਧਾ-ਅਧੂਰਾ ਖੁਲਾਸਾ, ਅਧੂਰਾ ਨਿਆਂ

ਪੰਜਾਬ ਵਿੱਚ ਸੱਚ ਕਮਿਸ਼ਨ ਦੀ ਮੰਗ ਦੇ ਪਿੱਛੇ ਸਭ ਤੋਂ ਵੱਡਾ ਕਾਰਨ ਇਹ ਹੈ ਕਿ ਹੁਣ ਤੱਕ ਹੋਈ ਜਾਂਚ ਬਹੁਤ ਅਧੂਰੀ ਅਤੇ ਸੀਮਤ ਰਹੀ ਹੈ। ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਨੇ 1994-95 ਵਿੱਚ ਸਰਕਾਰੀ ਸ਼ਮਸ਼ਾਨਘਾਟ ਰਿਕਾਰਡਾਂ ਦੀ ਵਰਤੋਂ ਕਰਕੇ ਇਕੱਲੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਪੁਲਿਸ ਵੱਲੋਂ ਕੀਤੇ 6,000 ਤੋਂ ਵੱਧ ਗੁਪਤ ਸਸਕਾਰਾਂ ਦਾ ਖੁਲਾਸਾ ਕੀਤਾ ਸੀ - ਜਿਸ ਦੀ ਕੀਮਤ ਉਹਨਾਂ ਨੂੰ ਆਪਣੀ ਜਾਨ ਦੇ ਕੇ ਚੁਕਾਉਣੀ ਪਈ। ਸੁਪਰੀਮ ਕੋਰਟ ਦੇ ਦਖ਼ਲ ਤੋਂ ਬਾਅਦ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ (NHRC) ਅਤੇ ਬਾਅਦ ਵਿੱਚ ਭੱਲਾ ਕਮਿਸ਼ਨ ਨੂੰ ਇਸ ਮਾਮਲੇ ਦੀ ਜਾਂਚ ਸੌਂਪੀ ਗਈ, ਪਰ ਦੋਹਾਂ ਦਾ ਕਾਰਜ-ਖੇਤਰ ਬਹੁਤ ਸੀਮਤ ਰੱਖਿਆ ਗਿਆ ਅਤੇ ਜਾਂਚ ਲਈ ਪੰਜਾਬ ਪੁਲਿਸ ਦੇ ਆਪਣੇ ਹੀ ਰਿਕਾਰਡਾਂ 'ਤੇ ਨਿਰਭਰ ਰਹਿਣਾ ਪਿਆ - ਜਿਸ ਨਾਲ ਨਿਰਪੱਖਤਾ 'ਤੇ ਸਵਾਲ ਉੱਠਦੇ ਰਹੇ। ਦਹਾਕਿਆਂ ਬੀਤ ਜਾਣ ਦੇ ਬਾਵਜੂਦ, ਸਿਰਫ਼ ਕੁਝ ਸੌ ਪੁਲਿਸ ਅਧਿਕਾਰੀਆਂ 'ਤੇ ਹੀ ਮੁਕੱਦਮੇ ਦਰਜ ਹੋ ਸਕੇ, ਅਤੇ ਉਹਨਾਂ ਵਿੱਚੋਂ ਵੀ ਬਹੁਤਿਆਂ ਦਾ ਅੰਤ ਸਜ਼ਾ ਵਿੱਚ ਨਹੀਂ ਹੋਇਆ। 1999 ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਵੀ ਇੱਕ ਪੂਰਨ ਸੱਚ ਕਮਿਸ਼ਨ ਬਣਾਉਣ ਦਾ ਸੁਝਾਅ ਦਿੱਤਾ ਸੀ, ਪਰ ਪੰਜਾਬ ਸਰਕਾਰ ਨੇ ਉਸ ਪ੍ਰਸਤਾਵ 'ਤੇ ਕੋਈ ਕਦਮ ਨਹੀਂ ਚੁੱਕਿਆ।

### ਪੀੜਤ ਪਰਿਵਾਰਾਂ ਦੀ ਵਧਦੀ ਆਵਾਜ਼

ਹਾਲ ਹੀ ਵਿੱਚ, ਜਸਵੰਤ ਸਿੰਘ ਖਾਲੜਾ ਦੇ ਜੀਵਨ 'ਤੇ ਬਣੀ ਫ਼ਿਲਮ ਨੂੰ ਲੈ ਕੇ ਹੋਏ ਵਿਵਾਦ ਨੇ ਇੱਕ ਵਾਰ ਫਿਰ ਇਸ ਬਹਿਸ ਨੂੰ ਜ਼ਿੰਦਾ ਕਰ ਦਿੱਤਾ ਹੈ। ਆਲ ਇੰਡੀਆ ਟੈਰਰਿਸਟ ਵਿਕਟਿਮਜ਼ ਐਸੋਸੀਏਸ਼ਨ, ਜੋ 1998 ਤੋਂ ਖਾੜਕੂਵਾਦ ਪੀੜਤਾਂ ਦੇ ਹੱਕਾਂ ਲਈ ਲੜ ਰਹੀ ਹੈ, ਨੇ ਹੁਣ ਕੇਂਦਰ ਸਰਕਾਰ ਤੋਂ ਇੱਕ "ਸੱਚ, ਜਵਾਬਦੇਹੀ ਅਤੇ ਮੁੜ-ਮਿਲਾਪ ਕਮਿਸ਼ਨ" ਬਣਾਉਣ ਦੀ ਮੰਗ ਕੀਤੀ ਹੈ, ਤਾਂ ਜੋ ਖਾੜਕੂਵਾਦ ਦੌਰ ਦੀਆਂ ਘਟਨਾਵਾਂ ਦੀ ਸੰਪੂਰਨ ਜਾਂਚ ਹੋ ਸਕੇ। ਸੰਗਠਨ ਦਾ ਕਹਿਣਾ ਹੈ ਕਿ ਜਦਕਿ ਖਾਲੜਾ ਦੀ ਕੁਰਬਾਨੀ ਦੀ ਪਛਾਣ ਜ਼ਰੂਰੀ ਹੈ, ਉਹ ਇਸ ਦੁਖਦਾਈ ਦੌਰ ਦਾ ਸਿਰਫ਼ ਇੱਕ ਪਹਿਲੂ ਹੈ - ਦਹਿਸ਼ਤਗਰਦੀ ਵਿੱਚ ਆਪਣੇ ਪਿਆਰਿਆਂ ਨੂੰ ਗੁਆਉਣ ਵਾਲੇ ਸੈਂਕੜੇ ਪਰਿਵਾਰਾਂ ਦੀ ਪੀੜਾ ਵੀ ਓਨੀ ਹੀ ਅਣਸੁਣੀ ਰਹੀ ਹੈ ਅਤੇ ਕਈ ਪਰਿਵਾਰ ਅੱਜ ਵੀ ਵਾਅਦਾ ਕੀਤੇ ਮੁਆਵਜ਼ੇ ਤੇ ਮੁੜ-ਵਸੇਬੇ ਦੀ ਉਡੀਕ ਵਿੱਚ ਹਨ।

### ਸੱਚ ਕਮਿਸ਼ਨ ਕੀ ਬਦਲ ਸਕਦਾ ਹੈ?

ਇੱਕ ਵਿਆਪਕ ਸੱਚ ਕਮਿਸ਼ਨ ਪੰਜਾਬ ਲਈ ਕਈ ਪੱਖੋਂ ਲਾਹੇਵੰਦ ਸਾਬਤ ਹੋ ਸਕਦਾ ਹੈ। ਪਹਿਲਾਂ, ਇਹ ਦੋਹਾਂ ਧਿਰਾਂ - ਰਾਜ ਸੱਤਾ ਅਤੇ ਖਾੜਕੂ ਹਿੰਸਾ ਦੇ ਪੀੜਤਾਂ - ਨੂੰ ਬਰਾਬਰ ਮਾਨਤਾ ਅਤੇ ਸੁਣਵਾਈ ਦਾ ਮੌਕਾ ਦੇ ਸਕਦਾ ਹੈ, ਜੋ ਹੁਣ ਤੱਕ ਸਿਆਸੀ ਵੰਡ ਕਾਰਨ ਸੰਭਵ ਨਹੀਂ ਹੋ ਸਕਿਆ। ਦੂਜਾ, ਇਹ ਹਜ਼ਾਰਾਂ "ਲਾਪਤਾ" ਵਿਅਕਤੀਆਂ ਦੇ ਪਰਿਵਾਰਾਂ ਨੂੰ ਘੱਟੋ-ਘੱਟ ਇਹ ਜਾਣਨ ਦਾ ਹੱਕ ਦੇਵੇਗਾ ਕਿ ਉਹਨਾਂ ਦੇ ਪਿਆਰਿਆਂ ਨਾਲ ਅਸਲ ਵਿੱਚ ਕੀ ਹੋਇਆ - ਜੋ ਦਹਾਕਿਆਂ ਦੇ ਦਰਦ ਨੂੰ ਕੁਝ ਹੱਦ ਤੱਕ ਸ਼ਾਂਤ ਕਰ ਸਕਦਾ ਹੈ। ਤੀਜਾ, ਇੱਕ ਭਰੋਸੇਯੋਗ ਦਸਤਾਵੇਜ਼ੀ ਰਿਕਾਰਡ ਭਵਿੱਖ ਦੀਆਂ ਪੀੜ੍ਹੀਆਂ ਨੂੰ ਇਸ ਦੌਰ ਦੇ ਕਾਰਨਾਂ ਅਤੇ ਸਿੱਟਿਆਂ ਨੂੰ ਸਹੀ ਢੰਗ ਨਾਲ ਸਮਝਣ ਵਿੱਚ ਮਦਦ ਕਰੇਗਾ, ਨਾ ਕਿ ਸਿਰਫ਼ ਸਿਆਸੀ ਧਿਰਾਂ ਦੁਆਰਾ ਘੜੇ ਗਏ ਵਿਰੋਧੀ ਬਿਰਤਾਂਤਾਂ ਰਾਹੀਂ। ਅਖ਼ੀਰ ਵਿੱਚ, ਇਹ ਪੁਲਿਸ ਅਤੇ ਸੁਰੱਖਿਆ ਬਲਾਂ ਵਿੱਚ ਅਜੇ ਵੀ ਬਚੀ "ਦੰਡ ਮੁਕਤੀ ਦੀ ਸੰਸਕ੍ਰਿਤੀ" (impunity) ਨੂੰ ਖ਼ਤਮ ਕਰਨ ਵਿੱਚ ਮਦਦਗਾਰ ਹੋ ਸਕਦਾ ਹੈ, ਜਿਸ ਬਾਰੇ ਐਮਨੈਸਟੀ ਇੰਟਰਨੈਸ਼ਨਲ ਵਰਗੇ ਸੰਗਠਨਾਂ ਦਾ ਕਹਿਣਾ ਹੈ ਕਿ ਇਹ ਅੱਜ ਵੀ ਪੰਜਾਬ ਵਿੱਚ ਹਿਰਾਸਤੀ ਤਸ਼ੱਦਦ ਦੇ ਜਾਰੀ ਰਹਿਣ ਦਾ ਇੱਕ ਕਾਰਨ ਹੈ।

### ਚੁਣੌਤੀਆਂ ਅਤੇ ਵਿਰੋਧੀ ਵਿਚਾਰ

ਪਰ ਇਸ ਮੰਗ ਦੇ ਰਾਹ ਵਿੱਚ ਗੰਭੀਰ ਚੁਣੌਤੀਆਂ ਵੀ ਹਨ, ਜਿਨ੍ਹਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਕਈ ਸਰਕਾਰੀ ਅਧਿਕਾਰੀ ਅਤੇ ਵਿਸ਼ਲੇਸ਼ਕ ਮੰਨਦੇ ਹਨ ਕਿ ਦਹਾਕਿਆਂ ਪੁਰਾਣੇ ਮਾਮਲਿਆਂ ਨੂੰ ਹੁਣ ਦੁਬਾਰਾ ਖੋਲ੍ਹਣ ਨਾਲ ਸ਼ਾਂਤੀ ਭੰਗ ਹੋ ਸਕਦੀ ਹੈ ਅਤੇ ਪੁਰਾਣੀਆਂ ਵੰਡਾਂ ਮੁੜ ਉਭਰ ਸਕਦੀਆਂ ਹਨ। ਇਹ ਵੀ ਸਵਾਲ ਉੱਠਦਾ ਹੈ ਕਿ ਕੀ ਰਾਜ ਸੱਤਾ, ਜੋ ਖ਼ੁਦ ਇਸ ਹਿੰਸਾ ਵਿੱਚ ਘਿਰ ਰਹੀ, ਇੱਕ ਨਿਰਪੱਖ ਕਮਿਸ਼ਨ ਦਾ ਗਠਨ ਕਰ ਸਕਦੀ ਹੈ, ਖ਼ਾਸ ਕਰਕੇ ਜਦੋਂ ਪਿਛਲੇ ਕਮਿਸ਼ਨਾਂ (ਜਿਵੇਂ NHRC ਅਤੇ ਭੱਲਾ ਕਮਿਸ਼ਨ) ਦਾ ਤਜਰਬਾ ਸੀਮਤ ਅਤੇ ਨਿਰਾਸ਼ਾਜਨਕ ਰਿਹਾ ਹੈ। ਇਸ ਤੋਂ ਇਲਾਵਾ, ਖਾਲਿਸਤਾਨ ਲਹਿਰ ਅਤੇ ਇਸ ਦੌਰ ਨਾਲ ਜੁੜੇ ਸਿਆਸੀ ਵਿਵਾਦ ਅਜੇ ਵੀ ਬਹੁਤ ਸੰਵੇਦਨਸ਼ੀਲ ਹਨ, ਅਤੇ ਕੁਝ ਲੋਕਾਂ ਦਾ ਮੰਨਣਾ ਹੈ ਕਿ ਇੱਕ ਕਮਿਸ਼ਨ ਦੀ ਬਜਾਏ, ਪੀੜਤਾਂ ਦੇ ਮੁੜ-ਵਸੇਬੇ ਅਤੇ ਆਰਥਿਕ ਵਿਕਾਸ 'ਤੇ ਧਿਆਨ ਦੇਣਾ ਜ਼ਿਆਦਾ ਵਿਹਾਰਕ ਰਾਹ ਹੋ ਸਕਦਾ ਹੈ।

ਪੰਜਾਬ ਦਾ ਖਾੜਕੂਵਾਦ ਦੌਰ ਇੱਕ ਗੁੰਝਲਦਾਰ ਅਤੇ ਦਰਦਨਾਕ ਅਧਿਆਏ ਹੈ, ਜਿਸ ਵਿੱਚ ਦੋਹੇ ਪਾਸਿਓਂ ਬੇਸ਼ੁਮਾਰ ਬੇਗੁਨਾਹ ਲੋਕ ਪੀੜਤ ਹੋਏ। ਤਿੰਨ ਦਹਾਕਿਆਂ ਬਾਅਦ ਵੀ ਇਸ ਦੌਰ ਦੀ ਪੂਰੀ ਸੱਚਾਈ ਸਾਹਮਣੇ ਨਹੀਂ ਆਈ, ਅਤੇ ਨਾ ਹੀ ਬਹੁਤੇ ਪੀੜਤ ਪਰਿਵਾਰਾਂ ਨੂੰ ਪੂਰਾ ਨਿਆਂ ਮਿਲ ਸਕਿਆ ਹੈ। ਸੱਚ ਕਮਿਸ਼ਨ ਦੀ ਮੰਗ ਦੇ ਪਿੱਛੇ ਇਹੀ ਭਾਵਨਾ ਕੰਮ ਕਰਦੀ ਹੈ ਕਿ ਜਦੋਂ ਤੱਕ ਸੱਚ ਸਾਹਮਣੇ ਨਹੀਂ ਆਉਂਦਾ ਅਤੇ ਹਰ ਧਿਰ ਦੇ ਪੀੜਤਾਂ ਨੂੰ ਬਰਾਬਰ ਮਾਨਤਾ ਨਹੀਂ ਮਿਲਦੀ, ਓਦੋਂ ਤੱਕ ਪੰਜਾਬ ਦੇ ਜ਼ਖ਼ਮ ਪੂਰੀ ਤਰ੍ਹਾਂ ਨਹੀਂ ਭਰ ਸਕਣਗੇ। ਹਾਲਾਂਕਿ ਇਸ ਰਾਹ ਵਿੱਚ ਸਿਆਸੀ ਅਤੇ ਵਿਹਾਰਕ ਚੁਣੌਤੀਆਂ ਬਹੁਤ ਹਨ, ਪਰ ਇਹ ਬਹਿਸ ਦਰਸਾਉਂਦੀ ਹੈ ਕਿ ਸੱਚਾਈ ਅਤੇ ਨਿਆਂ ਦੀ ਭਾਲ ਅੱਜ ਵੀ ਪੰਜਾਬ ਦੇ ਸਮੂਹਿਕ ਮਨ ਵਿੱਚ ਜ਼ਿੰਦਾ ਹੈ।




## ਵਿਸ਼ੇਸ਼ ਰਿਪੋਰਟ/ਚੜ੍ਹਦੀਕਲਾ ਬਿਊਰੋ

ਪਟਿਆਲਾ-ਦੁਨੀਆ ਭਰ ਵਿੱਚ ਕਈ ਦੇਸ਼ਾਂ ਨੇ ਲੰਬੇ ਸਮੇਂ ਤੱਕ ਚੱਲੇ ਯੁੱਧਾਂ, ਤਾਨਾਸ਼ਾਹੀ ਸ਼ਾਸਨਾਂ, ਨਸਲੀ ਵਿਤਕਰੇ ਜਾਂ ਘਰੇਲੂ ਸੰਘਰਸ਼ਾਂ ਦਾ ਸਾਹਮਣਾ ਕੀਤਾ ਹੈ। ਅਜਿਹੇ ਦੌਰਾਂ ਵਿੱਚ ਹੋਏ ਮਨੁੱਖੀ ਅਧਿਕਾਰਾਂ ਦੇ ਘਾਣ, ਹਿੰਸਾ ਅਤੇ ਬੇਇਨਸਾਫ਼ੀ ਦੇ ਮਾਮਲਿਆਂ ਨਾਲ ਨਜਿੱਠਣ ਲਈ "ਸੱਚ ਕਮਿਸ਼ਨ" (Truth Commission) ਇੱਕ ਮਹੱਤਵਪੂਰਨ ਸੰਸਥਾਗਤ ਉਪਾਅ ਵਜੋਂ ਸਾਹਮਣੇ ਆਇਆ ਹੈ। ਇਹ ਕਮਿਸ਼ਨ ਨਾ ਸਿਰਫ਼ ਇਤਿਹਾਸਕ ਸੱਚਾਈ ਨੂੰ ਦਸਤਾਵੇਜ਼ੀ ਰੂਪ ਦਿੰਦੇ ਹਨ, ਸਗੋਂ ਪੀੜਤਾਂ ਨੂੰ ਨਿਆਂ ਅਤੇ ਸਮਾਜ ਨੂੰ ਮੁੜ-ਮਿਲਾਪ ਵੱਲ ਲਿਜਾਣ ਦੀ ਕੋਸ਼ਿਸ਼ ਕਰਦੇ ਹਨ।

### ਸੱਚ ਕਮਿਸ਼ਨ ਕੀ ਹੈ?

ਸੱਚ ਕਮਿਸ਼ਨ ਇੱਕ ਸਰਕਾਰੀ ਜਾਂ ਅਰਧ-ਸਰਕਾਰੀ ਸੰਸਥਾ ਹੁੰਦੀ ਹੈ, ਜਿਸਦਾ ਮੁੱਖ ਉਦੇਸ਼ ਅਤੀਤ ਵਿੱਚ ਹੋਏ ਵੱਡੇ ਪੱਧਰ ਦੇ ਮਨੁੱਖੀ ਅਧਿਕਾਰਾਂ ਦੇ ਘਾਣ, ਹਿੰਸਾ, ਤਸ਼ੱਦਦ ਜਾਂ ਗ਼ੈਰ-ਕਾਨੂੰਨੀ ਕਾਰਵਾਈਆਂ ਦੀ ਜਾਂਚ ਕਰਨਾ ਹੁੰਦਾ ਹੈ। ਇਹ ਕਮਿਸ਼ਨ ਆਮ ਤੌਰ 'ਤੇ ਕਿਸੇ ਟਕਰਾਅ, ਤਾਨਾਸ਼ਾਹੀ ਜਾਂ ਬਸਤੀਵਾਦੀ ਦੌਰ ਦੇ ਖ਼ਤਮ ਹੋਣ ਤੋਂ ਬਾਅਦ ਬਣਾਏ ਜਾਂਦੇ ਹਨ, ਤਾਂ ਜੋ ਸਮਾਜ ਪੁਰਾਣੇ ਜ਼ਖ਼ਮਾਂ ਨੂੰ ਸਮਝ ਕੇ ਅੱਗੇ ਵਧ ਸਕੇ। ਇਹਨਾਂ ਕਮਿਸ਼ਨਾਂ ਦਾ ਧਿਆਨ ਸਜ਼ਾ ਦੇਣ ਦੀ ਬਜਾਏ ਸੱਚਾਈ ਨੂੰ ਸਾਹਮਣੇ ਲਿਆਉਣ, ਪੀੜਤਾਂ ਦੀ ਗੱਲ ਸੁਣਨ ਅਤੇ ਸਮਾਜਿਕ ਮੁੜ-ਮਿਲਾਪ (reconciliation) 'ਤੇ ਕੇਂਦਰਿਤ ਹੁੰਦਾ ਹੈ।

### ਇਤਿਹਾਸਕ ਪਿਛੋਕੜ

ਪਿਛਲੀ ਸਦੀ ਦੇ ਅੰਤ ਵਿੱਚ, ਖ਼ਾਸ ਕਰਕੇ 1980 ਅਤੇ 1990 ਦੇ ਦਹਾਕਿਆਂ ਵਿੱਚ, ਲਾਤੀਨੀ ਅਮਰੀਕਾ ਅਤੇ ਅਫ਼ਰੀਕਾ ਦੇ ਕਈ ਦੇਸ਼ਾਂ ਵਿੱਚ ਤਾਨਾਸ਼ਾਹੀ ਸ਼ਾਸਨਾਂ ਦੇ ਖ਼ਤਮ ਹੋਣ ਤੋਂ ਬਾਅਦ ਸੱਚ ਕਮਿਸ਼ਨਾਂ ਦਾ ਗਠਨ ਸ਼ੁਰੂ ਹੋਇਆ। ਅਰਜਨਟੀਨਾ ਵਿੱਚ 1983 ਵਿੱਚ ਬਣੇ "ਲਾਪਤਾ ਵਿਅਕਤੀਆਂ 'ਤੇ ਰਾਸ਼ਟਰੀ ਕਮਿਸ਼ਨ" ਨੂੰ ਇਸ ਖੇਤਰ ਦੀ ਸ਼ੁਰੂਆਤੀ ਮਿਸਾਲ ਮੰਨਿਆ ਜਾਂਦਾ ਹੈ। ਪਰ ਸਭ ਤੋਂ ਵੱਧ ਚਰਚਿਤ ਅਤੇ ਪ੍ਰਭਾਵਸ਼ਾਲੀ ਮਿਸਾਲ ਦੱਖਣੀ ਅਫ਼ਰੀਕਾ ਦਾ "ਸੱਚ ਅਤੇ ਮੁੜ-ਮਿਲਾਪ ਕਮਿਸ਼ਨ" (Truth and Reconciliation Commission - TRC) ਹੈ, ਜਿਸਦੀ ਸਥਾਪਨਾ 1995 ਵਿੱਚ ਨਸਲੀ ਵਿਤਕਰੇ (apartheid) ਦੇ ਖ਼ਾਤਮੇ ਤੋਂ ਬਾਅਦ ਹੋਈ ਸੀ। ਇਸ ਕਮਿਸ਼ਨ ਦੀ ਅਗਵਾਈ ਆਰਚਬਿਸ਼ਪ ਡੈਸਮੰਡ ਟੂਟੂ ਨੇ ਕੀਤੀ ਸੀ ਅਤੇ ਇਸਨੂੰ ਦੁਨੀਆ ਭਰ ਵਿੱਚ ਇੱਕ ਮਾਡਲ ਵਜੋਂ ਦੇਖਿਆ ਗਿਆ।

ਕੰਮ ਕਰਨ ਦਾ ਢੰਗ

ਸੱਚ ਕਮਿਸ਼ਨ ਆਮ ਤੌਰ 'ਤੇ ਹੇਠ ਲਿਖੇ ਤਰੀਕਿਆਂ ਨਾਲ ਕੰਮ ਕਰਦੇ ਹਨ:

**ਗਵਾਹੀਆਂ ਦਰਜ ਕਰਨਾ**: ਪੀੜਤਾਂ, ਗਵਾਹਾਂ ਅਤੇ ਕਈ ਵਾਰ ਦੋਸ਼ੀਆਂ ਨੂੰ ਵੀ ਆਪਣੀ ਕਹਾਣੀ ਸੁਣਾਉਣ ਦਾ ਮੌਕਾ ਦਿੱਤਾ ਜਾਂਦਾ ਹੈ। ਇਹ ਸੁਣਵਾਈਆਂ ਅਕਸਰ ਜਨਤਕ ਤੌਰ 'ਤੇ ਹੁੰਦੀਆਂ ਹਨ, ਤਾਂ ਜੋ ਸਮਾਜ ਨੂੰ ਹੋਏ ਜ਼ੁਲਮਾਂ ਦਾ ਪੂਰਾ ਗਿਆਨ ਮਿਲ ਸਕੇ।

**ਦਸਤਾਵੇਜ਼ੀਕਰਨ:** ਹੋਈਆਂ ਘਟਨਾਵਾਂ ਦਾ ਬਾਰੀਕੀ ਨਾਲ ਰਿਕਾਰਡ ਤਿਆਰ ਕੀਤਾ ਜਾਂਦਾ ਹੈ, ਜੋ ਭਵਿੱਖ ਲਈ ਇੱਕ ਇਤਿਹਾਸਕ ਦਸਤਾਵੇਜ਼ ਬਣਦਾ ਹੈ।

**ਮੁਆਫ਼ੀ ਅਤੇ ਛੋਟ:** ਦੱਖਣੀ ਅਫ਼ਰੀਕਾ ਦੇ TRC ਵਾਂਗ, ਕੁਝ ਕਮਿਸ਼ਨ ਦੋਸ਼ੀਆਂ ਨੂੰ ਪੂਰਾ ਸੱਚ ਦੱਸਣ ਬਦਲੇ ਸ਼ਰਤੀਆ ਮੁਆਫ਼ੀ ਦੀ ਪੇਸ਼ਕਸ਼ ਕਰਦੇ ਹਨ। ਇਸ ਪਿੱਛੇ ਸੋਚ ਇਹ ਹੈ ਕਿ ਸਜ਼ਾ ਦੇ ਡਰ ਤੋਂ ਬਿਨਾਂ ਲੋਕ ਸੱਚ ਬੋਲਣ ਲਈ ਵਧੇਰੇ ਤਿਆਰ ਹੁੰਦੇ ਹਨ।

**ਸਿਫ਼ਾਰਸ਼ਾਂ:** ਕੰਮ ਦੇ ਅੰਤ ਵਿੱਚ, ਕਮਿਸ਼ਨ ਇੱਕ ਵਿਸਥਾਰਤ ਰਿਪੋਰਟ ਪੇਸ਼ ਕਰਦਾ ਹੈ, ਜਿਸ ਵਿੱਚ ਪੀੜਤਾਂ ਲਈ ਮੁਆਵਜ਼ੇ, ਸੰਸਥਾਗਤ ਸੁਧਾਰਾਂ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸਿਫ਼ਾਰਸ਼ਾਂ ਦਿੱਤੀਆਂ ਜਾਂਦੀਆਂ ਹਨ।

### ਹੋਰ ਮਹੱਤਵਪੂਰਨ ਮਿਸਾਲਾਂ

ਦੱਖਣੀ ਅਫ਼ਰੀਕਾ ਤੋਂ ਇਲਾਵਾ, ਦੁਨੀਆ ਦੇ ਕਈ ਹੋਰ ਦੇਸ਼ਾਂ ਨੇ ਵੀ ਸੱਚ ਕਮਿਸ਼ਨ ਬਣਾਏ ਹਨ - ਜਿਵੇਂ ਕਿ ਪੇਰੂ ਦਾ "ਸੱਚ ਅਤੇ ਮੁੜ-ਮਿਲਾਪ ਕਮਿਸ਼ਨ" (2001), ਗੁਆਟੇਮਾਲਾ ਦਾ "ਇਤਿਹਾਸਕ ਸਪਸ਼ਟੀਕਰਨ ਕਮਿਸ਼ਨ", ਸਿਏਰਾ ਲਿਓਨ, ਕੈਨੇਡਾ (ਮੂਲਵਾਸੀ ਲੋਕਾਂ ਦੇ ਸਕੂਲ ਸਿਸਟਮ ਦੇ ਮਾਮਲੇ ਵਿੱਚ) ਅਤੇ ਹੋਰ ਬਹੁਤ ਸਾਰੇ ਦੇਸ਼। ਹਰ ਦੇਸ਼ ਨੇ ਆਪਣੇ ਸਮਾਜਿਕ, ਰਾਜਨੀਤਿਕ ਅਤੇ ਸੱਭਿਆਚਾਰਕ ਸੰਦਰਭ ਮੁਤਾਬਕ ਆਪਣੇ ਕਮਿਸ਼ਨ ਦਾ ਢਾਂਚਾ ਤਿਆਰ ਕੀਤਾ।

### ਮਹੱਤਵ ਅਤੇ ਲਾਭ

ਸੱਚ ਕਮਿਸ਼ਨਾਂ ਦਾ ਸਭ ਤੋਂ ਵੱਡਾ ਲਾਭ ਇਹ ਹੈ ਕਿ ਇਹ ਪੀੜਤਾਂ ਨੂੰ ਆਵਾਜ਼ ਦਿੰਦੇ ਹਨ। ਬਹੁਤ ਸਾਰੇ ਪੀੜਤ ਪਰਿਵਾਰਾਂ ਲਈ, ਸਿਰਫ਼ ਇਹ ਜਾਣਨਾ ਕਿ ਉਹਨਾਂ ਦੇ ਪਿਆਰਿਆਂ ਨਾਲ ਅਸਲ ਵਿੱਚ ਕੀ ਹੋਇਆ, ਇੱਕ ਵੱਡੀ ਰਾਹਤ ਦਾ ਸਾਧਨ ਬਣਦਾ ਹੈ। ਇਸ ਤੋਂ ਇਲਾਵਾ, ਇਹ ਕਮਿਸ਼ਨ ਸਮਾਜ ਵਿੱਚ ਇੱਕ ਸਾਂਝਾ ਇਤਿਹਾਸਕ ਬਿਰਤਾਂਤ ਸਿਰਜਣ ਵਿੱਚ ਮਦਦ ਕਰਦੇ ਹਨ, ਜੋ ਵੰਡੇ ਹੋਏ ਸਮਾਜਾਂ ਨੂੰ ਦੁਬਾਰਾ ਜੋੜਨ ਲਈ ਜ਼ਰੂਰੀ ਹੁੰਦਾ ਹੈ। ਇਹ ਕਮਿਸ਼ਨ ਭਵਿੱਖ ਦੀਆਂ ਸਰਕਾਰਾਂ ਅਤੇ ਸੰਸਥਾਵਾਂ ਲਈ ਵੀ ਇੱਕ ਚੇਤਾਵਨੀ ਵਜੋਂ ਕੰਮ ਕਰਦੇ ਹਨ ਕਿ ਅਜਿਹੀਆਂ ਘਟਨਾਵਾਂ ਮੁੜ ਨਾ ਵਾਪਰਨ।

### ਆਲੋਚਨਾ ਅਤੇ ਸੀਮਾਵਾਂ

ਇਸਦੇ ਬਾਵਜੂਦ, ਸੱਚ ਕਮਿਸ਼ਨਾਂ ਦੀ ਆਲੋਚਨਾ ਵੀ ਹੁੰਦੀ ਰਹੀ ਹੈ। ਕਈ ਪੀੜਤ ਸਮੂਹ ਮੰਨਦੇ ਹਨ ਕਿ ਸਿਰਫ਼ ਸੱਚ ਜਾਣਨਾ ਕਾਫ਼ੀ ਨਹੀਂ - ਦੋਸ਼ੀਆਂ ਨੂੰ ਸਖ਼ਤ ਸਜ਼ਾ ਵੀ ਮਿਲਣੀ ਚਾਹੀਦੀ ਹੈ। ਮੁਆਫ਼ੀ ਦੀ ਵਿਵਸਥਾ ਕਈ ਵਾਰ " +ਬਿਨਾ ਸਜ਼ਾ ਰਹਿ ਜਾਣ" (impunity) ਦੀ ਭਾਵਨਾ ਪੈਦਾ ਕਰਦੀ ਹੈ। ਇਸ ਤੋਂ ਇਲਾਵਾ, ਕੁਝ ਆਲੋਚਕ ਇਹ ਵੀ ਕਹਿੰਦੇ ਹਨ ਕਿ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਕਸਰ ਸਰਕਾਰਾਂ ਵੱਲੋਂ ਪੂਰੀ ਤਰ੍ਹਾਂ ਲਾਗੂ ਨਹੀਂ ਕੀਤੀਆਂ ਜਾਂਦੀਆਂ, ਜਿਸ ਨਾਲ ਪੀੜਤਾਂ ਦੀਆਂ ਉਮੀਦਾਂ ਅਧੂਰੀਆਂ ਰਹਿ ਜਾਂਦੀਆਂ ਹਨ।ਸੱਚ ਕਮਿਸ਼ਨ ਭਾਵੇਂ ਸੰਪੂਰਨ ਹੱਲ ਨਹੀਂ ਹਨ, ਪਰ ਇਹ ਸੰਘਰਸ਼ ਤੋਂ ਬਾਅਦ ਦੇ ਸਮਾਜਾਂ ਲਈ ਸੱਚਾਈ, ਨਿਆਂ ਅਤੇ ਮੁੜ-ਮਿਲਾਪ ਵੱਲ ਇੱਕ ਮਹੱਤਵਪੂਰਨ ਕਦਮ ਹਨ। ਇਹ ਸਾਬਤ ਕਰਦੇ ਹਨ ਕਿ ਅਤੀਤ ਦੇ ਦਰਦਨਾਕ ਸੱਚ ਦਾ ਸਾਹਮਣਾ ਕਰਨਾ, ਭਾਵੇਂ ਕਿੰਨਾ ਵੀ ਔਖਾ ਹੋਵੇ, ਇੱਕ ਸਿਹਤਮੰਦ ਅਤੇ ਸਥਿਰ ਭਵਿੱਖ ਦੀ ਨੀਂਹ ਰੱਖਣ ਲਈ ਜ਼ਰੂਰੀ ਹੈ। ਜਿਵੇਂ-ਜਿਵੇਂ ਦੁਨੀਆ ਨਵੇਂ ਟਕਰਾਵਾਂ ਅਤੇ ਸੰਕਟਾਂ ਦਾ ਸਾਹਮਣਾ ਕਰਦੀ ਰਹੇਗੀ, ਸੱਚ ਕਮਿਸ਼ਨ ਵਰਗੇ ਸੰਸਥਾਗਤ ਮਾਡਲ ਭਵਿੱਖ ਵਿੱਚ ਵੀ ਨਿਆਂ ਅਤੇ ਸ਼ਾਂਤੀ ਦੀ ਭਾਲ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਰਹਿਣਗੇ।




1984 ਦਾ ਸਾਲ ਸਿੱਖ ਇਤਿਹਾਸ ਅਤੇ ਸੁਤੰਤਰ ਭਾਰਤ ਦੇ ਇਤਿਹਾਸ ਵਿੱਚ ਇੱਕ ਅਜਿਹੇ ਕਾਲੇ ਅਧਿਆਏ ਵਜੋਂ ਦਰਜ ਹੈ, ਜਿਸ ਦੇ ਜ਼ਖ਼ਮ ਦਹਾਕਿਆਂ ਬਾਅਦ ਵੀ ਅੱਲੇ ਹਨ। ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ 'ਤੇ ਹੋਈ ਫੌਜੀ ਕਾਰਵਾਈ (ਆਪ੍ਰੇਸ਼ਨ ਬਲਿਊ ਸਟਾਰ) ਅਤੇ ਉਸ ਤੋਂ ਬਾਅਦ ਨਵੰਬਰ 1984 ਵਿੱਚ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਮਗਰੋਂ ਭਾਰਤ ਭਰ (ਖਾਸ ਕਰਕੇ ਦੇਸ਼ ਦੀ ਰਾਜਧਾਨੀ ਦਿੱਲੀ) ਵਿੱਚ ਹੋਏ ਸਿੱਖ ਕਤਲੇਆਮ ਨੇ ਸਿੱਖ ਕੌਮ ਦੇ ਹਿਰਦੇ ਵਲੂੰਧਰ ਕੇ ਰੱਖ ਦਿੱਤੇ। ਇਸ ਦੁਖਾਂਤ ਨੇ ਪੰਜਾਬ ਨੂੰ ਇੱਕ ਲੰਮੇ ਸੰਤਾਪ ਵੱਲ ਧੱਕ ਦਿੱਤਾ।

ਇਸ ਕਤਲੇਆਮ ਤੋਂ ਬਾਅਦ ਪੀੜਤਾਂ ਨੇ ਨਿਆਂ ਦੀ ਆਸ ਵਿੱਚ ਭਾਰਤੀ ਲੋਕਤੰਤਰ ਅਤੇ ਨਿਆਂ ਪ੍ਰਣਾਲੀ ਵੱਲ ਦੇਖਿਆ। ਸਰਕਾਰਾਂ ਵੱਲੋਂ ਸਮੇਂ-ਸਮੇਂ 'ਤੇ ਜਾਂਚ ਕਮਿਸ਼ਨ, ਕਮੇਟੀਆਂ ਅਤੇ ਵਿਸ਼ੇਸ਼ ਜਾਂਚ ਟੀਮਾਂ (SIT) ਬਣਾਈਆਂ ਗਈਆਂ। ਪਰ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਕੀ ਇਹਨਾਂ ਕਮਿਸ਼ਨਾਂ ਨੇ ਪੀੜਤਾਂ ਨੂੰ ਨਿਆਂ ਦਿਵਾਇਆ?

ਕਮਿਸ਼ਨਾਂ ਅਤੇ ਕਮੇਟੀਆਂ ਦਾ ਸਿਲਸਿਲਾ

ਨਵੰਬਰ 1984 ਦੇ ਸਿੱਖ ਕਤਲੇਆਮ ਦੀ ਜਾਂਚ ਅਤੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਲਈ ਪਿਛਲੇ 40 ਸਾਲਾਂ ਵਿੱਚ 11 ਮੁੱਖ ਕਮਿਸ਼ਨ ਅਤੇ ਕਮੇਟੀਆਂ ਬਣਾਈਆਂ ਗਈਆਂ। ਇਹਨਾਂ ਦਾ ਸੰਖੇਪ ਵੇਰਵਾ ਇਸ ਪ੍ਰਕਾਰ ਹੈ:

1. ਮਾਰਵਾਹ ਕਮਿਸ਼ਨ (1985): ਇਹ ਪਹਿਲਾ ਕਮਿਸ਼ਨ ਸੀ ਜੋ ਪੁਲਿਸ ਅਧਿਕਾਰੀ ਵੇਦ ਮਾਰਵਾਹ ਦੀ ਅਗਵਾਈ ਵਿੱਚ ਬਣਾਇਆ ਗਿਆ। ਇਸ ਦਾ ਮਕਸਦ ਦਿੱਲੀ ਪੁਲਿਸ ਦੀ ਭੂਮਿਕਾ ਦੀ ਜਾਂਚ ਕਰਨਾ ਸੀ। ਪਰ ਜਿਵੇਂ ਹੀ ਮਾਰਵਾਹ ਨੇ ਪੁਲਿਸ ਦੀਆਂ ਖਾਮੀਆਂ ਉਜਾਗਰ ਕਰਨੀਆਂ ਸ਼ੁਰੂ ਕੀਤੀਆਂ, ਸਰਕਾਰ ਨੇ ਇਸ ਕਮਿਸ਼ਨ ਨੂੰ ਅੱਧ-ਵਿਚਕਾਰ ਹੀ ਰੋਕ ਦਿੱਤਾ ਅਤੇ ਇਸ ਦੀ ਰਿਪੋਰਟ ਕਦੇ ਜਨਤਕ ਨਹੀਂ ਹੋਈ।

2. ਰੰਗਨਾਥ ਮਿਸ਼ਰਾ ਕਮਿਸ਼ਨ (1985): ਸੁਪਰੀਮ ਕੋਰਟ ਦੇ ਜੱਜ ਰੰਗਨਾਥ ਮਿਸ਼ਰਾ ਦੀ ਅਗਵਾਈ ਵਿੱਚ ਬਣੇ ਇਸ ਕਮਿਸ਼ਨ ਨੇ ਆਪਣੀ ਰਿਪੋਰਟ ਵਿੱਚ ਕਾਂਗਰਸ ਪਾਰਟੀ ਦੇ ਉੱਚ ਆਗੂਆਂ ਨੂੰ ਕਲੀਨ ਚਿੱਟ ਦੇ ਦਿੱਤੀ। ਇਸ ਨੇ ਹਿੰਸਾ ਲਈ ਸਿਰਫ਼ ਪੁਲਿਸ ਅਤੇ ਹੇਠਲੇ ਪੱਧਰ ਦੇ ਲੋਕਾਂ ਨੂੰ ਜ਼ਿੰਮੇਵਾਰ ਠਹਿਰਾਇਆ। ਸਿੱਖ ਭਾਈਚਾਰੇ ਨੇ ਇਸ ਨੂੰ 'ਲੀਪਾ-ਪੋਚੀ' (cover-up) ਵਾਲੀ ਰਿਪੋਰਟ ਕਰਾਰ ਦਿੱਤਾ।

3. ਕਪੂਰ-ਮਿੱਤਲ ਕਮੇਟੀ (1987): ਇਸ ਕਮੇਟੀ ਨੇ 72 ਪੁਲਿਸ ਅਧਿਕਾਰੀਆਂ ਦੀ ਪਛਾਣ ਕੀਤੀ ਜਿਨ੍ਹਾਂ ਨੇ ਡਿਊਟੀ ਵਿੱਚ ਅਣਗਹਿਲੀ ਵਰਤੀ ਸੀ ਅਤੇ ਉਨ੍ਹਾਂ ਨੂੰ ਬਰਖਾਸਤ ਕਰਨ ਦੀ ਸਿਫਾਰਸ਼ ਕੀਤੀ। ਪਰ, ਕਿਸੇ ਵੀ ਪੁਲਿਸ ਅਧਿਕਾਰੀ ਖਿਲਾਫ਼ ਕੋਈ ਠੋਸ ਕਾਰਵਾਈ ਨਹੀਂ ਹੋਈ।

4. ਜੈਨ-ਬੈਨਰਜੀ ਕਮੇਟੀ (1987) ਅਤੇ ਹੋਰ ਕਮੇਟੀਆਂ: ਇਸ ਕਮੇਟੀ ਦਾ ਕੰਮ ਉਨ੍ਹਾਂ ਕੇਸਾਂ ਨੂੰ ਦਰਜ ਕਰਵਾਉਣਾ ਸੀ ਜੋ ਪਹਿਲਾਂ ਪੁਲਿਸ ਵੱਲੋਂ ਦਰਜ ਨਹੀਂ ਕੀਤੇ ਗਏ ਸਨ। ਇਸ ਤੋਂ ਇਲਾਵਾ ਆਹੂਜਾ ਕਮੇਟੀ (1987) (ਜਿਸਨੇ ਦੱਸਿਆ ਕਿ ਦਿੱਲੀ ਵਿੱਚ 2,733 ਸਿੱਖ ਮਾਰੇ ਗਏ), ਪੋਟੀ-ਰੋਸ਼ਾ ਕਮੇਟੀ (1990), ਜੈਨ-ਅਗਰਵਾਲ ਕਮੇਟੀ (1990), ਢਿੱਲੋਂ ਕਮੇਟੀ (1985) ਅਤੇ ਨਰੂਲਾ ਕਮੇਟੀ (1993) ਬਣਾਈਆਂ ਗਈਆਂ। ਇਹਨਾਂ ਸਾਰੀਆਂ ਕਮੇਟੀਆਂ ਨੇ ਕਈ ਸਿਆਸੀ ਆਗੂਆਂ ਅਤੇ ਪੁਲਿਸ ਵਾਲਿਆਂ ਖਿਲਾਫ ਕੇਸ ਦਰਜ ਕਰਨ ਦੀਆਂ ਸਿਫਾਰਸ਼ਾਂ ਕੀਤੀਆਂ, ਪਰ ਸਿਆਸੀ ਦਬਾਅ ਕਾਰਨ ਕਾਰਵਾਈ ਨਾ-ਮਾਤਰ ਹੋਈ।

5. ਨਾਨਾਵਤੀ ਕਮਿਸ਼ਨ (2000): ਕਈ ਸਾਲਾਂ ਦੀ ਨਿਰਾਸ਼ਾ ਤੋਂ ਬਾਅਦ, 2000 ਵਿੱਚ ਜਸਟਿਸ ਜੀ.ਟੀ. ਨਾਨਾਵਤੀ ਕਮਿਸ਼ਨ ਦਾ ਗਠਨ ਕੀਤਾ ਗਿਆ। ਇਸ ਕਮਿਸ਼ਨ ਨੇ 2005 ਵਿੱਚ ਆਪਣੀ ਰਿਪੋਰਟ ਸੌਂਪੀ। ਇਸ ਰਿਪੋਰਟ ਨੇ ਪਹਿਲੀ ਵਾਰ ਸਪੱਸ਼ਟ ਤੌਰ 'ਤੇ ਮੰਨਿਆ ਕਿ ਸਿੱਖਾਂ ਦੇ ਕਤਲੇਆਮ ਵਿੱਚ ਤਤਕਾਲੀ ਸੱਤਾਧਾਰੀ ਪਾਰਟੀ (ਕਾਂਗਰਸ) ਦੇ ਕਈ ਸਥਾਨਕ ਨੇਤਾ ਸ਼ਾਮਲ ਸਨ ਅਤੇ ਪੁਲਿਸ ਨੇ ਉਨ੍ਹਾਂ ਦਾ ਸਾਥ ਦਿੱਤਾ ਸੀ। ਇਸ ਰਿਪੋਰਟ ਤੋਂ ਬਾਅਦ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੇ ਸੰਸਦ ਵਿੱਚ ਸਿੱਖ ਕੌਮ ਅਤੇ ਦੇਸ਼ ਤੋਂ ਮੁਆਫੀ ਮੰਗੀ ਸੀ।

6. ਵਿਸ਼ੇਸ਼ ਜਾਂਚ ਟੀਮਾਂ (SITs - 2014 ਅਤੇ ਬਾਅਦ): 2014 ਵਿੱਚ ਭਾਰਤ ਸਰਕਾਰ ਨੇ ਜਸਟਿਸ ਮਾਥੁਰ ਕਮੇਟੀ ਬਣਾਈ, ਜਿਸਦੀ ਸਿਫਾਰਸ਼ 'ਤੇ 2015 ਵਿੱਚ ਇੱਕ ਨਵੀਂ SIT ਬਣਾਈ ਗਈ ਤਾਂ ਜੋ ਬੰਦ ਕੀਤੇ ਗਏ 200 ਤੋਂ ਵੱਧ ਕੇਸਾਂ ਨੂੰ ਮੁੜ ਖੋਲ੍ਹਿਆ ਜਾ ਸਕੇ। ਬਾਅਦ ਵਿੱਚ, 2018 ਵਿੱਚ ਭਾਰਤ ਦੀ ਸੁਪਰੀਮ ਕੋਰਟ ਨੇ ਨਿਆਂ ਵਿੱਚ ਹੋ ਰਹੀ ਦੇਰੀ ਨੂੰ ਦੇਖਦੇ ਹੋਏ ਆਪਣੀ ਨਿਗਰਾਨੀ ਹੇਠ ਇੱਕ ਨਵੀਂ SIT ਦਾ ਗਠਨ ਕੀਤਾ।

### ਸਿੱਖਾਂ ਨੂੰ ਕਿੰਨਾ ਕੁ ਨਿਆਂ ਮਿਲਿਆ?

ਜੇਕਰ ਅਸੀਂ ਨਿਆਂ ਦੀ ਤੱਕੜੀ ਵਿੱਚ ਇਹਨਾਂ 11 ਕਮਿਸ਼ਨਾਂ, ਕਈ ਕਮੇਟੀਆਂ ਅਤੇ SITs ਦੀ ਕਾਰਗੁਜ਼ਾਰੀ ਨੂੰ ਤੋਲੀਏ, ਤਾਂ ਸਿੱਖਾਂ ਦੇ ਪੱਲੇ ਗਹਿਰੀ ਨਿਰਾਸ਼ਾ ਅਤੇ ਨਾਇਨਸਾਫ਼ੀ ਹੀ ਪਈ ਹੈ। ਨਿਆਂ ਦੇ ਨਾਂ 'ਤੇ ਜੋ ਕੁਝ ਹੋਇਆ, ਉਸਦੀ ਹਕੀਕਤ ਹੇਠ ਲਿਖੇ ਨੁਕਤਿਆਂ ਤੋਂ ਸਪੱਸ਼ਟ ਹੁੰਦੀ ਹੈ:

ਸਜ਼ਾਵਾਂ ਦੀ ਨਿਗੂਣੀ ਦਰ: ਸਰਕਾਰੀ ਅੰਕੜਿਆਂ ਅਨੁਸਾਰ ਸਿਰਫ਼ ਦਿੱਲੀ ਵਿੱਚ ਹੀ ਲਗਭਗ 2,700 ਤੋਂ ਵੱਧ ਸਿੱਖ ਮਾਰੇ ਗਏ ਸਨ (ਗੈਰ-ਸਰਕਾਰੀ ਅੰਕੜੇ ਇਸ ਤੋਂ ਕਿਤੇ ਵੱਧ ਹਨ)। ਪਰ ਇਸਦੇ ਮੁਕਾਬਲੇ ਸਜ਼ਾ ਸਿਰਫ਼ ਮੁੱਠੀ ਭਰ ਲੋਕਾਂ ਨੂੰ ਹੋਈ ਹੈ। ਸੈਂਕੜੇ ਕਾਤਲ, ਜਿਨ੍ਹਾਂ ਨੇ ਸ਼ਰੇਆਮ ਦਿਨ-ਦਿਹਾੜੇ ਕਤਲ ਕੀਤੇ, ਬਿਨਾਂ ਕਿਸੇ ਸਜ਼ਾ ਤੋਂ ਆਪਣੀ ਜ਼ਿੰਦਗੀ ਜੀਅ ਰਹੇ ਹਨ ਜਾਂ ਮਰ ਚੁੱਕੇ ਹਨ।

ਸਿਆਸੀ ਪੁਸ਼ਤਪਨਾਹੀ ਅਤੇ ਦੇਰੀ: ਵੱਡੇ ਸਿਆਸੀ ਆਗੂਆਂ ਜਿਵੇਂ ਕਿ ਐਚ.ਕੇ. ਐਲ ਭਗਤ, ਟਾਈਟਲਰ ਅਤੇ ਸੱਜਣ ਕੁਮਾਰ ਦੇ ਨਾਮ ਵਾਰ-ਵਾਰ ਗਵਾਹਾਂ ਵੱਲੋਂ ਲਏ ਗਏ। ਐਚ.ਕੇ.ਐਲ ਭਗਤ ਬਿਨਾਂ ਸਜ਼ਾ ਭੁਗਤੇ ਮੌਤ ਦੇ ਮੂੰਹ ਵਿੱਚ ਚਲਾ ਗਿਆ। 34 ਸਾਲਾਂ ਦੇ ਲੰਮੇ ਸੰਘਰਸ਼ ਤੋਂ ਬਾਅਦ, ਦਸੰਬਰ 2018 ਵਿੱਚ ਦਿੱਲੀ ਹਾਈਕੋਰਟ ਨੇ ਸੱਜਣ ਕੁਮਾਰ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ। ਇਹ ਪੀੜਤਾਂ (ਜਿਵੇਂ ਕਿ ਬੀਬੀ ਨਿਰਪ੍ਰੀਤ ਕੌਰ ਅਤੇ ਬੀਬੀ ਜਗਦੀਸ਼ ਕੌਰ) ਦੇ ਅਥੱਕ ਸੰਘਰਸ਼ ਦੀ ਜਿੱਤ ਸੀ, ਪਰ ਇਸਨੂੰ 'ਪੂਰਨ ਨਿਆਂ' ਨਹੀਂ ਕਿਹਾ ਜਾ ਸਕਦਾ।

ਪੁਲਿਸ ਦੀ ਮਿਲੀਭੁਗਤ ਦੀ ਅਣਦੇਖੀ: ਕਿਸੇ ਵੀ ਵੱਡੇ ਪੁਲਿਸ ਅਧਿਕਾਰੀ ਨੂੰ, ਜਿਸਨੇ ਆਪਣੀ ਡਿਊਟੀ ਨਿਭਾਉਣ ਤੋਂ ਇਨਕਾਰ ਕੀਤਾ ਜਾਂ ਕਾਤਲਾਂ ਦੀ ਮਦਦ ਕੀਤੀ, ਅੱਜ ਤੱਕ ਕੋਈ ਮਿਸਾਲੀ ਸਜ਼ਾ ਨਹੀਂ ਮਿਲੀ।

ਸਬੂਤਾਂ ਦਾ ਨਾਸ਼ ਅਤੇ ਗਵਾਹਾਂ ਨੂੰ ਧਮਕੀਆਂ: ਸਮੇਂ ਦੇ ਬੀਤਣ ਨਾਲ ਸਬੂਤ ਨਸ਼ਟ ਹੋ ਗਏ। ਗਵਾਹਾਂ ਨੂੰ ਡਰਾਇਆ ਗਿਆ, ਧਮਕਾਇਆ ਗਿਆ ਅਤੇ ਪੈਸੇ ਦਾ ਲਾਲਚ ਦਿੱਤਾ ਗਿਆ। ਜਦੋਂ ਸਿਸਟਮ ਹੀ ਕਾਤਲਾਂ ਦੇ ਨਾਲ ਖੜ੍ਹਾ ਹੋਵੇ, ਤਾਂ ਇੱਕ ਆਮ ਇਨਸਾਨ ਲਈ ਅਦਾਲਤਾਂ ਵਿੱਚ 40 ਸਾਲ ਲੜਨਾ ਅਸੰਭਵ ਹੋ ਜਾਂਦਾ ਹੈ।

ਪੰਜਾਬ ਦੀ ਅੰਦਰੂਨੀ ਸਥਿਤੀ ਅਤੇ ਮਨੁੱਖੀ ਅਧਿਕਾਰਾਂ ਦਾ ਘਾਣ

ਜੇਕਰ ਪੰਜਾਬ ਦੇ ਅੰਦਰੂਨੀ ਹਾਲਾਤਾਂ ਦੀ ਗੱਲ ਕਰੀਏ ਤਾਂ 80 ਅਤੇ 90 ਦੇ ਦਹਾਕੇ ਦੌਰਾਨ ਪੰਜਾਬ ਵਿੱਚ ਖਾੜਕੂਵਾਦ ਦੇ ਦੌਰ ਵਿੱਚ ਵੀ ਵੱਡੇ ਪੱਧਰ 'ਤੇ ਮਨੁੱਖੀ ਅਧਿਕਾਰਾਂ ਦਾ ਉਲੰਘਣ ਹੋਇਆ। ਝੂਠੇ ਪੁਲਿਸ ਮੁਕਾਬਲਿਆਂ (Fake Encounters), ਅਣਪਛਾਤੀਆਂ ਲਾਸ਼ਾਂ (Unclaimed bodies) ਦਾ ਸਸਕਾਰ ਕਰਨ ਅਤੇ ਨੌਜਵਾਨਾਂ ਦੇ ਲਾਪਤਾ ਹੋਣ ਦੇ ਮਾਮਲੇ ਸਾਹਮਣੇ ਆਏ। ਜਸਵੰਤ ਸਿੰਘ ਖਾਲੜਾ ਵਰਗੇ ਮਨੁੱਖੀ ਅਧਿਕਾਰ ਕਾਰਕੁੰਨਾਂ ਨੇ ਪੁਲਿਸ ਦੀਆਂ ਜ਼ਿਆਦਤੀਆਂ ਦਾ ਪਰਦਾਫਾਸ਼ ਕੀਤਾ, ਜਿਸਦੀ ਕੀਮਤ ਉਨ੍ਹਾਂ ਨੂੰ ਆਪਣੀ ਜਾਨ ਦੇ ਕੇ ਚੁਕਾਉਣੀ ਪਈ। ਪੰਜਾਬ ਪੁਲਿਸ ਦੇ ਕੁਝ ਅਧਿਕਾਰੀਆਂ ਨੂੰ ਅਦਾਲਤਾਂ ਵੱਲੋਂ ਸਜ਼ਾਵਾਂ ਜ਼ਰੂਰ ਹੋਈਆਂ ਹਨ, ਪਰ ਹਜ਼ਾਰਾਂ ਮਾਵਾਂ ਅੱਜ ਵੀ ਆਪਣੇ ਲਾਪਤਾ ਪੁੱਤਰਾਂ ਦੀ ਉਡੀਕ ਵਿੱਚ ਸੰਸਾਰ ਤੋਂ ਰੁਖਸਤ ਹੋ ਗਈਆਂ।


ਸਿੱਟਾ

ਕਾਨੂੰਨ ਦੀ ਦੁਨੀਆ ਵਿੱਚ ਇੱਕ ਬਹੁਤ ਮਸ਼ਹੂਰ ਕਹਾਵਤ ਹੈ— "ਨਿਆਂ ਵਿੱਚ ਦੇਰੀ ਨਿਆਂ ਦੇਣ ਤੋਂ ਇਨਕਾਰ ਕਰਨ ਦੇ ਬਰਾਬਰ ਹੈ" (Justice delayed is justice denied)। 1984 ਦੇ ਸਿੱਖ ਕਤਲੇਆਮ ਅਤੇ ਪੰਜਾਬ ਦੇ ਦੁਖਾਂਤ ਦੇ ਮਾਮਲੇ ਵਿੱਚ ਇਹ ਕਹਾਵਤ ਪੂਰੀ ਤਰ੍ਹਾਂ ਸੱਚ ਸਾਬਤ ਹੁੰਦੀ ਹੈ।

11 ਕਮਿਸ਼ਨ ਬਣਾਉਣੇ ਅਸਲ ਵਿੱਚ ਸਰਕਾਰਾਂ ਵੱਲੋਂ ਨਿਆਂ ਦੇਣ ਦੀ ਬਜਾਏ, ਲੋਕਾਂ ਦੇ ਗੁੱਸੇ ਨੂੰ ਸ਼ਾਂਤ ਕਰਨ ਅਤੇ ਸਮਾਂ ਬਤੀਤ ਕਰਨ ਦੀ ਇੱਕ ਰਾਜਨੀਤਿਕ ਖੇਡ ਵਧੇਰੇ ਜਾਪਦੀ ਹੈ। ਹਜ਼ਾਰਾਂ ਵਿਧਵਾਵਾਂ ਅਤੇ ਯਤੀਮ ਬੱਚਿਆਂ (ਜੋ ਦਿੱਲੀ ਦੇ ਤਿਲਕ ਵਿਹਾਰ ਵਰਗੀਆਂ ਥਾਵਾਂ 'ਤੇ ਰਹਿੰਦੇ ਹਨ) ਨੇ ਆਪਣੀ ਪੂਰੀ ਜ਼ਿੰਦਗੀ ਅਦਾਲਤਾਂ ਦੇ ਚੱਕਰ ਕੱਟਦਿਆਂ ਗੁਜ਼ਾਰ ਦਿੱਤੀ। ਜੋ ਥੋੜ੍ਹਾ-ਬਹੁਤ ਨਿਆਂ ਮਿਲਿਆ ਵੀ ਹੈ, ਉਹ ਸਰਕਾਰਾਂ ਜਾਂ ਕਮਿਸ਼ਨਾਂ ਦੀ ਮਿਹਰਬਾਨੀ ਨਾਲ ਨਹੀਂ, ਬਲਕਿ ਪੀੜਤਾਂ, ਨਿਰਭਉ ਗਵਾਹਾਂ, ਅਤੇ ਮਨੁੱਖੀ ਅਧਿਕਾਰਾਂ ਲਈ ਲੜਨ ਵਾਲੇ ਵਕੀਲਾਂ ਦੇ ਸਿਦਕ ਅਤੇ ਦ੍ਰਿੜ ਇਰਾਦੇ ਸਦਕਾ ਮਿਲਿਆ ਹੈ।

ਪੰਜਾਬ ਅਤੇ ਸਿੱਖ ਕੌਮ ਦੇ ਇਸ ਦੁਖਾਂਤ ਨੇ ਭਾਰਤੀ ਲੋਕਤੰਤਰ ਅਤੇ ਨਿਆਂ ਪ੍ਰਣਾਲੀ ਦੀ ਨਿਰਪੱਖਤਾ 'ਤੇ ਅਜਿਹਾ ਸਵਾਲੀਆ ਨਿਸ਼ਾਨ ਲਗਾਇਆ ਹੈ, ਜਿਸਦਾ ਇਤਿਹਾਸ ਦੇ ਪੰਨਿਆਂ ਵਿੱਚ ਜਵਾਬ ਦੇਣਾ ਹਮੇਸ਼ਾ ਔਖਾ ਰਹੇਗਾ।

# ਲੋਕ ਸਿਆਣਪ ਤੇ ਅਨੁਭਵ ਦਾ ਨਿਚੋੜ ਅਖਾਣ



ਸ਼ਵਿੰਦਰ ਕੌਰ

ਪੰਜਾਬੀ ਲੋਕ-ਸਾਹਿਤ ਜਾਂ ਲੋਕ-ਧਾਰਾ ਦੀਆਂ ਵੰਨਗੀਆਂ ਦੇ ਆਪਣੇ ਵੱਖਰੇ ਪ੍ਰਗਟਾਉ ਤੇ ਰੂਪ ਸਦਕਾ ਅਖਾਣ ਇਕ ਸੁਤੰਤਰ ਵਿਧਾ ਹੈ ਜੋ ਲੋਕਾਂ ਦੀ ਸਿਆਣਪ ਤੇ ਅਨੁਭਵ ਦਾ ਨਿਚੋੜ ਹੁੰਦੀਆਂ ਹਨ। ਲੋਕ ਜੀਵਨ ਦੇ ਲੰਬੇ ਤਜਰਬਿਆਂ ਅਤੇ ਅਨੁਭਵਾਂ ਨੂੰ ਲੋਕ ਬੋਲੀ ਦੁਆਰਾ ਬਹੁਤ ਹੀ ਸੰਖੇਪ ਪ੍ਰੰਤੂ ਢੁਕਵੀਂ ਸ਼ੈਲੀ ਰਾਹੀਂ ਵਾਕਾਂ, ਤੁਕਾਂ ਰਾਹੀਂ ਅਖਾਣ ਨੂੰ ਪ੍ਰਗਟਾਇਆ ਗਿਆ ਹੁੰਦਾ ਹੈ। ਪੰਜਾਬ 'ਚ ਇਸ ਲਈ ਅਖੌਤ, ਕਹਾਵਤ ਸ਼ਬਦ ਵਰਤੇ ਜਾਂਦੇ ਹਨ। ਲੋਕ ਜੀਵਨ ਨਾਲ ਹੰਢ ਕੇ ਪ੍ਰਵਾਨ ਹੋਏ ਅਖਾਣ ਸਾਡੇ ਜੀਵਨ ਦੀ ਕਈ ਪੱਖਾਂ ਤੋਂ ਅਗਵਾਈ ਕਰਦੇ ਹਨ। ਇਨ੍ਹਾਂ ਦੀ ਸੱਭਿਆਚਾਰਕ, ਸਾਹਿਤਕ ਤੇ ਭਾਸ਼ਾਈ ਮਹੱਤਤਾ ਇਸ ਦੀ ਜੀਵਨ 'ਚ ਨਿਤਾਪ੍ਰਤੀ ਵਰਤੋਂ ਤੇ ਅਮੁੱਲ ਭੰਡਾਰ 'ਚੋਂ ਸਹਿਜੇ ਹੀ ਪਛਾਣੀ ਜਾ ਸਕਦੀ ਹੈ। ਰਾਬਰਟ ਕਾਫਮੈਨ ਅਖਾਣਾਂ ਨੂੰ ਹੀ ਸਾਹਿਤ ਦਾ ਮੁੱਢ ਦੱਸਦਾ ਹੈ, ਉਸ ਦੇ ਖਿਆਲ ਅਨੁਸਾਰ ਦੁਨੀਆ ਦੀ ਪਹਿਲੀ ਕਵਿਤਾ ਅਖਾਣ ਸਨ। ਜਦੋਂ ਅਜੇ ਲਿਖਣ-ਪੜ੍ਹਨ ਦਾ ਰਿਵਾਜ ਚਾਲੂ ਨਹੀਂ ਸੀ ਹੋਇਆ ਤਾਂ ਲੋਕ ਬਹੁਤ ਕੁਝ ਜ਼ੁਬਾਨੀ ਯਾਦ ਰੱਖਦੇ ਸਨ। ਸੈਂਕੜੇ ਸਾਲਾਂ ਦੇ ਅਨੁਭਵ ਮਗਰੋਂ ਲੋਕਾਂ ਨੂੰ ਆਪਣੇ ਕਾਰ-ਵਿਹਾਰ, ਨਿਤਾਪ੍ਰਤੀ ਦੇ ਜੀਵਨ ਜਾਂ ਪ੍ਰਕਿਰਤੀ ਬਾਰੇ ਕੋਈ ਢੁਕਵੀਂ ਸਚਾਈ ਭਾਸਦੀ ਤਾਂ ਉਹ ਅਖਾਣ ਬਣ ਕੇ ਪ੍ਰਚੱਲਤ ਹੋ ਜਾਂਦੀ। ਲੋਕੀਂ ਉਸ ਨੂੰ ਤੁਕ-ਬੰਦੀ 'ਚ ਵੀ ਗੁੰਦ ਲੈਂਦੇ ਸਨ। ਪੰਜਾਬ ਦੇ ਅਖਾਣਾਂ 'ਚੋਂ ਖੇਤੀਬਾੜੀ, ਮੀਂਹ, ਸੂਰਜ, ਜਾਤੀਆਂ ਦੇ ਗੁਣ-ਔਗੁਣ, ਆਦਤਾਂ ਤੇ ਸੁਭਾਅ, ਰਿਸ਼ਤਿਆਂ ਪ੍ਰਤੀ ਸੂਝ, ਵਿਵਹਾਰਾਂ ਤੇ ਕੰਮਾਂ ਪ੍ਰਤੀ ਨਿਚੋੜ ਉਜਾਗਰ ਹੁੰਦਾ ਹੈ। ਪੰਜਾਬ ਖੇਤੀ ਪ੍ਰਧਾਨ ਰਾਜ ਰਿਹਾ ਹੈ। ਪੰਜਾਬੀਆਂ ਦੀ ਖੇਤਾਂ 'ਚ ਕੀਤੀ ਕਿਰਤ ਨੂੰ ਦੂਜੇ ਧੰਦਿਆਂ ਨਾਲੋਂ ਉੱਤਮ ਸਮਝਿਆ ਜਾਂਦਾ ਸੀ ਕਿਉਂਕਿ ਕਿਸਾਨ ਸਭ ਦੀਆਂ ਗਰਜਾਂ ਪੂਰੀਆਂ ਕਰਦਾ ਸੀ ਤੇ ਕਿਰਤੀ ਵਰਗ ਵੀ ਖੇਤੀ ਨਾਲ ਹੀ ਜੁੜੇ ਹੁੰਦੇ ਸਨ-

'ਉੱਤਮ ਖੇਤੀ, ਮੱਧਮ ਵਪਾਰ ਨਖਿੱਧ ਚਾਕਰੀ ਭੀਖ ਗਵਾਰ।' ਬਹੁਤ ਸਾਰੇ ਅਖਾਣਾਂ 'ਚ ਜੱਟ ਦੀ ਮੰਦਹਾਲੀ, ਗ਼ਰੀਬੀ ਸਖ਼ਤ ਮਿਹਨਤ ਤੇ ਇਸ ਤੋਂ ਉਤਪੰਨ ਹੋਣ ਵਾਲੀਆਂ ਹੋਰ ਮੁਸ਼ਕਲਾਂ ਦਾ ਵੀ ਭਰਪੂਰ ਵਰਨਣ ਹੋਇਆ ਹੈ। ਜਿਵੇਂ

'ਹਲ ਵਾਹ ਪੱਠਿਆਂ ਨੂੰ ਜਾਣਾ, ਜੱਟਾ ਤੇਰੀ ਜੂਨ ਬੁਰੀ।'

'ਕਲਰ ਖੇਤ, ਹਲ ਉਖੜੂ ਢੱਗੇ ਬਹਿ ਬਹਿ ਜਾਣ।

ਨਾਰ ਕੁਲਹਿਣੀ, ਕੌੜ ਗਾਂ, ਸਭ ਸ਼ੇਖੀਆਂ ਭੁੱਲ ਜਾਣ।'

ਪੰਜਾਬੀ ਸੱਭਿਆਚਾਰ 'ਚ ਮੰਗਣਾ ਮਰ ਜਾਣ ਦੇ ਬਰਾਬਰ ਸਮਝਿਆ ਜਾਂਦਾ ਹੈ। 'ਮੰਗਣ ਗਿਆ ਸੋ ਮਰ ਗਿਆ ਮੰਗਣ ਮੂਲ ਨਾ ਜਾ।'

ਪੰਜਾਬੀ ਸੱਭਿਆਚਾਰ 'ਚ ਕਿਰਤ ਦੀ ਹੀ ਵਡਿਆਈ ਹੋਈ ਹੈ ਤੇ ਕਿਰਤੀ ਦਾ ਲੋਕ ਮਨ 'ਚ ਸਤਿਕਾਰ ਤੇ ਸਨਮਾਨ ਹੈ ਜਿਵੇਂ :

'ਕਰ ਕਾਰ ਨਾ ਆਵੇ ਹਾਰ।'

'ਕਰ ਮਜੂਰੀ ਖਾਹ ਚੂਰੀ।'

ਅਖਾਣਾਂ ਦੇ ਸ਼ਬਦਾਂ 'ਚ ਸਦੀਵੀ ਸੱਚ ਹੁੰਦਾ ਹੈ ਜਿਹੜਾ ਕਿਸੇ ਤਰ੍ਹਾਂ ਵੀ ਝੁਠਲਾਇਆ ਨਹੀਂ ਜਾ ਸਕਦਾ ਜਿਵੇਂ -'ਗੱਲ ਕਹਿੰਦੀ ਤੂੰ ਮੈਨੂੰ ਮੂੰਹੋਂ ਕੱਢ, ਮੈਂ ਤੈਨੂੰ ਸ਼ਹਿਰੋਂ ਕੱਢਦੀ ਹਾਂ।'

'ਗੌਂ ਭੁਨਾਵੇਂ ਜੌਂ, ਭਾਵੇਂ ਗਿੱਲੇ ਹੀ ਹੋਣ।' ਘਰ ਉਹਲੇ ਪ੍ਰਦੇਸ ਵਰਗੀ ਗੱਲ ਸਹਿਜੇ ਹੀ ਅਖਾਣ ਦਾ ਰੂਪ ਧਾਰਨ ਕਰ ਲੈਂਦੀ ਹੈ। ਜੀਵਨ ਦੇ ਹਰ ਕੌੜੇ ਮਿੱਠੇ ਅਨੁਭਵ ਘੋਖ ਪੜਤਾਲ ਤੋਂ ਬਾਅਦ ਅਖਾਣਾਂ ਦਾ ਰੂਪ ਧਾਰਨ ਕਰ ਗਏ। ਜਿਵੇਂ :

ਲੋਕ ਜੀਵਨ ਦੇ ਲੰਬੇ ਤਜਰਬਿਆਂ ਅਤੇ ਅਨੁਭਵਾਂ ਨੂੰ ਲੋਕ ਬੋਲੀ ਦੁਆਰਾ ਬਹੁਤ ਹੀ ਸੰਖੇਪ ਪ੍ਰੰਤੂ ਢੁਕਵੀਂ ਸ਼ੈਲੀ ਰਾਹੀਂ ਵਾਕਾਂ, ਤੁਕਾਂ ਰਾਹੀਂ ਅਖਾਣ ਨੂੰ ਪ੍ਰਗਟਾਇਆ ਗਿਆ ਹੁੰਦਾ ਹੈ। ਪੰਜਾਬ 'ਚ ਇਸ ਲਈ ਅਖੌਤ, ਕਹਾਵਤ ਸ਼ਬਦ ਵਰਤੇ ਜਾਂਦੇ ਹਨ। ਲੋਕ ਜੀਵਨ ਨਾਲ ਹੰਢ ਕੇ ਪ੍ਰਵਾਨ ਹੋਏ ਅਖਾਣ ਸਾਡੇ ਜੀਵਨ ਦੀ ਕਈ ਪੱਖਾਂ ਤੋਂ ਅਗਵਾਈ ਕਰਦੇ ਹਨ। ਇਨ੍ਹਾਂ ਦੀ ਸੱਭਿਆਚਾਰਕ, ਸਾਹਿਤਕ ਤੇ ਭਾਸ਼ਾਈ ਮਹੱਤਤਾ ਇਸ ਦੀ ਜੀਵਨ 'ਚ ਨਿਤਾਪ੍ਰਤੀ ਵਰਤੋਂ ਤੇ ਅਮੁੱਲ ਭੰਡਾਰ 'ਚੋਂ ਸਹਿਜੇ ਹੀ ਪਛਾਣੀ ਜਾ ਸਕਦੀ ਹੈ।

'ਜਿਸ ਪਿੰਡ ਨਹੀਂ ਜਾਣਾ ਉਸ ਦਾ ਰਾਹ ਕਾਹਨੂੰ ਪੁੱਛਣਾ।'

'ਚੋਰਾਂ ਦੇ ਕੱਪੜੇ, ਡਾਂਗਾਂ ਦੇ ਗਜ਼।'

ਕਈ ਵਾਰ ਕੋਈ ਮਨੁੱਖ, ਕਿਸੇ ਹੋਰ ਮਨੁੱਖ ਦਾ ਵਿਵਹਾਰ, ਉਸ ਦੇ ਮਨ ਵਿਚਲੀਆਂ ਭਾਵਨਾਵਾਂ ਜਾਂ ਉਸ ਦੀਆਂ ਹਰਕਤਾਂ ਨੂੰ ਦੇਖਦਾ, ਪਰਖਦਾ ਹੈ। ਉਸ ਬਾਰੇ ਜੋ ਸਿੱਟਾ ਕੱਢ ਕੇ ਲਿਖਦਾ ਜਾਂ ਬੋਲਦਾ ਹੈ ਤਾਂ ਜਦੋਂ ਉਹਨਾਂ ਬੋਲਾਂ ਨੂੰ ਲੋਕਾਂ ਦੁਆਰਾ ਅਪਣਾ ਕੇ ਬਾਰ ਬਾਰ ਬੋਲਿਆ ਜਾਂਦਾ ਹੈ ਤਾਂ ਉਹ ਬੋਲ ਲੋਕਾਂ ਦੀ ਜ਼ੁਬਾਨ 'ਤੇ ਚੜ੍ਹ ਕੇ ਅਖਾਣ ਦਾ ਰੂਪ ਧਾਰਨ ਕਰ ਲੈਂਦੇ ਹਨ। ਅਖਾਣਾਂ ਵਿਚੋਂ ਲੋਕ ਸਿਆਣਪ ਦੀ ਝਲਕ ਦਿਖਾਈ ਦਿੰਦੀ ਹੈ।

'ਹੱਥ ਨਾ ਅੱਪੜੇ, ਥੁਹ ਕੌੜੀ।'

'ਉਠ ਨਾ ਸਕੇ ਫਿੱਟੇ ਮੂੰਹ ਗੋਡਿਆਂ ਦਾ'

ਕਾਰ ਜਾਂ ਕਿੱਤਾ ਮਨੁੱਖ ਦੇ ਜੀਵਨ ਦਾ ਮੁੱਖ ਹਿੱਸਾ ਹੈ ਕਿੱਤਾ ਦੀ ਸਫ਼ਲਤਾ ਹੀ ਆਰਥਿਕ ਮੁਕਤੀ ਦਾ ਪਿੜ ਬੰਨ੍ਹਦੀ। ਸਦੀਆਂ ਤੋਂ ਕਿੱਤੇ ਵਿਚ ਰੁੱਝਿਆ ਮਨੁੱਖ ਸਦਾਚਾਰ ਦੀ ਮੰਗ ਕਰਦਾ ਆਇਆ ਹੈ। ਔਰਤ ਦੇ ਸਤਿਕਾਰ ਤੋਂ ਬਿਨਾਂ ਕੋਈ ਸਮਾਜ ਤਰੱਕੀ ਨਹੀਂ ਕਰ ਸਕਦਾ :

'ਆਓ ਜਾਨੀ ਕੰਮ ਕਰੀਏ, ਨਾ ਕੰਮਾਂ ਬਾਝ ਮਜੂਰੀਆਂ।
ਖੰਡ ਬਾਝ ਨਾ ਸ਼ਰਬਤ ਮਿੱਠੇ, ਘਿਉ ਬਾਝ ਨਾ ਚੂਰੀਆਂ।
ਭਾਈਆਂ ਬਾਝ ਨਾ ਬਾਹਾਂ ਤੇ ਨਾ, ਰਿਜਕ ਬਾਝ ਮਗਰੂਰੀਆ।'

ਅਖਾਣ ਸ਼ਬਦਾਂ ਦਾ ਇਕ ਵਾਕ ਲਿਖ ਦੇਣ ਨਾਲ ਹੋਂਦ 'ਚ ਨਹੀਂ ਆਉਂਦੀ। ਇਸ 'ਚ ਮਨੁੱਖ ਦੇ ਨਾਲ ਹਜ਼ਾਰਾਂ ਵਰ੍ਹਿਆਂ ਦਾ ਅਨੁਭਵ ਉਸ ਦੇ ਅੰਗ-ਸੰਗ ਤੁਰ ਰਿਹਾ ਹੁੰਦਾ ਹੈ। ਇਹ ਮਨੁੱਖੀ ਦਿਲਾਂ 'ਚ ਵੱਸਦਾ ਅਤੇ ਜੀਵਨ ਦੀਆਂ ਹਕੀਕਤਾਂ ਰੂਪਮਾਨ ਕਰਦਾ ਹੈ :

'ਦੰਦਾਂ ਤੋਂ ਗਿਆ ਚਿੱਥਣੋਂ, ਗੋਡਿਆਂ ਤੋਂ ਗਿਆ ਉਠਣੋਂ'
ਅੱਖੀਆਂ ਤੋਂ ਗਿਆ ਦਿਸਣੋਂ, ਕੀ ਜੱਲਣਾ ਤੇਰਾ ਰੁੱਸਣੋਂ।'

ਅਨੇਕਾਂ ਅਖਾਣ ਤਜਰਬੇ ਤੋਂ ਨਿਕਲਣ ਵਾਲੇ ਸਿੱਟਿਆਂ 'ਤੇ ਆਧਾਰਿਤ ਵੀ ਵੇਖੇ ਜਾ ਸਕਦੇ ਹਨ। ਜਿਵੇਂ

'ਸਰਫ਼ਾ ਕਰ ਕੇ ਸੁੱਤੀ, ਆਟਾ ਖਾ ਗਈ ਕੁੱਤੀ।'

'ਸਖੀ ਨਾਲੋਂ ਸੂਮ ਭਲਾ,ਜਿਹੜਾ ਤੁਰਤ ਦੇਵੇ ਜਵਾਬ।'

ਦੁੱਖ ਸੁੱਖ ਦੀ ਟੱਕਰ ਨਾਲ ਵੀ ਅਖਾਣ ਦਾ ਜਨਮ ਹੁੰਦਾ ਹੈ। ਜਿਵੇਂ

'ਦਹੀਂ ਭੁਲਾਵੇਂ ਕਪਾਹ ਦੀ ਫੁੱਟੀ ਨਹੀਂ ਖਾਈਦੀ।'

'ਦੰਦਾਂ ਦਾ ਪੀਠਾ ਮੰਦਾ, ਚੱਕੀ ਦਾ ਪੀਠਾ ਚੰਗਾ।'

ਕਈ ਵਾਰ ਅਖਾਣਾਂ ਵਿਚਲੀ ਸੂਝ-ਬੂਝ ਚੜ੍ਹਦੀ ਕਲਾ ਵੱਲ ਲੈ ਜਾਣ ਲਈ ਹੰਭਲਾ ਮਾਰਦੀ ਹੈ। ਜਿਵੇਂ-

'ਜਿਹਾ ਮੂੰਹ ਤੇਹੀ ਚਪੇੜ।'

'ਢੱਗਿਆ ਤੈਨੂੰ ਚੋਰ ਲੈ ਜਾਣ ਯਾਰਾਂ ਪੱਠੇ ਹੀ ਖਾਣੇ ਨੇ।'

ਕੁਝ ਅਖਾਣ ਜੋ ਅੱਜ ਸਾਡੀ ਬੋਲ-ਚਾਲ ਦਾ ਹਿੱਸਾ ਹਨ, ਉਹ ਆਰੀਆ ਜਾਤੀ ਦੇ ਮੁੱਢਲੇ ਅਨੁਭਵ ਸਨ, ਜਿਵੇਂ-

'ਅੱਗ ਬਿਨ੍ਹਾਂ ਧੂੰਆਂ ਨਹੀਂ ਨਿਕਲਦਾ।'

'ਨਦੀ ਨਾਂਵ ਸੰਜੋਗੀ ਮੇਲੇ।'

ਕਿਸੇ ਵੀ ਭਾਸ਼ਾ ਨੂੰ ਬੋਲੇ ਜਾਣ ਵਾਲੇ ਮੁਹਾਵਰੇ ਤੇ ਅਖਾਣ ਅਮੀਰੀ ਬਖ਼ਸ਼ਦੇ ਹਨ। ਇਨ੍ਹਾਂ ਨਾਲ ਮਨੁੱਖ ਦੀ ਸਾਂਝ ਸਦੀਵੀ ਹੈ। ਜੇ ਪਿਆਰ ਤੇ ਮਿਠਾਸ ਦਾ ਸੰਗਮ ਵੇਖਣਾ ਹੋਵੇ ਤਾਂ ਪੰਜਾਬ ਦੇ ਇਹ ਅਖਾਣ ਮੂਹਰੇ ਰੱਖਣੇ ਪੈਣਗੇ।

# ਇਨਸਾਨੀ ਕਦਰਾਂ-ਕੀਮਤਾਂ



ਸੁੰਦਰਪਾਲ 'ਪ੍ਰੇਮੀ'

ਉਹ ਵਕਤ ਕਿੰਨਾ ਭਾਗਾਂ ਭਰਿਆ ਸੀ ਜਦੋਂ ਲੋਕਾਂ ਵਿਚ ਆਪਸੀ ਮਿਲਵਰਤਨ ਤੇ ਭਾਈਚਾਰਕ ਸਾਂਝ ਦੀ ਗੁੱਡੀ ਚੜ੍ਹੀ ਹੋਈ ਸੀ। ਇਕ-ਦੂਜੇ ਦੇ ਦੁਖ-ਸੁਖ ਵੰਡਾਉਣ ਵਿਚ ਮੋਹਰੀ ਰੋਲ ਨਿਭਾਇਆ ਜਾਂਦਾ ਸੀ। ਰਿਸ਼ਤੇ-ਨਾਤੇ ਕਰਾਉਣ ਵਿਚ ਖ਼ੁਸ਼ੀ ਦਾ ਅਹਿਸਾਸ ਕੀਤਾ ਜਾਂਦਾ ਸੀ। ਜ਼ਬਾਨ ਦਾ ਮੁੱਲ ਸੀ। ਆਪਸੀ ਵਿਸ਼ਵਾਸ ਦੀ ਤੰਦ ਮਜ਼ਬੂਤ ਸੀ। ਪਿੱਠ ਵਿਚ ਛੁਰੀ ਮਾਰਨ ਤੇ ਦੂਜੇ ਨੂੰ ਗੁਮਰਾਹ ਕਰਨ ਦਾ ਰੁਝਾਨ ਹਾਸ਼ੀਏ 'ਤੇ ਸੀ। ਪਰਿਵਾਰਕ, ਸਮਾਜਿਕ ਜੀਵਨ ਸੁਖਮਈ ਸੀ। ਜ਼ਮੀਨ-ਜਾਇਦਾਦ ਦੇ ਝਗੜੇ ਆਟੇ ਵਿਚ ਲੂਣ ਸਮਾਨ ਸਨ। ਸਾਂਝੇ ਪਰਿਵਾਰ ਵਾਲਾ, ਘਰੇਲੂ ਮਾਹੌਲ ਸੁਖਾਵਾਂ ਸੀ। ਨਗਰ ਦੀ ਧੀ-ਭੈਣ ਨੂੰ ਆਪਣੀ ਧੀ-ਭੈਣ ਸਮਝਿਆ ਜਾਂਦਾ ਸੀ। ਅਜੋਕੇ ਯੁੱਗ ਵਿਚ ਇਮਾਨਦਾਰੀ, ਸੱਚਾਈ ਤੇ ਪਰਿਵਾਰਕ ਪ੍ਰੇਮ ਦਾ ਸਮਾਜਿਕ ਤੌਰ 'ਤੇ ਕਾਬਲੇ-ਤਾਰੀਫ਼ ਵਰਤ-ਵਰਤਾਰਾ ਬੀਤੇ ਸਮੇਂ ਦੀ ਕਹਾਣੀ ਬਣ ਗਿਆ ਹੈ। ਇਨਸਾਨੀ ਰਿਸ਼ਤਿਆਂ ਨਾਲੋਂ ਪੈਸੇ ਨੂੰ ਪਹਿਲ ਦਿੱਤੀ ਜਾਂਦੀ ਹੈ। ਖ਼ੂਨ ਦੇ ਰਿਸ਼ਤਿਆਂ ਵਿਚ ਵੀ ਪਿਆਰ ਦੀ ਗੰਗਾ ਗੰਧਲੀ ਹੋ ਗਈ ਹੈ। ਵੰਡ-ਵੰਡਾਰੇ ਸਮੇਂ ਮਾਪੇ ਵੀ ਵੰਡੇ ਜਾਂਦੇ ਹਨ। ਬਜ਼ੁਰਗਾਂ ਦਾ ਮਾਣ-ਸਨਮਾਨ ਸੁਪਨਾ ਬਣ ਗਿਆ ਹੈ। ਘਰਾਂ ਵਿਚ ਇਨ੍ਹਾਂ ਦੀ ਕੋਈ ਅਹਿਮੀਅਤ ਪਛਾਣੀ ਨਹੀਂ ਜਾਂਦੀ। ਇਸੇ ਕਰਕੇ ਬਿਰਧ ਆਸ਼ਰਮਾਂ ਦਾ ਮੰਦਭਾਗਾ ਸੱਭਿਆਚਾਰ ਜੋਬਨ 'ਤੇ ਆ ਗਿਆ ਹੈ। ਬਜ਼ੁਰਗ ਆਪਣੇ ਧੀਆਂ-ਪੁੱਤਾਂ, ਪੋਤੇ-ਪੋਤੀਆਂ ਦੇ ਪਿਆਰ ਤੋਂ ਵਾਂਝੇ ਹੋ ਗਏ ਹਨ। ਆਮ ਤੌਰ 'ਤੇ ਘਰਾਂ ਵਿਚ ਬਜ਼ੁਰਗਾਂ ਦੀ ਹੋਣੀ ਫਟੇ ਹੋਏ ਦੁੱਧ ਵਰਗੀ ਨਜ਼ਰ ਆ ਰਹੀ ਹੈ। ਘਰੇਲੂ ਮਾਹੌਲ ਨੂੰ ਗ੍ਰਹਿਣ ਲੱਗਣ ਕਰਕੇ ਬਜ਼ੁਰਗਾਂ ਪ੍ਰਤੀ ਸਤਿਕਾਰ ਦੀ ਦ੍ਰਿਸ਼ਟੀ ਦੀ ਅਣਹੋਂਦ, ਇਨਸਾਨੀ ਕਦਰਾਂ-ਕਮੀਤਾਂ ਨੂੰ ਨਕਾਰਨ ਕਰਕੇ ਹੈ।

ਇਨਸਾਨੀ ਕਦਰਾਂ ਨੂੰ ਖੂੰਜੇ ਲਾਉਣ ਕਰਕੇ ਦਾਜ ਦੀ ਸਮਾਜਿਕ ਬੁਰਾਈ ਕਰਕੇ ਲੜਕੇ ਦਾ ਮੁੱਲ ਪਾਇਆ ਜਾਂਦਾ ਹੈ। ਫਿਰ ਵੀ ਸਹੁਰੇ ਘਰ ਨੂੰਹ ਦੇ ਰੂਪ ਵਿਚ ਬਣਦਾ ਮੋਹ-ਪਿਆਰ ਨਹੀਂ ਕੀਤਾ ਜਾਂਦਾ। ਤਿਉਹਾਰਾਂ ਵੇਲੇ ਵੀ ਸਹੁਰਿਆਂ ਦਾ ਲਾਲਚ ਸਿਖਰ 'ਤੇ ਹੁੰਦਾ ਹੈ। ਉਂਗਲਾਂ ਦੇ ਗਿਣੇ ਜਾਣ ਵਾਲੇ ਨੇਕ, ਸਾਊ ਸਹੁਰੇ ਕਿਸੇ ਕਿਸਮ ਦੇ ਲੋਭ ਤੋਂ ਕਿਨਾਰਾ ਕਰਕੇ ਨੂੰਹ ਨੂੰ ਧੀ ਵਾਂਗ ਸਮਝਦੇ ਹਨ। ਇਨਸਾਨੀਅਤ ਦਾ ਗਲਾ ਘੁੱਟਣ ਕਰਕੇ, ਨਿੱਤ ਕੋਈ ਨਾ ਕੋਈ ਨੂੰਹ ਦਾਜ ਦੀ ਬਲੀ ਚੜ੍ਹਦੀ ਹੈ। ਖਾਕੀ ਵਰਦੀ ਵੀ ਇਨਸਾਨੀ ਕਦਰਾਂ-ਕਮੀਤਾਂ ਨੂੰ ਟਿੱਚ ਜਾਣਦੀ ਹੋਈ ਪੀੜਤਾ ਨਾਲ ਇਨਸਾਫ ਨਹੀਂ ਕਰਦੀ। ਸਰਕਾਰਾਂ ਵੀ ਇਨਸਾਨੀਅਤ ਤੋਂ ਮੂਖ ਮੋੜ ਕੇ ਪੀੜਤਾਂ ਦਾ ਸਹਾਰਾ ਨਹੀਂ ਬਣਦੀਆਂ। ਇਸੇ ਰੋਸ ਵਜੋਂ ਧਰਨੇ ਮੁਜ਼ਾਹਰਿਆਂ ਲਈ ਪੀੜਤਾਂ ਨੂੰ ਮਜਬੂਰ ਹੋਣਾ ਪੈਂਦਾ ਹੈ। ਖਾਣ-ਪੀਣ ਦੀਆਂ ਚੀਜ਼ਾਂ ਵਿਚ ਮਿਲਾਵਟਖੋਰਾਂ ਦੇ ਗੋਰਖਧੰਦੇ ਨੇ ਇਨਸਾਨੀ ਜ਼ਿੰਦਗੀ ਨੂੰ ਕੱਖੋਂ ਹੌਲੀ ਕਰਕੇ ਬਿਮਾਰੀਆਂ ਦੇ ਵੱਸ ਪਾ ਦਿੱਤਾ ਹੈ। ਮਿਲਾਵਟਖੋਰੀ ਨੇ ਜਿੱਥੇ ਇਨਸਾਨੀ ਕਦਰਾਂ-ਕੀਮਤਾਂ ਨੂੰ ਠੁਕਰਾਇਆ ਹੈ, ਉੱਥੇ ਸ਼ੁੱਧ ਚੀਜ਼ਾਂ ਲਈ ਮਨੁੱਖ ਤਰਸ ਰਿਹਾ ਹੈ। ਅਨਮੋਲ ਜ਼ਿੰਦਗੀ ਨਾਲ ਖਿਲਵਾੜ ਕਰਨ ਵਾਲੇ ਮਿਲਾਵਟਖੋਰ ਬੇਸ਼ੱਕ ਪਾਪਾਂ ਦੇ ਭਾਗੀ ਬਣਦੇ ਹਨ, ਪਰ ਇਹ ਅੰਨ੍ਹੇ ਲੋਭ ਨੂੰ ਪਹਿਲ ਦਿੰਦੇ ਹਨ। ਨਕਲੀ ਖਾਦ, ਨਕਲੀ ਬੀਜ ਹੋਰ ਚੀਜ਼ਾਂ ਦੇ ਮਿਆਰ ਨਾਲ ਵਾਸਤਾ ਪਾਉਣ ਵਿਚ ਕੋਈ ਰੁਚੀ ਨਹੀਂ ਹੈ। ਕੀਟਨਾਸ਼ਕ ਦਵਾਈਆਂ ਵੀ ਇਨਸਾਨੀ ਕਦਰਾਂ ਕੀਮਤਾਂ ਦਾ ਗਲਾ ਘੁਟਦੀਆਂ ਹਨ। ਭ੍ਰਿਸ਼ਟਾਚਾਰ ਦਾ ਦੈਂਤ ਇਨਸਾਨੀ ਕਦਰਾਂ ਦਾ ਮੂੰਹ ਚਿੜਾਉਂਦਾ ਹੋਇਆ ਆਪਣੀ ਦਾਦਾਗਿਰੀ ਦਾ ਸਿੱਕਾ ਜਮਾ ਰਿਹਾ ਹੈ। ਜਾਇਜ਼/ਨਜਾਇਜ਼ ਕੰਮ ਚਾਂਦੀ ਦੀ ਜੁੱਤੀ ਮਾਰੇ ਬਿਨਾਂ ਸਿਰੇ ਨਹੀਂ ਚੜ੍ਹ ਸਕਦੇ। ਜ਼ਿਆਦਾਤਰ ਮਹਿਕਮਿਆਂ, ਅਦਾਰਿਆਂ ਨੇ ਇਨਸਾਨੀ ਕਦਰਾਂ-ਕੀਮਤਾਂ ਦਾ ਗਲਾ ਘੁੱਟ ਕੇ ਭ੍ਰਿਸ਼ਟਾਚਾਰ ਨੂੰ ਗਲ ਲਾਇਆ ਹੋਇਆ ਹੈ। ਬਿਨਾਂ ਮੱਥਾ ਡੰਮ੍ਹਿਆਂ, ਖੱਜਲ ਖੁਆਰੀ ਦਾ ਸੰਤਾਪ ਭੋਗਣਾ ਪੈਂਦਾ ਹੈ। ਨੈਤਿਕਤਾ ਦੇ ਸੁਨਹਿਰੀ ਅਸੂਲਾਂ ਨੂੰ ਅਪਨਾਏ ਬਿਨਾਂ ਮਨੁੱਖਤਾ ਦੀ ਭਲਾਈ ਨਹੀਂ ਹੋ ਸਕਦੀ। ਅਮਨ-ਅਮਾਨ ਦੇ ਫੁੱਲ ਨਹੀਂ ਖਿੜ ਸਕਦੇ। ਇਨਸਾਨੀ ਕਦਰਾਂ-ਕੀਮਤਾਂ ਵਿਚ ਖੇੜਾ ਹੈ। ਆਪਸੀ ਪਿਆਰ ਹੈ। ਧੋਖਾ, ਹੇਰਾਫੇਰੀ, ਬੇਈਮਾਨੀ ਨੂੰ ਠੋਕਰ ਮਾਰੀ ਜਾਂਦੀ ਹੈ। ਲੋਭ-ਲਾਲਚ ਨੂੰ ਕੋਈ ਸਥਾਨ ਦੇਣ ਦੀ ਬਜਾਏ ਇਨਸਾਨੀ ਰਿਸ਼ਤਿਆਂ ਨੂੰ ਪਹਿਲ ਦਿੱਤੀ ਜਾਂਦੀ ਹੈ। ਸਰਕਾਰਾਂ ਦਾ ਫ਼ਰਜ਼ ਬਣਦਾ ਹੈ ਕਿ ਉਹ ਇਨਸਾਨੀ ਕਦਰਾਂ-ਕੀਮਤਾਂ ਦਾ ਸਤਿਕਾਰ ਕਰਨ। ਆਪਣੀ ਜ਼ਿੰਦਗੀ ਵਿਚ ਇਨ੍ਹਾਂ ਨੂੰ ਅਹਿਮ ਸਥਾਨ ਦੇ ਕੇ ਲੋਕਾਂ ਦੀ ਭਲਾਈ ਕਰਨ ਵਿਚ ਮੋਹਰੀ ਯੋਗਦਾਨ ਪਾਉਣ। ਖ਼ੁਦ ਇਮਾਨਦਾਰੀ, ਇਨਸਾਫ਼ਪਸੰਦਗੀ, ਨਿਮਰਤਾ, ਸੱਚਾਈ ਦਾ ਮਾਡਲ ਬਣ ਕੇ ਲੋਕਾਂ ਪ੍ਰਤੀ ਆਪਣਾ ਨੈਤਿਕ ਧਰਮ ਨਿਭਾਉਣ। ਫਿਰ ਹੀ ਹੜਤਾਲਾਂ ਤੇ ਧਰਨੇ ਮੁਜ਼ਾਹਰਿਆਂ (ਅਰਥੀ -ਫੂਕ) ਤੋਂ ਛੁਟਕਾਰਾ ਮਿਲ ਸਕਦਾ ਹੈ। ਇਸ ਸਭ ਤੋਂ ਇਹ ਸਿੱਟਾ ਕੱਢਿਆ ਜਾ ਸਕਦਾ ਹੈ ਕਿ ਇਨਸਾਨੀ ਕਦਰਾਂ-ਕੀਮਤਾਂ ਦੇ ਆਸ਼ਕ ਬਣੇ ਬਿਨਾਂ ਸੁੱਖ-ਸ਼ਾਂਤੀ ਤੇ ਖੇੜਿਆਂ ਭਰਪੂਰ ਜੀਵਨ ਦਾ ਆਨੰਦ ਨਹੀਂ ਲਿਆ ਜਾ ਸਕਦਾ। ਆਪਸੀ ਪਿਆਰ, ਆਪਸੀ ਸਹਿਚਾਰ, ਮਿਲਵਰਤਨ ਦੇ ਫੁੱਲ ਇਨਸਾਨੀ ਕਦਰਾਂ ਦੇ ਬਗੀਚੇ ਵਿਚ ਖਿੜ ਸਕਦੇ ਹਨ। ਇਨਸਾਨੀ ਕਦਰਾਂ-ਕੀਮਤਾਂ ਦੀ ਚੜ੍ਹਤ ਜ਼ਿੰਦਗੀ ਨੂੰ ਵਰਦਾਨ ਬਣਾ ਸਕਦੀ ਹੈ, ਮੋਰਾਂ ਵਾਂਗ ਪੈਲਾਂ ਪੁਆ ਸਕਦੀ ਹੈ। ਇਨ੍ਹਾਂ ਕਦਰਾਂ ਨੂੰ ਅਪਣਾਏ ਬਿਨਾਂ ਸੱਭਿਆ ਸਮਾਜ ਦੀ ਆਸ ਨਹੀਂ ਕੀਤੀ ਜਾ ਸਕਦੀ। ਜ਼ਿੰਦਗੀ ਸਰਾਪ ਬਣ ਸਕਦੀ ਹੈ।

ਸੰਪਰਕ: 98140-51099

# ਛਿਲੜਾਂ ਨੂੰ ਸੁੱਟੋ ਨਾ, ਇਹ ਬਹੁਤ ਹੀ ਗੁਣਕਾਰੀ ਨੇ

ਡਾ. ਅਮਰੀਕ ਸਿੰਘ ਕੰਡਾ



ਸੰਤਰੇ ਦੇ ਛਿਲਕਿਆਂ ਨੂੰ ਛਾਂ ਵਿਚ ਸੁਕਾ ਕੇ ਉਸ ਨੂੰ ਪੀਹ ਲਓ, ਥੋੜ੍ਹੀ ਜਿਹੀ ਮਲਾਈ ਅਤੇ ਮੁਲਤਾਨੀ ਮਿੱਟੀ ਨਾਲ ਬਣਿਆ ਹੋਇਆ ਇਹ ਫੇਸ ਪੈਕ ਤੁਹਾਡੀ ਚਮੜੀ ਨੂੰ ਸਾਫ ਅਤੇ ਚਮਕਦਾਰ ਬਣਾ ਦਿੰਦਾ ਹੈ।

ਸੰਤਰੇ ਦੇ ਛਿਲਕਿਆਂ ਨੂੰ ਚਾਹ ਦੇ ਉੱਬਲਦੇ ਪਾਣੀ ਵਿਚ ਪਾ ਦਿਓ, ਇਸ ਨਾਲ ਚਾਹ ਖੁਸ਼ਬੂਦਾਰ ਅਤੇ ਸੁਆਦੀ ਬਣੇਗੀ।

ਤੋਰੀ ਦੇ ਛਿਲਕਿਆਂ ਨੂੰ ਬਾਰੀਕ-ਬਾਰੀਕ ਕੱਟੋ ਫਿਰ ਨਮਕ, ਮਿਰਚ ਅਤੇ ਹਿੰਗ ਦੇ ਨਾਲ ਥੋੜ੍ਹੇ ਜਿਹੇ ਤੇਲ ਵਿਚ ਪਾ ਕੇ ਉਸ ਦੀ ਸਬਜ਼ੀ ਬਣਾ ਲਓ। ਘੱਟ ਤੇਲ ਵਾਲੀ ਮਸਾਲੇ ਦੀ ਬਣੀ ਹੋਈ ਇਹ ਸਬਜ਼ੀ ਸੁਆਦ ਵਿਚ ਵਧੀਆ ਹੋਣ ਦੇ ਨਾਲ-ਨਾਲ ਪੌਸ਼ਟਿਕ ਵੀ ਬਣੇਗੀ।

ਤਾਜ਼ੇ ਹਰੇ ਮਟਰ ਦੇ ਸਾਫ ਛਿਲਕਿਆਂ ਨੂੰ ਧੋ ਕੇ ਉਨ੍ਹਾਂ ਦਾ ਪਾਣੀ ਸੁਕਾ ਲਓ, ਹੁਣ ਉਨ੍ਹਾਂ ਉਪਰ ਉੱਤਰਣ ਵਾਲੀ ਪਤਲੀ ਜਿਹੀ ਪਰਤ ਨੂੰ ਉਤਾਰ ਕੇ ਛਿਲਕਿਆਂ ਨੂੰ ਬਾਰੀਕ ਕੱਟ ਲਓ, ਥੋੜ੍ਹੇ ਜਿਹੇ ਮਸਾਲੇ ਵਿਚ ਅਤੇ ਹਲਕੀ ਜਿਹੀ ਖਟਿਆਈ ਦੇ ਨਾਲ ਬਣੀ ਖੱਟੀ-ਮਿੱਠੀ ਸਬਜ਼ੀ ਪਰੌਂਠਿਆਂ ਦੇ ਨਾਲ ਬਹੁਤ ਹੀ ਸੁਆਦ ਬਣੇਗੀ ਚਾਹੋ ਤਾਂ ਇਸ ਨੂੰ ਬਾਰੀਕ-ਬਾਰੀਕ ਕੱਟ ਕੇ ਆਲੂ ਵੀ ਪਾ ਸਕਦੇ ਹੋ।

ਕੇਲੇ ਦੇ ਛਿਲਕਿਆਂ ਦੇ ਅੰਦਰ ਵਾਲੇ ਮੁਲਾਇਮ ਹਿੱਸੇ ਨੂੰ ਚਮੜੇ ਦੀ ਕਿਸੇ ਚੀਜ਼, ਜਿਵੇਂ ਜੁੱਤੀ, ਸੈਂਡਲ, ਚੱਪਲ ਜਾਂ ਪਰਸ ਆਦਿ ਉੱਪਰ ਚੰਗੀ ਤਰ੍ਹਾਂ ਮਲੋ ਜਦੋਂ ਉਹ ਚੰਗੀ ਤਰ੍ਹਾਂ ਸੁੱਕ ਜਾਣ ਤਾਂ ਕੱਪੜੇ ਨਾਲ ਰਗੜ ਕੇ ਚੰਗੀ ਤਰ੍ਹਾਂ ਸਾਫ ਕਰ ਲਓ, ਚੀਜ਼ਾਂ ਚਮਕਣ ਲੱਗ ਪੈਣਗੀਆਂ।

ਨਿੰਬੂ ਦੇ ਛਿਲਕਿਆਂ ਨੂੰ ਚਿਹਰੇ ਅਤੇ ਕੁਹਣੀਆਂ 'ਤੇ ਮਲਣ 'ਤੇ ਉਸ ਜਗ੍ਹਾ ਦੀ ਚਮੜੀ ਸਾਫ਼ ਅਤੇ ਚਮਕ ਉੱਠੇਗੀ। ਚਾਹੋ ਤਾਂ ਛਿਲਕਿਆਂ ਨੂੰ ਗਲਿਸਰੀਨ ਵਿਚ ਭਿਉਂ ਕੇ ਵੀ ਕੰਮ ਵਿਚ ਲਿਆ ਸਕਦੇ ਹੋ। ਪਿਆਜ਼ ਅਤੇ ਆਂਡੇ ਦੇ ਛਿਲਕਿਆਂ ਨੂੰ ਉਸ ਜਗ੍ਹਾ 'ਤੇ ਰੱਖ ਦਿਓ ਜਿੱਥੇ ਛਿਪਕਲੀਆਂ ਜ਼ਿਆਦਾ ਹੋਣ, ਛੇਤੀ ਉਸ ਜਗ੍ਹਾ ਤੋਂ ਛਿਪਕਲੀਆ ਭੱਜ ਜਾਣਗੀਆਂ।

ਗੁਲਾਬ ਦੇ ਬੂਟਿਆਂ ਨੂੰ ਜੇਕਰ ਫੁੱਲ ਵਧੀਆ ਨਹੀਂ ਆਉਂਦੇ ਹਨ ਤਾਂ ਉਨ੍ਹਾਂ ਦੀਆਂ ਜੜ੍ਹਾਂ ਵਿਚ ਆਂਡਿਆਂ ਦੇ ਛਿਲਕਿਆਂ ਨੂੰ ਪਾ ਦਿਓ ਇਹ ਬਹੁਤ ਹੀ ਵਧੀਆ ਖਾਦ ਦਾ ਕੰਮ ਦਿੰਦੇ ਹਨ।

ਪਿੱਤਲ ਦੇ ਬਰਤਨ ਜਾਂ ਸ਼ੋਅ ਪੀਸ ਗੰਦੇ ਹੋ ਜਾਣ ਤਾਂ ਨਿੰਬੂ ਦੇ ਛਿਲਕਿਆਂ ਵਿਚ ਥੋੜ੍ਹਾ ਜਿਹਾ ਨਮਕ ਪਾ ਕੇ ਉਨ੍ਹਾਂ ਪਿੱਤਲ ਦੀ ਚੀਜ਼ਾਂ ਉੱਤੇ ਮਲੋ। ਉਹ ਚੀਜ਼ਾਂ ਚਮਕ ਪੈਣਗੀਆਂ।

ਹਰੀਆਂ ਸਬਜ਼ੀਆਂ ਦੇ ਛਿਲਕਿਆਂ ਨੂੰ ਅਤੇ ਪਾਲਕ, ਸਾਗ ਆਦਿ ਤੋਂ ਬਚੀਆਂ ਹੋਈਆਂ ਡੰਡੀਆਂ ਨੂੰ ਉਬਾਲ ਕੇ ਉਸ ਦੇ ਪਾਣੀ ਨਾਲ ਸਿਰ ਨਹਾਓ ਵਾਲ ਮਜ਼ਬੂਤ ਅਤੇ ਚਮਕਦਾਰ ਹੋਣ ਦੇ ਨਾਲ-ਨਾਲ ਤੇਜ਼ੀ ਨਾਲ ਵਧਣਗੇ।

ਸਿੰਘਾੜੇ ਦੇ ਛਿਲਕਿਆਂ ਨੂੰ ਸਾਫ਼ ਕਰ ਕੇ ਸਬਜ਼ੀ ਬਣਾਉਣ ਦੇ ਕੰਮ ਲਿਆਇਆ ਜਾ ਸਕਦਾ ਹੈ। ਸਿੰਘਾੜੇ ਦੇ ਛਿਲਕਿਆਂ ਦੀ ਬਣੀ ਹੋਈ ਸਬਜ਼ੀ ਬਹੁਤ ਹੀ ਸੁਆਦ ਅਤੇ ਪੌਸ਼ਟਿਕ ਹੁੰਦੀ ਹੈ।

ਜੇ ਪ੍ਰੈਸ਼ਰ ਕੁੱਕਰ ਅੰਦਰ ਤੋਂ ਬਹੁਤ ਹੀ ਗੰਦਾ ਹੋਇਆ ਹੋਵੇ ਤਾਂ ਉਸ ਵਿਚ ਥੋੜ੍ਹਾ ਜਿਹਾ ਪਾਣੀ ਪਾ ਕੇ ਨਿੰਬੂ ਦਾ ਛਿਲਕਾ ਪਾ ਦਿਓ ਕੁੱਕਰ ਚਮਕ ਉੱਠੇਗਾ।

ਬਦਾਮ ਦੇ ਛਿਲਕਿਆਂ ਨੂੰ ਸਾੜ ਕੇ ਉਸ ਵਿਚ ਨਮਕ, ਲੌਂਗ, ਫਟਕੜੀ ਅਤੇ ਵੱਡੀ ਇਲਾਇਚੀ ਨੂੰ ਪੀਸ ਕੇ ਮਿਲਾਓ ਫਿਰ ਕੱਪਰੇ ਨਾਲ ਛਾਣ ਕੇ ਰੱਖ ਲਓ। ਇਸ ਪਾਊਡਰ ਨਾਲ ਦਿਨ ਵਿਚ ਘੱਟ ਤੋਂ ਘੱਟ ਦੋ ਵਾਰ ਦੰਦ ਸਾਫ ਕਰਨ ਨਾਲ ਦੰਦ ਰੋਗ ਮੁਕਤ, ਮਜ਼ਬੂਤ ਅਤੇ ਚਮਕੀਲੇ ਹੋ ਜਾਣਗੇ।

ਕੇਲੇ ਦੇ ਸੁਕਾਏ ਹੋਏ ਛਿਲਕਿਆਂ ਨੂੰ ਸ਼ਾਮ ਨੂੰ ਜਲਾ ਕੇ ਰੱਖਣ ਨਾਲ ਕਮਰੇ ਦੀ ਦੁਰਗੰਧ ਦੂਰ ਹੋ ਜਾਵੇਗੀ ਅਤੇ ਵਾਤਾਵਰਨ ਸਾਫ ਹੋ ਜਾਵੇਗਾ।

ਨਿੰਬੂ ਅਤੇ ਸੰਤਰੇ ਦੇ ਸੁਕਾਏ ਹੋਏ ਛਿਲਕਿਆਂ ਨੂੰ ਪੀਹ ਲਓ ਫਿਰ ਇਸ ਨਾਲ ਦੰਦਾਂ ਨੂੰ ਸਾਫ ਕਰੋ ਦੰਦ ਸਾਫ ਅਤੇ ਮਜ਼ਬੂਤ ਹੋਣਗੇ ਤੇ ਮੂੰਹ ਵਿਚੋਂ ਬਦਬੂ ਨਹੀਂ ਆਵੇਗੀ। ਚਿਹਰੇ 'ਤੇ ਜੇਕਰ ਚੇਚਕ, ਖਸਰਾ ਜਾਂ ਫਿੰਨਸੀਆਂ ਦੇ ਦਾਗ਼ ਹੋਣ ਤਾਂ ਇਕ ਚਮਚਾ ਸੰਤਰੇ ਦੇ ਛਿਲਕਿਆਂ ਦਾ ਪਾਊਡਰ ਵਿਚ ਦੋ ਚਮਚੇ ਦੁੱਧ ਅਤੇ ਦੋ ਚਮਚੇ ਬਦਾਮ ਪੀਸ ਲਓ ਇਸ ਨੂੰ ਚਿਹਰੇ ਅਤੇ ਗਰਦਨ 'ਤੇ ਚੰਗੀ ਤਰ੍ਹਾਂ ਮਲਣ ਦੇ ਬਾਅਦ ਇਕ ਘੰਟੇ ਤੱਕ ਲੱਗਿਆ ਰਹਿਣ ਦਿਓ, ਫਿਰ ਠੰਢੇ ਪਾਣੀ ਨਾਲ ਧੋ ਦਿਓ ਲਗਾਤਾਰ ਪ੍ਰਯੋਗ ਕਰਨ 'ਤੇ ਦਾਗ਼-ਧੱਬੇ ਦੂਰ ਹੋ ਜਾਣਗੇ।

ਚਿਹਰੇ ਉੱਪਰ ਦਾਗ਼ ਧੱਬੇ ਦੂਰ ਕਰਨ ਨਿੰਬੂ ਦੇ ਛਿਲਕਿਆਂ ਨੂੰ ਪ੍ਰਯੋਗ ਕੀਤਾ ਜਾ ਸਕਦਾ ਹੈ, ਨਿੰਬੂ ਦੇ ਛਿਲਕਿਆਂ ਨੂੰ ਪੀਸ ਕੇ ਪਾਊਡਰ ਬਣਾ ਲਓ ਫਿਰ ਉਸ ਪਾਊਡਰ ਵਿਚ ਮੱਖਣ ਮਿਲਾ ਕੇ ਚਿਹਰੇ ਦੇ ਉਪਰ ਮਲਣ ਨਾਲ ਦਾਗ਼-ਧੱਬੇ ਦੂਰ ਹੋ ਜਾਣਗੇ।

ਜੇਕਰ ਅੱਧੇ ਸਿਰ ਦਾ ਦਰਦ ਪਰੇਸ਼ਾਨ ਕਰਦਾ ਹੋਵੇ ਤਾਂ ਨਿੰਬੂ ਦੇ ਛਿਲਕਿਆ ਨੂੰ ਪਾਣੀ ਦੇ ਨਾਲ ਪੀਹ ਕੇ ਉਸ ਦਾ ਲੇਪ ਕਰਨ ਨਾਲ ਅੱਧਾ ਸਿਰ ਦਰਦ ਛੇਤੀ ਹੀ ਠੀਕ ਹੋ ਜਾਵੇਗਾ।

ਮੋਬਾਈਲ : 98557-35666

# ਹਾਸਿਆਂ ਦਾ ਵਣਜਾਰਾ ਭਜਨਾ ਅਮਲੀ

ਹਰਮੀਤ ਸਿਵੀਆਂ

ਕਈ ਇਨਸਾਨ ਖ਼ੁਦ ਤਾਂ ਹਸਮੁੱਖ ਹੁੰਦੇ ਹੀ ਹਨ। ਉਹ ਦੂਜਿਆਂ ਨੂੰ ਵੀ ਹਾਸੇ ਵੰਡਦੇ ਹਨ। ਹਸਾਉਣਾ ਵੀ ਇਕ ਕਲਾ ਹੈ ਜੋ ਹਰੇਕ ਕੋਲ ਨਹੀਂ ਹੁੰਦੀ, ਇਸੇ ਲਈ ਤਾਂ ਅੱਜਕੱਲ੍ਹ ਖੁੰਭਾਂ ਵਾਂਗ ਉੱਗ ਰਹੇ ਗਾਇਕਾਂ ਦੇ ਮੁਕਾਬਲੇ ਕਾਮੇਡੀ ਕਲਾਕਾਰ ਗਿਣਤੀ ਦੇ ਹੀ ਹਨ। ਇਨ੍ਹਾਂ ਵਿਚੋਂ ਹੀ ਇਕ ਚਰਚਿਤ ਕਾਮੇਡੀ ਕਲਾਕਾਰ ਹੈ ਗੁਰਦੇਵ ਢਿੱਲੋਂ ਉਰਫ਼ ਭਜਨਾ ਅਮਲੀ।

ਕਾਮੇਡੀ ਖੇਤਰ ਦੀਆਂ ਮੂਹਰਲੀਆਂ ਸਫਾਂ 'ਤੇ ਨਜ਼ਰ ਮਾਰਿਆਂ ਸਾਡੇ ਸਾਹਮਣੇ ਭਜਨਾ ਅਮਲੀ ਨਾਮ ਉੱਭਰ ਕੇ ਸਾਹਮਣੇ ਆਉਂਦਾ ਹੈ। ਉਸ ਦਾ ਤੁਰਨ ਦਾ ਢੰਗ ਹੀ ਅਜਿਹਾ ਹੈ ਕਿ ਉਸ ਨੂੰ ਦੇਖਦਿਆਂ ਹੀ ਹਾਸੇ ਦੀਆਂ ਫੁਹਾਰਾਂ ਫੁੱਟ ਪੈਂਦੀਆਂ ਹਨ। ਜਗਰਾਉਂ ਤਹਿਸੀਲ ਦੇ ਪਿੰਡ ਲੰਮੇ ਦੇ ਕਰਤਾਰ ਸਿੰਘ ਢਿੱਲੋਂ ਅਤੇ ਮਾਤਾ ਹਰਨਾਮ ਕੌਰ ਦੇ ਗ੍ਰਹਿ ਵਿਖੇ ਜਨਮੇ ਗੁਰਦੇਵ ਨੂੰ ਬਚਪਨ ਵਿਚ ਗਾਇਕੀ ਦਾ ਜਨੂੰਨ ਸੀ। ਇਹ ਜਨੂੰਨ ਉਸ ਨੂੰ ਹੌਲੀ ਹੌਲੀ ਉਸ ਸਮੇਂ ਦੇ ਚਰਚਿਤ ਗਾਇਕ ਹਰਚਰਨ ਗਰੇਵਾਲ ਕੋਲ ਲੈ ਆਇਆ। ਫਿਰ ਉਨ੍ਹਾਂ ਕੋਲ ਕਾਫ਼ੀ ਸਮਾਂ ਰਿਹਾ, ਫਿਰ ਉਨ੍ਹਾਂ ਨਾਲ ਬਤੌਰ ਸਟੇਜ ਸਕੱਤਰ ਕੰਮ ਕੀਤਾ। ਉਸਤੋਂ ਬਾਅਦ ਉਸਦਾ ਮੇਲ ਗਾਇਕ ਅਤੇ ਕਾਮੇਡੀ ਕਲਾਕਾਰ ਜੋੜੀ ਕੇ ਦੀਪ- ਜਗਮੋਹਨ ਕੌਰ ਨਾਲ ਹੋਇਆ। ਉਸਤੋਂ ਬਾਅਦ ਉਸ ਦਾ ਰੁਝਾਨ ਕਾਮੇਡੀ ਵੱਲ ਹੋਇਆ ਤੇ ਉਸ ਦੀ ਕਾਮੇਡੀ ਨੂੰ ਲੋਕਾਂ ਨੇ ਭਰਵਾਂ ਹੁੰਗਾਰਾ ਦਿੱਤਾ।



ਕਾਮੇਡੀ ਵਿਚ ਆਉਣ ਤੋਂ ਪਹਿਲਾਂ ਗੁਰਦੇਵ ਢਿੱਲੋਂ ਨੇ ਗਾਇਕੀ ਵਿਚ ਵੀ ਆਪਣਾ ਨਾਮ ਬਣਾਇਆ ਸੀ। 1982 ਵਿਚ ਦਿੱਲੀ ਦੀ ਕੰਪਨੀ ਵੱਲੋਂ ਇਕ ਐੱਲਪੀ ਰਿਕਾਰਡ ਗੁਰਦੇਵ ਢਿੱਲੋਂ ਤੇ ਜਗਮੋਹਨ ਕੌਰ ਦੀ ਆਵਾਜ਼ ਵਿਚ ਆਇਆ ਸੀ ਜਿਸ ਦਾ ਨਾਂ ਸੀ 'ਤੇਰੇ ਨਾਂ 'ਤੇ ਬਿੱਲੋ ਆਉਂਦੇ ਸਾਲ ਨੂੰ ਤੀਆਂ ਲੱਗਣਗੀਆਂ।' ਇਸ ਤੋਂ ਇਲਾਵਾ ਪਰਮਿੰਦਰ ਸੰਧੂ, ਕੁਲਦੀਪ ਕੌਰ, ਸਨੇਹ ਲਤਾ, ਨੀਲਮ ਸ਼ਰਮਾ ਨਾਲ ਵੀ ਉਸ ਦੇ ਗੀਤ ਰਿਕਾਰਡ ਹੋਏ। ਗਾਇਕੀ ਦੇ ਨਾਲ ਨਾਲ ਉਹ ਕਾਮੇਡੀ ਵੀ ਕਰਦਾ ਰਿਹਾ, ਪਰ ਸਰੋਤਿਆਂ ਨੇ ਉਸ ਦੀ ਗਾਇਕੀ ਨਾਲੋਂ ਉਸ ਦੀ ਕਾਮੇਡੀ ਨੂੰ ਜ਼ਿਆਦਾ ਪਸੰਦ ਕੀਤਾ। ਜਿਸ ਕਰਕੇ ਉਸਨੇ ਕਾਮੇਡੀ ਨੂੰ ਹੀ ਅਪਣਾ ਲਿਆ ਅਤੇ ਸਾਡੇ ਸਮਾਜ ਦੇ ਇਕ ਪਾਤਰ ਅਮਲੀ ਦੇ ਕਿਰਦਾਰ ਵਿਚ ਭਜਨਾ ਅਮਲੀ ਦੇ ਨਾਂ ਨਾਲ ਚਰਚਿਤ ਹੋਇਆ। ਕਾਮੇਡੀ ਦੀਆਂ ਉਸ ਦੀਆਂ ਕਾਫ਼ੀ ਕੈਸਿਟਾਂ ਆਈਆਂ। ਜਿਨ੍ਹਾਂ ਵਿਚ 'ਤਾਰਾ ਡੁੱਬ ਗਿਆ', 'ਭਜਨਾ ਅਮਲੀ','ਮਹਿਫਲ ਅਮਲੀ ਦੀ','ਹੱਡਬੀਤੀ ਅਮਲੀ ਦੀ','ਭਜਨਾ ਅਮਲੀ ਸੁੰਦਰਤਾ ਮੁਕਾਬਲੇ ਵਿਚ', 'ਘਰ ਜਵਾਈ' ਅਤੇ 'ਅਮਲੀ ਖੋਤੇ ਤੇ' ਆਦਿ ਜ਼ਿਕਰਯੋਗ ਹਨ। ਅੱਜਕੱਲ੍ਹ ਉਸ ਨਾਲ ਸੰਤੀ ਸਹਿ ਕਲਾਕਾਰ ਵਜੋਂ ਕੰਮ ਕਰ ਰਹੀ ਹੈ। ਉਸਦੀ ਕਾਮੇਡੀ ਵਿਚ ਅਕਸਰ ਹੀ ਸਮਾਜ ਨੂੰ ਸੇਧ ਦੇਣ ਵਾਲੀ ਗੱਲ ਹੁੰਦੀ ਹੈ। ਉਹ ਨਸ਼ਿਆਂ ਦੀ ਲਾਹਣਤ ਨੂੰ ਸਿੱਧੇ ਅਸਿੱਧੇ ਢੰਗ ਨਾਲ ਇਕ ਅਮਲੀ ਦੇ ਦੁਖਾਂਤ ਰਾਹੀਂ ਪੇਸ਼ ਕਰਦਾ ਹੈ। ਆਪਣੀ ਇਸੇ ਕਲਾ ਕਰਕੇ ਉਹ ਕੈਨੇਡਾ, ਅਮਰੀਕਾ, ਇੰਗਲੈਂਡ, ਆਸਟਰੇਲੀਆ, ਜਰਮਨ, ਸਿੰਗਾਪੁਰ, ਦੁਬਈ, ਇਟਲੀ ਤੇ ਜਾਪਾਨ ਆਦਿ ਦੇ ਸ਼ੋਅ ਕਰ ਚੁੱਕਾ ਹੈ। ਗੁਰਦੇਵ ਢਿੱਲੋਂ ਅੱਜ ਕਾਮੇਡੀ ਖੇਤਰ ਦਾ ਚਰਚਿਤ ਹਸਤਾਖਰ ਹੈ ਅਤੇ ਆਪਣੀ ਪਤਨੀ ਦਲਜੀਤ ਕੌਰ, ਤਿੰਨ ਬੇਟੀਆਂ ਅਤੇ ਇਕ ਬੇਟੇ ਸਮੇਤ ਲੁਧਿਆਣਾ ਵਿਖੇ ਰਹਿ ਰਿਹਾ ਹੈ।

ਸੰਪਰਕ :80547-57806

# ਝੂਮਦੇ ਗਮਲਿਆਂ ਵਾਲੀ ਬਾਲਕੋਨੀ ਹਰੇਕ ਦਾ ਮਨ ਮੋਹ ਲਵੇਗੀ



ਅਨੂ ਆਰ

ਭਲਾ ਕਿਹੜੀ ਸੁਆਣੀ ਅਜਿਹੀ ਹੋਵੇਗੀ, ਜਿਸ ਦਾ ਇਹ ਸੁਪਨਾ ਨਾ ਹੋਵੇ ਕਿ ਉਸ ਕੋਲ ਇਕ ਹਰਿਆ-ਭਰਿਆ 'ਕਿਚਨ ਗਾਰਡਨ' ਹੋਵੇ। ਪਰ ਅੱਜ ਦੇ ਮਹਾਂਨਗਰੀ ਜੀਵਨ ਵਿਚ ਭਲਾ ਸਭ ਨੂੰ ਇਹ ਸਹੂਲਤ ਕਿਵੇਂ ਹਾਸਲ ਹੋ ਸਕਦੀ ਹੈ।

ਪਰ ਜਿਥੇ ਚਾਹ ਉਥੇ ਰਾਹ। ਜੇਕਰ ਵਾਕਈ ਤੁਹਾਨੂੰ ਬੂਟਿਆਂ ਨਾਲ ਪਿਆਰ ਹੈ, ਤੁਹਾਨੂੰ ਹਰਿਆਲੀ ਆਕਰਸ਼ਿਤ ਕਰਦੀ ਹੈ, ਖਿੜੇ ਹੋਏ ਫੁੱਲ, ਮਹਿਕਦੀਆਂ ਹੋਈਆਂ ਪੱਤੀਆਂ ਅਤੇ ਚਿੜੀਆਂ ਦੀ ਚਹਿ-ਚਹਾਟ ਦੀ ਆਵਾਜ਼ ਤੁਹਾਨੂੰ ਚੰਗੀ ਲਗਦੀ ਹੈ ਤਾਂ ਤੁਸੀਂ ਆਪਣੀ ਛੋਟੀ ਜਿਹੀ ਬਾਲਕੋਨੀ ਵਿਚ ਵੀ ਇਕ ਛੋਟਾ ਜਿਹਾ ਬਗ਼ੀਚਾ ਬਣਾ ਸਕਦੇ ਹੋ। ਜ਼ਮੀਨ ਵਿਚ ਨਹੀਂ ਝੂਮਦੇ ਹੋਏ ਗਮਲਿਆਂ ਦੀ ਬਾਲਕੋਨੀ 'ਚ ਅੱਜਕਲ੍ਹ ਇਹ ਰਿਵਾਜ ਵੀ ਹੈ। ਇਹ ਬਹੁਤ ਸਮਾਰਟ ਅਤੇ ਆਕਰਸ਼ਕ ਵੀ ਲਗਦਾ ਹੈ ਅਤੇ ਸਭ ਤੋਂ ਵੱਡੀ ਗੱਲ ਇਹ ਹੈ ਕਿ ਸਾਰਿਆਂ ਨੂੰ ਪਸੰਦ ਆਉਂਦਾ ਹੈ। ਤਾਂ ਆਓ ਜਾਣੀਏ ਕਿ ਤੁਸੀਂ ਇਸ ਛੋਟੀ ਜਿਹੀ ਬਾਲਕੋਨੀ ਵਿਚ ਕੀ ਤਰਕੀਬ ਅਪਣਾ ਕੇ ਉਸ ਨੂੰ ਹਰਿਆ ਭਰਿਆ ਅਤੇ ਸਭ ਦਾ ਮਨ ਮੋਹਣ ਵਾਲਾ ਬਣਾ ਸਕਦੇ ਹੋ।

...ਤੇ ਜਿਵੇਂ ਕਿ ਮੈਂ ਕਿਹਾ, ਤੁਸੀਂ ਆਪਣੀ ਛੋਟੀ ਜਿਹੀ ਬਾਲਕੋਨੀ ਦੇ ਅਪਰ ਸਪੇਸ ਉੱਪਰ ਵਾਲੀ ਥਾਂ ਨੂੰ ਥੋੜ੍ਹੀ ਰਚਨਾਤਮਿਕਤਾ ਨਾਲ ਬਹੁਤ ਸੁੰਦਰਤਾਪੂਰਨ ਵਰਤੋਂ ਕਰ ਸਕਦੇ ਹੋ। ਕਿਸੇ ਲੋਹੇ ਦੇ ਫਰਨੀਚਰ ਵਾਲੇ ਨੂੰ ਬੁਲਾਓ ਆਪਣੀ ਬਾਲਕੋਨੀ ਦਿਖਾਓ ਅਤੇ ਉਸ ਨੂੰ ਕਹੋ ਕਿ ਕਰੀਬ 8 ਫੁੱਟ ਉੱਪਰ ਤੋਂ ਹੇਠਾਂ ਵੱਲ ਨੂੰ ਲੋਹੇ ਦਾ ਢਾਂਚਾ ਬਣਾ ਦੇਵੇ, ਜਿਸ ਵਿਚ ਛੋਟੇ-ਛੋਟੇ ਗਮਲਿਆਂ ਵਾਲੇ ਬੂਟੇ ਲਗਾਏ ਜਾ ਸਕਣ। ਯਕੀਨ ਮੰਨੋ 8×10 ਜਾਂ 10×10 ਦੇ ਕਮਰੇ ਦੀ ਬਾਲਕੋਨੀ ਵਿਚ ਵੀ ਝੁਲਦੇ ਗਮਲਿਆਂ ਜ਼ਰੀਏ ਇਕ ਸੁੰਦਰ ਦ੍ਰਿਸ਼ ਪੈਦਾ ਕੀਤਾ ਜਾ ਸਕਦਾ ਹੈ। ਤੁਹਾਡੀ ਬਾਲਕੋਨੀ ਦਾ ਫਰਸ਼ ਖਾਲੀ ਰਹੇਗਾ ਅਤੇ ਤੁਹਾਡੇ ਸਿਰ ਤੋਂ ਦੋ ਇੰਚ ਉੱਪਰ ਚਾਰੇ ਪਾਸੇ ਫੁੱਲ ਅਤੇ ਹਰਿਆਲੀ ਲਟਕੇਗੀ। ਬਾਲਕੋਨੀ ਵਿਚ ਇਕ ਹੈਂਗਰ ਢਾਂਚਾ ਬਣਾ ਦੇਣ 'ਤੇ 20 ਤੋਂ 25 ਛੋਟੇ-ਛੋਟੇ ਗਮਲੇ ਇਸ ਵਿਚ ਆਰਾਮ ਨਾਲ ਲਟਕਾਏ ਜਾ ਸਕਦੇ ਹਨ। ਇਨ੍ਹਾਂ ਵਿਚ ਕਈ ਤਰ੍ਹਾਂ ਦੇ ਫੁੱਲਾਂ ਅਤੇ ਖੁਸ਼ਬੂਆਂ ਵਾਲੇ ਬੂਟੇ ਬਹੁਤ ਚੰਗੇ ਤਰੀਕੇ ਨਾਲ ਲਗਾਏ ਜਾ ਸਕਦੇ ਹਨ।

ਇਕ ਗ਼ਲਤੀ ਜੋ ਆਮ ਤੌਰ 'ਤੇ ਹੁੰਦੀ ਹੈ, ਉਹ ਇਹ ਕਿ ਲੋਕ ਇਹ ਨਹੀਂ ਜਾਣਦੇ ਕਿ ਬੂਟੇ ਦੇ ਵਿਕਾਸ ਲਈ ਵੱਖ-ਵੱਖ ਪੱਧਰ ਦੀ ਮਿੱਟੀ ਅਤੇ ਜ਼ਮੀਨ ਦੀ ਲੋੜ ਹੁੰਦੀ ਹੈ। ਜੇਕਰ ਬਾਲਕੋਨੀ ਵਿਚ ਤੁਸੀਂ ਆਪਣੀ ਬਗ਼ੀਚੀ ਬਣਾ ਰਹੇ ਹੋ ਤਾਂ ਛੋਟੇ-ਛੋਟੇ ਗਮਲੇ ਰੱਖੋ ਅਤੇ ਉਨ੍ਹਾਂ ਗਮਲਿਆਂ ਅਨੁਸਾਰ ਹੀ ਉਨ੍ਹਾਂ ਵਿਚ ਬੂਟੇ ਲਗਾਓ। ਜੇਕਰ ਇਸ ਗੱਲ ਨੂੰ ਧਿਆਨ ਵਿਚ ਰੱਖੇ ਬਿਨਾਂ ਤੁਸੀਂ ਕੋਈ ਇਸ ਤਰ੍ਹਾਂ ਦਾ ਬੂਟਾ ਲਗਾ ਦਿੱਤਾ, ਜਿਸ ਨੂੰ ਜ਼ਿਆਦਾ ਪਾਣੀ ਅਤੇ ਜ਼ਿਆਦਾ ਮਿੱਟੀ ਦੀ ਜ਼ਰੂਰਤ ਹੋਵੇਗੀ ਤਾਂ ਉਹ ਬੂਟਾ ਸੁੱਕ ਜਾਵੇਗਾ ਅਤੇ ਬਾਲਕੋਨੀ ਵਿਚ ਵੀ ਚੰਗਾ ਨਹੀਂ ਲੱਗੇਗਾ। ਸਹੀ ਗਮਲਿਆਂ ਨਾਲ ਉਨ੍ਹਾਂ ਅਨੁਸਾਰ ਛੋਟੇ ਅਤੇ ਵੇਲ ਜਾਤੀ ਦੇ ਬੂਟੇ ਚੁਣੋ ਜਿਨ੍ਹਾਂ ਨੂੰ ਕਿ ਉਨ੍ਹਾਂ ਗਮਲਿਆਂ ਵਿਚ ਲਗਾ ਕੇ ਹੇਠਾਂ ਵੱਲ ਲਟਕਾਇਆ ਜਾ ਸਕੇ। ਜੇਕਰ ਝੂਮਦੇ ਗਮਲਿਆਂ ਵਾਲੀ ਬਾਲਕੋਨੀ ਬਣਾਉਣਾ ਚਾਹੁੰਦੇ ਹੋ ਤਾਂ ਇਸ ਲਈ ਵੀ ਜ਼ਰੂਰੀ ਹੈ ਕਿ ਜੇਕਰ ਧੋਖੇ ਨਾਲ ਬਾਲਕੋਨੀ ਨਾਲ ਕੋਈ ਗਮਲਾ ਹੇਠਾਂ ਡਿੱਗ ਜਾਵੇ ਤਾਂ ਉਸ ਨਾਲ ਕਿਸੇ ਨੂੰ ਜ਼ਿਆਦਾ ਸਰੀਰਕ ਸੱਟ ਨਾ ਪਹੁੰਚੇ, ਨਾ ਹੀ ਕਿਸੇ ਕਾਰ ਦਾ ਸ਼ੀਸ਼ਾ ਟੁੱਟੇ।

ਲਟਕਦੇ ਗਮਲਿਆਂ ਵਾਲੀ ਬਾਲਕੋਨੀ ਦਾ ਜਦੋਂ ਮਨ ਬਣਾਓ ਤਾਂ ਗਮਲਿਆਂ ਵਿਚ ਪਾਣੀ ਪਾਉਂਦੇ ਸਮੇਂ ਇਹ ਵੀ ਧਿਆਨ ਰੱਖੋ ਕਿ ਉਨ੍ਹਾਂ ਨੂੰ ਬਹੁਤ ਜ਼ਿਆਦਾ ਪਾਣੀ ਨਾਲ ਨਾ ਭਰੋ ਕਿ ਉਹ ਟਪਕਦੇ ਰਹਿਣ ਅਤੇ ਬਾਲਕੋਨੀ ਨੂੰ ਗੰਦੇ ਕਰਦੇ ਰਹਿਣ।

ਪਾਣੀ ਰੋਜ਼ ਪਾਓ ਪਰ ਥੋੜ੍ਹਾ-ਥੋੜ੍ਹਾ ਪਾਓ ਜਿਸ ਨਾਲ ਕਿ ਉਹ ਜ਼ਮੀਨ 'ਤੇ ਨਾ ਟਪਕੇ। ਕਿਉਂਕਿ ਜ਼ਮੀਨ ਘੱਟ ਹੈ ਤਾਂ ਕੁਝ ਨਾ ਕੁਝ ਤਾਂ ਵਾਧੂ ਰੂਪ ਵਿਚ ਮਿਹਨਤ ਕਰਨੀ ਹੀ ਪਵੇਗੀ। ਜਦੋਂ ਬਾਲਕੋਨੀ ਵਿਚ ਛੋਟੇ ਗਮਲਿਆਂ ਵਿਚ ਬੂਟੇ ਲਗਾਓ ਤਾਂ ਧਿਆਨ ਨਾਲ ਇਸ ਤਰ੍ਹਾਂ ਦੇ ਬੂਟੇ ਚੁਣੋ ਜੋ ਸਿਹਤਮੰਦ ਰਹਿਣ ਅਤੇ ਜ਼ਿਆਦਾ ਹਰੇ ਭਰੇ ਦਿਸਣ। ਇਨ੍ਹਾਂ ਦੇ ਸਿਹਤਮੰਦ ਰਹਿਣ ਵਿਚ ਵੱਡੀ ਭੂਮਿਕਾ ਕੀਟਨਾਸ਼ਕਾਂ ਦੀ ਵੀ ਹੁੰਦੀ ਹੈ। ਇਸ ਲਈ ਝੂਮਦੇ ਗਮਲਿਆਂ ਦੇ ਬੂਟਿਆਂ ਵਿਚ ਖਾਦ ਅਤੇ ਕੀਟਨਾਸ਼ਕਾਂ ਦਾ ਵੀ ਧਿਆਨ ਰੱਖੋ। ਜੇਕਰ ਸਹੀ ਸਮੇਂ 'ਤੇ ਖਾਦ ਅਤੇ ਕੀਟਨਾਸ਼ਕ ਬੂਟੇ ਨੂੰ ਮਿਲਣਗੇ ਤਾਂ ਛੋਟਾ ਜਿਹਾ ਬੂਟਾ ਵੀ ਬਹੁਤ ਹਰਿਆ-ਭਰਿਆ ਤੇ ਸਿਹਤਮੰਦ ਦਿਸੇਗਾ। ਜ਼ਾਹਿਰ ਹੈ ਤੁਹਾਡੀ ਬਾਲਕੋਨੀ ਦੀ ਖ਼ੂਬਸੂਰਤੀ ਵੱਖਰੀ ਹੀ ਹੋਵੇਗੀ।



## 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ 6 ਮਹੀਨਿਆਂ ਵਿੱਚ 14,032 ਮਰੀਜ਼ਾਂ ਨੂੰ ਸਾਹ ਨਾਲ ਸਬੰਧਿਤ ਬੀਮਾਰੀਆਂ ਦਾ ਕੈਸ਼ਲੈੱਸ ਇਲਾਜ ਉਪਲੱਬਧ, 37.30 ਕਰੋੜ ਰੁਪਏ ਦੇ ਇਲਾਜ ਦਾ ਖ਼ਰਚ ਕੀਤਾ ਕਵਰ

# ਸਾਹ ਚੜ੍ਹਨ ਦੀ ਸਮੱਸਿਆ ਨੂੰ ਕਦੇ ਵੀ ਨਜ਼ਰਅੰਦਾਜ਼ ਨਾ ਕਰੋ; ਸਮੇਂ ਸਿਰ ਇਲਾਜ ਨਾਲ ਫ਼ੇਫੜਿਆਂ, ਜ਼ਿੰਦਗੀ ਅਤੇ ਰੋਜ਼ੀ-ਰੋਟੀ ਤਿੰਨਾਂ ਨੂੰ ਬਚਾਇਆ ਜਾ ਸਕਦਾ ਹੈ: ਡਾ. ਬਲਬੀਰ ਸਿੰਘ

**ਚੰਡੀਗੜ੍ਹ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਹ ਚੜ੍ਹਨ ਨੂੰ ਅਕਸਰ ਆਮ ਥਕਾਵਟ ਸਮਝ ਕੇ ਨਜ਼ਰਅੰਦਾਜ਼ ਕਰ ਦਿੱਤਾ ਜਾਂਦਾ ਹੈ। ਲਗਾਤਾਰ ਰਹਿਣ ਵਾਲੀ ਖੰਘ ਨੂੰ ਮੌਸਮ ਦਾ ਅਸਰ ਮੰਨ ਲਿਆ ਜਾਂਦਾ ਹੈ ਅਤੇ ਘਰਘਰਾਹਟ ਨੂੰ ਉਦੋਂ ਤੱਕ ਗੰਭੀਰਤਾ ਨਾਲ ਨਹੀਂ ਲਿਆ ਜਾਂਦਾ, ਜਦੋਂ ਤੱਕ ਪੌੜੀਆਂ ਚੜ੍ਹਨੀਆਂ ਵੀ ਔਖੀਆਂ ਨਾ ਹੋ ਜਾਣ। ਉਦੋਂ ਤੱਕ ਕਈ ਮਰੀਜ਼ ਫ਼ੇਫੜਿਆਂ ਦੀ ਗੰਭੀਰ ਬੀਮਾਰੀ ਦਾ ਸ਼ਿਕਾਰ ਹੋ ਚੁੱਕੇ ਹੁੰਦੇ ਹਨ, ਜਿਸ ਲਈ ਲੰਬੇ ਸਮੇਂ ਤੱਕ ਹਸਪਤਾਲ ਵਿੱਚ ਦਾਖ਼ਲ ਰਹਿਣਾ ਪੈਂਦਾ ਹੈ ਜਾਂ ਵੱਡੀ ਥੋਰੇਸਿਕ ਸਰਜਰੀ ਕਰਵਾਉਣੀ ਪੈਂਦੀ ਹੈ।

ਮੁੱਖ ਮੰਤਰੀ ਸਿਹਤ ਯੋਜਨਾ (ਐੱਮਐੱਮਐੱਸਵਾਈ) ਤਹਿਤ ਪੰਜਾਬ ਦੇ ਤਾਜ਼ਾ ਇਲਾਜੀ ਅੰਕੜੇ ਦੱਸਦੇ ਹਨ ਕਿ ਫ਼ੇਫੜਿਆਂ ਦੀਆਂ ਪੁਰਾਣੀਆਂ ਬੀਮਾਰੀਆਂ ਹੁਣ ਸਿਰਫ਼ ਬਜ਼ੁਰਗਾਂ ਤੱਕ ਸੀਮਤ ਨਹੀਂ ਰਹੀਆਂ। ਹਸਪਤਾਲ ਵਿੱਚ ਦਾਖ਼ਲ ਹੋ ਕੇ ਇਲਾਜ ਕਰਵਾਉਣ ਵਾਲੇ ਮਰੀਜ਼ਾਂ ਦਾ ਵੱਡਾ ਹਿੱਸਾ ਸੂਬੇ ਦੇ ਕੰਮਕਾਜੀ ਉਮਰ ਵਰਗ ਨਾਲ ਸਬੰਧਿਤ ਹੈ, ਜੋ ਇਹ ਦਰਸਾਉਂਦਾ ਹੈ ਕਿ ਸਾਹ ਨਾਲ ਸਬੰਧਿਤ ਬੀਮਾਰੀਆਂ ਸਿਹਤ ਦੇ ਨਾਲ-ਨਾਲ ਆਰਥਿਕ ਬੋਝ ਵੀ ਤੇਜ਼ੀ ਨਾਲ ਵਧਾ ਰਹੀਆਂ ਹਨ।

ਅਮਰੀਕਾ ਦੇ ਨੈਸ਼ਨਲ ਹਾਰਟ, ਲੰਗ ਐਂਡ ਬਲੱਡ ਇੰਸਟੀਚਿਊਟ ਅਨੁਸਾਰ, ਫ਼ੇਫੜਿਆਂ ਦੀਆਂ ਪੁਰਾਣੀਆਂ ਬੀਮਾਰੀਆਂ ਹੌਲੀ-ਹੌਲੀ ਵਿਕਸਿਤ ਹੁੰਦੀਆਂ ਹਨ ਅਤੇ ਆਪਣੇ ਆਪ ਠੀਕ ਨਹੀਂ ਹੁੰਦੀਆਂ। ਜਿੰਨੀ ਜਲਦੀ ਇਨ੍ਹਾਂ ਦੀ ਪਛਾਣ ਹੋ ਜਾਵੇ, ਫ਼ੇਫੜਿਆਂ ਨੂੰ ਹੋਣ ਵਾਲੇ ਨੁਕਸਾਨ ਨੂੰ ਉਨਾ ਹੀ ਆਸਾਨੀ ਨਾਲ ਰੋਕਿਆ ਜਾ ਸਕਦਾ ਹੈ। ਦਵਾਈਆਂ ਅਤੇ ਪਲਮੋਨਰੀ ਰੀਹੈਬਿਲੀਟੇਸ਼ਨ ਨਾਲ ਲਾਭ ਮਿਲਦਾ ਹੈ। ਗੰਭੀਰ ਮਾਮਲਿਆਂ ਵਿੱਚ ਥੋਰੇਸਿਕ ਸਰਜਰੀ ਜਾਨ ਬਚ ਸਕਦੀ ਹੈ। ਅਜਿਹੇ ਮਾਮਲਿਆਂ ਵਿੱਚ ਇਲਾਜ ਵਿੱਚ ਦੇਰੀ ਕਰਨਾ ਕਦੇ ਵੀ ਸਹੀ ਵਿਕਲਪ ਨਹੀਂ ਹੁੰਦਾ। ਬਦਕਿਸਮਤੀ ਨਾਲ ਇਲਾਜ ਦਾ ਖ਼ਰਚ ਨਾ ਝੱਲ ਸਕਣ ਕਾਰਨ ਕਈ ਮਰੀਜ਼ ਇਲਾਜ ਵਿੱਚ ਦੇਰੀ ਕਰਦੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਸਟੇਟ ਹੈਲਥ ਏਜੰਸੀ (ਐਸਐਚਏ), ਪੰਜਾਬ ਵੱਲੋਂ ਸਾਂਝੇ ਕੀਤੇ ਗਏ ਅੰਕੜਿਆਂ ਅਨੁਸਾਰ 8 ਜਨਵਰੀ ਤੋਂ 21 ਜੁਲਾਈ 2026 ਤੱਕ 14,032 ਲੋਕਾਂ ਨੇ ਫ਼ੇਫੜਿਆਂ ਦੀਆਂ ਪੁਰਾਣੀਆਂ ਬੀਮਾਰੀਆਂ ਅਤੇ ਥੋਰੇਸਿਕ ਸਰਜਰੀ/ਸਾਹ ਨਾਲ ਸਬੰਧਿਤ ਇਲਾਜ ਦਾ ਲਾਭ ਲਿਆ। ਇਨ੍ਹਾਂ ਇਲਾਜਾਂ 'ਤੇ 37.30 ਕਰੋੜ ਰੁਪਏ ਦੀ ਕੈਸ਼ਲੈੱਸ ਰਕਮ ਅਦਾ ਕੀਤੀ ਗਈ। ਇਨ੍ਹਾਂ ਅੰਕੜਿਆਂ ਦੇ ਪਿੱਛੇ ਉਨ੍ਹਾਂ ਹਜ਼ਾਰਾਂ ਮਰੀਜ਼ਾਂ ਦੀ ਕਹਾਣੀ ਹੈ, ਜਿਨ੍ਹਾਂ ਨੂੰ ਹਸਪਤਾਲ ਵਿੱਚ ਦਾਖ਼ਲ ਹੋਣ ਤੋਂ ਪਹਿਲਾਂ ਲੱਖਾਂ ਰੁਪਏ ਦਾ ਪ੍ਰਬੰਧ



ਕਰਨ ਦੀ ਚਿੰਤਾ ਨਹੀਂ ਕਰਨੀ ਪਈ। ਇਹੀ ਇਸ ਯੋਜਨਾ ਦੀ ਸਭ ਤੋਂ ਵੱਡੀ ਤਾਕਤ ਹੈ। ਅੰਕੜਿਆਂ ਅਨੁਸਾਰ 36 ਤੋਂ 60 ਸਾਲ ਉਮਰ ਵਰਗ ਵਿੱਚ 5,559 ਇਲਾਜ ਦੇ ਮਾਮਲੇ ਦਰਜ ਕੀਤੇ ਗਏ, ਜਦਕਿ 60 ਸਾਲ ਤੋਂ ਵੱਧ ਉਮਰ ਦੇ 5,659 ਸੀਨੀਅਰ ਨਾਗਰਿਕਾਂ ਨੇ ਵੀ ਹਸਪਤਾਲ ਵਿੱਚ ਇਲਾਜ ਪ੍ਰਾਪਤ ਕੀਤਾ। ਇਹ ਦੋਵੇਂ ਉਮਰ ਵਰਗ ਮਿਲ ਕੇ ਯੋਜਨਾ ਤਹਿਤ ਹੋਏ ਕੁੱਲ ਸਾਹ ਨਾਲ ਸਬੰਧਿਤ ਇਲਾਜ ਦੇ 80 ਫ਼ੀਸਦੀ ਤੋਂ ਵੱਧ ਮਾਮਲਿਆਂ ਵਿੱਚ ਹਿੱਸੇਦਾਰ ਰਹੇ। ਇਸ ਤੋਂ ਇਲਾਵਾ 2,522 ਨੌਜਵਾਨ ਬਾਲਗਾਂ ਅਤੇ 292 ਬੱਚਿਆਂ ਨੇ ਵੀ ਸਾਹ ਨਾਲ ਸਬੰਧਿਤ ਇਲਾਜ ਪ੍ਰਾਪਤ ਕੀਤਾ। ਲਿੰਗ ਅਧਾਰਿਤ ਅੰਕੜਿਆਂ ਅਨੁਸਾਰ 8,345 ਪੁਰਸ਼ਾਂ ਦਾ 22.79 ਕਰੋੜ ਰੁਪਏ ਦੀ ਲਾਗਤ ਨਾਲ ਇਲਾਜ ਕੀਤਾ ਗਿਆ, ਜਦਕਿ 5,684 ਮਹਿਲਾਵਾਂ ਨੂੰ 14.50 ਕਰੋੜ ਰੁਪਏ ਦੇ ਇਲਾਜ ਦਾ ਲਾਭ ਮਿਲਿਆ। ਇਸ ਤੋਂ ਇਲਾਵਾ 'ਹੋਰ' ਲਿੰਗ ਸ਼੍ਰੇਣੀ ਦੇ ਤਿੰਨ ਲਾਭਪਾਤਰੀਆਂ ਨੇ ਵੀ ਯੋਜਨਾ ਤਹਿਤ ਕੈਸ਼ਲੈੱਸ ਸਿਹਤ ਸੇਵਾਵਾਂ ਦਾ ਲਾਭ ਲਿਆ।

ਮਹੀਨਾਵਾਰ ਅੰਕੜੇ ਦਰਸਾਉਂਦੇ ਹਨ ਕਿ ਰਿਪੋਰਟਿੰਗ ਸਮੇਂ ਦੌਰਾਨ ਵਿਸ਼ੇਸ਼ ਸਾਹ ਨਾਲ ਸਬੰਧਿਤ ਸੇਵਾਵਾਂ ਦੀ ਮੰਗ ਲਗਾਤਾਰ ਬਣੀ ਰਹੀ। ਇਲਾਜ ਦੇ ਮਾਮਲਿਆਂ ਦੀ ਗਿਣਤੀ ਜਨਵਰੀ ਵਿੱਚ 1,332 ਤੋਂ ਵਧ ਕੇ ਅਪ੍ਰੈਲ ਵਿੱਚ 2,509 ਹੋ ਗਈ, ਜੋ ਛੇ ਮਹੀਨਿਆਂ ਦੌਰਾਨ ਸਭ ਤੋਂ ਵੱਧ ਰਹੀ। ਹਾਲਾਂਕਿ ਜੂਨ ਵਿੱਚ 2,004 ਮਾਮਲੇ ਦਰਜ ਕੀਤੇ ਗਏ, ਪਰ ਇਲਾਜ ਦੀ ਕੁੱਲ ਰਕਮ 6.73 ਕਰੋੜ ਰੁਪਏ ਰਹੀ, ਜੋ ਸਭ ਤੋਂ ਵੱਧ ਸੀ। ਇਹ ਦਰਸਾਉਂਦਾ ਹੈ ਕਿ ਯੋਜਨਾ ਤਹਿਤ ਹੋਰ ਜਟਿਲ ਅਤੇ ਮਹਿੰਗੇ ਸਾਹ ਨਾਲ ਸਬੰਧਿਤ ਇਲਾਜ ਵੀ ਮੁਹੱਈਆ ਕਰਵਾਏ ਜਾ ਰਹੇ ਹਨ।

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, ਇਹ ਅੰਕੜੇ ਸਾਹ ਨਾਲ ਸਬੰਧਿਤ ਬੀਮਾਰੀਆਂ ਪ੍ਰਤੀ ਲੋਕਾਂ ਵਿੱਚ ਜਾਗਰੂਕਤਾ ਵਧਾਉਣ ਦੀ ਤੁਰੰਤ ਲੋੜ ਨੂੰ ਉਜਾਗਰ ਕਰਦੇ ਹਨ। ਲੋਕ ਲਗਾਤਾਰ ਰਹਿਣ ਵਾਲੀ ਖੰਘ ਜਾਂ ਸਾਹ ਚੜ੍ਹਨ ਨੂੰ ਅਕਸਰ ਅਸਥਾਈ ਸਮੱਸਿਆ ਜਾਂ ਵਧਦੀ ਉਮਰ ਦਾ ਆਮ ਲੱਛਣ ਸਮਝ ਕੇ ਨਜ਼ਰਅੰਦਾਜ਼ ਕਰ ਦਿੰਦੇ ਹਨ। ਬਦਕਿਸਮਤੀ ਨਾਲ ਫ਼ੇਫੜਿਆਂ ਦੀਆਂ ਪੁਰਾਣੀਆਂ ਬੀਮਾਰੀਆਂ ਹੌਲੀ-ਹੌਲੀ ਅਤੇ ਬਿਨਾਂ ਸਪੱਸ਼ਟ ਲੱਛਣਾਂ ਦੇ ਵਧਦੀਆਂ ਰਹਿੰਦੀਆਂ ਹਨ। ਜਦੋਂ ਤੱਕ ਕਈ ਮਰੀਜ਼ ਡਾਕਟਰੀ ਸਹਾਇਤਾ ਲੈਂਦੇ ਹਨ, ਉਦੋਂ ਤੱਕ ਫ਼ੇਫੜਿਆਂ ਨੂੰ ਗੰਭੀਰ ਨੁਕਸਾਨ ਪਹੁੰਚ ਚੁੱਕਾ ਹੁੰਦਾ ਹੈ। ਸਾਹ ਚੜ੍ਹਨ ਦੀ ਸਮੱਸਿਆ ਨੂੰ ਕਦੇ ਵੀ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ। ਸਮੇਂ ਸਿਰ ਇਲਾਜ ਨਾਲ ਫ਼ੇਫੜਿਆਂ, ਜ਼ਿੰਦਗੀ ਅਤੇ ਰੋਜ਼ੀ-ਰੋਟੀ—ਤਿੰਨਾਂ ਨੂੰ ਬਚਾਇਆ ਜਾ ਸਕਦਾ ਹੈ।

ਸਿਹਤ ਮੰਤਰੀ ਨੇ ਖ਼ਾਸ ਤੌਰ 'ਤੇ ਸਿਗਰਟਨੋਸ਼ੀ ਕਰਨ ਵਾਲਿਆਂ, ਉਦਯੋਗਿਕ ਖੇਤਰਾਂ ਵਿੱਚ ਕੰਮ ਕਰਨ ਵਾਲੇ ਮਜ਼ਦੂਰਾਂ ਅਤੇ ਧੂੜ ਤੇ ਪ੍ਰਦੂਸ਼ਣ ਦੇ ਸੰਪਰਕ ਵਿੱਚ ਰਹਿਣ ਵਾਲੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਲੱਛਣ ਲਗਾਤਾਰ ਬਣੇ ਰਹਿਣ ਤਾਂ ਤੁਰੰਤ ਡਾਕਟਰੀ ਸਲਾਹ ਲੈਣ। ਉਨ੍ਹਾਂ ਨੇ ਤੰਬਾਕੂ ਤੋਂ ਦੂਰ ਰਹਿਣ, ਪ੍ਰਦੂਸ਼ਿਤ ਵਾਤਾਵਰਣ ਦੇ ਸੰਪਰਕ ਨੂੰ ਘਟਾਉਣ ਅਤੇ ਸਾਹ ਨਾਲ ਸਬੰਧਿਤ ਪੁਰਾਣੀਆਂ ਬੀਮਾਰੀਆਂ ਤੋਂ ਪੀੜਤ ਲੋਕਾਂ ਲਈ ਨਿਯਮਿਤ ਸਿਹਤ ਜਾਂਚ ਕਰਵਾਉਣ 'ਤੇ ਵੀ ਜ਼ੋਰ ਦਿੱਤਾ।

ਸਮੇਂ ਸਿਰ ਬੀਮਾਰੀ ਦੀ ਪਛਾਣ, ਤੰਬਾਕੂ ਦਾ ਸੇਵਨ ਛੱਡਣਾ, ਹਵਾ ਪ੍ਰਦੂਸ਼ਣ ਦੇ ਸੰਪਰਕ ਨੂੰ ਘਟਾਉਣਾ, ਕੰਮ ਵਾਲੀ ਥਾਂ 'ਤੇ ਸੁਰੱਖਿਆ ਉਪਾਅ ਅਪਣਾਉਣਾ ਅਤੇ ਸਮੇਂ ਸਿਰ ਉਚਿਤ ਡਾਕਟਰੀ ਇਲਾਜ ਪ੍ਰਾਪਤ ਕਰਨਾ ਫ਼ੇਫੜਿਆਂ ਦੀਆਂ ਪੁਰਾਣੀਆਂ ਬੀਮਾਰੀਆਂ ਨੂੰ ਰੋਕਣ ਅਤੇ ਵੱਡੀ ਥੋਰੇਸਿਕ ਸਰਜਰੀ ਦੀ ਲੋੜ ਤੋਂ ਬਚਣ ਦੇ ਸਭ ਤੋਂ ਪ੍ਰਭਾਵਸ਼ਾਲੀ ਤਰੀਕੇ ਹਨ।

## ਸਰਹੱਦ ਪਾਰੋਂ ਚੱਲ ਰਹੇ ਤਸਕਰੀ ਮਾਡਿਊਲ ਨਾਲ ਜੁੜੇ ਚਾਰ ਵਿਅਕਤੀ 5 ਪਿਸਤੌਲ, 2 ਕਿਲੋ ਹੈਰੋਇਨ ਅਤੇ 5 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਕਾਬੂ




**ਅੰਮ੍ਰਿਤਸਰ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਚਾਰ ਵਿਅਕਤੀਆਂ ਨੂੰ ਪੰਜ ਆਧੁਨਿਕ .30 ਬੋਰ ਪਿਸਤੌਲਾਂ, 2.015 ਕਿਲੋਗ੍ਰਾਮ ਹੈਰੋਇਨ ਅਤੇ 5 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਚੱਲ ਰਹੇ ਗੈਰ-ਕਾਨੂੰਨੀ ਹਥਿਆਰ ਅਤੇ ਨਸ਼ਾ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬਿੱਟੂ ਕੁਮਾਰ ਉਰਫ਼ ਭਈਆ (20) ਵਾਸੀ ਨਵੀਂ ਆਬਾਦੀ, ਅੰਮ੍ਰਿਤਸਰ; ਸਾਹਿਬ ਸਿੰਘ (21) ਵਾਸੀ ਪਿੰਡ ਧਗਾਣਾ ਅਤੇ ਮੌਜੂਦਾ ਪਤਾ ਫਤਿਹ ਸਿੰਘ ਕਲੋਨੀ, ਅੰਮ੍ਰਿਤਸਰ; ਸੰਜੀਵ ਕੁਮਾਰ ਉਰਫ਼ ਨੰਨੂ (22) ਵਾਸੀ ਪਿੰਕ ਕਲੋਨੀ, ਤਰਨਤਾਰਨ ਅਤੇ ਸੰਦੀਪ ਕੁਮਾਰ ਉਰਫ਼ ਸੰਨੀ (22) ਵਾਸੀ ਪਿੰਡ ਛਿੱਦਾਂ, ਅੰਮ੍ਰਿਤਸਰ ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਵਿਅਕਤੀ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰ ਅਤੇ ਨਸ਼ਾ ਤਸਕਰੀ ਦੀਆਂ ਗਤੀਵਿਧੀਆਂ ਵਿੱਚ ਸ਼ਾਮਲ ਸਨ। ਉਨ੍ਹਾਂ ਦੱਸਿਆ ਕਿ ਨੈੱਟਵਰਕ ਦੇ ਅਗਲੇ-ਪਿਛਲੇ ਸਬੰਧਾਂ ਨੂੰ ਸਥਾਪਤ ਕਰਨ ਅਤੇ ਕਾਰਟੈਲ ਵਿੱਚ ਸ਼ਾਮਲ ਸਾਰੇ ਸਾਥੀਆਂ ਦੀ ਪਛਾਣ ਕਰਨ ਲਈ ਹੋਰ ਜਾਂਚ ਜਾਰੀ ਹੈ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ, ਕਮਿਸ਼ਨਰ ਆਫ ਪੁਲਿਸ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਭਰੋਸੇਯੋਗ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਕਾਰਵਾਈ ਕਰਦਿਆਂ, ਪੁਲਿਸ ਟੀਮਾਂ ਨੇ ਪਹਿਲਾਂ ਦੋਸ਼ੀ ਬਿੱਟੂ ਉਰਫ਼ ਭਈਆ ਅਤੇ ਸਾਹਿਬ ਸਿੰਘ ਨੂੰ ਇੱਕ ਪਿਸਤੌਲ ਸਮੇਤ ਗ੍ਰਿਫ਼ਤਾਰ ਕੀਤਾ। ਬਾਅਦ ਵਿੱਚ ਉਨ੍ਹਾਂ ਦੇ ਖੁਲਾਸੇ ਦੇ ਆਧਾਰ 'ਤੇ ਦੋ ਹੋਰ ਪਿਸਤੌਲ ਬਰਾਮਦ ਕੀਤੇ ਗਏ।

ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਦੋਵਾਂ ਮੁਲਜ਼ਮਾਂ ਨੇ ਖੁਲਾਸਾ ਕੀਤਾ ਕਿ ਉਹ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਸਬੰਧੀ ਗਤੀਵਿਧੀਆਂ ਵਿੱਚ ਵੀ ਸ਼ਾਮਲ ਸਨ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਦੇ ਖੁਲਾਸਿਆਂ ਦੇ ਆਧਾਰ 'ਤੇ ਕਾਰਵਾਈ ਕਰਦਿਆਂ, ਪੁਲਿਸ ਟੀਮਾਂ ਨੇ ਦੋ ਹੋਰ ਮੁਲਜ਼ਮਾਂ ਸੰਜੀਵ ਕੁਮਾਰ ਉਰਫ ਨੰਨੂ ਅਤੇ ਸੰਦੀਪ ਉਰਫ ਸੰਨੀ ਨੂੰ 2.015 ਕਿਲੋ ਹੈਰੋਇਨ ਅਤੇ 5 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ। ਉਨ੍ਹਾਂ ਅੱਗੇ ਦੱਸਿਆ ਕਿ ਹੋਰ ਜਾਂਚ ਦੌਰਾਨ, ਮੁਲਜ਼ਮ ਸੰਦੀਪ ਉਰਫ ਸੰਨੀ ਵੱਲੋਂ ਕੀਤੇ ਗਏ ਖੁਲਾਸੇ ਦੇ ਆਧਾਰ 'ਤੇ ਪੁਲਿਸ ਟੀਮਾਂ ਨੇ ਦੋ ਹੋਰ ਪਿਸਤੌਲ ਬਰਾਮਦ ਕੀਤੇ।

ਸੀਪੀ ਨੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮ ਬਿੱਟੂ ਉਰਫ ਭਈਆ ਅਸਲਾ ਐਕਟ ਅਤੇ ਚੋਰੀ ਨਾਲ ਸਬੰਧਤ ਕਈ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦਾ ਹੈ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਚਾਰੋ ਮੁਲਜ਼ਮ ਨੌਜਵਾਨ ਹਨ।

ਇਸ ਸਬੰਧੀ, ਐਫਆਈਆਰ ਨੰਬਰ 156 ਮਿਤੀ 21.07.2026 ਨੂੰ ਅਸਲਾ ਐਕਟ ਦੀਆਂ ਧਾਰਾਵਾਂ 25(1ਬੀ) ਅਤੇ 24(6,7,8) ਅਤੇ ਐਨਡੀਪੀਐਸ ਐਕਟ ਦੀਆਂ ਧਾਰਾਵਾਂ 21-ਸੀ, 27-ਏ ਅਤੇ 29 ਤਹਿਤ ਥਾਣਾ ਸਦਰ ਅੰਮ੍ਰਿਤਸਰ ਵਿਖੇ ਦਰਜ ਕੀਤੀ ਗਈ ਹੈ।

# ਭਗਵੰਤ ਮਾਨ ਸਰਕਾਰ ਨੇ ਠੇਕੇ 'ਤੇ ਕੰਮ ਕਰਨ ਵਾਲੇ ਸਫ਼ਾਈ ਸੇਵਕਾਂ ਅਤੇ ਸੀਵਰਮੈਨਾਂ ਦਾ ਮਹੀਨਾਵਾਰ ਮਿਹਨਤਾਨਾ ਵਧਾ ਕੇ 20,500 ਰੁਪਏ ਕੀਤਾ: ਹਰਜੋਤ ਸਿੰਘ ਬੈਂਸ

## ਠੇਕੇ 'ਤੇ ਕੰਮ ਕਰਨ ਵਾਲੇ ਸਫ਼ਾਈ ਸੇਵਕਾਂ ਨੂੰ 1 ਅਗਸਤ ਤੋਂ ਰੈਗੂਲਰ ਕਰਮਚਾਰੀਆਂ ਨੂੰ ਪਰਖ ਕਾਲ ਦੌਰਾਨ ਦਿੱਤੇ ਜਾਂਦੇ ਮਹੀਨਾਵਾਰ ਮਿਹਨਤਾਨੇ ਬਰਾਬਰ ਮਿਲੇਗੀ ਤਨਖ਼ਾਹ: ਹਰਜੋਤ ਸਿੰਘ ਬੈਂਸ

**ਚੰਡੀਗੜ੍ਹ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸਫ਼ਾਈ ਸੇਵਕਾਂ ਦੇ ਮਾਣ-ਸਨਮਾਨ ਨੂੰ ਬਹਾਲ ਕਰਨ ਪ੍ਰਤੀ ਆਪਣੀ ਵਚਨਬੱਧਤਾ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅੱਜ ਠੇਕੇ 'ਤੇ ਕੰਮ ਕਰਨ ਵਾਲੇ ਸਫ਼ਾਈ ਸੇਵਕਾਂ ਅਤੇ ਸੀਵਰਮੈਨਾਂ ਦੇ ਮਹੀਨਾਵਾਰ ਮਿਹਨਤਾਨੇ ਵਿੱਚ ਵੱਡੇ ਵਾਧੇ ਨੂੰ ਮਨਜ਼ੂਰੀ ਦੇ ਦਿੱਤੀ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਅਤੇ ਪੰਜਾਬ ਦਲਿਤ ਵਿਕਾਸ ਬੋਰਡ ਦੇ ਚੇਅਰਮੈਨ ਸ਼੍ਰੀ ਵਿਜੇ ਦਾਨਵ ਦੀ ਅਗਵਾਈ ਹੇਠ ਸਫਾਈ ਸੇਵਕ ਯੂਨੀਅਨ ਦੇ ਨੁਮਾਇੰਦਿਆਂ ਨਾਲ ਦਿਨ ਭਰ ਵਿਆਪਕ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਇਹ ਫੈਸਲਾ ਲਿਆ। ਸਫਲ ਵਿਚਾਰ-ਵਟਾਂਦਰੇ ਤੋਂ ਬਾਅਦ, ਸੂਬੇ ਭਰ ਵਿੱਚ ਸਫ਼ਾਈ ਕਰਮਚਾਰੀਆਂ ਨੇ ਚੱਲ ਰਹੀ ਹੜਤਾਲ ਵਾਪਸ ਲੈ ਲਈ ਹੈ।

ਅੱਜ ਸ਼ਾਮ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਸਫ਼ਾਈ ਸੇਵਕ ਸਾਡੇ ਸ਼ਹਿਰਾਂ ਵਿੱਚ ਸਫ਼ਾਈ ਲਈ ਅਹਿਮ ਭੂਮਿਕਾ ਨਿਭਾਉਂਦੇ ਹਨ। ਇਹ ਫੈਸਲਾ ਇਹ ਯਕੀਨੀ ਬਣਾਉਂਦਾ ਹੈ ਕਿ ਠੇਕੇ




'ਤੇ ਰੱਖੇ ਸਫ਼ਾਈ ਸੇਵਕਾਂ ਅਤੇ ਸੀਵਰਮੈਨਾਂ ਨੂੰ ਹੁਣ ਰੈਗੂਲਰ ਸਫ਼ਾਈ ਸੇਵਕ/ਸੀਵਰਮੈਨ ਨੂੰ ਪਰਖ ਕਾਲ ਦੌਰਾਨ ਦਿੱਤੇ ਜਾਣ ਵਾਲੇ ਕੁੱਲ ਮਾਸਿਕ ਮਿਹਨਤਾਨੇ ਦੇ ਬਰਾਬਰ ਮਿਹਨਤਾਨਾ ਮਿਲੇਗਾ।

ਉਨ੍ਹਾਂ ਅੱਗੇ ਕਿਹਾ, ਸ਼ਹਿਰੀ ਸਥਾਨਕ ਇਕਾਈਆਂ ਅਤੇ ਨਗਰ ਸੁਧਾਰ ਟਰੱਸਟਾਂ ਵੱਲੋਂ ਠੇਕੇ 'ਤੇ ਰੱਖੇ ਗਏ ਸਫ਼ਾਈ ਕਰਮਚਾਰੀਆਂ ਨੂੰ ਹੁਣ 1 ਅਗਸਤ, 2026 ਤੋਂ ਰੈਗੂਲਰ ਕਰਮਚਾਰੀਆਂ ਨੂੰ ਪਰਖ ਕਾਲ ਦੌਰਾਨ ਮਿਲਣ ਵਾਲੇ 20,500 ਰੁਪਏ ਪ੍ਰਤੀ ਮਹੀਨਾ ਦੇ ਬਰਾਬਰ ਤਨਖਾਹ ਮਿਲੇਗੀ।

ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਕਿਹਾ, ਇਸ ਸੋਧੇ ਹੋਏ ਢਾਂਚੇ ਵਿੱਚ ਪਿਛਲੀਆਂ ਠੇਕੇ ਅਧਾਰਤ ਤਨਖਾਹਾਂ ਦੇ ਮੁਕਾਬਲੇ ਕਾਫ਼ੀ ਵੱਡਾ ਵਾਧਾ ਕੀਤਾ ਗਿਆ ਹੈ। ਮਿਹਨਤਾਨਾ 20,500 ਰੁਪਏ ਕਰਨ ਤੋਂ ਪਹਿਲਾਂ ਹਾਲ ਹੀ ਵਿੱਚ ਇਹ 10,500 ਰੁਪਏ ਤੋਂ ਵਧਾ ਕੇ 14,000 ਰੁਪਏ ਕੀਤਾ ਗਿਆ ਸੀ। ਮਾਨ ਸਰਕਾਰ ਦੇ ਇਸ ਫੈਸਲੇ ਨਾਲ ਸੈਨੀਟੇਸ਼ਨ ਸੇਵਾਵਾਂ 'ਤੇ ਨਿਰਭਰ ਹਜ਼ਾਰਾਂ ਪਰਿਵਾਰਾਂ ਨੂੰ ਸਿੱਧਾ ਲਾਭ ਹੋਵੇਗਾ। ਮੈਂ ਸਾਰੀਆਂ ਸ਼ਹਿਰੀ ਸਥਾਨਕ ਇਕਾਈਆਂ ਅਤੇ ਨਗਰ ਸੁਧਾਰ ਟਰੱਸਟਾਂ ਨੂੰ 1 ਅਗਸਤ ਤੋਂ ਤੁਰੰਤ ਪ੍ਰਭਾਵ ਨਾਲ ਇਸ ਹੁਕਮ ਨੂੰ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਹਨ।

ਬਰਨਾਲਾ ਵਿੱਚ ਹਾਲ ਹੀ ਵਿੱਚ ਵਾਪਰੀ ਮੰਦਭਾਗੀ ਘਟਨਾ ਬਾਰੇ ਗੱਲ ਕਰਦਿਆਂ, ਸਥਾਨਕ ਸਰਕਾਰਾਂ ਮੰਤਰੀ ਨੇ ਕਿਹਾ, ਇਸ ਮਾਮਲੇ ਦੀ ਜਾਂਚ ਕਰਨ ਅਤੇ ਜਲਦ ਨਿਆਂ ਯਕੀਨੀ ਬਣਾਉਣ ਲਈ ਇੱਕ ਵਿਸ਼ੇਸ਼ ਜਾਂਚ ਟੀਮ (ਐਸ ਆਈ ਟੀ) ਦਾ ਗਠਨ ਕੀਤਾ ਗਿਆ ਹੈ। ਇਹ ਹਰੇਕ ਵਰਕਰ ਦੀ ਭਲਾਈ ਅਤੇ ਇੱਕ ਸਾਫ਼ ਅਤੇ ਸਿਹਤਮੰਦ ਪੰਜਾਬ ਬਣਾਉਣ ਪ੍ਰਤੀ ਮਾਨ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸੂਬਾ ਸਰਕਾਰ ਜਨਤਕ ਸੇਵਾ ਵਿੱਚ ਯੋਗਦਾਨ ਪਾਉਣ ਵਾਲੇ ਹਰੇਕ ਵਿਅਕਤੀ ਲਈ ਸਮਾਜਿਕ ਨਿਆਂ ਯਕੀਨੀ ਬਣਾਉਣ ਅਤੇ ਉਨ੍ਹਾਂ ਦੇ ਮਾਣ-ਸਨਮਾਨ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

## ਪੋਸਟ ਗ੍ਰੈਜੂਏਟ ਗਵਰਨਮੈਂਟ ਕਾਲਜ ਫੌਰ ਗਰਲਸ, ਸੈਕਟਰ-11 ਨੇ ਪਹਿਲੇ ਸਾਲ ਦੀਆਂ ਵਿਦਿਆਰਥਣਾਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਆਯੋਜਿਤ ਕੀਤਾ

**ਚੰਡੀਗੜ੍ਹ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੋਸਟ ਗ੍ਰੈਜੂਏਟ ਗਵਰਨਮੈਂਟ ਕਾਲਜ ਫੌਰ ਗਰਲਸ, ਸੈਕਟਰ-11, ਚੰਡੀਗੜ੍ਹ ਨੇ ਅੱਜ ਨਵੇਂ ਦਾਖਲ ਹੋਏ ਪਹਿਲੇ ਵਰ੍ਹੇ ਦੀਆਂ ਅੰਡਰਗ੍ਰੈਜੂਏਟ ਵਿਦਿਆਰਥਣਾਂ ਲਈ ਇੱਕ ਓਰੀਐਂਟੇਸ਼ਨ ਪ੍ਰੋਗਰਾਮ ਆਯੋਜਿਤ ਕੀਤਾ ਤਾਕਿ ਉਨ੍ਹਾਂ ਨੂੰ ਅਕਾਦਮਿਕ ਢਾਂਚੇ, ਸੰਸਥਾਗਤ ਪਿਰਤਾਂ, ਕੈਂਪਸ ਸੁਵਿਧਾਵਾਂ ਅਤੇ ਵਿਦਿਆਰਥੀ ਸਹਾਇਤਾ ਸੇਵਾਵਾਂ ਤੋਂ ਜਾਣੂ ਕਰਵਾਇਆ ਜਾ ਸਕੇ।

ਪ੍ਰਿੰਸੀਪਲ ਪ੍ਰੋ. (ਡਾ.) ਅਨੀਤਾ ਕੌਸ਼ਲ ਨੇ ਵਿਦਿਆਰਥਣਾਂ ਦਾ ਸੁਆਗਤ ਕੀਤਾ ਅਤੇ ਕਾਲਜ ਦੀਆਂ ਅਕਾਦਮਿਕ, ਖੇਡਾਂ, ਸੱਭਿਆਚਾਰਕ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਪ੍ਰਾਪਤੀਆਂ 'ਤੇ ਪ੍ਰਕਾਸ਼ ਪਾਇਆ। ਉਨ੍ਹਾਂ ਨੇ ਉਨ੍ਹਾਂ ਨੂੰ ਕਾਲਜ ਦੀਆਂ ਸੁਵਿਧਾਵਾਂ ਦੀ ਵੱਧ ਤੋਂ ਵੱਧ ਵਰਤੋਂ ਕਰਨ ਅਤੇ ਉਨ੍ਹਾਂ ਦੇ ਸਮੁੱਚੇ ਵਿਕਾਸ ਲਈ ਕੈਂਪਸ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।




ਵਿਦਿਆਰਥਣਾਂ ਨੂੰ ਰਾਸ਼ਟਰੀ ਸਿੱਖਿਆ ਨੀਤੀ (ਐਨਈਪੀ) 2020 ਦੇ ਤਹਿਤ ਅੰਡਰਗ੍ਰੈਜੂਏਟ ਪਾਠਕ੍ਰਮ ਬਾਰੇ ਜਾਣਕਾਰੀ ਦਿੱਤੀ ਗਈ, ਜਿਸ ਵਿੱਚ ਡਿਸਪਲਿਨ ਸਪੈਸਿਫਿਕ ਕੋਰਸ (ਡੀਐੱਸਸੀ), ਮਲਟੀ-ਡਿਸਪਲਿਨੇਰੀ ਕੋਰਸ (ਐੱਮਡੀਸੀ), ਸਕਿੱਲ ਇਨਹਾਂਸਮੈਂਟ ਕੋਰਸ (ਐੱਸਈਸੀ) ਅਤੇ ਵੈਲਿਊ ਐਡਡ ਕੋਰਸ (ਵੀਏਸੀ) ਸ਼ਾਮਲ ਹਨ। ਉਨ੍ਹਾਂ ਨੂੰ ਵਿਸ਼ਿਆਂ ਦੇ ਸੁਮੇਲ, ਹਾਜ਼ਰੀ ਦੀਆਂ ਜ਼ਰੂਰਤਾਂ, ਨਿਰੰਤਰ ਮੁੱਲਾਂਕਣ ਅਤੇ ਆਚਾਰ ਸੰਹਿਤਾ ਬਾਰੇ ਵੀ ਜਾਣਕਾਰੀ ਦਿੱਤੀ ਗਈ। ਸਕਾਲਰਸ਼ਿਪਸ, ਫ਼ੀਸ ਰਿਆਇਤਾਂ, ਲਾਇਬ੍ਰੇਰੀ ਸੇਵਾਵਾਂ, ਬੱਸ-ਪਾਸ ਸੁਵਿਧਾਵਾਂ, ਐੱਨਐੱਸਐੱਸ, ਐੱਨਸੀਸੀ, ਪਲੇਸਮੈਂਟ ਸੈੱਲ ਅਤੇ ਸਬਜੈਕਟ ਚੇਂਜ ਪ੍ਰਕਿਰਿਆਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਵਿਦਿਆਰਥਣਾਂ ਨੂੰ ਕਾਲਜ ਦੇ ਕਲੱਬਾਂ, ਸੋਸਾਇਟੀਆਂ ਅਤੇ ਕਮੇਟੀਆਂ ਬਾਰੇ ਵੀ ਜਾਣੂ ਕਰਵਾਇਆ ਗਿਆ, ਜੋ ਸੜਕ ਸੁਰੱਖਿਆ, ਵਿਰਾਸਤ ਸੰਭਾਲ਼, ਵਾਤਾਵਰਣ ਸੁਰੱਖਿਆ, ਸਿਹਤ ਜਾਗਰੂਕਤਾ, ਲਿੰਗ ਸਮਾਨਤਾ ਅਤੇ ਨਸ਼ਾ ਮੁਕਤੀ ਜਿਹੀਆਂ ਗਤੀਵਿਧੀਆਂ ਦੇ ਜ਼ਰੀਏ ਲੀਡਰਸ਼ਿਪ, ਸਮਾਜਿਕ ਜ਼ਿੰਮੇਵਾਰੀ ਅਤੇ ਸਮੁਦਾਇਕ ਸਾਂਝ ਨੂੰ ਉਤਸ਼ਾਹਿਤ ਕਰਦੇ ਹਨ।

## ਰੱਖੜ ਪੁੰਨਿਆਂ ਪੰਥਕ ਕਾਨਫਰੰਸ ਦੀਆਂ ਤਿਆਰੀਆਂ ਤੇਜ਼, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਜ਼ਿਲ੍ਹਾ ਅੰਮ੍ਰਿਤਸਰ ਇਕਾਈ ਦੀ ਹੰਗਾਮੀ ਮੀਟਿੰਗ



**ਅੰਮ੍ਰਿਤਸਰ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਜ਼ਿਲ੍ਹਾ ਜਥੇਬੰਦੀ ਅੰਮ੍ਰਿਤਸਰ ਵੱਲੋਂ ਅੱਜ ਬਾਬਾ ਬਕਾਲਾ ਸਾਹਿਬ ਵਿਖੇ ਰੱਖੜ ਪੁੰਨਿਆਂ ਮੌਕੇ ਹੋਣ ਜਾ ਰਹੀ ਪੰਥਕ ਕਾਨਫਰੰਸ ਦੀਆਂ ਤਿਆਰੀਆਂ ਸਬੰਧੀ ਇੱਕ ਹੰਗਾਮੀ ਮੀਟਿੰਗ ਕੀਤੀ ਗਈ। ਇਹ ਮੀਟਿੰਗ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਅਤੇ ਜਨਰਲ ਸਕੱਤਰ ਉਪਕਾਰ ਸਿੰਘ ਸੰਧੂ ਦੀ ਅਗਵਾਈ ਹੇਠ ਹੋਈ।

ਮੀਟਿੰਗ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਅਹੁਦੇਦਾਰਾਂ, ਵਰਕਰਾਂ ਅਤੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਦੌਰਾਨ ਰੱਖੜ ਪੁੰਨਿਆਂ ਮੌਕੇ ਬਾਬਾ ਬਕਾਲਾ ਸਾਹਿਬ ਵਿਖੇ ਹੋਣ ਵਾਲੀ ਪੰਥਕ ਕਾਨਫਰੰਸ ਨੂੰ ਸਫ਼ਲ ਬਣਾਉਣ ਲਈ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਵੱਧ ਤੋਂ ਵੱਧ ਸੰਗਤਾਂ ਅਤੇ ਪਾਰਟੀ ਵਰਕਰਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਜ਼ਿੰਮੇਵਾਰੀਆਂ ਵੀ ਸੌਂਪੀਆਂ ਗਈਆਂ।ਪਾਰਟੀ ਆਗੂਆਂ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਬਾਬਾ ਬਕਾਲਾ ਸਾਹਿਬ ਪਹੁੰਚ ਕੇ ਪੰਥਕ ਕਾਨਫਰੰਸ ਨੂੰ ਇਤਿਹਾਸਕ ਸਫ਼ਲਤਾ ਬਖ਼ਸ਼ਣ ਅਤੇ ਪੰਥਕ ਏਕਤਾ ਤੇ ਕੌਮੀ ਹੱਕਾਂ ਦੀ ਆਵਾਜ਼ ਨੂੰ ਹੋਰ ਮਜ਼ਬੂਤ ਕਰਨ ਵਿੱਚ ਆਪਣਾ ਯੋਗਦਾਨ ਪਾਉਣ।

ਮੀਟਿੰਗ ਦੌਰਾਨ ਹਾਜ਼ਰ ਵਰਕਰਾਂ ਨੇ ਵੀ ਕਾਨਫਰੰਸ ਨੂੰ ਸਫ਼ਲ ਬਣਾਉਣ ਲਈ ਪੂਰੇ ਉਤਸ਼ਾਹ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ।

## ਬਹੁਜਨ ਸਮਾਜ ਪਾਰਟੀ ਪਟਿਆਲਾ ਇਕਾਈ ਵਲੋਂ ਕਰਮਚਾਰੀਆਂ ਦੀਆਂ ਮੰਗਾਂ ਸਬੰਧੀ ਰਾਜਪਾਲ ਪੰਜਾਬ ਦੇ ਨਾਮ ਸੌਂਪਿਆ ਮੰਗ ਪੱਤਰ



**ਪਟਿਆਲਾ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਦੀ ਹਦਾਇਤਾਂ ਮੁਤਾਬਿਕ ਬਸਪਾ ਜਿਲਾ ਪਟਿਆਲਾ ਇਕਾਈ ਵੱਲੋਂ ਬਰਨਾਲਾ ਵਿਖੇ ਸਫਾਈ ਕਰਮਚਾਰੀਆਂ ਤੇ ਡੀ.ਐਸ.ਪੀ., ਐਸ.ਐਚ.ਓ. ਅਤੇ ਹੋਰ ਪੁਲਿਸ ਕਰਮਚਾਰੀਆਂ ਵੱਲੋਂ ਅੱਨੇਵਾਹ ਸਫਾਈ ਕਰਮਚਾਰੀਆਂ ਮਹਿਲਾਵਾਂ ਦੇ ਸਿਰਾਂ ਉੱਤੇ ਲਾਠੀਆਂ ਮਾਰ—ਮਾਰ ਜਬਰ ਜ਼ੁਲਮ ਢਾਹਿਆ, ਜਿਸ ਨਾਲ ਉਹ ਗੰਭੀਰ ਰੂਪ ਵਿੱਚ ਜਖਮੀ ਹੋ ਗਈਆਂ ਅਤੇ ਉਹ ਹੁਣ ਵੀ ਸਰਕਾਰੀ ਹਸਪਤਾਲ ਵਿੱਚ ਜੇਰੇ ਇਲਾਜ ਹਨ। ਇਨ੍ਹਾਂ ਪੁਲਿਸ ਅਧਿਕਾਰੀਆਂ ਨੇ ਸਫਾਈ ਕਰਮਚਾਰੀ ਮਹਿਲਾਵਾਂ ਨੂੰ ਉਹਨਾਂ ਦੀ ਜਾਤੀ ਪ੍ਰਤੀ ਅੱਪ ਸ਼ਬਦ ਵੀ ਬੋਲੇ। ਜਿਸ ਸਬੰਧ ਵਿੱਚ ਦੋਸ਼ੀ ਪੁਲਿਸ ਅਫਸਰਾਂ ਤੇ ਸਖਤ ਕਾਨੂੰਨੀ ਕਾਰਵਾਈ ਅਤੇ ਸਫਾਈ ਕਰਮਚਾਰੀਆਂ ਦੀਆਂ ਮੰਗਾਂ ਤੁਰੰਤ ਮਨਾਉਣ ਲਈ ਬਹੁਜਨ ਸਮਾਜ ਪਾਰਟੀ ਦੇ ਪੰਜਾਬ ਮੀਤ ਪ੍ਰਧਾਨ ਬਲਦੇਵ ਸਿੰਘ ਮਹਿਰਾ, ਜਨਰਲ ਸਕੱਤਰ ਜ਼ੋਗਾ ਸਿੰਘ ਪਨੌਦੀਆਂ, ਜਿਲਾ ਪ੍ਰਧਾਨ ਮੇਜਰ ਸਿੰਘ ਟਿੱਬੀ ਅਤੇ ਜਰਨੈਲ ਸਿੰਘ ਰਿਟਾਇਰਡ ਆਈ.ਟੀ.ਓ. ਅਤੇ ਇੰਚਾਰਜ ਹਲਕਾ ਪਟਿਆਲਾ ਦਿਹਾਤੀ ਦੀ ਅਗਵਾਈ ਵਿੱਚ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਦੇ ਨਾਮ ਮੰਗ ਪੱਤਰ ਕਰਨਬੀਰ ਸਿੰਘ ਡਿਊਟੀ ਮੈਜਿਸਟ੍ਰੇਟ ਨੂੰ ਸੌਂਪਿਆ ਗਿਆ। ਜਿਸ ਵਿੱਚ ਇਹ ਮੰਗ ਕੀਤੀ ਗਈ ਹੈ ਕਿ ਇਨ੍ਹਾਂ ਸਫਾਈ ਕਰਮਚਾਰੀਆਂ ਨੂੰ ਪੱਕਾ ਕੀਤਾ ਜਾਵੇ ਅਤੇ ਉਨ੍ਹਾਂ ਦੀ ਤਨਖਾਹਾਂ ਨੂੰ ਵਧਾਇਆ ਜਾਵੇ। ਇਸ ਮੌਕੇ ਦਰਸ਼ਨ ਸਿੰਘ ਨਡਿਆਈ ਜਿਲਾ ਉਪ ਪ੍ਰਧਾਨ, ਸੁਰਜੀਤ ਸਿੰਘ ਗੋਰੀਆ ਇੰਚਾਰਜ ਹਲਕਾ ਪਟਿਆਲਾ ਦਿਹਾਤੀ, ਰਵੀ ਕੁਮਾਰ ਪ੍ਰਧਾਨ ਪਟਿਆਲਾ ਦਿਹਾਤੀ, ਕਰਨੈਲ ਸਿੰਘ ਐਮ.ਈ.ਸੀ. ਉਪ ਪ੍ਰਧਾਨ ਪਟਿਆਲਾ ਦਿਹਾਤੀ, ਅਮਰ ਸਿੰਘ ਸੈਂਪਲਾ, ਲਾਲ ਚੰਦ ਪ੍ਰਧਾਨ, ਪਟਿਆਲਾ ਸ਼ਹਿਰੀ, ਹਰਬੰਸ ਸਿੰਘ, ਪੰਚਾਇਤ ਅਫਸਰ ਰਿਟਾਇਰਡ, ਕਰਨੈਲ ਸਿੰਘ ਕੈਸ਼ੀਅਰ, ਜਗਮੇਲ ਸਿੰਘ ਜੱਸਲ ਦਫਤਰ ਸਕੱਤਰ, ਰਾਮਧਨ, ਮੱਘਰ ਸਿੰਘ ਕੰਸੂਹਾ, ਹਰਬੰਸ ਸਿੰਘ ਰੋਹਟਾ ਅਤੇ ਹੋਰ ਤਕਰੀਬਨ ਬਹੁ ਗਿਣਤੀ ਵਿੱਚ ਸਾਰੀਆਂ ਵਿਧਾਨ ਸਭਾ ਦੇ ਅਹੁਦੇਦਾਰ ਮੌਜੂਦ ਸਨ।

## ਸਮਾਣਾ ਬਲਾਕ ਦੇ ਪਿੰਡਾਂ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਸਮਾਣਾ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਸਮਾਣਾ ਬਲਾਕ ਦੇ ਪਿੰਡ ਤਲਵੰਡੀ ਮਲਿਕ ਅਤੇ ਖੱਤਰੀ ਵਾਲਾ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਸਫਾਈ ਸੇਵਕਾ ਤੇ ਪੁਲਿਸ ਜਬਰ ਦੇ ਵਿਰੋਧ ਅਤੇ ਮੰਗਾਂ ਨੂੰ ਲੈ ਕੇ ਸਵੀਪਰ ਯੂਨੀਅਨ ਨਗਰ ਨਿਗਮ ਦੇ ਲਾਇਆ ਅਣਮਿੱਥੇ ਸਮੇਂ ਲਈ ਰੋਸ ਧਰਨਾ

**ਪਟਿਆਲਾ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਦੇ ਮੁੱਖ ਗੇਟ ਅੱਗੇ ਸਵੀਪਰ ਯੂਨੀਅਨ ਨਗਰ ਨਿਗਮ ਵੱਲੋਂ ਆਪਣੀ ਮੰਗਾਂ ਅਤੇ ਬਰਨਾਲਾ ਦੇ ਸਫਾਈ ਤੇ ਪੁਲਿਸ ਵੱਲੋਂ ਲਾਠੀਚਾਰਜ ਦੀ ਘਟਨਾ ਨੂੰ ਅੰਜਾਮ ਦੇਣ ਵਾਲੇ ਪੁਲਿਸ ਅਫਸਰਾਂ ਨੂੰ ਨੌਕਰੀਆਂ ਤੋਂ ਬਰਖਾਸਤ ਕਰਨ ਸਬੰਧ ਵਿੱਚ ਯੂਨੀਅਨ ਦੇ ਪ੍ਰਧਾਨ ਬਾਬੂ ਰਾਮ ਬੱਬੂ ਦੀ ਅਗਵਾਈ ਵਿੱਚ ਅਣਮਿੱਥੇ ਸਮੇਂ ਲਈ ਧਰਨਾ ਲਗਾਇਆ। ਜਿਸ ਵਿੱਚ ਬਹੁਗਿਣਤੀ ਸਫਾਈ ਕਰਮਚਾਰੀਆਂ ਵੱਲੋਂ ਸ਼ਮੂਲੀਅਤ ਕੀਤੀ ਗੀ। ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ ਵੱਲੋਂ ਇਸ ਰੋਸ ਧਰਨੇ ਨੂੰ ਸਮਰਥਨ ਦਿੱਤਾ ਗਿਆ। ਇਸ ਦੌਰਾਨ ਸਵੀਪਰ ਯੂਨੀਅਨ ਨਗਰ ਨਿਗਮ ਦੇ ਪ੍ਰਧਾਨ ਬਾਬੂ ਰਾਮ ਬੱਬੂ, ਜਨਰਲ ਸਕੱਤਰ ਮੰਗਤ ਕਲਿਆਣ, ਚੇਅਰਮੈਨ ਸੰਜੇ ਕਲਿਆਣ, ਬਲਜਿੰਦਰ, ਹੇਮ ਰਾਜ ਅਤੇ ਸੇਵਾ ਮੁਕਤ ਕਰਮਚਾਰੀ ਮੰਚ ਦੇ ਪ੍ਰਧਾਨ ਓਮ ਗੋਪਾਲ ਵੈਦ ਨੇ ਸਾਂਝੇ ਤੌਰ ਤੇ ਕਿਹਾ ਕਿ ਬਰਨਾਲਾ ਦੇ ਸਫਾਈ ਕਰਮਚਾਰੀਆਂ ਤੇ ਜਿਹੜਾ ਜਬਰ ਜੁਲਮ ਹੋਇਆ ਹੈ ਉਸ ਨਾਲ ਸਮੂੰਹ ਪੰਜਾਬ ਅਤੇ ਦੂਜੇ



ਸੂਬਿਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਬਰਨਾਲਾ ਦੇ ਸਫਾਈ ਸੇਵਕਾਂ ਤੇ ਧਰਨੇ ਦੌਰਾਨ ਮਹਿਲਾ ਸਫਾਈ ਕਰਮਚਾਰੀਆਂ ਦੀਆਂ ਚੁੰਨੀਆਂ ਉਤਰ ਗਈਆਂ ਇਨ੍ਹਾਂ ਤੇ ਪੁਲਿਸ ਵੱਲੋਂ ਪਸ਼ੂਆਂ ਵਾਂਗ ਲਾਠੀਆਂ ਵਰਸਾਈਆਂ ਗਈਆਂ। ਇੱਕ ਪਾਸੇ ਮਾਨ ਸਰਕਾਰ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਗੱਲ ਕਰਦੀ ਹੈ ਦੂਜੇ ਪਾਸੇ ਮਹਿਲਾਵਾਂ ਤੇ ਹੀ ਅਤਿਆਚਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਬਰਨਾਲਾ ਪੁਲਿਸ ਦੀ ਸਖਤ ਨਿਖੇਧੀ ਕਰਦਿਆ ਕਿਹਾ ਕਿ ਸਰਕਾਰ ਸਫਾਈ ਸੇਵਕਾਂ ਦੀ ਕੁੱਟਮਾਰ ਕਰਨ ਵਾਲੇ ਡੀ.ਐਸ.ਪੀ. ਸਤਵੀਰ ਸਿੰਘ ਬੈਂਸ ਅਤੇ ਸਾਥੀ ਪੁਲਿਸ ਅਫਸਰਾਂ ਨੂੰ ਤੁਰੰਤ ਬਰਖਾਸਤ ਕਰਕੇ ਇਨ੍ਹਾਂ ਦੇ ਖਿਲਾਫ ਕੇਸ ਦਰਜ ਕਰੇ ਅਤੇ ਇਸ ਘਟਨਾ ਦੀ ਨਿਰਪੱਖ ਜਾਂਚ ਵੀ ਕੀਤੀ ਜਾਵੇ ਅਤੇ ਠੇਕੇਦਾਰੀ ਸਿਸਟਮ, ਆਊਟ ਸੋਰਸ ਤੇ ਕੱਚੇ ਕਰਮਚਾਰੀਆਂ ਨੂੰ ਤੁਰੰਤ ਪੱਕਾ ਕੀਤਾ ਜਾਵੇ। ਇਸ ਮੌਕੇ ਹੇਮ ਰਾਜ, ਅਜੇ ਕੁਮਾਰ, ਧਰਮਿੰਦਰ, ਰਾਹੁਲ, ਸੰਜੇ ਦਰੋਗਾ (ਸੁਪਰਵਾਈਜਰ), ਸੰਦੀਪ, ਪੰਮੀ ਦਰੋਗਾ, ਕੁਲਦੀਪ ਦਰੋਗਾ, ਅਸ਼ੋਕ ਵੈਦ, ਅਭੀਸ਼ੇਕ, ਰਤਨ ਦਰੋਗਾ, ਪਵਨ ਦਰੋਗਾ, ਬਿੱਟੂ ਦਰੋਗਾ, ਅਸ਼ੋਕ ਏਕਤਾ, ਮੁਨੀਸ਼ ਆਦੀਵਾਲ, ਸ਼ਾਮ ਲਾਲ, ਮਧੂ, ਮਿੱਠੂ, ਪੂਨਮ ਦਰੋਗਾ, ਅਜੇ ਦਰੋਗਾ, ਮੱਖਣ ਦਰੋਗਾ ਆਦਿ ਹਾਜਰ ਸਨ।

# ਹਰਪਾਲ ਸਿੰਘ ਫਤਿਹਪੁਰ ਵੱਲੋਂ 50 ਲੱਖ ਰੁਪਏ ਦੀ ਜ਼ਮੀਨ ਪੰਜਾਬ ਮੰਡੀ ਬੋਰਡ ਨੂੰ ਦਾਨ ਦੇਣਾ ਇੱਕ ਮਿਸਾਲੀ ਅਤੇ ਸ਼ਲਾਘਾਯੋਗ ਕਦਮ: ਹਰਚੰਦ ਸਿੰਘ ਬਰਸਟ

**ਪਟਿਆਲਾ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਸਮਾਣਾ ਦੇ ਅਧੀਨ ਆਉਂਦੇ ਪਿੰਡ ਫਤਿਹਪੁਰ ਵਿਖੇ ਅੱਜ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਰੋਹ ਦੌਰਾਨ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਵੱਲੋਂ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਇਸ ਮੌਕੇ ਸ. ਹਰਪਾਲ ਸਿੰਘ ਫਤਿਹਪੁਰ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ, ਜਿਨ੍ਹਾਂ ਵੱਲੋਂ ਇਲਾਕੇ ਦੇ ਵਿਕਾਸ ਅਤੇ ਲੋਕ ਹਿੱਤ ਨੂੰ ਮੁੱਖ ਰੱਖਦਿਆਂ ਆਪਣੀ ਕਰੀਬ 50 ਲੱਖ ਰੁਪਏ ਦੀ ਕੀਮਤ ਵਾਲੀ ਜ਼ਮੀਨ ਪੰਜਾਬ ਮੰਡੀ ਬੋਰਡ ਨੂੰ ਬਿਨਾਂ ਕਿਸੇ ਸਵਾਰਥ ਦੇ ਦਾਨ ਦਿੱਤੀ ਗਈ ਹੈ।



ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਸ. ਹਰਪਾਲ ਸਿੰਘ ਫਤਿਹਪੁਰ ਵਰਗੀਆਂ ਸ਼ਖ਼ਸੀਅਤਾਂ ਸਮਾਜ ਦਾ ਮਾਣ ਹਨ, ਜੋ ਆਪਣੇ ਨਿੱਜੀ ਹਿੱਤਾਂ ਤੋਂ ਉੱਪਰ ਉੱਠ ਕੇ ਲੋਕ ਭਲਾਈ ਅਤੇ ਇਲਾਕੇ ਦੇ ਵਿਕਾਸ ਬਾਰੇ ਸੋਚਦੇ ਹਨ। 50 ਲੱਖ ਰੁਪਏ ਦੀ ਜ਼ਮੀਨ ਮੰਡੀ ਬੋਰਡ ਨੂੰ ਦਾਨ ਦੇਣਾ ਇੱਕ ਬਹੁਤ ਵੱਡਾ ਅਤੇ ਮਿਸਾਲੀ ਕਦਮ ਹੈ, ਜਿਸ ਨਾਲ ਇਲਾਕੇ ਦੇ ਕਿਸਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ ਨੂੰ ਵੱਡਾ ਲਾਭ ਮਿਲੇਗਾ ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਤੇ ਪੰਜਾਬ ਮੰਡੀ ਬੋਰਡ ਸੂਬੇ ਦੇ ਪਿੰਡਾਂ ਅਤੇ ਮੰਡੀਆਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਨਿਰੰਤਰ ਯਤਨਸ਼ੀਲ ਹਨ। ਅਜਿਹੇ ਸਮਾਜਿਕ ਸਹਿਯੋਗ ਨਾਲ ਸਰਕਾਰੀ ਯੋਜਨਾਵਾਂ ਨੂੰ ਹੋਰ ਵਧੇਰੀ ਤੇਜ਼ੀ ਨਾਲ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਜਾ ਸਕਦਾ ਹੈ। ਚੇਅਰਮੈਨ ਬਰਸਟ ਨੇ ਸਮਾਰੋਹ ਵਿੱਚ ਹਾਜ਼ਰ ਸਾਰੇ ਪਿੰਡ ਵਾਸੀਆਂ ਅਤੇ ਇਲਾਕੇ ਦੇ ਪਤਵੰਤੇ ਸੱਜਣਾਂ ਨੂੰ ਅਪੀਲ ਕੀਤੀ ਕਿ ਉਹ ਵੀ ਹਲਕਾ ਸਮਾਣਾ ਅਤੇ ਪੂਰੇ ਪੰਜਾਬ ਦੀ ਪ੍ਰਗਤੀ, ਤਰੱਕੀ ਅਤੇ ਖੁਸ਼ਹਾਲੀ ਲਈ ਲੋਕ ਹਿੱਤ ਕੰਮਾਂ ਵਿੱਚ ਵੱਧ-ਚੜ੍ਹ ਕੇ ਅਪਣਾ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਜਦੋਂ ਸਰਕਾਰ ਅਤੇ ਜਨਤਾ ਮਿਲ ਕੇ ਕੰਮ ਕਰਦੇ ਹਨ, ਤਾਂ ਸੂਬੇ ਦੇ ਵਿਕਾਸ ਨੂੰ ਇੱਕ ਨਵੀਂ ਦਿਸ਼ਾ ਮਿਲਦੀ ਹੈ। ਇਸ ਮੌਕੇ ਨਰਿੰਦਰ ਸਿੰਘ ਸਰਪੰਚ ਬਰਸਟ, ਰਾਮ ਸਿੰਘ ਸਰਪੰਚ ਫਤਿਹਪੁਰ, ਜਗਦੀਪ ਸਿੰਘ ਸਰਪੰਚ ਪਹਾੜਪੁਰ, ਪਰਗਟ ਸਿੰਘ ਸਰਪੰਚ ਫਕੜੱਬਾ, ਜਸਵਿੰਦਰ ਸਿੰਘ ਸਰਪੰਚ ਸੁਲਤਾਨਪੁਰ, ਸੁਖਚੈਨ ਸਿੰਘ ਸਰਪੰਚ ਖੂੰਟੀ ਛੰਨਾ, ਗਿੰਨੀ ਖੰਗੂੜਾ ਹਲਕਾ ਵਾਇਸ ਕੁਆਰਡੀਨੇਟਰ ਯੁੱਧ ਨਸ਼ਿਆ ਵਿਰੁੱਧ, ਭਰਪੂਰ ਸਿੰਘ ਨੰਬਰਦਾਰ ਮਹਿਮਦਪੁਰ, ਚਰਨਜੀਤ ਸਿੰਘ ਮਹਿਮਦਪੁਰ, ਸੋਨੂੰ, ਰੂਪੀ, ਅਵਤਾਰ ਸਿੰਘ ਮਹਿਮਦਪੁਰ, ਜੱਸੀ ਫਤਿਹਪੁਰ, ਜਗਰੂਪ ਸਿੰਘ ਸਬਾਕਾ ਸਰਪੰਚ, ਬਲਬੀਰ ਸਿੰਘ ਸਾਬਕਾ ਸਰਪੰਚ, ਜਸਵਿਦੰਰ ਸਿੰਘ ਬਲਾਕ ਪ੍ਰਧਾਨ, ਭਰਪੂਰ ਸਿੰਘ ਮਹਿਮਦਪੁਰ, ਸੁਖਚੈਨ ਸਿੰਘ ਬੋਪਾਰਾਏ, ਲਾਡੀ ਪ੍ਰਧਾਨ, ਸ਼ੇਰਜੰਟ ਸਿੰਘ, ਹਰਮਨ ਜੋਤ, ਪ੍ਰਿੰਸ, ਕਰਨ, ਅਵਤਾਰ ਸਿੰਘ ਨੰਬਰਦਾਰ, ਰਣਧੀਰ ਸਿੰਘ, ਬਲਵਿੰਦਰ ਸਿੰਘ, ਹੀਰਾ ਸਿੰਘ, ਦਿਲਬਾਗ ਸਿੰਘ, ਭਗਵਾਨ ਸਿੰਘ, ਅਵਤਾਰ ਸਿੰਘ ਪ੍ਰਧਾਨ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

# ਆਪ ਸਰਕਾਰ ਦੇਸ਼ ਲਈ ਮਹਾਨ ਕੁਰਬਾਨੀਆਂ ਦੇਣ ਵਾਲੇ ਆਜ਼ਾਦੀ ਘੁਲਾਟੀਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ: ਭਗਵੰਤ ਸਿੰਘ ਮਾਨ

**ਸੁਨਾਮ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਆਮ ਆਦਮੀ ਪਾਰਟੀ (ਆਪ) ਸਰਕਾਰ ਦੀ ਉਸ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਇਆ, ਜਿਸ ਤਹਿਤ ਦੇਸ਼ ਨੂੰ ਬ੍ਰਿਟਿਸ਼ ਸਾਮਰਾਜਵਾਦ ਦੇ ਜੂਲੇ ਤੋਂ ਆਜ਼ਾਦ ਕਰਵਾਉਣ ਲਈ ਮਹਾਨ ਕੁਰਬਾਨੀਆਂ ਦੇਣ ਵਾਲੇ ਦੇਸ਼ ਭਗਤਾਂ ਦੇ ਸੁਪਨਿਆਂ ਨੂੰ ਸਾਕਾਰ ਕੀਤਾ ਜਾ ਰਿਹਾ ਹੈ। ਸੁਨਾਮ ਵਿਖੇ ਸ਼ਹੀਦ ਊਧਮ ਸਿੰਘ ਦੇ 87ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਇਸ ਮਹਾਨ ਇਨਕਲਾਬੀ ਦੀ ਲਾਮਿਸਾਲ ਦੇਸ਼ ਭਗਤੀ ਅਤੇ ਅਦੁੱਤੀ ਕੁਰਬਾਨੀ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਿਸ਼ਕਾਮ ਭਾਵਨਾ ਨਾਲ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦੀ ਰਹੇਗੀ ਅਤੇ ਦੇਸ਼ ਇਸ ਮਹਾਨ ਸ਼ਹੀਦ ਦਾ ਹਮੇਸ਼ਾ ਰਿਣੀ ਰਹੇਗਾ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਸ਼ਹੀਦ ਊਧਮ ਸਿੰਘ ਦੀ ਯਾਦਗਾਰ 'ਤੇ ਫੁੱਲ ਮਾਲਾਵਾਂ ਭੇਟ ਕਰਕੇ ਸ਼ਰਧਾਂਜਲੀ ਦਿੱਤੀ।




ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਲਿਖਿਆ, ਜਲ੍ਹਿਆਂਵਾਲਾ ਬਾਗ਼ ਸਾਕੇ ਦਾ ਬਦਲਾ ਲੈਣ ਵਾਲੇ ਮਹਾਨ ਇਨਕਲਾਬੀ ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ 'ਤੇ ਮੈਂ ਉਨ੍ਹਾਂ ਨੂੰ ਕੋਟਿ-ਕੋਟਿ ਪ੍ਰਣਾਮ ਕਰਦਾ ਹਾਂ। ਦੇਸ਼ ਦੀ ਆਨ ਅਤੇ ਸ਼ਾਨ ਲਈ ਉਨ੍ਹਾਂ ਦੀ ਅਦੁੱਤੀ ਕੁਰਬਾਨੀ ਸਾਡੇ ਸਾਰਿਆਂ ਲਈ ਹਮੇਸ਼ਾ ਪ੍ਰੇਰਨਾ ਦਾ ਸਰੋਤ ਬਣੀ ਰਹੇਗੀ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸ਼ਹੀਦ ਊਧਮ ਸਿੰਘ ਜੀ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀ ਜਾਨ ਨਿਛਾਵਰ ਕੀਤੀ। ਇਸ ਮਹਾਨ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕਰਨ ਵਾਲੇ ਇਸ ਪਵਿੱਤਰ ਮੌਕੇ ਦਾ ਹਿੱਸਾ ਬਣਨਾ ਮੇਰੇ ਲਈ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ। ਭਾਰਤ ਦੇ ਸੁਤੰਤਰਤਾ ਸੰਗਰਾਮ ਵਿੱਚ ਦੇਸ਼ ਦੇ ਅਣਗਿਣਤ ਸੂਰਬੀਰ ਧੀਆਂ-ਪੁੱਤਾਂ ਨੇ ਆਪਣੀਆਂ ਜਾਨਾਂ ਵਾਰੀਆਂ ਤਾਂ ਜੋ ਦੇਸ਼ ਨੂੰ ਆਜ਼ਾਦ ਕਰਵਾ ਕੇ ਕਮਜ਼ੋਰ ਅਤੇ ਪਛੜੇ ਵਰਗਾਂ ਦੀ ਭਲਾਈ ਲਈ ਬਰਾਬਰੀ ਵਾਲੇ ਸਮਾਜ ਦੀ ਨੀਂਹ ਰੱਖੀ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ, ਅੱਜ ਅਸੀਂ ਇੱਥੇ ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ 'ਤੇ ਇਸ ਮਹਾਨ ਦੇਸ਼ ਭਗਤ ਪ੍ਰਤੀ ਆਪਣਾ ਅਥਾਹ ਸਤਿਕਾਰ ਪ੍ਰਗਟ ਕਰਨ ਲਈ ਇਕੱਠੇ ਹੋਏ ਹਾਂ। ਉਨ੍ਹਾਂ ਨੇ ਤਤਕਾਲੀ ਬ੍ਰਿਟਿਸ਼ ਹਕੂਮਤ ਵੱਲੋਂ ਜਲ੍ਹਿਆਂਵਾਲਾ ਬਾਗ ਵਿਖੇ ਕੀਤੇ ਗਏ ਕਤਲੇਆਮ ਦਾ ਬਦਲਾ ਲਿਆ, ਜਿੱਥੇ ਪੰਜਾਬ ਦੇ ਤਤਕਾਲੀ ਲੈਫਟੀਨੈਂਟ ਗਵਰਨਰ ਮਾਈਕਲ ਓ'ਡਵਾਇਰ ਦੇ ਆਦੇਸ਼ਾਂ ਉੱਤੇ ਸੈਂਕੜੇ ਨਿਹੱਥੇ ਅਤੇ ਨਿਰਦੋਸ਼ ਭਾਰਤੀਆਂ ਨੂੰ ਬੇਰਹਿਮੀ ਨਾਲ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ ਗਿਆ ਸੀ। ਸ਼ਹੀਦ ਊਧਮ ਸਿੰਘ ਨੇ ਲੰਡਨ ਦੇ ਕੈਕਸਟਨ ਹਾਲ ਵਿਖੇ ਮਾਈਕਲ ਓ'ਡਵਾਇਰ ਨੂੰ ਉਸ ਦੇ ਕੀਤੇ ਦੀ ਸਜ਼ਾ ਦੇ ਕੇ ਇਨਸਾਫ਼ ਯਕੀਨੀ ਬਣਾਇਆ ਸੀ। ਇੱਥੇ ਸਟੇਡੀਅਮ ਸਥਿਤ ਊਧਮ ਸਿੰਘ ਯਾਦਗਾਰ 'ਤੇ ਸ਼ਹੀਦ ਨੂੰ ਭਾਵਪੂਰਤ ਸ਼ਰਧਾਂਜਲੀਆਂ ਭੇਟ ਕਰਦਿਆਂ ਮੁੱਖ ਮੰਤਰੀ ਨੇ ਮਹਾਨ ਸ਼ਹੀਦ ਦੇ ਸਤਿਕਾਰ ਵਿੱਚ ਫੁੱਲਮਾਲਾ ਭੇਟ ਕੀਤੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਇੱਕ ਪਵਿੱਤਰ ਧਰਤੀ ਹੈ, ਜਿੱਥੇ ਦੇਸ਼-ਵਿਦੇਸ਼ ਤੋਂ ਲੋਕ ਸ਼ਹੀਦ ਊਧਮ ਸਿੰਘ ਜੀ ਦੇ ਅਦੁੱਤੀ ਜੀਵਨ ਤੋਂ ਪ੍ਰੇਰਨਾ ਲੈਣ ਅਤੇ ਸ਼ਰਧਾਂਜਲੀ ਭੇਟ ਕਰਨ ਆਉਂਦੇ ਹਨ। ਧਰਤੀ ਮਾਂ ਦੇ ਇਸ ਸੱਚੇ ਸਪੂਤ ਨੇ ਜਲ੍ਹਿਆਂਵਾਲਾ ਬਾਗ਼ ਕਤਲੇਆਮ ਦੇ ਮੁੱਖ ਦੋਸ਼ੀ ਮਾਈਕਲ ਓ'ਡਵਾਇਰ ਦਾ ਖ਼ਾਤਮਾ ਕਰ ਕੇ ਬੇਮਿਸਾਲ ਦਲੇਰੀ ਦਾ ਸਬੂਤ ਦਿੱਤਾ ਸੀ।

# ਪੰਜਾਬ ਦੇ ਮੁੱਖ ਮੰਤਰੀ ਦੱਸਣ ਕਿ ਕਿੰਨੇ ਐਲਾਨ ਪੂਰੇ ਹੋਏ : ਸ੍ਰੀ ਨਾਇਬ ਸਿੰਘ ਸੈਣੀ

## ਪੰਜਾਬ ਦੇ ਸਨੌਰ ਵਿਖੇ ਸ਼ਹੀਦ ਊਧਮ ਸਿੰਘ ਜੀ ਦੇ 87ਵੇਂ ਸ਼ਹੀਦੀ ਦਿਵਸ ਮੌਕੇ ਕਰਵਾਏ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਕੀਤੀ ਸ਼ਿਰਕਤ



**ਪਟਿਆਲਾ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਸਵਾਲ ਕੀਤਾ ਕਿ ਉਹ ਸੂਬੇ ਦੇ ਲੋਕਾਂ ਨੂੰ ਦੱਸਣ ਕਿ ਪਿਛਲੀਆਂ ਵਿਧਾਨ ਸਭਾ ਚੋਣਾਂ ਵਿੱਚ ਕੀਤੇ ਗਏ 56 ਐਲਾਨਾਂ ਵਿੱਚੋਂ ਕਿੰਨੇ ਪੂਰੇ ਹੋਏ ਹਨ, ਅਗਲੀਆਂ ਚੋਣਾਂ ਹੋਣ ਵਿੱਚ ਮਹਿਜ਼ 4 ਮਹੀਨੇ ਬਾਕੀ ਹਨ, ਕੀ ਉਹ ਸਾਰੇ ਐਲਾਨਾਂ ਨੂੰ ਪੂਰਾ ਕਰ ਦੇਣਗੇ। ਸ੍ਰੀ ਸੈਣੀ ਅੱਜ ਪੰਜਾਬ ਦੇ ਸਨੌਰ ਵਿਖੇ ਸ਼ਹੀਦ ਊਧਮ ਸਿੰਘ ਜੀ ਦੇ 87ਵੇਂ ਸ਼ਹੀਦੀ ਦਿਵਸ ਮੌਕੇ ਆਯੋਜਿਤ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਸੰਬੋਧਨ ਕਰ ਰਹੇ ਸਨ।

ਇਸ ਮੌਕੇ ਉਨ੍ਹਾਂ ਸ਼ਹੀਦ ਊਧਮ ਸਿੰਘ ਨੂੰ ਨਮਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਸਰਕਾਰ ਹੀ ਸ਼ਹੀਦ ਊਧਮ ਸਿੰਘ ਵੱਲੋਂ ਨੌਜਵਾਨਾਂ ਦੇ ਵਿਕਾਸ ਲਈ ਵੇਖੇ ਗਏ ਸੁਪਨਿਆਂ ਨੂੰ ਪੂਰਾ ਕਰ ਸਕਦੀ ਹੈ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ 'ਤੇ ਤੰਜ ਕੱਸਦਿਆਂ ਕਿਹਾ ਕਿ ਸਿਰਫ਼ ਨਾਅਰਿਆਂ ਨਾਲ ਨਹੀਂ, ਨੀਅਤ ਨਾਲ ਰਾਜ ਦਾ ਵਿਕਾਸ ਹੁੰਦਾ ਹੈ।

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਵਿੱਚ ਐਕਸਾਈਜ਼ ਇੰਸਪੈਕਟਰ ਦੀ ਭਰਤੀ ਵਿੱਚ ਗੜਬੜੀ ਹੋਣ ਦਾ ਦੋਸ਼ ਲਗਾਉਂਦਿਆਂ ਆਪ ਸਰਕਾਰ ਨੂੰ ਘੇਰਿਆ ਅਤੇ ਇਸ ਨੂੰ ਪ੍ਰਤਿਭਾਵਾਨ ਨੌਜਵਾਨਾਂ ਨਾਲ ਬਹੁਤ ਵੱਡਾ ਧੋਖਾ ਕਰਾਰ ਦਿੱਤਾ। ਉਨ੍ਹਾਂ ਪ੍ਰੋਗਰਾਮ ਵਿੱਚ ਇੱਕ ਬੁਲਾਰੇ ਵੱਲੋਂ ਪੰਜਾਬ ਸਰਕਾਰ ਨੇ 30 ਪ੍ਰਤੀਸ਼ਤ ਚੋਣਾਵੀਂ ਵਾਅਦੇ ਪੂਰੇ ਕੀਤੇ ਦੇ ਹਵਾਲੇ ਨਾਲ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੱਸਣ ਕਿ ਉਨ੍ਹਾਂ ਨੇ ਪਿਛਲੀਆਂ ਚੋਣਾਂ ਵਿੱਚ ਕੀਤੇ ਗਏ ਕਿੰਨੇ ਵਾਅਦਿਆਂ ਨੂੰ ਪੂਰਾ ਕਰ ਲਿਆ ਹੈ ? ਅਤੇ ਕੀ ਬਾਕੀ 4 ਮਹੀਨਿਆਂ ਵਿੱਚ ਬਾਕੀ ਐਲਾਨਾਂ ਨੂੰ ਪੂਰਾ ਕਰ ਦੇਣਗੇ ?

ਸ੍ਰੀ ਸੈਣੀ ਨੇ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦੀ ਅਗਵਾਈ ਹੇਠ ਭਾਰਤ ਅੱਜ ਵਿਰਾਸਤ 'ਤੇ ਮਾਣ ਕਰਦਿਆਂ ਹੋਇਆ ਵਿਕਾਸ ਦੀਆਂ ਨਵੀਆਂ ਉਚਾਈਆਂ ਨੂੰ ਛੂਹ ਰਿਹਾ ਹੈ। ਹਰਿਆਣਾ ਵਿੱਚ ਸਾਡੀ ਸਰਕਾਰ ਇਸੇ ਭਾਵਨਾ 'ਤੇ ਕੰਮ ਕਰ ਰਹੀ ਹੈ। ਉਨ੍ਹਾਂ ਹਰਿਆਣਾ ਸਰਕਾਰ ਵੱਲੋਂ ਕਿਸਾਨਾਂ, ਔਰਤਾਂ ਅਤੇ ਨੌਜਵਾਨਾਂ ਦੇ ਹਿੱਤ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਕਿਹਾ ਕਿ ਪਿਛਲੀ ਵਿਧਾਨ ਸਭਾ ਚੋਣ ਵਿੱਚ ਭਾਜਪਾ ਨੇ ਆਪਣੇ ਚੋਣਾਵੀਂ ਸੰਕਲਪ-ਪੱਤਰ ਵਿੱਚ 217 ਸੰਕਲਪ ਲਏ ਸਨ, ਜਿਨ੍ਹਾਂ ਵਿੱਚੋਂ 70 ਸੰਕਲਪ ਤਾਂ ਮਹਿਜ਼ ਡੇਢ ਸਾਲ ਵਿੱਚ ਹੀ ਪੂਰੇ ਕਰ ਦਿੱਤੇ ਹਨ, ਬਾਕੀ ਦੇ 147 ਸੰਕਲਪ ਵੀ ਬਹੁਤ ਜਲਦੀ ਪੂਰੇ ਕਰ ਦਿੱਤੇ ਜਾਣਗੇ। ਉਨ੍ਹਾਂ ਪੰਜਾਬ ਦੀ ਜਨਤਾ ਨੂੰ ਸ਼ਹੀਦ ਸਰਦਾਰ ਊਧਮ ਸਿੰਘ ਜੀ ਦੇ ਆਦਰਸ਼ਾਂ 'ਤੇ ਚੱਲਣ ਦਾ ਸੱਦਾ ਦਿੱਤਾ ਅਤੇ ਕਿਹਾ ਕਿ ਭਾਜਪਾ ਹੀ ਇਕੋ-ਇਕ ਅਜਿਹੀ ਪਾਰਟੀ ਹੈ ਜੋ ਮਹਾਂਪੁਰਖਾਂ ਦਾ ਸਤਿਕਾਰ ਕਰਕੇ ਦੇਸ਼ ਨੂੰ ਵਿਕਸਤ ਅਤੇ ਸੰਸਕਾਰਿਤ ਕਰਨ ਦੀ ਦਿਸ਼ਾ ਵਿੱਚ ਕੰਮ ਕਰ ਰਹੀ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਸਨੌਰ ਨੂੰ ਪਾਵਨ ਧਰਤੀ ਦੱਸਿਆ ਅਤੇ ਕਿਹਾ ਕਿ ਕੁਝ ਧਰਤੀਆਂ ਸਿਰਫ਼ ਇਤਿਹਾਸ ਦਾ ਹਿੱਸਾ ਬਣਦੀਆਂ ਹਨ... ਪਰ ਕੁਝ ਧਰਤੀਆਂ ਇਤਿਹਾਸ ਘੜਦੀਆਂ ਹਨ। ਸਨੌਰ ਅਜਿਹੀ ਹੀ ਪੁੰਨਭੂਮੀ ਹੈ। ਇਹ ਸਿਰਫ਼ ਇੱਕ ਕਸਬਾ ਨਹੀਂ ਹੈ, ਸਿਰਫ਼ ਇੱਕ ਖੇਤਰ ਨਹੀਂ ਹੈ; ਇਹ ਰਾਸ਼ਟਰਭਗਤੀ ਦੀ ਰਾਜਧਾਨੀ ਹੈ। ਇਸ ਧਰਤੀ ਦੀ ਮਿੱਟੀ ਸਾਨੂੰ ਯਾਦ ਦਿਵਾਉਂਦੀ ਹੈ ਕਿ ਆਜ਼ਾਦੀ ਸਾਨੂੰ ਵਿਰਸੇ ਵਿੱਚ ਨਹੀਂ ਮਿਲੀ, ਸਗੋਂ ਗੁਰੂਆਂ ਦੇ ਤਪ, ਵੀਰਾਂ ਦੇ ਪਰਾਕ੍ਰਮ ਅਤੇ ਸ਼ਹੀਦਾਂ ਦੇ ਬਲਿਦਾਨ ਤੋਂ ਮਿਲੀ ਹੈ।

ਉਨ੍ਹਾਂ ਸਰਦਾਰ ਊਧਮ ਸਿੰਘ ਦੇ ਜੀਵਨ 'ਤੇ ਵਿਸਥਾਰ ਨਾਲ ਚਾਨਣਾ ਪਾਉਂਦਿਆਂ ਉਨ੍ਹਾਂ ਦੀ ਰਾਸ਼ਟਰਭਗਤੀ ਤੋਂ ਜਾਣੂ ਕਰਵਾਇਆ ਕਿ ਕਿਸ ਤਰ੍ਹਾਂ ਨਾਲ ਸਰਦਾਰ ਊਧਮ ਸਿੰਘ ਨੇ ਜਲ੍ਹਿਆਂਵਾਲਾ ਕਾਂਡ ਦੇ ਦੋਸ਼ੀ ਅੰਗਰੇਜ਼ ਅਫ਼ਸਰ ਡਾਇਰ ਨੂੰ ਲੰਡਨ ਜਾ ਕੇ ਮਾਰਿਆ ਸੀ।

# ਅਵਾਰਾ ਪਸ਼ੂਆਂ ਕਾਰਨ ਹਾਦਸਿਆਂ ਵਿੱਚ ਮੁਆਵਜ਼ੇ ਲਈ ਵਿਧੀ ਤਿਆਰ ਕਰੋ: ਸੁਪਰੀਮ ਕੋਰਟ ਦਾ ਕੇਂਦਰ ਅਤੇ ਸੂਬਿਆਂ ਨੂੰ ਹੁਕਮ

**ਨਵੀਂ ਦਿੱਲੀ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸੜਕਾਂ 'ਤੇ ਅਵਾਰਾ ਪਸ਼ੂਆਂ ਕਾਰਨ ਹੋਣ ਵਾਲੇ ਹਾਦਸਿਆਂ ਦਾ ਨੋਟਿਸ ਲੈਂਦਿਆਂ, ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਕੇਂਦਰ ਅਤੇ ਸੂਬਾ ਸਰਕਾਰਾਂ ਨੂੰ ਨਿਰਦੇਸ਼ ਦਿੱਤਾ ਹੈ ਕਿ ਉਹ ਅਜਿਹੇ ਹਾਦਸਿਆਂ ਵਿੱਚ ਮੁਆਵਜ਼ੇ ਦੀ ਅਦਾਇਗੀ ਲਈ ਇੱਕ ਵਿਧੀ ਤਿਆਰ ਕਰਨ।

ਜਸਟਿਸ ਸੰਜੇ ਕਰੋਲ ਅਤੇ ਜਸਟਿਸ ਐੱਨ. ਕੋਟੀਸ਼ਵਰ ਸਿੰਘ ਦੀ ਬੈਂਚ ਨੇ ਕਈ ਦਿਸ਼ਾ-ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਇਨ੍ਹਾਂ ਪਸ਼ੂਆਂ ਦੇ ਮਾਲਕਾਂ ਨੂੰ ਜ਼ਿੰਮੇਵਾਰ ਠਹਿਰਾਇਆ ਜਾਣਾ ਚਾਹੀਦਾ ਹੈ ਅਤੇ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਉਹ ਹਰ ਦਿਨ ਦੇ ਅੰਤ ਵਿੱਚ ਆਪਣੇ ਨਿਰਧਾਰਤ ਟਿਕਾਣਿਆਂ 'ਤੇ ਵਾਪਸ ਪਰਤਣ।

ਬੈਂਚ ਨੇ ਕਿਹਾ, ਜਿਹੜੇ ਸੂਬਿਆਂ ਨੇ ਪਸ਼ੂਆਂ ਨਾਲ ਸਬੰਧਤ ਆਪਣੇ ਖ਼ੁਦ ਦੇ ਕਾਨੂੰਨ ਬਣਾਏ ਹਨ, ਉਨ੍ਹਾਂ ਨੂੰ ਅੱਖਰ ਅਤੇ ਭਾਵਨਾ ਵਿੱਚ ਉਨ੍ਹਾਂ ਦੀ ਪੂਰੀ ਅਤੇ ਤੁਰੰਤ ਲਾਗੂ ਨੂੰ ਯਕੀਨੀ ਬਣਾਉਣ ਲਈ ਕਦਮ ਚੁੱਕਣੇ ਚਾਹੀਦੇ ਹਨ। ਸਮਰੱਥ ਅਥਾਰਟੀ ਵੱਲੋਂ ਉਚਿਤ ਸਮਝੇ ਜਾਣ ਅਨੁਸਾਰ ਜ਼ਰੂਰੀ ਸੋਧਾਂ ਕੀਤੀਆਂ ਜਾ ਸਕਦੀਆਂ ਹਨ ਜਾਂ ਨਿਯਮ ਬਣਾਏ ਜਾ ਸਕਦੇ ਹਨ, ਤਾਂ ਜੋ ਪੈਦਲ ਯਾਤਰੀਆਂ ਜਾਂ ਵਾਹਨਾਂ ਦੋਵਾਂ ਸ਼੍ਰੇਣੀਆਂ ਦੇ ਮਾਮਲਿਆਂ ਵਿੱਚ, ਗਊਆਂ/ਪਸ਼ੂਆਂ ਦੇ ਨਤੀਜੇ ਵਜੋਂ ਹੋਣ ਵਾਲੇ ਹਾਦਸਿਆਂ ਵਿੱਚ ਮੁਆਵਜ਼ੇ ਦੀ ਅਦਾਇਗੀ ਲਈ ਇੱਕ ਵਿਧੀ ਵਿਕਸਤ ਕੀਤੀ ਜਾ ਸਕੇ।



**ਪਸ਼ੂਆਂ ਦੀ ਟੈਗਿੰਗ ਅਤੇ ਸ਼ੈਲਟਰਾਂ ਵਿੱਚ ਤਬਦੀਲੀ**

ਸਿਖਰਲੀ ਅਦਾਲਤ ਨੇ ਨਿਰਦੇਸ਼ ਦਿੱਤਾ ਕਿ ਸਾਰੇ ਪਸ਼ੂਆਂ ਦੀ ਟੈਗਿੰਗ ਨੂੰ ਲਾਜ਼ਮੀ ਬਣਾਇਆ ਜਾਵੇ, ਜਿਸ ਨਾਲ ਉਨ੍ਹਾਂ 'ਤੇ ਨਜ਼ਰ ਰੱਖਣ, ਉਨ੍ਹਾਂ ਦੀ ਲੰਬੇ ਸਮੇਂ ਦੀ ਸਿਹਤ ਸੇਵਾ ਨੂੰ ਯਕੀਨੀ ਬਣਾਉਣ ਅਤੇ ਵੈਟਨਰੀ ਚੈੱਕ-ਅੱਪ ਤੇ ਟੀਕਾਕਰਨ ਨਾਲ ਜੋੜਨ ਵਿੱਚ ਮਦਦ ਮਿਲਦੀ ਹੈ। ਬੈਂਚ ਨੇ ਕਿਹਾ, ਆਰਥਿਕ ਤੌਰ 'ਤੇ ਉਪਯੋਗੀ ਉਦੇਸ਼ ਪੂਰਾ ਕਰਨ ਤੋਂ ਬਾਅਦ ਜਾਨਵਰਾਂ ਨੂੰ ਛੱਡ ਦਿੱਤੇ ਜਾਣ ਦੀ ਹਕੀਕਤ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਅਜਿਹਾ ਫ਼ੈਸਲਾ ਕਰਨ ਵਾਲੇ ਮਾਲਕਾਂ ਨੂੰ ਜ਼ਿੰਮੇਵਾਰ ਠਹਿਰਾਇਆ ਜਾਣਾ ਚਾਹੀਦਾ ਹੈ ਅਤੇ ਅਜਿਹੇ ਜਾਨਵਰਾਂ ਨੂੰ ਉਚਿਤ ਅਥਾਰਟੀ ਰਾਹੀਂ ਚਲਾਏ ਜਾਂਦੇ ਸ਼ੈਲਟਰਾਂ ਵਿੱਚ ਸੁਰੱਖਿਅਤ ਤਬਦੀਲੀ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ।

ਅਜਿਹੇ ਸ਼ੈਲਟਰਾਂ ਦੇ ਅਧਿਕਾਰੀਆਂ ਨੂੰ ਅਜਿਹੀ ਤਬਦੀਲੀ ਨੂੰ ਸਵੀਕਾਰ ਕਰਦਿਆਂ ਇੱਕ ਰਸੀਦ ਜਾਰੀ ਕਰਨੀ ਚਾਹੀਦੀ ਹੈ ਅਤੇ ਅਜਿਹੇ ਜਾਨਵਰਾਂ ਦੇ ਵੇਰਵਿਆਂ ਨੂੰ ਟੈਗਿੰਗ ਦੇ ਡਾਟਾਬੇਸ ਵਿੱਚ ਦਰਜ/ਬਦਲਣਾ ਚਾਹੀਦਾ ਹੈ, ਬੈਂਚ ਨੇ ਅੱਗੇ ਕਿਹਾ।

ਅਦਾਲਤ ਨੇ ਕਿਹਾ ਕਿ ਇਹ ਯਕੀਨੀ ਬਣਾਉਣ ਲਈ ਕਿ ਟੈਗਿੰਗ, ਰਿਕਾਰਡਾਂ ਦਾ ਡਿਜੀਟਾਈਜ਼ੇਸ਼ਨ ਅਤੇ ਇਨ੍ਹਾਂ ਸ਼ੈਲਟਰਾਂ ਦਾ ਸੁਚਾਰੂ ਸੰਚਾਲਨ ਸਹੀ ਢੰਗ ਨਾਲ ਕੀਤਾ ਜਾਵੇ, ਅਧਿਕਾਰੀ ਹਰ ਕਾਰਪੋਰੇਸ਼ਨ/ਵਿਭਾਗ ਵਿੱਚ ਇੱਕ ਖਾਸ ਅਧਿਕਾਰੀ ਨੂੰ ਨੋਡਲ ਅਧਿਕਾਰੀ ਵਜੋਂ ਤਾਇਨਾਤ ਕਰ ਸਕਦੇ ਹਨ।

# ਕੇਂਦਰ ਸਰਕਾਰ ਵੱਲੋਂ ਕਰਤਾਰਪੁਰ ਲਾਂਘਾ ਖੋਲ੍ਹਣ ਤੋਂ ਇਨਕਾਰ: ਸੁਰੱਖਿਆ ਕਾਰਨਾਂ ਦਾ ਦਿੱਤਾ ਹਵਾਲਾ

**ਨਵੀਂ ਦਿੱਲੀ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰ ਸਰਕਾਰ ਨੇ ਮੌਜੂਦਾ ਸੁਰੱਖਿਆ ਸਥਿਤੀ ਦਾ ਹਵਾਲਾ ਦਿੰਦਿਆਂ ਕਰਤਾਰਪੁਰ ਲਾਂਘਾ ਖੋਲ੍ਹਣ ਤੋਂ ਇਨਕਾਰ ਕਰ ਦਿੱਤਾ ਹੈ। ਕੇਂਦਰੀ ਵਿਦੇਸ਼ ਮੰਤਰਾਲੇ ਦਾ ਕਹਿਣਾ ਹੈ ਕਿ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹਣ ਬਾਰੇ ਸਿੱਖ ਧਾਰਮਿਕ ਸਮੂਹਾਂ ਵੱਲੋਂ ਪੱਤਰ ਪ੍ਰਾਪਤ ਹੋਏ ਹਨ, ਪਰ ਸੁਰੱਖਿਆ ਹਾਲਤਾਂ ਨੇ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਨੂੰ ਬੰਦ ਰੱਖਣ ਲਈ ਮਜਬੂਰ ਕੀਤਾ ਹੋਇਆ ਹੈ। ਸੰਸਦ ਦੇ ਚੱਲ ਰਹੇ ਮੌਨਸੂਨ ਸੈਸ਼ਨ ਵਿੱਚ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਅਤੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਵੱਲੋਂ ਇਹ ਸਵਾਲ ਉਠਾਇਆ ਗਿਆ ਸੀ।




ਕੇਂਦਰੀ ਵਿਦੇਸ਼ ਮੰਤਰਾਲੇ ਨੇ ਦੱਸਿਆ ਕਿ ਪਹਿਲਗਾਮ ਅਤਿਵਾਦੀ ਹਮਲੇ ਤੋਂ ਬਾਅਦ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਦੀਆਂ ਸੇਵਾਵਾਂ ਨੂੰ 7 ਮਈ 2025 ਨੂੰ ਮੁਅੱਤਲ ਕਰ ਦਿੱਤਾ ਗਿਆ ਸੀ। ਹੁਣ ਕਰੀਬ ਸਵਾ ਸਾਲ ਤੋਂ ਕਰਤਾਰਪੁਰ ਲਾਂਘਾ ਬੰਦ ਪਿਆ ਹੈ ਅਤੇ ਸਿੱਖ ਭਾਈਚਾਰੇ ਵੱਲੋਂ ਇਹ ਲਾਂਘਾ ਖੋਲ੍ਹੇ ਜਾਣ ਦੀ ਅਪੀਲ ਕੀਤੀ ਜਾ ਰਹੀ ਹੈ। ਭਾਰਤ-ਪਾਕਿਸਤਾਨ ਸਰਕਾਰ ਨੇ ਸ਼ਰਧਾਲੂਆਂ ਦੀ ਸਹੂਲਤ ਲਈ 24 ਅਕਤੂਬਰ 2019 ਨੂੰ ਇੱਕ ਸਮਝੌਤਾ ਕੀਤਾ ਸੀ ਤਾਂ ਜੋ ਸੰਗਤਾਂ ਪਾਕਿਸਤਾਨ ਦੇ ਗੁਰਦੁਆਰਾ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਜਾ ਸਕਣ।

ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੇ ਜੀਵਨ ਦੇ ਆਖ਼ਰੀ ਸਾਲ ਇੱਥੇ ਬਿਤਾਏ ਸਨ। ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੇ ਮੌਕੇ 'ਤੇ ਇਹ ਪਵਿੱਤਰ ਲਾਂਘਾ ਦੋਵੇਂ ਮੁਲਕਾਂ ਨੇ ਇੱਕ ਸਮਝੌਤੇ ਤਹਿਤ ਖੋਲ੍ਹਿਆ ਸੀ। ਜਦੋਂ ਕਰੋਨਾ ਮਹਾਂਮਾਰੀ ਚੱਲ ਰਹੀ ਸੀ ਤਾਂ ਉਸ ਵਕਤ ਅਸਥਾਈ ਤੌਰ 'ਤੇ ਲਾਂਘਾ ਬੰਦ ਕਰ ਦਿੱਤਾ ਗਿਆ ਸੀ ਅਤੇ ਮੁੜ 17 ਨਵੰਬਰ 2021 ਨੂੰ ਲਾਂਘਾ ਖੋਲ੍ਹ ਦਿੱਤਾ ਗਿਆ ਸੀ। ਪਹਿਲਗਾਮ ਵਿੱਚ ਹੋਏ ਅਤਿਵਾਦੀ ਹਮਲੇ ਮਗਰੋਂ ਭਾਰਤ-ਪਾਕਿਸਤਾਨ ਦਰਮਿਆਨ ਸਰਹੱਦੀ ਤਣਾਅ ਵਧ ਗਿਆ ਸੀ। ਸ਼ਰਧਾਲੂਆਂ ਦੀ ਸੁਰੱਖਿਆ ਦੇ ਮੱਦੇਨਜ਼ਰ ਅਸਥਾਈ ਤੌਰ 'ਤੇ ਪਵਿੱਤਰ ਲਾਂਘਾ ਬੰਦ ਕਰ ਦਿੱਤਾ ਗਿਆ ਸੀ ਅਤੇ ਹਾਲੇ ਤੱਕ ਇਹ ਲਾਂਘਾ ਮੁੜ ਖੁੱਲ੍ਹਿਆ ਨਹੀਂ ਹੈ।

# ਸਾਡੇ ਰਾਜ 'ਚ ਕੋਈ ਪੇਪਰ ਲੀਕ ਨਹੀਂ : ਭਗਵੰਤ ਮਾਨ ਵਿਰੋਧੀਆਂ ਨੇ 6 ਮਾਮਲੇ ਗਿਣਾ ਕੇ ਦਿੱਤੀ ਚੁਣੌਤੀ

## ਬਾਬਾ ਫ਼ਰੀਦ ਯੂਨੀਵਰਸਿਟੀ ਦੀ ਫਾਰਮੇਸੀ ਅਫ਼ਸਰ ਪ੍ਰੀਖਿਆ ਤੋਂ ਬਾਅਦ ਭਖਿਆ ਮੁੱਦਾ; ਪੁਲਿਸ ਅਨੁਸਾਰ ਇਹ 'ਪੇਪਰ ਲੀਕ' ਨਹੀਂ ਬਲਕਿ ਹਾਈ-ਟੈੱਕ ਨਕਲ ਦਾ ਮਾਮਲਾ

**ਚੰਡੀਗੜ੍ਹ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਦੇਸ਼ ਭਰ ਵਿੱਚ ਪ੍ਰੀਖਿਆ ਪੇਪਰ ਲੀਕ ਦੇ ਮੁੱਦੇ 'ਤੇ ਚੱਲ ਰਹੀ ਬਹਿਸ ਦੇ ਵਿਚਕਾਰ ਹੁਣ ਪੰਜਾਬ ਵਿੱਚ ਵੀ ਇਸ ਮੁੱਦੇ 'ਤੇ ਰਾਜਨੀਤਿਕ ਘਮਾਸਾਨ ਤੇਜ਼ ਹੋ ਗਿਆ ਹੈ। 19 ਜੁਲਾਈ ਨੂੰ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ (BFUHS) ਵੱਲੋਂ 454 ਫਾਰਮੇਸੀ ਅਫ਼ਸਰਾਂ ਦੀ ਭਰਤੀ ਲਈ ਲਈ ਗਈ ਪ੍ਰੀਖਿਆ ਤੋਂ ਬਾਅਦ ਵਿਰੋਧੀ ਧਿਰਾਂ ਨੇ ਪੰਜਾਬ ਸਰਕਾਰ ਨੂੰ ਨਿਸ਼ਾਨੇ 'ਤੇ ਲੈ ਲਿਆ ਹੈ। ਪ੍ਰੀਖਿਆ ਦੌਰਾਨ ਪੰਜਾਬ ਪੁਲੀਸ ਨੇ ਇੱਕ ਅੰਤਰ-ਰਾਜੀ ਗਿਰੋਹ ਦਾ ਪਰਦਾਫਾਸ਼ ਕਰਦਿਆਂ ਪੈੱਨ ਕੈਮਰੇ, ਬਲੂਟੁੱਥ ਈਅਰਫੋਨ ਅਤੇ ਹੋਰ ਇਲੈਕਟ੍ਰਾਨਿਕ ਉਪਕਰਣ ਬਰਾਮਦ ਕੀਤੇ ਸਨ। ਮੁੱਖ ਮੰਤਰੀ ਭਗਵੰਤ ਮਾਨ ਨੇ ਵਿਰੋਧੀਆਂ ਦੇ ਦੋਸ਼ਾਂ ਨੂੰ ਸਿਰੇ ਤੋਂ ਖਾਰਜ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੇ ਪਿਛਲੇ ਚਾਰ-ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਇੱਕ ਵੀ ਪ੍ਰਤੀਯੋਗੀ ਪ੍ਰੀਖਿਆ ਦਾ ਪੇਪਰ ਲੀਕ ਨਹੀਂ ਹੋਇਆ। ਦੂਜੇ ਪਾਸੇ ਕਾਂਗਰਸ, ਭਾਜਪਾ, ਸ਼੍ਰੋਮਣੀ ਅਕਾਲੀ ਦਲ ਅਤੇ ਰਾਜ ਸਭਾ ਮੈਂਬਰ ਸਵਾਤੀ ਮਾਲੀਵਾਲ ਨੇ ਦਾਅਵਾ ਕੀਤਾ ਹੈ ਕਿ 2022 ਤੋਂ ਬਾਅਦ ਪੰਜਾਬ ਵਿੱਚ ਭਰਤੀ ਅਤੇ ਬੋਰਡ ਪ੍ਰੀਖਿਆਵਾਂ ਨਾਲ ਸਬੰਧਤ ਘੱਟੋ-ਘੱਟ 6 ਵੱਡੀਆਂ ਪੇਪਰ ਲੀਕ ਜਾਂ ਧਾਂਦਲੀ ਦੀਆਂ ਘਟਨਾਵਾਂ ਵਾਪਰੀਆਂ ਹਨ।




**19 ਜੁਲਾਈ ਦੀ ਫਾਰਮੇਸੀ ਅਫ਼ਸਰ ਪ੍ਰੀਖਿਆ ਦਾ ਮਾਮਲਾ**

ਬਾਬਾ ਫ਼ਰੀਦ ਯੂਨੀਵਰਸਿਟੀ ਵੱਲੋਂ 454 ਅਸਾਮੀਆਂ ਲਈ ਲਈ ਗਈ ਪ੍ਰੀਖਿਆ ਵਿੱਚ ਲਗਭਗ 7,000 ਉਮੀਦਵਾਰ ਬੈਠੇ ਸਨ। ਪ੍ਰੀਖਿਆ ਦੌਰਾਨ ਪੁਲੀਸ ਨੇ ਹਾਈ-ਟੈੱਕ ਨਕਲ ਰੈਕੇਟ ਦਾ ਫੜ੍ਹਿਆ। ਜਾਂਚ ਵਿੱਚ ਸਾਹਮਣੇ ਆਇਆ ਕਿ ਉਮੀਦਵਾਰਾਂ ਨੇ ਪ੍ਰੀਖਿਆ ਸ਼ੁਰੂ ਹੋਣ ਤੋਂ ਬਾਅਦ ਪੈੱਨ ਕੈਮਰਿਆਂ ਨਾਲ ਪ੍ਰਸ਼ਨ ਪੱਤਰ ਦੀਆਂ ਤਸਵੀਰਾਂ ਖਿੱਚ ਕੇ ਬਾਹਰ ਭੇਜੀਆਂ ਸਨ।

ਪੰਜਾਬ ਪੁਲੀਸ ਦਾ ਕਹਿਣਾ ਹੈ ਕਿ ਪ੍ਰੀਖਿਆ ਸ਼ੁਰੂ ਹੋਣ ਤੋਂ ਪਹਿਲਾਂ ਪੇਪਰ ਲੀਕ ਹੋਣ ਦਾ ਕੋਈ ਸਬੂਤ ਨਹੀਂ ਮਿਲਿਆ ਹੈ। ਪੁਲੀਸ ਅਨੁਸਾਰ ਇਹ 'ਪ੍ਰੀ-ਐਗਜ਼ਾਮ ਪੇਪਰ ਲੀਕ' ਨਹੀਂ ਬਲਕਿ ਪ੍ਰੀਖਿਆ ਸ਼ੁਰੂ ਹੋਣ ਤੋਂ ਬਾਅਦ ਤਕਨਾਲੋਜੀ ਦੀ ਵਰਤੋਂ ਨਾਲ ਕੀਤੀ ਗਈ 'ਰੀਅਲ-ਟਾਈਮ ਨਕਲ' ਦਾ ਮਾਮਲਾ ਹੈ।

**ਵਿਰੋਧੀ ਧਿਰਾਂ ਵਲੋਂ ਗਿਣਾਏ ਗਏ 6 ਮਾਮਲੇ**

ਵਿਰੋਧੀ ਧਿਰਾਂ ਅਤੇ ਮੀਡੀਆ ਰਿਪੋਰਟਾਂ ਅਨੁਸਾਰ 2022 ਤੋਂ ਬਾਅਦ ਹੇਠ ਲਿਖੇ 6 ਮਾਮਲਿਆਂ ਵਿੱਚ ਧਾਂਦਲੀ ਜਾਂ ਲੀਕ ਦੇ ਦੋਸ਼ ਲੱਗੇ ਹਨ।

ਨਾਇਬ ਤਹਿਸੀਲਦਾਰ ਭਰਤੀ ਪ੍ਰੀਖਿਆ (2022): ਡਮੀ ਉਮੀਦਵਾਰਾਂ ਤੇ ਇਲੈਕਟ੍ਰਾਨਿਕ ਉਪਕਰਣਾਂ ਨਾਲ ਨਕਲ ਦੇ ਦੋਸ਼, ਪ੍ਰੀਖਿਆ ਰੱਦ ਕਰਨੀ ਪਈ ਸੀ।

SSSB ਗਰੁੱਪ-ਬੀ ਅਫ਼ਸਰ ਭਰਤੀ ਪ੍ਰੀਖਿਆ

ਖੇਤੀਬਾੜੀ ਵਿਕਾਸ ਅਫ਼ਸਰ (ADO) ਭਰਤੀ ਪ੍ਰੀਖਿਆ

ਪੰਜਾਬ ਸਕੂਲ ਸਿੱਖਿਆ ਬੋਰਡ (PSEB) 12ਵੀਂ ਅੰਗਰੇਜ਼ੀ ਪੇਪਰ ਵਿਵਾਦ

ਪੁਲੀਸ ਭਰਤੀ ਪ੍ਰੀਖਿਆਵਾਂ ਵਿੱਚ ਗੜਬੜੀ ਦੇ ਦੋਸ਼

ਫਾਰਮੇਸੀ ਅਫ਼ਸਰ ਭਰਤੀ ਪ੍ਰੀਖਿਆ (2026)

ਸਵਾਤੀ ਮਾਲੀਵਾਲ ਨੇ ਇਸ ਮੁੱਦੇ 'ਤੇ ਪੰਜਾਬ ਦੇ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ ਕੀਤੀ ਹੈ। ਵਿਰੋਧੀ ਧਿਰਾਂ ਦਾ ਦੋਸ਼ ਹੈ ਕਿ ਸਰਕਾਰ ਜਵਾਬਦੇਹੀ ਤੋਂ ਬਚਣ ਲਈ 'ਪੇਪਰ ਲੀਕ' ਅਤੇ 'ਨਕਲ/ਧਾਂਦਲੀ' ਸ਼ਬਦਾਂ ਵਿੱਚ ਉਲਝਾ ਕੇ ਮਾਮਲੇ ਨੂੰ ਰਫ਼ਾ-ਦਫ਼ਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

# ਨਗਰ ਨਿਗਮ ਹਾਊਸ ਵਿੱਚ ਮੁਫ਼ਤ ਪਾਣੀ ਦੀ ਮੰਗ ਨੂੰ ਲੈ ਕੇ ਹੰਗਾਮਾ

**ਚੰਡੀਗੜ੍ਹ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਨਗਰ ਨਿਗਮ ਦੀ ਜਨਰਲ ਹਾਊਸ ਦੀ ਮੀਟਿੰਗ ਦੌਰਾਨ ਅੱਜ ਉਸ ਸਮੇਂ ਭਾਰੀ ਹੰਗਾਮਾ ਦੇਖਣ ਨੂੰ ਮਿਲਿਆ, ਜਦੋਂ ਕਾਂਗਰਸੀ ਕੌਂਸਲਰਾਂ ਨੇ ਹਰ ਘਰ ਨੂੰ 20,000 ਲੀਟਰ ਮੁਫ਼ਤ ਪਾਣੀ ਦੇਣ ਦੀ ਮੰਗ ਚੁੱਕੀ। ਜਿਵੇਂ ਹੀ ਕਾਂਗਰਸੀ ਕੌਂਸਲਰਾਂ ਨੇ ਇਹ ਮੰਗ ਰੱਖੀ, ਮੇਅਰ ਸੌਰਭ ਜੋਸ਼ੀ ਸਮੇਤ ਭਾਜਪਾ ਕੌਂਸਲਰਾਂ ਨੇ ਇਸ ਵਾਅਦੇ ਨੂੰ ਪੂਰਾ ਨਾ ਕਰਨ 'ਤੇ ਕਾਂਗਰਸ ਅਤੇ ਆਪ (AAP) 'ਤੇ ਹਮਲਾ ਬੋਲ ਦਿੱਤਾ।




ਮੇਅਰ ਸੌਰਭ ਜੋਸ਼ੀ ਨੇ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ 'ਆਪ' ਕਾਂਗਰਸ ਦੀ ਬੀ-ਟੀਮ (B Team) ਹੈ। ਮੇਅਰ ਨੇ ਕਿਹਾ ਕਿ ਮੁਫ਼ਤ ਪਾਣੀ ਦੇਣ ਦਾ ਵਾਅਦਾ ਸੰਸਦੀ ਚੋਣਾਂ ਤੋਂ ਪਹਿਲਾਂ ਕਾਂਗਰਸ ਅਤੇ 'ਆਪ' ਦੋਵਾਂ ਪਾਰਟੀਆਂ ਵੱਲੋਂ ਕੀਤਾ ਗਿਆ ਸੀ, ਜਿਸ ਦਾ ਜਵਾਬ ਸੰਸਦ ਮੈਂਬਰ ਨੂੰ ਦੇਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ 'ਆਪ' ਨੂੰ ਭਾਰੀ ਹਾਰ ਦਾ ਸਾਹਮਣਾ ਕਰਨਾ ਪਵੇਗਾ।

ਕਾਂਗਰਸੀ ਕੌਂਸਲਰ ਹਰ ਘਰ ਲਈ 20,000 ਲੀਟਰ ਮੁਫ਼ਤ ਪਾਣੀ ਦੀ ਮੰਗ ਵਾਲੇ ਪੋਸਟਰ ਅਤੇ ਤਖ਼ਤੀਆਂ ਲੈ ਕੇ ਹਾਊਸ ਦੇ ਵੈੱਲ (ਵਿਚਕਾਰਲੇ ਹਿੱਸੇ) ਵਿੱਚ ਪਹੁੰਚ ਗਏ।

ਕਾਂਗਰਸੀ ਕੌਂਸਲਰਾਂ ਪ੍ਰੇਮ ਲਤਾ, ਜਸਬੀਰ ਸਿੰਘ ਬੰਟੀ ਅਤੇ ਗੁਰਪ੍ਰੀਤ ਸਿੰਘ ਗਾਬੀ ਨੇ ਕਿਹਾ ਕਿ ਇਹ ਸਿਰਫ਼ ਕੋਈ ਸਿਆਸੀ ਮੁੱਦਾ ਨਹੀਂ ਹੈ, ਸਗੋਂ ਚੰਡੀਗੜ੍ਹ ਦੇ ਲੱਖਾਂ ਨਿਵਾਸੀਆਂ ਦੀ ਅਸਲ ਲੋੜ ਅਤੇ ਉਨ੍ਹਾਂ ਦਾ ਜਾਇਜ਼ ਹੱਕ ਹੈ। ਕਾਂਗਰਸੀ ਕੌਂਸਲਰਾਂ ਨੇ ਦੱਸਿਆ ਕਿ ਨਗਰ ਨਿਗਮ ਹਾਊਸ ਪਹਿਲਾਂ ਹੀ ਇਸ ਮਤੇ ਨੂੰ ਦੋ ਵਾਰ ਪਾਸ ਕਰ ਚੁੱਕਾ ਹੈ। ਹਾਲਾਂਕਿ, ਇਨ੍ਹਾਂ ਮਤਿਆਂ ਦੇ ਬਾਵਜੂਦ ਅਧਿਕਾਰੀਆਂ ਨੇ ਇਸ ਫ਼ੈਸਲੇ ਨੂੰ ਲਾਗੂ ਨਹੀਂ ਕੀਤਾ, ਜੋ ਚੁਣੇ ਹੋਏ ਹਾਊਸ ਦੇ ਲੋਕਤੰਤਰੀ ਫਤਵੇ ਅਤੇ ਲੋਕਾਂ ਦੀਆਂ ਇੱਛਾਵਾਂ ਪ੍ਰਤੀ ਸਰਾਸਰ ਅਣਦੇਖੀ ਨੂੰ ਦਰਸਾਉਂਦਾ ਹੈ।

ਆਮ ਆਦਮੀ ਪਾਰਟੀ ਦੇ ਕੌਂਸਲਰਾਂ ਨੇ ਸ਼ਹਿਰ ਵਿੱਚ ਬੁਨਿਆਦੀ ਸਹੂਲਤਾਂ ਦਾ ਮੁੱਦਾ ਉਠਾਇਆ। ਉਨ੍ਹਾਂ ਦੋਸ਼ ਲਾਇਆ ਕਿ ਮੀਂਹ ਨੇ ਵਿਕਾਸ ਦੇ ਦਾਅਵਿਆਂ ਦੀ ਪੋਲ ਖੋਲ੍ਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸੜਕਾਂ ਦੇ ਨਾਲ ਬਣੀਆਂ ਨਾਲੀਆਂ (ਰੋਡ ਗਲੀਆਂ) ਦੀ ਸਫ਼ਾਈ ਨਹੀਂ ਕੀਤੀ ਗਈ ਅਤੇ ਸ਼ਹਿਰ ਦੀਆਂ ਸੜਕਾਂ ਦੀ ਹਾਲਤ ਸਭ ਤੋਂ ਮਾੜੀ ਹੈ। 'ਆਪ' ਕੌਂਸਲਰਾਂ ਨੇ ਨਗਰ ਨਿਗਮ ਵਿੱਚ ਘਪਲਿਆਂ ਦੇ ਦੋਸ਼ ਵੀ ਲਾਏ।

**ਦੋ ਮਿੰਟ ਦਾ ਸ਼ੋਕ ਅਤੇ ਅਧਿਕਾਰੀਆਂ 'ਤੇ ਲਾਪਰਵਾਹੀ ਦੇ ਦੋਸ਼**

ਆਮ ਆਦਮੀ ਪਾਰਟੀ ਦੇ ਕੌਂਸਲਰਾਂ ਨੇ ਨੀਟ ਪੇਪਰ ਲੀਕ ਮਾਮਲੇ ਨਾਲ ਜੁੜੇ ਕਥਿਤ ਤੌਰ 'ਤੇ ਆਪਣੀ ਜਾਨ ਗੁਆਉਣ ਵਾਲੇ ਵਿਦਿਆਰਥੀਆਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਦੋ ਮਿੰਟ ਦਾ ਮੋਨ ਰੱਖਿਆ। ਇਸ ਦੇ ਨਾਲ ਹੀ ਇੱਕ ਹਾਦਸੇ ਵਿੱਚ ਮਾਰੇ ਗਏ ਨਗਰ ਨਿਗਮ ਦੇ ਕਰਮਚਾਰੀ ਨੂੰ ਵੀ ਸ਼ਰਧਾਂਜਲੀ ਦਿੱਤੀ ਗਈ।

ਕਈ ਕੌਂਸਲਰਾਂ ਨੇ ਦੁੱਖ ਪ੍ਰਗਟ ਕੀਤਾ ਕਿ ਅਧਿਕਾਰੀ ਉਨ੍ਹਾਂ ਦੇ ਕੰਮਾਂ ਵੱਲ ਕੋਈ ਧਿਆਨ ਨਹੀਂ ਦੇ ਰਹੇ ਹਨ। 'ਆਪ' ਕੌਂਸਲਰ ਰਾਮ ਚੰਦਰ ਨੇ ਕਿਹਾ ਕਿ ਅਧਿਕਾਰੀ ਉਨ੍ਹਾਂ ਦੇ ਪੱਤਰਾਂ ਦਾ ਜਵਾਬ ਵੀ ਨਹੀਂ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜ ਸਮੇਂ ਸਿਰ ਪੂਰੇ ਨਹੀਂ ਹੋ ਰਹੇ ਅਤੇ ਠੇਕੇਦਾਰਾਂ ਵਿਰੁੱਧ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ।

# 19 ਸਾਲ ਬਾਅਦ ਘਰ ਵਾਪਸੀ ! ਕੋਲਕਾਤਾ ਪਰਤੀ ਲੇਖਿਕਾ ਤਸਲੀਮਾ ਨਸਰੀਨ; 2007 'ਚ ਹਿੰਸਕ ਵਿਰੋਧ ਤੋਂ ਬਾਅਦ ਛੱਡਣਾ ਪਿਆ ਸੀ ਸ਼ਹਿਰ


## ਕੜੀ ਸੁਰੱਖਿਆ ਹੇਠ ਏਅਰਪੋਰਟ ਪਹੁੰਚੀ ਬੰਗਲਾਦੇਸ਼ੀ ਲੇਖਿਕਾ; ਮਾਨਵ ਅਧਿਕਾਰ ਸੰਗਠਨ ਦੇ ਪ੍ਰੋਗਰਾਮ 'ਚ ਲਵੇਗੀ ਹਿੱਸਾ

**ਨਵੀਂ ਦਿੱਲੀ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਨਿਰਵਾਸਿਤ ਬੰਗਲਾਦੇਸ਼ੀ ਲੇਖਿਕਾ ਤਸਲੀਮਾ ਨਸਰੀਨ ਸ਼ੁੱਕਰਵਾਰ ਨੂੰ ਲਗਭਗ 19 ਸਾਲਾਂ ਦੇ ਲੰਬੇ ਵਕਫ਼ੇ ਤੋਂ ਬਾਅਦ ਕੋਲਕਾਤਾ ਪਹੁੰਚ ਗਈ ਹੈ। ਸਾਲ 2007 ਵਿੱਚ ਆਪਣੀਆਂ ਲਿਖਤਾਂ ਵਿਰੁੱਧ ਹੋਏ ਭਾਰੀ ਹਿੰਸਕ ਵਿਰੋਧ ਪ੍ਰਦਰਸ਼ਨਾਂ ਤੋਂ ਬਾਅਦ ਸ਼ਹਿਰ ਛੱਡਣ ਲਈ ਮਜਬੂਰ ਹੋਣ ਤੋਂ ਬਾਅਦ ਇਹ ਉਨ੍ਹਾਂ ਦੀ ਪਹਿਲੀ ਕੋਲਕਾਤਾ ਫੇਰੀ ਹੈ। ਨੇਤਾਜੀ ਸੁਭਾਸ਼ ਚੰਦਰ ਬੋਸ ਕੌਮਾਂਤਰੀ ਹਵਾਈ ਅੱਡੇ 'ਤੇ ਕੜੀ ਸੁਰੱਖਿਆ ਦੇ ਘੇਰੇ ਹੇਠ ਪਹੁੰਚੀ ਨਸਰੀਨ 'ਹਿਊਮਨ ਰਾਈਟਸ ਬਿਓਂਡ ਫ੍ਰੰਟੀਅਰਜ਼' ਅਤੇ ਹੋਰ ਸੰਸਥਾਵਾਂ ਦੁਆਰਾ ਆਯੋਜਿਤ ਇੱਕ ਜਨਤਕ ਪ੍ਰੋਗਰਾਮ ਵਿੱਚ ਸ਼ਿਰਕਤ ਕਰੇਗੀ।

*'ਲੱਜਾ' ਨਾਵਲ ਤੋਂ ਬਾਅਦ ਮਿਲੀਆਂ ਸਨ ਜਾਨੋਂ ਮਾਰਨ ਦੀਆਂ ਧਮਕੀਆਂ*

1962 ਵਿੱਚ ਮੈਮਨਸਿੰਘ (ਬੰਗਲਾਦੇਸ਼) ਵਿੱਚ ਜਨਮੀ ਡਾਕਟਰ ਤੋਂ ਲੇਖਿਕਾ ਬਣੀ ਨਸਰੀਨ ਨੇ ਆਪਣੀਆਂ ਲਿਖਤਾਂ ਵਿੱਚ ਔਰਤਾਂ ਦੇ ਅਧਿਕਾਰਾਂ, ਧਰਮ ਨਿਰਪੱਖਤਾ ਅਤੇ ਧਾਰਮਿਕ ਕੱਟੜਪੰਥ ਦੀ ਆਲੋਚਨਾ ਨੂੰ ਮੁੱਖ ਮੁੱਦਾ ਬਣਾਇਆ। 1993 ਵਿੱਚ ਛਪੇ ਉਨ੍ਹਾਂ ਦੇ ਨਾਵਲ 'ਲੱਜਾ'' ਨੇ ਉਨ੍ਹਾਂ ਨੂੰ ਕੌਮਾਂਤਰੀ ਪੱਧਰ 'ਤੇ ਚਰਚਾ ਵਿੱਚ ਲਿਆਂਦਾ, ਜਿਸ ਵਿੱਚ ਬਾਬਰੀ ਮਸਜਿਦ ਢਾਹੇ ਜਾਣ ਤੋਂ ਬਾਅਦ ਬੰਗਲਾਦੇਸ਼ ਵਿੱਚ ਹਿੰਦੂਆਂ 'ਤੇ ਹੋਏ ਅੱਤਿਆਚਾਰਾਂ ਨੂੰ ਉਜਾਗਰ ਕੀਤਾ ਗਿਆ ਸੀ। ਇਸ ਕਿਤਾਬ 'ਤੇ ਬੰਗਲਾਦੇਸ਼ ਵਿੱਚ ਪਾਬੰਦੀ ਲਗਾ ਦਿੱਤੀ ਗਈ ਸੀ ਅਤੇ ਕੱਟੜਪੰਥੀ ਸੰਗਠਨਾਂ ਵਲੋਂ ਮਿਲੀ ਜਾਨੋਂ ਮਾਰਨ ਦੀ ਧਮਕੀ ਤੋਂ ਬਾਅਦ 1994 ਵਿੱਚ ਉਨ੍ਹਾਂ ਨੂੰ ਦੇਸ਼ ਛੱਡਣਾ ਪਿਆ ਸੀ।



ਨਸਰੀਨ 2004 ਵਿੱਚ ਭਾਰਤ ਸਰਕਾਰ ਤੋਂ ਮਿਲੇ ਰਿਹਾਇਸ਼ੀ ਪਰਮਿਟ ਤੋਂ ਬਾਅਦ ਕੋਲਕਾਤਾ ਆਈ ਸੀ। ਬੰਗਾਲੀ ਭਾਸ਼ਾ ਅਤੇ ਸੱਭਿਆਚਾਰ ਦੀ ਸਾਂਝ ਕਾਰਨ ਉਹ ਕੋਲਕਾਤਾ ਨੂੰ ਆਪਣਾ 'ਦੂਜਾ ਘਰ' ਮੰਨਦੀ ਸੀ। ਹਾਲਾਂਕਿ, ਉਨ੍ਹਾਂ ਦੀ ਸਵੈ-ਜੀਵਨੀ 'ਦਵਿਖੰਡਿਤੋ' ਨੂੰ ਲੈ ਕੇ ਹੋਏ ਵਿਵਾਦ ਤੋਂ ਬਾਅਦ ਨਵੰਬਰ 2007 ਵਿੱਚ ਕੋਲਕਾਤਾ ਵਿੱਚ ਭਾਰੀ ਹਿੰਸਕ ਝੜਪਾਂ ਹੋਈਆਂ ਸਨ। ਤਤਕਾਲੀ ਲੈਫਟ ਫਰੰਟ ਸਰਕਾਰ ਨੇ ਸੁਰੱਖਿਆ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਨੂੰ ਸ਼ਹਿਰ ਤੋਂ ਬਾਹਰ ਭੇਜ ਦਿੱਤਾ ਸੀ।

ਭਾਵੇਂ ਪੱਛਮੀ ਬੰਗਾਲ ਸਰਕਾਰ ਨੇ ਉਨ੍ਹਾਂ 'ਤੇ ਕੋਈ ਕਾਨੂੰਨੀ ਪਾਬੰਦੀ ਨਹੀਂ ਲਗਾਈ ਸੀ, ਪਰ ਨਸਰੀਨ ਦਾ ਕਹਿਣਾ ਰਿਹਾ ਹੈ ਕਿ ਸਰਕਾਰਾਂ ਨੇ ਉਨ੍ਹਾਂ ਨੂੰ ਵਾਪਸ ਆਉਣ ਜਾਂ ਸਾਹਿਤਕ ਸਮਾਗਮਾਂ ਵਿੱਚ ਹਿੱਸਾ ਲੈਣ ਦੀ ਇਜਾਜ਼ਤ ਨਹੀਂ ਦਿੱਤੀ।

ਨਸਰੀਨ ਦੀ ਵਾਪਸੀ 'ਤੇ ਪ੍ਰਤੀਕਿਰਿਆ ਦਿੰਦਿਆਂ ਭਾਜਪਾ ਵਿਧਾਇਕ ਸੌਰਵ ਸਿਕਦਾਰ ਅਤੇ ਆਗੂ ਕੇਆ ਘੋਸ਼ ਨੇ ਕਿਹਾ ਕਿ ਨਸਰੀਨ ਭਾਰਤ ਸਰਕਾਰ ਦੀ ਇਜਾਜ਼ਤ ਨਾਲ ਕਾਨੂੰਨੀ ਤੌਰ 'ਤੇ ਰਹਿ ਰਹੀ ਹੈ।

ਉਨ੍ਹਾਂ ਦੋਸ਼ ਲਾਇਆ ਕਿ ਪਹਿਲੀਆਂ ਸਰਕਾਰਾਂ ਨੇ ਤੁਸ਼ਟੀਕਰਨ ਦੀ ਰਾਜਨੀਤੀ ਕਰਕੇ ਉਨ੍ਹਾਂ ਨੂੰ ਬੰਗਾਲ ਨਹੀਂ ਆਉਣ ਦਿੱਤਾ ਸੀ, ਜਦਕਿ ਭਾਜਪਾ ਵਿਚਾਰਾਂ ਦੀ ਆਜ਼ਾਦੀ ਦਾ ਸਮਰਥਨ ਕਰਦੀ ਹੈ। 1992 ਅਤੇ 2000 ਵਿੱਚ 'ਆਨੰਦ ਪੁਰਸਕਾਰ' ਨਾਲ ਸਨਮਾਨਿਤ ਨਸਰੀਨ ਦੱਖਣੀ ਏਸ਼ੀਆ ਦੀਆਂ ਸਭ ਤੋਂ ਚਰਚਿਤ ਲੇਖਿਕਾਵਾਂ ਵਿੱਚੋਂ ਇੱਕ ਹਨ।

# ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਕੁਮਾਰ ਅਗਰਵਾਲ ਨੇ ਕੀਤਾ ਰਿਲੀਜ਼

**ਚੰਡੀਗੜ੍ਹ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਨਿਵਾਸ ਚੰਡੀਗੜ੍ਹ ਵਿੱਚ ਆਯੋਜਿਤ ਪ੍ਰੋਗਰਾਮ ਵਿੱਚ ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਕੁਮਾਰ ਅਗਰਵਾਲ ਨੇ ਅੱਜ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਪ੍ਰਸਿੱਧ ਲੇਖਿਕਾ ਡਾ. ਸ਼ਮੀਮ ਸ਼ਰਮਾ ਅਤੇ ਉਨ੍ਹਾਂ ਦੀ ਬਹੂ ਡਾ. ਸਰਿਤਾ ਸ਼ਰਮਾ ਦੁਆਰਾ ਸਾਂਝੇ ਤੌਰ 'ਤੇ ਲਿਖੀ ਪੁਸਤਕ 'ਇੱਕ ਬੂੰਦ ਸੌ ਸਵਾਲ' ਨੂੰ ਰਿਲੀਜ਼ ਕੀਤਾ ਅਤੇ ਦੋਵਾਂ ਲੇਖਿਕਾਵਾਂ ਨੂੰ ਇਸ ਅਨੋਖੀ ਰਚਨਾ ਲਈ ਵਧਾਈ ਦਿੱਤੀ।

ਡਾ. ਅਗਰਵਾਲ ਨੇ ਪੁਸਤਕ ਦੀ ਤਾਰੀਫ਼ ਕਰਦਿਆਂ ਕਿਹਾ ਕਿ ਇਸ ਵਿੱਚ ਪਾਣੀ ਦੇ ਸਾਰੇ ਪੱਖਾਂ ਜਿਵੇਂ ਕਿ ਇਤਿਹਾਸਕ, ਸਾਹਿਤਕ, ਸੱਭਿਆਚਾਰਕ ਅਤੇ ਵਾਤਾਵਰਣ ਨੂੰ ਬੇਹੱਦ ਸਰਲ ਅਤੇ ਸੁੰਦਰ ਸ਼ੈਲੀ ਵਿੱਚ ਪਰੋਇਆ ਗਿਆ ਹੈ। ਇਹ ਪੁਸਤਕ ਹਰ ਉਮਰ ਵਰਗ ਲਈ ਬਹੁਤ ਪੜ੍ਹਨਯੋਗ ਅਤੇ ਲਾਭਦਾਇਕ ਹੈ। ਉਨ੍ਹਾਂ ਦੱਸਿਆ ਕਿ ਇਸ ਪੁਸਤਕ ਤੋਂ ਪ੍ਰੇਰਨਾ ਲੈਂਦਿਆਂ ਉਨ੍ਹਾਂ ਨੇ ਹਾਲ ਹੀ ਵਿੱਚ ਉਦਯੋਗ ਵਿਭਾਗ ਦੀ ਮੀਟਿੰਗ ਵਿੱਚ ਇੱਕ ਅਹਿਮ ਫ਼ੈਸਲਾ ਲਿਆ ਹੈ। ਹੁਣ ਰਾਜ ਵਿੱਚ ਕਿਸੇ ਵੀ ਨਵੇਂ ਇੰਡਸਟਰੀਅਲ ਪ੍ਰੋਜੈਕਟ ਜਾਂ ਪਾਰਕ ਦੀ ਮਨਜ਼ੂਰੀ ਤੋਂ ਪਹਿਲਾਂ ਪਾਣੀ ਦੀ ਉਪਲਬਧਤਾ ਅਤੇ ਇਸ ਦੀ ਵਿਹਾਰਕਤਾ ਦਾ ਜਾਇਜ਼ਾ ਲੈਣਾ ਲਾਜ਼ਮੀ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ, ਉਦਯੋਗਿਕ ਇਕਾਈਆਂ ਲਈ ਪਾਣੀ ਦੀ ਸੰਭਾਲ ਜ਼ਰੂਰੀ ਹੈ, ਤਾਂ ਜੋ ਧਰਤੀ ਹੇਠਲੇ ਪਾਣੀ ਦੀ ਜ਼ਿਆਦਾ ਵਰਤੋਂ ਨੂੰ ਰੋਕਿਆ ਜਾ ਸਕੇ।

ਉਨ੍ਹਾਂ ਕਿਹਾ ਕਿ ਹਰਿਆਣਾ ਇੱਕ ਅਰਧ-ਖੁਸ਼ਕ ਸੂਬਾ ਹੈ, ਜਿੱਥੇ ਪਾਣੀ ਦਾ ਹਮੇਸ਼ਾ ਤੋਂ ਸੱਭਿਆਚਾਰਕ ਅਤੇ ਵਿਗਿਆਨਕ ਮਹੱਤਵ ਰਿਹਾ ਹੈ। ਸਾਡੀਆਂ ਪੁਰਾਣੀਆਂ ਪਰੰਪਰਾਵਾਂ (ਜਿਵੇਂ ਖੂਹ-ਪੂਜਾ) ਅਤੇ ਸਫ਼ਾਈ ਦੇ ਨਿਯਮਾਂ ਨੂੰ ਧਰਮ ਨਾਲ ਇਸ ਲਈ ਜੋੜਿਆ ਗਿਆ ਸੀ ਤਾਂ ਜੋ ਲੋਕ ਪਾਣੀ ਨੂੰ ਦੂਸ਼ਿਤ ਨਾ ਕਰਨ ਅਤੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਸੁਰੱਖਿਅਤ ਰਹਿਣ।

ਡਾ. ਅਗਰਵਾਲ ਨੇ ਕਿਹਾ ਕਿ ਅੱਜ ਨੌਜਵਾਨਾਂ ਦੀ ਭਾਸ਼ਾ ਵਿੱਚ ਇੱਕ ਖਲਾਅ ਆ ਗਿਆ ਹੈ। ਆਪਣੀ ਮਾਂ-ਬੋਲੀ ਪ੍ਰਤੀ ਮਾਣ ਦਾ ਅਹਿਸਾਸ ਹੋਣਾ ਬੇਹੱਦ ਜ਼ਰੂਰੀ ਹੈ। ਹਿੰਦੀ ਦੇਸ਼ ਨੂੰ ਜੋੜਨ ਵਾਲੀ ਪ੍ਰਮੁੱਖ ਭਾਸ਼ਾ ਹੈ ਅਤੇ ਇਸ ਨੂੰ ਸੰਭਾਲਣ ਲਈ 'ਇੱਕ ਬੂੰਦ ਸੌ ਸਵਾਲ' ਵਰਗੀਆਂ ਸਰਲ, ਮਿਆਰੀ ਅਤੇ ਵਿਹਾਰਕ ਪੁਸਤਕਾਂ ਵੱਧ ਤੋਂ ਵੱਧ ਤਿਆਰ ਹੋਣੀਆਂ ਚਾਹੀਦੀਆਂ ਹਨ। ਇਸ ਦੌਰਾਨ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਦੈਨਿਕ ਟ੍ਰਿਬਿਊਨ ਦੇ ਸੰਪਾਦਕ ਸ੍ਰੀ ਨਰੇਸ਼ ਕੌਸ਼ਲ ਨੇ ਕਿਹਾ ਕਿ ਸਾਹਿਤ ਸਿਰਫ਼ ਪ੍ਰਗਟਾਵਾ ਨਹੀਂ, ਸਗੋਂ ਸਮਾਜਿਕ ਤਬਦੀਲੀ ਦਾ ਸਾਧਨ ਹੈ। ਕਹਾਣੀ, ਕਵਿਤਾ, ਵਿਅੰਗ, ਸਵੈ-ਜੀਵਨੀ, ਇਸਤਰੀ ਵਿਮਰਸ਼ ਅਤੇ ਹਰਿਆਣਵੀ ਹਾਸ ਸਾਹਿਤ ਦੀ ਹਰ ਵਿਧਾ ਵਿੱਚ ਡਾ. ਸ਼ਮੀਮ ਨੇ ਆਪਣੀ ਖ਼ਾਸ ਪਛਾਣ ਬਣਾਈ ਹੈ। ਉਨ੍ਹਾਂ ਦੀ ਕਲਮ ਨੇ ਨਾਰੀ ਅਸਮਿਤਤਾ, ਭਰੂਣ ਹੱਤਿਆ, ਸਮਾਜਿਕ ਕੁਰੀਤੀਆਂ, ਪੇਂਡੂ ਜੀਵਨ, ਪਰਿਵਾਰਕ ਰਿਸ਼ਤਿਆਂ ਅਤੇ ਮਾਨਵੀ ਕਦਰਾਂ-ਕੀਮਤਾਂ ਨੂੰ ਬਹੁਤ ਸਹਿਜ ਪਰ ਪ੍ਰਭਾਵਸ਼ਾਲੀ ਸੁਰ ਦਿੱਤੀ ਹੈ। ਹਰਿਆਣਵੀ ਭਾਸ਼ਾ ਨੂੰ ਸਾਹਿਤਕ ਮਾਣ ਦੇਣ ਵਿੱਚ ਉਨ੍ਹਾਂ ਦਾ ਯੋਗਦਾਨ ਖ਼ਾਸ ਤੌਰ 'ਤੇ ਜ਼ਿਕਰਯੋਗ ਹੈ।

# ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਵੱਲੋਂ ਰਾਜਪੁਰਾ ਤੇ ਘਨੌਰ ਸਿਵਿਲ ਹਸਪਤਾਲਾਂ ਦਾ ਅਚਨਚੇਤ ਦੌਰਾ




**ਰਾਜਪੁਰਾ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਨੇ ਅੱਜ ਰਾਜਪੁਰਾ ਅਤੇ ਘਨੌਰ ਦੇ ਸਿਵਿਲ ਹਸਪਤਾਲਾਂ ਦਾ ਅਚਨਚੇਤ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਹਸਪਤਾਲਾਂ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਮਰੀਜ਼ਾਂ ਨਾਲ ਸਿੱਧੀ ਗੱਲਬਾਤ ਕਰਕੇ ਸਰਕਾਰੀ ਸਹੂਲਤਾਂ ਦਾ ਫੀਡਬੈਕ ਲਿਆ।

ਦੌਰੇ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਨੇ ਕਿਹਾ ਕਿ ਇਹ ਇੱਕ ਰੁਟੀਨ ਚੈਕਿੰਗ ਦਾ ਹਿੱਸਾ ਸੀ ਤਾਂ ਜੋ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਮਿਲਣੀਆਂ ਯਕੀਨੀ ਬਣਾਈਆਂ ਜਾ ਸਕਣ। ਉਨ੍ਹਾਂ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਆਮ ਤੌਰ 'ਤੇ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਅਤੇ ਮਰੀਜ਼ਾਂ ਵਿਚਕਾਰ ਤਣਾਅ ਜਾਂ ਸ਼ਿਕਾਇਤਾਂ ਦੇਖਣ ਨੂੰ ਮਿਲਦੀਆਂ ਹਨ, ਪਰ ਇੱਥੇ ਮਾਹੌਲ ਬਹੁਤ ਸੁਖਾਵਾਂ ਰਿਹਾ। ਡਾਕਟਰਾਂ ਅਤੇ ਸਟਾਫ਼ ਵੱਲੋਂ ਹਰ ਮਰੀਜ਼ ਨੂੰ ਬਹੁਤ ਹੀ ਪਿਆਰ ਅਤੇ ਤਨਦੇਹੀ ਨਾਲ ਵਾਚਿਆ ਜਾ ਰਿਹਾ ਹੈ।

ਵਾਈਸ ਚੇਅਰਮੈਨ ਨੇ ਅੱਗੇ ਕਿਹਾ ਕਿ ਬੀਤੇ 70 ਸਾਲਾਂ ਦੇ ਇਤਿਹਾਸ ਵਿੱਚ ਇਹ ਪਹਿਲੀ ਅਜਿਹੀ ਸਰਕਾਰ ਸੱਤਾ ਵਿੱਚ ਆਈ ਹੈ ਜੋ ਸੱਚਮੁੱਚ ਆਮ ਲੋਕਾਂ ਦੀ ਭਲਾਈ ਲਈ ਦਿਨ-ਰਾਤ ਕੰਮ ਕਰ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਿਹਤ ਢਾਂਚੇ ਨੂੰ ਪੂਰੀ ਤਰ੍ਹਾਂ ਅਪਗ੍ਰੇਡ ਕੀਤਾ ਗਿਆ ਹੈ ਜਿਸ ਤਹਿਤ ਹਸਪਤਾਲਾਂ ਵਿੱਚ ਆਧੁਨਿਕ ਮਸ਼ੀਨਾਂ, ਮੁਫ਼ਤ ਦਵਾਈਆਂ ਅਤੇ ਸਾਰੇ ਜ਼ਰੂਰੀ ਟੈਸਟਾਂ ਦੀ ਮੁਫ਼ਤ ਸਹੂਲਤ ਦਿੱਤੀ ਜਾ ਰਹੀ ਹੈ। 10 ਲੱਖ ਤੱਕ ਦੇ ਬਣ ਰਹੇ ਆਯੁਸ਼ਮਾਨ ਕਾਰਡਾਂ ਨੇ ਆਮ ਲੋਕਾਂ ਦੀ ਰੋਜ਼ਮਰ੍ਹਾ ਦੀ ਜ਼ਿੰਦਗੀ ਨੂੰ ਹੋਰ ਰਾਹਤ ਦਿੱਤੀ ਹੈ।

**ਪਾਰਕਿੰਗ ਅਤੇ ਓ.ਪੀ.ਡੀ. ਪ੍ਰਬੰਧਾਂ 'ਤੇ ਵਿਸ਼ੇਸ਼ ਧਿਆਨ**

ਹਸਪਤਾਲ ਵਿੱਚ ਦੌਰੇ ਦੌਰਾਨ ਕੁਝ ਛੋਟੀਆਂ-ਮੋਟੀਆਂ ਕਮੀਆਂ ਜਿਵੇਂ ਕਿ ਓ.ਪੀ.ਡੀ. ਵਿੱਚ ਕਤਾਰਾਂ ਅਤੇ ਪਾਰਕਿੰਗ ਦੇ ਪ੍ਰਬੰਧਾਂ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਹਸਪਤਾਲ ਸਟਾਫ਼ ਨੂੰ ਆਦੇਸ਼ ਦਿੱਤੇ ਗਏ ਹਨ ਕਿ ਆਉਣ ਵਾਲੀ ਪਬਲਿਕ ਨੂੰ ਕਿਸੇ ਵੀ ਤਰ੍ਹਾਂ ਦੀ ਖੱਜਲ-ਖੁਆਰੀ ਨਾ ਹੋਵੇ। ਜੇਕਰ ਕਿਤੇ ਕੋਈ ਮਾਮੂਲੀ ਸਮੱਸਿਆ ਆਉਂਦੀ ਹੈ ਤਾਂ ਉਸਨੂੰ ਤੁਰੰਤ ਅੰਦਰੂਨੀ ਤੌਰ 'ਤੇ ਹੱਲ ਕੀਤਾ ਜਾਂਦਾ ਹੈ। ਉਨ੍ਹਾਂ ਸਟਾਫ਼ ਨੂੰ ਹਦਾਇਤ ਕੀਤੀ ਕਿ ਮਰੀਜ਼ਾਂ ਨਾਲ ਹਮੇਸ਼ਾ ਨਰਮ ਅਤੇ ਹਮਦਰਦੀ ਵਾਲਾ ਵਿਵਹਾਰ ਰੱਖਿਆ ਜਾਵੇ। ਅੰਤ ਵਿੱਚ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਨੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ.ਬਲਬੀਰ ਸਿੰਘ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜਿਨ੍ਹਾਂ ਦੀ ਯੋਗ ਅਗਵਾਈ ਹੇਠ ਪੰਜਾਬ ਦੇ ਸਰਕਾਰੀ ਹਸਪਤਾਲਾਂ ਦੀ ਕਾਇਆ-ਕਲਪ ਹੋ ਚੁੱਕੀ ਹੈ ਅਤੇ ਲੋਕ ਸਿਹਤ ਸੇਵਾਵਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ।

# ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਸਬੰਧੀ ਹੋਣ ਵਾਲੇ ਰਾਜ ਪੱਧਰੀ ਸਮਾਗਮ ਲਈ ਤਿਆਰੀਆਂ ਜੰਗੀ ਪੱਧਰ 'ਤੇ ਜਾਰੀ

**ਸੁਨਾਮ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਨ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਦਾਣਾ ਮੰਡੀ, ਸੁਨਾਮ ਊਧਮ ਸਿੰਘ ਵਾਲਾ ਵਿਖੇ ਕਰਵਾਏ ਜਾ ਰਹੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਹੁਣ ਅੰਤਿਮ ਪੜਾਅ ਵਿੱਚ ਪਹੁੰਚ ਚੁੱਕੀਆਂ ਹਨ। ਸਮਾਗਮ ਨੂੰ ਸੁਚਾਰੂ, ਪ੍ਰਭਾਵਸ਼ਾਲੀ ਅਤੇ ਯਾਦਗਾਰੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਡਿਪਟੀ ਕਮਿਸ਼ਨਰ ਸੰਗਰੂਰ ਪੂਨਮਦੀਪ ਕੌਰ ਨੇ ਅੱਜ ਦਾਣਾ ਮੰਡੀ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਪ੍ਰੈਪਰੇਟਰੀ ਮੀਟਿੰਗ ਕਰ ਕੇ ਸਮੁੱਚੇ ਪ੍ਰਬੰਧਾਂ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ।

ਮੀਟਿੰਗ ਦੌਰਾਨ ਸਮਾਗਮ ਸਥਾਨ 'ਤੇ ਸਟੇਜ, ਬੈਠਣ ਦੀ ਵਿਵਸਥਾ, ਪਾਰਕਿੰਗ, ਟਰੈਫਿਕ ਪ੍ਰਬੰਧਨ, ਪੀਣ ਵਾਲੇ ਪਾਣੀ, ਸਫ਼ਾਈ, ਬਿਜਲੀ ਸਪਲਾਈ, ਮੈਡੀਕਲ ਸਹੂਲਤਾਂ, ਐਮਰਜੈਂਸੀ ਸੇਵਾਵਾਂ, ਸੁਰੱਖਿਆ ਪ੍ਰਬੰਧ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਸਬੰਧੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਕੈਬਨਿਟ ਮੰਤਰੀ ਅਤੇ ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਮਾਗਮ ਵਿੱਚ ਆਉਣ ਵਾਲੇ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਅਸੁਵਿਧਾ ਨਾ ਆਵੇ ਅਤੇ ਹਰ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤਾ ਜਾਵੇ।

ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਅਮਨ



ਅਰੋੜਾ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਦੀ ਜਨਮ ਭੂਮੀ 'ਤੇ ਉਨ੍ਹਾਂ ਦੀ ਲਾਸਾਨੀ ਕੁਰਬਾਨੀ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਕਰਵਾਉਣਾ ਸਮੁੱਚੇ ਪੰਜਾਬ ਅਤੇ ਖਾਸ ਕਰ ਕੇ ਸੁਨਾਮ ਵਾਸੀਆਂ ਲਈ ਬੇਹੱਦ ਮਾਣ ਅਤੇ ਫ਼ਖ਼ਰ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਦਾ ਬਦਲਾ ਲੈ ਕੇ ਦੇਸ਼ ਦੀ ਆਜ਼ਾਦੀ ਦੀ ਲੜਾਈ ਵਿੱਚ ਵੱਡਾ ਯੋਗਦਾਨ ਪਾਇਆ ਅਤੇ ਉਨ੍ਹਾਂ ਦੀ ਸ਼ਹਾਦਤ ਆਉਣ ਵਾਲੀਆਂ ਪੀੜ੍ਹੀਆਂ ਲਈ ਸਦਾ ਪ੍ਰੇਰਣਾ ਦਾ ਸਰੋਤ ਰਹੇਗੀ।

ਸ਼੍ਰੀ ਅਮਨ ਅਰੋੜਾ ਨੇ ਦੱਸਿਆ ਕਿ ਉਹਨਾਂ ਦੇ ਪਿਤਾ ਦੇ ਸਮੇਂ ਸਾਲ 1993-94 ਤੋਂ ਸ਼ੁਰੂ ਹੋਇਆ ਇਹ ਸਰਕਾਰੀ ਸਮਾਗਮ ਹਰ ਸਾਲ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਭਾਵੇਂ ਕਿਸੇ ਵੀ ਪਾਰਟੀ ਦੀ ਸਰਕਾਰ ਰਹੀ ਹੋਵੇ, ਪਰ ਸ਼ਹੀਦ ਊਧਮ ਸਿੰਘ ਦੀ ਸ਼ਹਾਦਤ ਨੂੰ ਸਦਾ ਹੀ ਉੱਚੇ ਸਨਮਾਨ ਨਾਲ ਯਾਦ ਕੀਤਾ ਜਾਂਦਾ ਰਿਹਾ ਹੈ ਅਤੇ ਇਹ ਪਰੰਪਰਾ ਅੱਜ ਵੀ ਉਸੇ ਸ਼ਰਧਾ ਨਾਲ ਨਿਭਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ 1 ਅਗਸਤ ਨੂੰ ਹੋਣ ਵਾਲੇ ਰਾਜ ਪੱਧਰੀ ਸਮਾਗਮ ਵਿੱਚ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਇਸ ਤੋਂ ਇਲਾਵਾ ਕੈਬਨਿਟ ਮੰਤਰੀ, ਵਿਧਾਇਕ, ਆਜ਼ਾਦੀ ਘੁਲਾਟੀਆਂ ਦੇ ਪਰਿਵਾਰਕ ਮੈਂਬਰ, ਵੱਖ-ਵੱਖ ਸੰਸਥਾਵਾਂ ਦੇ ਨੁਮਾਇੰਦੇ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਸਮਾਗਮ ਵਿੱਚ ਹਾਜ਼ਰੀ ਭਰੇਗੀ।

ਕੈਬਨਿਟ ਮੰਤਰੀ ਨੇ ਸਮੂਹ ਇਲਾਕਾ ਨਿਵਾਸੀਆਂ ਅਤੇ ਪੰਜਾਬ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਦਾਣਾ ਮੰਡੀ, ਸੁਨਾਮ ਊਧਮ ਸਿੰਘ ਵਾਲਾ ਵਿਖੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਮਹਾਨ ਸ਼ਹੀਦ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਨ ਅਤੇ ਉਨ੍ਹਾਂ ਦੇ ਮਹਾਨ ਜੀਵਨ ਤੋਂ ਪ੍ਰੇਰਣਾ ਲੈਣ।

ਇਸ ਮੌਕੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਗਮ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਸਾਰੇ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਅੱਜ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਪ੍ਰੈਪਰੇਟਰੀ ਮੀਟਿੰਗ ਕਰਕੇ ਹਰ ਵਿਭਾਗ ਨੂੰ ਉਸ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ ਅਤੇ ਸਾਰੇ ਪ੍ਰਬੰਧਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਮਾਗਮ ਦੌਰਾਨ ਟਰੈਫਿਕ ਪ੍ਰਬੰਧਨ, ਪਾਰਕਿੰਗ, ਸੁਰੱਖਿਆ, ਸਿਹਤ ਸੇਵਾਵਾਂ, ਪੀਣ ਵਾਲੇ ਪਾਣੀ, ਸਫ਼ਾਈ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਪੁਖ਼ਤਾ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋ ਦੂਰ-ਦੁਰਾਡੇ ਤੋਂ ਆਉਣ ਵਾਲੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

# ਵੇਦਾਂਤਾ ਪਾਵਰ ਨੂੰ CRISIL ਵੱਲੋਂ AA+ ਰੇਟਿੰਗ ਅੱਪਗ੍ਰੇਡ, 'ਰੇਟਿੰਗ ਵਾਚ' ਤੋਂ ਬਾਹਰ ਕੀਤਾ ਗਿਆ

**ਬਠਿੰਡਾ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੀਆਂ ਅਗੇਤਰੀ ਨਿੱਜੀ ਥਰਮਲ ਪਾਵਰ ਉਤਪਾਦਕ ਕੰਪਨੀਆਂ ਵਿੱਚੋਂ ਇੱਕ ਵੇਦਾਂਤਾ ਪਾਵਰ ਨੂੰ CRISIL ਵੱਲੋਂ ਰੇਟਿੰਗ ਅੱਪਗ੍ਰੇਡ ਪ੍ਰਾਪਤ ਹੋਇਆ ਹੈ। ਰੇਟਿੰਗ ਏਜੰਸੀ ਨੇ ਕੰਪਨੀ ਨੂੰ 'ਵਿਕਾਸਸ਼ੀਲ ਪ੍ਰਭਾਵਾਂ ਸਮੇਤ ਨਿਗਰਾਨੀ ਸੂਚੀ' ਤੋਂ ਹਟਾਉਂਦੇ ਹੋਏ ਇਸ ਦੀਆਂ ਗਾਰੰਟੀਸ਼ੁਦਾ ਲੰਬੀ ਮਿਆਦ ਵਾਲੀਆਂ ਬੈਂਕ ਸਹੂਲਤਾਂ ਦੀ ਰੇਟਿੰਗ CRISIL AA+ (CE)/Stable ਕਰ ਦਿੱਤੀ ਹੈ, ਜੋ ਪਹਿਲਾਂ CRISIL AA (35) ਸੀ। ਇਸ ਦੇ ਨਾਲ ਹੀ ਕੰਪਨੀ ਦੀ ਸਟੈਂਡਅਲੋਨ ਲੰਬੀ ਮਿਆਦ ਵਾਲੀ ਰੇਟਿੰਗ CRISIL AA-/Stable ਅਤੇ ਛੋਟੀ ਮਿਆਦ ਵਾਲੀ ਰੇਟਿੰਗ CRISIL AA+ ਨੂੰ ਵੀ ਦੁਬਾਰਾ ਬਰਕਰਾਰ ਰੱਖਿਆ ਗਿਆ ਹੈ।

ਇਹ ਰੇਟਿੰਗ ਅੱਪਗ੍ਰੇਡ ਵੇਦਾਂਤਾ ਸਮੂਹ ਦੇ ਡੀਮਰਜਰ ਦੀ ਸਫਲ ਤਾਮੀਲ ਤੋਂ ਬਾਅਦ ਕੀਤਾ ਗਿਆ ਹੈ ਅਤੇ ਇਹ ਵੇਦਾਂਤਾ ਪਾਵਰ ਲਿਮਿਟੇਡ ਦੀ ਮਜ਼ਬੂਤ ਵਿੱਤੀ ਸਥਿਤੀ, ਵਿਭਿੰਨ ਥਰਮਲ ਪਾਵਰ ਪੋਰਟਫੋਲਿਓ, ਸਿਹਤਮੰਦ ਲਿਕਵਿਡਿਟੀ ਅਤੇ ਰਣਨੀਤਿਕ ਮਹੱਤਤਾ ਨੂੰ ਦਰਸਾਉਂਦਾ ਹੈ। CRISIL ਨੇ ਕੰਪਨੀ ਦੇ ਮਜ਼ਬੂਤ ਸੰਚਾਲਨ ਪ੍ਰਦਰਸ਼ਨ, ਲੰਬੀ ਮਿਆਦ ਵਾਲੇ Power Purchase Agreements (PPAs), ਭਰੋਸੇਯੋਗ ਇੰਧਨ ਸਪਲਾਈ ਪ੍ਰਬੰਧ ਅਤੇ ਵਿੱਤੀ



ਲਚਕੀਲੇਪਣ ਨੂੰ ਵੀ ਮਾਨਤਾ ਦਿੱਤੀ ਹੈ।

ਮੌਜੂਦਾ ਸਮੇਂ ਵੇਦਾਂਤਾ ਪਾਵਰ ਲਿਮਿਟੇਡ ਕੋਲ ਭਾਰਤ ਦੇ ਵੱਖ-ਵੱਖ ਰਾਜਾਂ ਵਿੱਚ ਫੈਲਿਆ ਇੱਕ ਵਿਭਿੰਨ ਥਰਮਲ ਪਾਵਰ ਪੋਰਟਫੋਲਿਓ ਹੈ, ਜਿਸ ਵਿੱਚ ਵੇਦਾਂਤਾ ਪਾਵਰ ਤਲਵੰਡੀ ਸਾਬੋ ਥਰਮਲ ਪਲਾਂਟ (1,980 ਮੇਗਾਵਾਟ), ਪੰਜਾਬ, ਵੇਦਾਂਤਾ ਪਾਵਰ ਝਾਰਸੁਗੁੜਾ ਥਰਮਲ ਪਲਾਂਟ (600 ਮੇਗਾਵਾਟ), ਓਡੀਸ਼ਾ, ਵੇਦਾਂਤਾ ਪਾਵਰ ਮੀਨਾਕਸ਼ੀ ਐਨਰਜੀ ਲਿਮਿਟੇਡ (1,000 ਮੇਗਾਵਾਟ), ਆਂਧਰਾ ਪ੍ਰਦੇਸ਼ ਅਤੇ ਵੇਦਾਂਤਾ ਪਾਵਰ ਸ਼ਕਤੀ ਥਰਮਲ ਪਲਾਂਟ (600 ਮੇਗਾਵਾਟ), ਛੱਤੀਸਗੜ੍ਹ ਸ਼ਾਮਲ ਹਨ। ਮੌਜੂਦਾ ਵਿੱਤੀ ਸਾਲ ਦੌਰਾਨ ਸ਼ਕਤੀ ਥਰਮਲ ਪਲਾਂਟ ਵਿੱਚ ਵਾਧੂ 600 ਮੇਗਾਵਾਟ ਯੂਨਿਟ ਦੇ ਚਾਲੂ ਹੋਣ ਨਾਲ ਕੰਪਨੀ ਦੀ ਉਤਪਾਦਨ ਸਮਰੱਥਾ ਹੋਰ ਮਜ਼ਬੂਤ ਹੋਣ ਦੀ ਉਮੀਦ ਹੈ।

CRISIL ਨੇ ਆਪਣੀ ਰਿਪੋਰਟ ਵਿੱਚ ਵੇਦਾਂਤਾ ਪਾਵਰ ਦੀ ਮਜ਼ਬੂਤ ਕਾਰੋਬਾਰੀ ਪ੍ਰੋਫ਼ਾਈਲ ਦਾ ਵੀ ਜ਼ਿਕਰ ਕੀਤਾ ਹੈ, ਜੋ ਵਿਭਿੰਨ ਉਤਪਾਦਨ ਪੋਰਟਫੋਲਿਓ, ਲੰਬੀ ਅਤੇ ਦਰਮਿਆਨੀ ਮਿਆਦ ਵਾਲੇ PPAs, ਜ਼ਿਆਦਾਤਰ ਸੰਚਾਲਿਤ ਸਮਰੱਥਾ ਲਈ ਇੰਧਨ ਸਪਲਾਈ ਸਮਝੌਤਿਆਂ, ਸਿਹਤਮੰਦ ਲਿਕਵਿਡਿਟੀ ਅਤੇ ਮਜ਼ਬੂਤ ਵਿੱਤੀ ਲਚਕੀਲੇਪਣ ਨਾਲ ਸਮਰਥਿਤ ਹੈ। ਰੇਟਿੰਗ ਏਜੰਸੀ ਨੇ ਇਹ ਵੀ ਕਿਹਾ ਕਿ ਡੀਮਰਜਰ ਤੋਂ ਬਾਅਦ ਦੀ ਨਵੀਂ ਸੰਰਚਨਾ ਨਾਲ ਕੰਪਨੀ ਦੇ ਵੱਖ-ਵੱਖ ਕਾਰੋਬਾਰਾਂ ਨੂੰ ਹੋਰ ਵੱਧ ਰਣਨੀਤਿਕ ਫੋਕਸ ਅਤੇ ਵਿੱਤੀ ਲਚਕੀਲੇਪਣ ਪ੍ਰਾਪਤ ਹੋਇਆ ਹੈ। ਇਹ ਤਾਜ਼ਾ ਰੇਟਿੰਗ ਅੱਪਗ੍ਰੇਡ ਵੇਦਾਂਤਾ ਪਾਵਰ ਦੇ ਇੱਕ ਵਿਭਿੰਨ ਅਤੇ ਦੇਸ਼ ਭਰ ਵਿੱਚ ਰਣਨੀਤਿਕ ਤੌਰ 'ਤੇ ਸਥਿਤ ਥਰਮਲ ਪਾਵਰ ਉਤਪਾਦਕ ਵਜੋਂ ਵਿਕਾਸ ਨੂੰ ਦਰਸਾਉਂਦਾ ਹੈ। ਇਹ ਕੰਪਨੀ ਦੀ ਸੰਚਾਲਕੀ ਉਤਕ੍ਰਿਸ਼ਟਤਾ, ਸੁਚੱਜੇ ਵਿੱਤੀ ਪ੍ਰਬੰਧਨ ਅਤੇ ਲੰਬੇ ਸਮੇਂ ਲਈ ਮੁੱਲ ਸਿਰਜਣ ਪ੍ਰਤੀ ਵਚਨਬੱਧਤਾ ਨੂੰ ਵੀ ਮਜ਼ਬੂਤੀ ਨਾਲ ਉਜਾਗਰ ਕਰਦਾ ਹੈ।

ਵੇਦਾਂਤਾ ਪਾਵਰ ਭਾਰਤ ਦੀ ਊਰਜਾ ਸੁਰੱਖਿਆ ਨੂੰ ਮਜ਼ਬੂਤ ਬਣਾਉਣ ਲਈ ਭਰੋਸੇਯੋਗ, ਕੁਸ਼ਲ ਅਤੇ ਜ਼ਿੰਮੇਵਾਰ ਬਿਜਲੀ ਉਤਪਾਦਨ ਪ੍ਰਤੀ ਆਪਣੀ ਵਚਨਬੱਧਤਾ ਨੂੰ ਜਾਰੀ ਰੱਖੇਗੀ।

# ਦੇਸ਼ ਦੇ ਸ਼ਹੀਦਾਂ ਨੂੰ ਕਦੇ ਨਹੀਂ ਭੁੱਲਣਾ ਚਾਹੀਦਾ: ਮੇਜਰ ਅੰਜੂ ਬਾਲਾ

**ਮੋਰਿੰਡਾ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਰਗਿਲ ਵਿਜੇ ਦਿਵਸ ਮੌਕੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਮੇਜਰ ਅੰਜੂ ਬਾਲਾ ਸਿੰਘ ਨੇ ਕਾਰਗਿੱਲ ਯੁੱਧ ਦੇ ਅਮਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਕਿਹਾ ਕਿ ਇਹਨਾਂ ਸ਼ਹੀਦਾਂ ਕਾਰਨ ਹੀ ਅੱਜ ਅਸੀਂ ਖੁੱਲੀ ਫਿਜ਼ਾ ਵਿੱਚ ਜੀ ਰਹੇ ਹਾਂ ਉਹਨਾਂ ਕਿਹਾ ਕਿ ਕਾਰਗਿਲ ਯੁੱਧ ਭਾਰਤੀ ਫੌਜਾਂ ਲਈ ਭਾਵੇਂ ਇੱਕ ਵੱਡੀ ਚੁਣੌਤੀ ਸੀ ਪਰ ਸਾਡੇ ਦੇਸ਼ ਦੇ ਬਹਾਦਰ ਜਵਾਨਾਂ ਨੇ ਹਮੇਸ਼ਾ ਵਾਂਗ ਦੁਸ਼ਮਣ ਫੌਜਾਂ ਨੂੰ ਬੁਰੀ ਤਰ੍ਹਾਂ ਖਦੇੜਿਆ, ਉਹਨਾਂ ਕਿਹਾ ਕਿ ਸਾਨੂੰ ਸਾਡੇ ਦੇਸ਼ ਦੀਆਂ ਤਿੰਨੋਂ ਸੈਨਾਵਾਂ ਤੇ ਗਰਭ ਹੈ। ਉਹਨਾਂ ਸਮੂਹ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਭਾਰਤੀ ਫੌਜ ਦਾ ਹਿੱਸਾ ਬਣਨ ਲਈ ਪ੍ਰੇਰਿਤ ਕਰਨ, ਉਹਨਾਂ ਵਿਧਾਨ ਸਭਾ ਹਲਕਾ ਸ਼੍ਰੀ ਚਮਕੌਰ ਸਾਹਿਬ ਦੇ ਸਮੂਹ ਸ਼ਹੀਦ ਪਰਿਵਾਰਾਂ



ਸਾਬਕਾ ਸੈਨਿਕਾਂ ਅਤੇ ਭਰਤੀ ਫੌਜ ਵਿੱਚ ਸੇਵਾਵਾਂ ਨਿਭਾ ਰਹੇ ਸੈਨਿਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਸਮੱਸਿਆਵਾਂ ਲਈ ਉਹਨਾਂ ਨੂੰ ਕਿਸੇ ਵੀ ਸਮੇਂ ਮਿਲ ਸਕਦੇ ਹਨ। ਉਹਨਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਉਹ ਹਰ ਸੰਭਵ ਕੋਸ਼ਿਸ਼ ਕਰਨਗੇ। ਇਸ ਮੌਕੇ ਇਲਾਕੇ ਦੇ ਕਈ ਸਾਬਕਾ ਸੈਨਿਕ ਅਤੇ ਭਾਜਪਾ ਵਰਕਰ ਹਾਜ਼ਰ ਸਨ।

# ਰਾਜਪੁਰਾ ਬਲਾਕ ਦੇ ਪਿੰਡ ਬਸੰਤਪੁਰਾ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਰਾਜਪੁਰਾ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਰਾਜਪੁਰਾ ਬਲਾਕ ਦੇ ਪਿੰਡ ਬਸੰਤਪੁਰਾ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰੋਗਰਾਮ ਲਈ ਕੀਤੀ ਗਈ ਬੈਠਕ



**ਮੋਰਿੰਡਾ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-:**

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਸਮਾਗਮਾਂ ਦੀ ਰੂਪ-ਰੇਖਾ ਤਿਆਰ ਕਰਨ ਲਈ ਲਾਇਨਜ਼ ਕਲੱਬ, ਜਲੰਧਰ ਵਿਖੇ ਭਾਰਤੀ ਜਨਤਾ ਪਾਰਟੀ ਦੀ ਇੱਕ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਭਾਜਪਾ ਪੰਜਾਬ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ, ਭਾਜਪਾ ਐਸ.ਸੀ. ਮੋਰਚਾ ਦੇ ਰਾਸ਼ਟਰੀ ਜਨਰਲ ਸਕੱਤਰ ਸੰਜੇ ਨਿਰਮਲ ਜੀ, ਪੰਜਾਬ ਐਸ.ਸੀ. ਮੋਰਚਾ ਦੇ ਸੂਬਾ ਪ੍ਰਧਾਨ ਐਸ. ਆਰ. ਲੱਧੜ ਜੀ, ਸੂਬਾ ਜਨਰਲ ਸਕੱਤਰ ਜਗਮੋਹਨ ਰਾਜੂ ਜੀ, ਸੰਗਠਨ ਮਹਾਂਮੰਤਰੀ ਸ਼੍ਰੀਨਿਵਾਸਲੂ ਜੀ ਅਤੇ ਬੀਜੇਪੀ ਦੇ ਸਾਰੇ ਸੀਨੀਅਰ ਆਗੂ ਸ਼ਾਮਿਲ ਹੋਏ।

ਮੀਟਿੰਗ ਦੌਰਾਨ ਜੁਲਾਈ 2026 ਤੋਂ ਫ਼ਰਵਰੀ 2027 ਤੱਕ ਮਨਾਏ ਜਾਣ ਵਾਲੇ 650ਵੇਂ ਪ੍ਰਕਾਸ਼ ਪੁਰਬ ਦੇ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਜਨ-ਜਾਗਰੂਕਤਾ ਪ੍ਰੋਗਰਾਮਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਆਗੂਆਂ ਨੇ ਸੰਤ ਸ੍ਰੀ ਗੁਰੂ ਰਵਿਦਾਸ ਜੀ ਦੇ ਸਮਾਨਤਾ, ਭਾਈਚਾਰੇ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਹਰ ਵਰਗ ਤੱਕ ਪਹੁੰਚਾਉਣ ਦਾ ਸੰਕਲਪ ਲੈਂਦਿਆਂ ਕਾਰਕੁਨਾਂ ਨੂੰ ਇਨ੍ਹਾਂ ਸਮਾਗਮਾਂ ਨੂੰ ਸ਼ਾਨਦਾਰ ਅਤੇ ਇਤਿਹਾਸਕ ਢੰਗ ਨਾਲ ਸਫ਼ਲ ਬਣਾਉਣ ਲਈ ਪੂਰੀ ਤਨਦੇਹੀ ਨਾਲ ਜੁਟਣ ਦੀ ਅਪੀਲ ਕੀਤੀ।

# ਵਿਸ਼ਵ ਜਾਗ੍ਰਿਤੀ ਮਿਸ਼ਨ ਪਟਿਆਲਾ ਮੰਡਲ ਵਲੋਂ ਮਨਾਇਆ ਗਿਆ ਗੁਰੂ ਪੂਰਨਿਮਾ ਉਤਸਵ

**ਪਟਿਆਲਾ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਰੂ ਪੂਰਨਿਮਾ ਦੇ ਸ਼ੁਭ ਮੌਕੇ 'ਤੇ ਵਿਸ਼ਵ ਜਾਗ੍ਰਿਤੀ ਮਿਸ਼ਨ ਪਟਿਆਲਾ ਮੰਡਲ (ਸੰਸਥਾਪਕ ਆਚਾਰੀਆ ਸੁਧਾਂਸ਼ੂ ਜੀ ਮਹਾਰਾਜ) ਰਾਜਪੁਰਾ ਰੋਡ 'ਤੇ ਸਥਿਤ ਸਥਾਨਕ ਗੋਵਿੰਦ ਬਾਗ ਆਸ਼ਰਮ ਵਿਖੇ ਗੁਰੂ ਪੂਰਨਿਮਾ ਉਤਸਵ ਬਹੁਤ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ। ਇਸ ਮੌਕੇ ਇੱਕ ਸਤਿਸੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ 500 ਤੋਂ ਵੱਧ ਗੁਰੂ ਭਗਤਾਂ ਅਤੇ ਸ਼ਰਧਾਲੂਆਂ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਜੋਤੀ ਪ੍ਰਚੰਡ ਕਰਨ ਨਾਲ ਹੋਈ। ਵਿਸ਼ਵ ਜਾਗ੍ਰਿਤੀ ਮਿਸ਼ਨ ਪਟਿਆਲਾ ਮੰਡਲ ਦੇ ਪ੍ਰਧਾਨ ਸ਼੍ਰੀ ਅਜੈ ਅਲੀਪੁਰੀਆ ਨੇ ਕਿਹਾ, ਅਸੀਂ ਬਹੁਤ ਭਾਗਸ਼ਾਲੀ ਹਾਂ ਕਿ ਸਾਨੂੰ ਆਚਾਰੀਆ ਸੁਧਾਂਸ਼ੂ ਜੀ ਵਰਗਾ ਗੁਰੂ ਮਿਲਿਆ ਹੈ, ਜਿਨ੍ਹਾਂ ਦੀ ਮੌਜੂਦਗੀ ਸਾਡੇ ਜੀਵਨ ਨੂੰ ਸਹੀ ਰਸਤੇ ਤੇ ਪਾ ਸਕਦੀ ਹੈ। ਉਨ੍ਹਾਂ ਅੱਗੇ ਕਿਹਾ, ਜੇਕਰ ਅਸੀਂ ਗੁਰੂ ਪੂਰਨਿਮਾ ਦੇ ਇਸ ਸ਼ੁਭ ਮੌਕੇ 'ਤੇ ਗੁਰੂ ਜੀ ਨੂੰ ਗੁਰੂ ਦਕਸ਼ਿਣਾ ਭੇਟ ਕਰਨਾ ਚਾਹੁੰਦੇ ਹਾਂ, ਤਾਂ ਉਹ ਭੇਟ ਉਨ੍ਹਾਂ ਦੁਆਰਾ ਦਰਸਾਏ ਮਾਰਗ 'ਤੇ ਚੱਲਣਾ ਹੈ। ਸਾਨੂੰ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਸ਼ਾਮਲ ਕਰਕੇ ਲੋਕਾਂ ਅਤੇ ਸਮਾਜ ਦੀ ਸੇਵਾ ਕਰਨੀ ਚਾਹੀਦੀ ਹੈ, ਅਤੇ ਆਪਣੇ ਜੀਵਨ ਨੂੰ ਧੰਨ ਬਣਾਉਣਾ ਚਾਹੀਦਾ ਹੈ।



ਸ੍ਰੀ ਹਨੀ ਕੰਬੋਜ, ਸ਼੍ਰੀਮਤੀ ਨੀਲਮ ਖੰਨਾ, ਸ਼੍ਰੀਮਤੀ ਨੀਲਮ ਧਮੀਜਾ ਅਤੇ ਰੁਚੀ ਗੁਪਤਾ ਨੇ ਭਜਨ ਗਾਇਨ ਕਰਕੇ ਸਤਿਸੰਗੀਆਂ ਨੂੰ ਮੋਹਿਤ ਕਰ ਦਿੱਤਾ। ਉਨ੍ਹਾਂ ਨੇ ਦਰਸ਼ਕਾਂ ਨੂੰ ਆਪਣੇ ਭਜਨਾਂ ਨਾਲ ਨੱਚਣ ਲਈ ਮਜਬੂਰ ਕਰ ਦਿੱਤਾ। ਸਤਿਸੰਗ ਦੌਰਾਨ ਆਚਾਰੀਆ ਗੁਰੂਵਰ ਸੁਧਾਂਸ਼ੂ ਜੀ ਮਹਾਰਾਜ ਦਾ ਇੱਕ ਵੀਡੀਓ ਸੰਦੇਸ਼ ਵੀ ਚਲਾਇਆ ਗਿਆ। ਉਨ੍ਹਾਂ ਨੇ ਸਾਰੇ ਭਗਤਾਂ ਨੂੰ ਆਸ਼ੀਰਵਾਦ ਦਿੱਤਾ। ਆਪਣੇ ਸੰਦੇਸ਼ ਵਿੱਚ ਉਨ੍ਹਾਂ ਕਿਹਾ ਕਿ ਗੁਰੂ ਦਾ ਸਾਰੇ ਧਰਮ ਗ੍ਰੰਥਾਂ ਵਿੱਚ ਬਹੁਤ ਉੱਚਾ ਸਥਾਨ ਹੈ। ਜੇਕਰ ਅਸੀਂ ਆਪਣੇ ਗੁਰੂ ਦੁਆਰਾ ਦਰਸਾਏ ਮਾਰਗ 'ਤੇ ਚੱਲੀਏ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਚੱਲੀਏ, ਤਾਂ ਗੁਰੂ ਦਾ ਆਸ਼ੀਰਵਾਦ ਹਮੇਸ਼ਾ ਸਾਡੇ 'ਤੇ ਬਣਿਆ ਰਹੇਗਾ।

ਪ੍ਰੋਗਰਾਮ ਦੇ ਅੰਤ ਵਿੱਚ, ਸਾਰੇ ਭਗਤਾਂ ਨੇ ਗੁਰੂ ਪੂਜਾ ਕੀਤੀ ਅਤੇ ਗੁਰੂ ਆਰਤੀ ਕੀਤੀ। ਸਤਿਸੰਗ ਵਿੱਚ ਮੌਜੂਦ ਸਾਰੇ ਭਗਤਾਂ ਲਈ ਇੱਕ ਭੰਡਾਰੇ ਦਾ ਪ੍ਰਬੰਧ ਕੀਤਾ ਗਿਆ। ਸਤਿਸੰਗ ਵਿੱਚ ਵਿਸ਼ੇਸ਼ ਤੌਰ 'ਤੇ ਸ਼੍ਰੀ ਪ੍ਰਦੀਪ ਗਰਗ, ਸ਼੍ਰੀ ਸੁਨੀਲ ਗੁਪਤਾ, ਸ਼੍ਰੀ ਅਜੈ ਖੰਨਾ, ਸ਼੍ਰੀ ਸਤੀਸ਼ ਸ਼ਰਮਾ, ਸ਼੍ਰੀ ਸਤਪਾਲ, ਸ਼੍ਰੀ ਸੁਰਿੰਦਰ ਕੁਮਾਰ, ਸ਼੍ਰੀ ਰਵਿੰਦਰ ਵਰਮਾ, ਸ਼੍ਰੀ ਅਜੈ ਕੁਮਾਰ ਗੁਪਤਾ, ਸ਼੍ਰੀ ਸੰਜੇ ਬਾਂਸਲ, ਸ਼੍ਰੀ ਨਰੇਸ਼ ਧਮੀਜਾ, ਸ਼੍ਰੀ ਕਰਨ ਧਮੀਜਾ ਅਤੇ ਸ਼੍ਰੀ ਜੀ.ਕੇ. ਵਰਮਾ ਮੌਜੂਦ ਸਨ।

# ਚੌਥਾ ਦਰਜਾ ਮੁਲਾਜਮਾਂ ਨੇ ਸਿਹਤ ਮੰਤਰੀ ਦਾ ਮੰਗਾਂ ਵੱਲ ਧਿਆਨ ਦਿਵਾਉਣ ਲਈ ਕੀਤਾ ਰੋਸ ਮਾਰਚ: ਦਰਸ਼ਨ ਲੁਬਾਣਾ




**ਪਟਿਆਲਾ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਚਲਿਆ ਸਿਹਤ ਸੰਸਥਾਵਾਂ ਜਿਸ ਵਿੱਚ ਖੋਜ਼ ਮੈਡੀਕਲ ਅਤੇ ਸਿੱਖਿਆ ਸਿਵਲ ਹਸਪਤਾਲਾਂ, ਡਿਸਪੈਂਸਰੀਆਂ, ਆਮ ਆਦਮੀ ਕਲੀਨਿੰਗ ਵਿੱਚ ਲੰਮੇ ਸਮੇਂ ਤੋਂ ਕੰਮ ਕਰਦੇ ਆਊਟ ਸੋਰਸ ਕਰਮੀਆਂ ਨੂੰ ਘੱਟੋ—ਘੱਟ ਉਜਰਤਾ ਦੇ ਘੇਰੇ ਵਿੱਚ ਲਿਆਉਣ ਦੀ ਮੰਗ, ਨਿਗੁਣੀਆਂ ਉਜਰਤਾਂ ਤੇ ਸ਼ੋਸ਼ਣ ਦ ਕਰਨ, ਉਨ੍ਹਾਂ ਦਾ ਸੇਵਾ ਡਾਟਾ ਐਚ.ਆਰ.ਐਮ.ਐਸ. ਪੋਰਟ ਤੇ ਅਪਡੇਟ ਕਰਨਾ, ਠੇਕੇਦਾਰੀ ਪ੍ਰਥਾ ਦਾ ਖਾਤਮੇ ਅਤੇ ਇਹਨਾ ਕਰਮੀਆਂ ਨੂੰ ਸਿਹਤ ਵਿਭਾਗ ਵਿੱਚ ਖਪਾਉਣ, ਵਰਗੀਆਂ ਸਮੇਤ ਈ.ਪੀ.ਐਫ., ਈ.ਐਸ.ਆਈ., ਸਹੂਲਤਾਂ ਦੇਣ, ਪਹਿਚਾਨ ਕਾਰਡ ਬਣਾਉਣ ਅਤੇ ਕੰਮ ਦਾ ਸਮਾਂ ਨਿਸ਼ਚਿਤ ਕਰਨਾ, ਹਫਤਾਵਾਰੀ ਸਮੇਤ ਰਾਸ਼ਟਰੀਯ ਹੈਲਥ ਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਅਚਨਚੇਤ, ਮੈਡੀਕਲ ਛੁੱਟੀਆ ਦੇਣ ਵਰਗੇ ਇਸ਼ੂਆਂ ਨੂੰ ਲੈ ਕੇ ਸਵੇਰ ਸਮੇਂ ਤੋਂ ਸਿਵਲ ਸਰਜਨ ਦਫਤਰ ਦੇ ਸਰਕਾਰੀ ਮਾਤਾ ਕੁਸ਼ਲਿਆ ਹਸਪਤਾਲ ਕੰਪਲੈਕਸ ਵਿਖੇ ਧਰਨਾ ਦਿੱਤਾ ਅਤੇ ਰੈਲੀ ਕਰਕੇ ਕੈਪੀਟਲ ਸਿਨਮਾ ਚੌਕ ਤੱਕ ਰੋਸ ਮਾਰਚ ਕੀਤਾ ਗਿਆ। ਮੁਜਾਹਰਾ ਕਰਕੇ ਜਿੱਥੇ ਸਫਾਈ ਸੇਵਕਾ, ਸੀਵਰਮੈਨਾਂ, ਮੇਲ ਤੇ ਫੀਮੇਲ ਤੇ ਸਰਕਾਰ ਵੱਲੋਂ ਕਰਵਾਏ ਗਏ ਲਾਠੀਚਾਰਜ ਦੀ ਅਰਥੀ ਸਾੜੀ ਗਈ। ਜੋ ਅੱਜ ਕੇਜਰੀਵਾਲ ਦੀ ਪਟਿਆਲਾ ਵਿਖੇ ਆਉਣਾ ਸੀ ਤੇ ਪੁਲਿਸ ਫੋਰਸ ਵੀ ਵੱਧ ਗਿਣਤੀ ਵਿੱਚ ਲੱਗੀ ਸੀ, ਇਸ ਮੌਕੇ ਤੇ ਮਿਤੀ 14 ਅਤੇ 15 ਅਗਸਤ ਨੂੰ ਸਿਹਤ ਮੰਤਰੀ ਵਿਰੁੱਧ ਸਰਕਾਰੀ ਮਾਤਾ ਕੁਸ਼ਲਿਆ ਹਸਪਤਾਲ ਵਿਖੇ 24 ਘੰਟਿਆਂ ਲਈ ਭੁੱਖ ਹੜਤਾਲ ਕਰਨ 15 ਅਗਸਤ ਨੂੰ ਝੰਡਾ ਮਾਰਚ ਕੀਤਾ ਜਾਵੇਗਾ। ਇਹ ਐਕਸ਼ਨ ਪੰਜਾਬ ਵਿਚਲੇ ਜਿਲਾ ਸਦਰ ਮੁਕਾਮਾ ਤੇ ਵੀ ਲਾਗੂ ਕੀਤਾ ਜਾਵੇਗਾ ਅਤੇ ਇਸ ਦਿਨ ਮੁਲਾਜਮਾਂ, ਪੈਨਸ਼ਨਰਾਂ, ਕੱਚੇ ਮੁਲਾਜਮਾਂ ਨੂੰ ਪੱਕਾ ਕਰਨ, ਠੇਕੇਦਾਰੀ ਪ੍ਰਥਾ ਦੀ ਸਮਾਪਤੀ, ਪੁਰਾਣੀ ਪੈਨਸ਼ਨ ਬਹਾਲੀ, ਘੱਟੋ—ਘੱਟ ਤਨਖਾਹਾਂ 40000 ਰੁਪਏ ਨਿਸ਼ਚਿਤ ਕਰਨ ਵਰਗੀਆਂ ਲੰਬਿਤ ਮੰਗਾਂ ਦੇ ਯਾਦ ਪੱਤਰ ਵੀ ਦਿੱਤੇ ਜਾਣਗੇ।

ਅੱਜ ਦੇ ਇਕੱਠ ਨੂੰ ਜਿਨ੍ਹਾਂ ਚੌਥਾਂ ਦਰਜਾ ਮੁਲਾਜਮਾਂ ਆਗੂਆਂ ਨੇ ਸੰਬੋਧਨ ਕੀਤਾ ਉਨ੍ਹਾਂ ਵਿੱਚ ਦਰਸ਼ਨ ਸਿੰਘ ਲੁਬਾਣਾ ਸੂਬਾ ਪ੍ਰਧਾਨ, ਦੀਪ ਚੰਦ ਹੰਸ, ਰਾਮ ਲਾਲ ਰਾਮਾ, ਸ਼ਿਵ ਚਰਨ, ਰਾਮ ਪ੍ਰਸਾਦ ਸਹੋਤਾ, ਰਾਕੇਸ਼ ਗੋਲੂ, ਅਰੁਣ ਕੁਮਾਰ, ਸੂਰਜ ਪਾਲ ਯਾਦਵ, ਧਰਮਿੰਦ, ਇੰਦਰਪਾਲ ਵਾਲਿਆ, ਲਖਵੀਰ ਲੱਕੀ, ਮੋਦ ਨਾਥ, ਅਜੇ ਕੁਮਾਰ, ਤਰਸੇਮ, ਅਮਰ ਨਾਥ, ਅਜੇ ਸਨੌਰ, ਉਂਕਾਰ ਸਿੰਘ ਦਮਨ, ਸੁਨੀਤਾ, ਮੋਨੀਕਾ, ਕਮਲੇਸ਼ ਰਾਣੀ (ਗੋਨੀ), ਮੇਹਰ ਸਿੰਘ, ਪ੍ਰੇਮ ਚਾਵਲਾ, ਰਾਜੇਸ਼ ਕੁਮਾਰ, ਵਰਿੰਦਰ ਗਾਗਟ, ਲਖਵੀਰ ਸਿੰਘ, ਸਵਰਨ ਸਿੰਘ, ਹਰਜਿੰਦਰ, ਜੁਗਨੂੰ ਸਹੋਤਾ, ਸਤਿਨਰਾਇਣ ਗੋਨੀ, ਪ੍ਰਕਾਸ਼ ਸਿੰਘ ਲੁਬਾਣਾ, ਤਰਲੋਚਨ ਮਾੜੂ, ਬਲਜੀਤ ਬੱਲੀ, ਰਾਮ ਜੋਧਾ ਆਦਿ ਮੌਜੂਦ ਸਨ। ਉਪਰੋਕਤ ਯੂਨੀਅਨ ਆਗੂਆਂ ਨੇ ਕਿਹਾ ਕਿ ਸਫਾਈ ਸੇਵਕਾਂ, ਸੀਵਰਮੇਨਾਂ ਦੀਆਂ ਤਨਖਾਹਾਂ ਵਿੱਚ ਵਾਧਾ ਨਿਗੁਣਾ ਹੋ ਕੇ ਮੰਗ ਕੀਤੀ, ਕਿ ਇਨ੍ਹਾਂ ਦੀਆਂ ਨਿਯਮਤ ਨਿਯਕਤੀਆਂ ਬਗੈਰ ਕਿਸੇ ਦੇਰੀ ਤੋਂ ਕੀਤੀਆਂ ਜਾਦ, ਇਹ ਵਾਧਾ ਸਰਕਾਰੀ ਤੇ ਅਰਧ ਸਰਕਾਰੀ ਅਦਾਰਿਆਂ ਦੇ ਕੱਚੇ ਸਫਾਈ ਸੇਵਕਾਂ ਤੇ ਕਰਮੀਆਂ ਤੇ ਵੀ ਲਾਗੂ ਕੀਤਾ ਜਾਵੇ।

# ਪਰਾਲੀ ਪ੍ਰਬੰਧਨ ਵਾਲੀਆਂ ਖੇਤੀ ਮਸ਼ੀਨਾਂ 'ਤੇ ਸਬਸਿਡੀ ਲਈ ਕਿਸਾਨ 3 ਅਗਸਤ ਤੱਕ ਕਰਨ ਆਨਲਾਈਨ

**ਮਲੇਰਕੋਟਲਾ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਝੋਨੇ ਦੀ ਪਰਾਲੀ ਅਤੇ ਹੋਰ ਫਸਲੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਲਈ ਕਿਸਾਨਾਂ ਅਤੇ ਵੱਖ-ਵੱਖ ਸੰਸਥਾਵਾਂ ਨੂੰ ਖੇਤੀ ਮਸ਼ੀਨਾਂ ਦੀ ਖਰੀਦ 'ਤੇ ਸਬਸਿਡੀ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਮਾਲੇਰਕੋਟਲਾ ਡਾ. ਹਰਬੰਸ ਸਿੰਘ ਸਿੱਧੂ ਨੇ ਦੱਸਿਆ ਕਿ ਯੋਗ ਬਿਨੈਕਾਰ 3 ਅਗਸਤ 2026 ਨੂੰ ਸ਼ਾਮ 5 ਵਜੇ ਤੱਕ ਖੇਤੀਬਾੜੀ ਵਿਭਾਗ ਦੇ ਪੋਰਟਲ agrimachinerypb.com 'ਤੇ ਆਨਲਾਈਨ ਅਰਜ਼ੀਆਂ ਦੇ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਵਿਅਕਤੀਗਤ ਕਿਸਾਨਾਂ (ਜਨਰਲ ਅਤੇ ਐਸ.ਸੀ. ਵਰਗ) ਅਤੇ ਸਹਿਕਾਰੀ ਸਭਾਵਾਂ ਤੋਂ ਅਰਜ਼ੀਆਂ ਮੰਗੀਆਂ ਗਈਆਂ ਹਨ। ਇਸ ਸਕੀਮ ਦਾ ਉਦੇਸ਼ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਲੋੜੀਂਦੀ ਮਸ਼ੀਨਰੀ ਉਪਲਬਧ ਕਰਵਾਉਣਾ ਅਤੇ ਫਸਲੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀ ਪ੍ਰਥਾ ਨੂੰ ਖਤਮ ਕਰਨਾ ਹੈ।

ਡਾ. ਹਰਬੰਸ ਸਿੰਘ ਸਿੱਧੂ ਨੇ ਦੱਸਿਆ ਕਿ ਬੇਲਰ, ਰੇਕ, ਹੈਪੀ ਸੀਡਰ, ਸਮਾਰਟ ਸੀਡਰ, ਸੁਪਰ ਸੀਡਰ, ਜ਼ੀਰੋ ਟਿੱਲ ਡਰਿੱਲ, ਉਲਟਾਵਾਂ ਪਲਾਓ, ਪੈਡੀ ਸਟਰਾਅ ਚੌਪਰ/ਸ਼ਰੈਡਰ/ਮਲਚਰ, ਕਰਾਪ ਰੀਪਰ, ਸ਼ਰੱਬ ਮਾਸਟਰ/ਰੋਟਰੀ ਸਲੈਸ਼ਰ ਅਤੇ ਕੰਬਾਈਨ 'ਤੇ ਲੱਗਣ ਵਾਲਾ ਸੁਪਰ ਐਸ.ਐਮ.ਐਸ. ਸਮੇਤ ਵੱਖ-ਵੱਖ ਮਸ਼ੀਨਾਂ ਦੀ ਖਰੀਦ 'ਤੇ ਵਿਅਕਤੀਗਤ ਕਿਸਾਨਾਂ ਨੂੰ 50 ਅਤੇ ਸਹਿਕਾਰੀ ਸਭਾਵਾਂ ਨੂੰ 80 ਫੀਸਦੀ ਤੱਕ ਜਾਂ ਸਕੀਮ ਦੀਆਂ ਹਦਾਇਤਾਂ ਅਨੁਸਾਰ ਸਬਸਿਡੀ ਦਿੱਤੀ ਜਾਵੇਗੀ। ਸਕੀਮ ਦੇ ਨਿਯਮ ਅਤੇ ਸ਼ਰਤਾਂ ਪੋਰਟਲ 'ਤੇ ਉਪਲਬਧ ਹਨ।

ਉਨ੍ਹਾਂ ਦੱਸਿਆ ਕਿ ਅਰਜ਼ੀ ਦੇਣ ਸਮੇਂ ਆਧਾਰ ਕਾਰਡ, ਪੈਨ ਕਾਰਡ, ਪਾਸਪੋਰਟ ਸਾਈਜ਼ ਫੋਟੋ, ਬੈਂਕ ਖਾਤੇ ਦੀ ਕਾਪੀ ਅਤੇ ਐਸ.ਸੀ. ਵਰਗ ਨਾਲ ਸਬੰਧਤ ਬਿਨੈਕਾਰਾਂ ਲਈ ਜਾਤੀ ਸਰਟੀਫਿਕੇਟ ਆਦਿ ਦੀਆਂ ਸਕੈਨ ਕੀਤੀਆਂ ਕਾਪੀਆਂ ਲੋੜੀਂਦੀਆਂ ਹੋਣਗੀਆਂ।

ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਅਰਜ਼ੀਆਂ ਦੀ ਪ੍ਰਾਪਤੀ ਉਪਰੰਤ ਵਿਭਾਗੀ ਹਦਾਇਤਾਂ ਅਨੁਸਾਰ ਲੋੜ ਪੈਣ 'ਤੇ ਡਰਾਅ ਰਾਹੀਂ ਯੋਗ ਬਿਨੈਕਾਰਾਂ ਦੀ ਚੋਣ ਕੀਤੀ ਜਾਵੇਗੀ। ਮਨਜ਼ੂਰੀ ਪੱਤਰ ਪੋਰਟਲ ਰਾਹੀਂ ਜਾਰੀ ਕੀਤੇ ਜਾਣਗੇ, ਜਿਸ ਤੋਂ ਬਾਅਦ ਕਿਸਾਨ ਵਿਭਾਗ ਵੱਲੋਂ ਪ੍ਰਵਾਨਿਤ ਅਤੇ ਪੋਰਟਲ 'ਤੇ ਦਰਜ ਨਿਰਮਾਤਾ ਜਾਂ ਡੀਲਰ ਤੋਂ ਨਿਰਧਾਰਿਤ ਸਮੇਂ ਅੰਦਰ ਮਸ਼ੀਨਰੀ ਖਰੀਦ ਸਕਣਗੇ। ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਪਰਾਲੀ ਪ੍ਰਬੰਧਨ ਵਾਲੀ ਮਸ਼ੀਨਰੀ ਦੀ ਵਰਤੋਂ ਕਰਕੇ ਵਾਤਾਵਰਣ ਪ੍ਰਦੂਸ਼ਣ ਨੂੰ ਘਟਾਉਣ ਵਿੱਚ ਸਹਿਯੋਗ ਦੇਣ।

# ਸਾਹਿਤ ਸਭਾ ਮਾਛੀਵਾੜਾ ਸਾਹਿਬ ਦੀ ਸਾਹਿਤਕ ਬੈਠਕ ਹੋਈ

**ਮਾਛੀਵਾੜਾ ਸਾਹਿਬ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਹਿਤ ਸਭਾ ਮਾਛੀਵਾੜਾ ਦੀ ਮਹੀਨਾਵਾਰ ਇਕੱਤਰਤਾ ਇਥੋਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਭਾ ਦੇ ਪ੍ਰਧਾਨ ਐਸ. ਨਸੀਮ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਵਿੱਚ ਸਭ ਤੋਂ ਪਹਿਲਾਂ ਇੱਕ ਸ਼ੋਕ ਮਤੇ ਰਾਹੀਂ ਉੱਘੇ ਚਿੰਤਕ, ਸਮਾਜ ਸੇਵੀ ਅਤੇ ਸਿੱਖਿਆ ਸ਼ਾਸਤਰੀ ਸਵਰਨ ਭੰਗੂ ਦੇ ਦੇਹਾਂਤ ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਦੋ ਮਿੰਟ ਦਾ ਮੌਨ ਰੱਖਿਆ ਗਿਆ। ਰਚਨਾਵਾਂ ਦੇ ਦੌਰ ਵਿੱਚ ਸਭ ਤੋਂ ਪਹਿਲਾਂ ਨਛੱਤਰ ਸਿੰਘ ਗਿੱਲ ਨੇ ਆਪਣਾ ਗੀਤ ਅਤੇ ਕਸ਼ਮੀਰ ਸਿੰਘ ਨੇ ਇੱਕ ਕਵਿਤਾ ਸੁਣਾਈ। ਇਸ ਉਪਰੰਤ ਸੁਰਜੀਤ ਮੰਡ ਨੇ ਗਜ਼ਲ 'ਯਤਨ ਕਰ ਤੂੰ ਏਸ ਨੂੰ ਸਮਝਣ ਲਈ, ਜ਼ਿੰਦਗੀ ਇਹ ਨਾ ਮਿਲੀ ਭਟਕਣ ਲਈ, ਸੁਣਾਈ। ਗ਼ਜ਼ਲ 'ਤੇ ਚਰਚਾ ਦੇ ਨਾਲ ਨਾਲ ਦਾਦ ਵੀ ਮਿਲੀ। ਇਸ ਤੋਂ ਬਾਅਦ ਸ਼ਾਇਰ ਬਲਜਿੰਦਰ ਸਿੰਘ ਨੇ ਗ਼ਜ਼ਲ 'ਸੀਨਿਆ ਵਿੱਚ ਲੈ ਕੇ ਖੰਜਰ ਮੁਸਕਰਾਉਂਦੇ ਫਿਰ ਰਹੇ ਹਾਂ, ਇਸ ਤਰ੍ਹਾਂ ਅੱਜ ਕੱਲ ਅਸੀਂ ਗ਼ਮ ਨੂੰ ਛੁਪਾਉਂਦੇ ਫਿਰ ਰਹੇ ਹਾਂ, ਸੁਣਾਈ, ਜਿਸ ਤੇ ਚਰਚਾ ਦੇ ਨਾਲ ਪ੍ਰਸ਼ੰਸ਼ਾ ਵੀ ਮਿਲੀ। ਫਿਰ ਤਰਨ ਰਾਮਪੁਰ ਨੇ ਇੱਕ ਗੀਤ ਅਤੇ ਨਿਰਵੈਰ ਕੌਰ ਨੇ ਕਵਿਤਾ ਸਾਵਣ ਸੁਣਾਈ। ਦੋਨਾਂ ਰਚਨਾਵਾਂ ਨੂੰ ਦਾਦ ਮਿਲੀ। ਇਸ ਤੋਂ ਬਾਅਦ ਸ਼ਾਇਰ ਹਰਨਾਮ ਸਿੰਘ ਡੱਲਾ ਨੇ ਇੱਕ ਗੀਤ ਅਤੇ ਮੋਹਣ ਲਾਲ ਰਾਹੀ ਨੇ ਅਦਬ ਗੋਂਡਵੀ ਦੇ ਕੁਝ ਸ਼ੇਅਰ ਸਾਂਝੇ ਕੀਤੇ। ਡੱਲਾ ਜੀ ਦੇ ਗੀਤ ਤੇ ਦਾਦ ਦੇ ਨਾਲ ਨਾਲ ਕਾਫ਼ੀ ਚਰਚਾ ਵੀ ਹੋਈ।ਇਸ ਉਪਰੰਤ ਸ਼ਾਇਰ ਜਗਤਾਰ ਸੇਖਾ ਨੇ ਆਪਣੀ ਗਜ਼ਲ 'ਸ਼ਹਿਰ ਦਾ ਹਰ ਜ਼ਹਿਰ ਤਾਂ ਹੁਣ ਰੋਜ਼ ਹੀ ਪੀਣਾ ਪਿਆ, ਫਿਰ ਸਿਤਮ ਤਾਂ ਇਹ ਇਸ ਹਾਲ ਵਿੱਚ ਜੀਣਾ ਪਿਆ', ਸੁਣਾਈ। ਇਸ ਗਜ਼ਲ ਨੂੰ ਕਾਫੀ ਦਾਦ ਮਿਲੀ। ਇਸ ਤੋਂ ਬਾਅਦ ਰਾਮਪੁਰ ਤੋਂ ਆਏ ਅਮਰਿੰਦਰ ਸੋਹਲ ਨੇ ਆਪਣੀ ਗ਼ਜ਼ਲ ਸਲਾਮਤ ਰਹਿਣ ਦੁਸ਼ਮਣ ਮੇਰੇ ਨਵੀਆਂ ਹੀ ਪਰਤਾਂ ਫਰੋਲਦੇ ਨੇ, ਮੇਰੇ ਬਾਰੇ ਕਦੇ ਕੁਝ ਬੋਲਦੇ ਨੇ, ਕਦੇ ਕੁਝ ਬੋਲਦੇ ਨੇ, ਸੁਣਾਈ। ਇਸ ਗ਼ਜ਼ਲ ਨੂੰ ਵਾਹਵਾ ਦਾਦ ਮਿਲੀ। ਫਿਰ ਮਲਕੀਤ ਸਿੰਘ ਨੇ ਗ਼ਜ਼ਲ 'ਮਹਿਕ ਤੇਰੀ ਹੋਂਦ ਨੇ ਐਸੀ ਖਿੰਡਾਈ ਰਾਤ ਭਰ, ਫਿਰ ਜ਼ਮਾਨੇ ਦੀ ਖ਼ਬਰ ਨਾ ਨੀਂਦ ਆਈ ਰਾਤ ਭਰ, ਸੁਣਾਈ।ਜਿਸ ਨੂੰ ਕਾਫੀ ਦਾਦ ਮਿਲੀ। ਇਸ ਉਪਰੰਤ ਸ਼ਾਇਰ ਨਿਰੰਜਨ ਸੂਖਮ ਨੇ ਆਪਣੀ ਗ਼ਜ਼ਲ 'ਜ਼ਰਾ ਵੀ ਉਫ਼ ਨਹੀਂ ਕਰਦੇ ਬਿਮਾਰੀ ਹੈ ਬਿਮਾਰਾਂ ਨੂੰ, ਨਿਵਾ ਕੇ ਸਿਰ ਜਰੀ ਜਾਂਦੇ ਇਹ ਦੁੱਖਾਂ ਨੂੰ ਵੀ ਭੁੱਖਾਂ ਨੂੰ', ਸੁਣਾਈ। ਇਸ ਗ਼ਜ਼ਲ ਨੂੰ ਬਹੁਤ ਦਾਦ ਮਿਲੀ। ਅੰਤ ਵਿੱਚ ਸ਼ਾਇਰ ਐਸ ਨਸੀਮ ਨੇ ਆਪਣੀ ਗ਼ਜ਼ਲ, 'ਗੁਲਸ਼ਨ ਵੀ ਗਏ ਸਹਿਰਾ ਵੀ ਮਗਰ ਦਿਲ ਹੈ ਕਿ ਕਿਤੇ ਟਿਕਦਾ ਹੀ ਨਹੀਂ ਗੁਲਸ਼ਨ ਨਹੀ ਤਨਹਾਈ ਕਿਤੇ ਸਹਿਰਾ ਚ ਕਿਤੇ ਸਾਇਆ ਵੀ ਨਹੀਂ ਸੁਣਾਈ ਇਸ ਗ਼ਜ਼ਲ ਨੂੰ ਭਰਪੂਰ ਦਾਦ ਮਿਲੀ।



ਪੜ੍ਹੀਆਂ ਗਈਆਂ ਸਾਰੀਆਂ ਰਚਨਾਵਾਂ ਤੇ ਉਸਾਰੂ ਬਹਿਸ ਵਿੱਚ ਹਾਜ਼ਰ ਸਹਿਤਕਾਰਾਂ ਤੋਂ ਇਲਾਵਾ ਗੁਰਭਗਤ ਸਿੰਘ ਗਿੱਲ,ਐਸ ਨਸੀਮ, ਨਿਰੰਜਨ ਸੂਖਮ, ਬਲਜਿੰਦਰ ਸਿੰਘ ਮੋਹਨ ਲਾਲ ਰਾਹੀ, ਹਰਨਾਮ ਸਿੰਘ ਡੱਲਾ ਅਤੇ ਨਿਰਵੈਰ ਕੌਰ ਨੇ ਭਾਗ ਲਿਆ।ਇਸ ਇਕੱਤਰਤਾ ਦਾ ਸੰਚਾਲਨ ਸਭਾ ਦੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਬਾਖ਼ੂਬੀ ਨਿਭਾਇਆ।ਅੰਤ ਵਿੱਚ ਪ੍ਰਧਾਨ ਐਸ. ਨਸੀਮ ਨੇ ਆਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ।

# ਸੀ.ਐੱਚ.ਸੀ.ਟੀਮ ਮਾਛੀਵਾੜਾ ਵੱਲੋਂ ਵਿਸ਼ਵ ਹੈਪੇਟਾਈਟਸ ਦਿਵਸ ਮੌਕੇ ਜਾਗਰੂਕਤਾ

**ਮਾਛੀਵਾੜਾ ਸਾਹਿਬ, 1 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਲੁਧਿਆਣਾ ਡਾ. ਰਮਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਲਖਵਿੰਦਰ ਸਿੰਘ ਦੀ ਅਗਵਾਈ ਵਿਚ ਸੀ. ਐਚ. ਸੀ. ਮਾਛੀਵਾੜਾ ਸਾਹਿਬ ਵਿਖੇ ਵਿਸ਼ਵ ਹੈਪੇਟਾਈਟਸ ਦਿਵਸ ਸਬੰਧੀ ਜਾਗਰੂਕਤਾ ਦਿੱਤੀ ਗਈ ।

ਐਸ. ਐਮ. ਓ. ਡਾ. ਲਖਵਿੰਦਰ ਸਿੰਘ ਨੇ ਕਿਹਾ ਕਿ ਜਿਗਰ ਸਬੰਧੀ ਕਿਸੇ ਵੀ ਰੋਗ ਦਾ ਲੱਛਣ ਦਿਖਣ ਨੂੰ ਹਲਕੇ ਵਿਚ ਨਹੀਂ ਲੈਣਾ ਚਾਹੀਦਾ ਅਤੇ ਹਮੇਸ਼ਾਂ ਸਾਫ਼ ਅਤੇ ਸਵੱਸ਼ ਪਾਣੀ ਭੋਜਨ ਦਾ ਹੀ ਸੇਵਨ ਕਰਨਾ ਚਾਹੀਦਾ ਹੈ ਅਤੇ ਸਾਂਝੀਆਂ ਸੂਈਆਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ ।



ਪਰਦੀਪ ਸਿੰਘ ਬਲਾਕ ਐਜੂਕੇਟਰ ਨੇ ਦੱਸਿਆ ਕਿ ਜਿਗਰ ਦੀਆਂ ਬਿਮਾਰੀਆਂ ਦੀ ਜਾਂਚ ਅਤੇ ਇਲਾਜ ਸਰਕਾਰੀ ਹਸਪਤਾਲਾਂ ਵਿਚ ਮੁਫ਼ਤ ਕੀਤਾ ਜਾਂਦਾ ਹੈ।

ਇਸ ਮੌਕੇ ਕੁਲਬੀਰ ਕੌਰ ਐਲ. ਐਚ. ਵੀ. ਅਤੇ ਸਰਬਜੀਤ ਸਿੰਘ ਬੀ. ਐਸ. ਏ. ਤੋਂ ਇਲਾਵਾ ਤੋਂ ਸਮੂਹ ਸਟਾਫ਼ ਮੈਂਬਰ ਅਤੇ ਪਤਵੰਤੇ ਹਾਜ਼ਰ ਸਨ।

# ਅਸਾਮ 'ਚ ਹੜ੍ਹ ਦਾ ਕਹਿਰ ਜਾਰੀ: ਮੌਤਾਂ ਦੀ ਗਿਣਤੀ 78 ਤੱਕ ਪੁੱਜੀ, 7 ਜ਼ਿਲ੍ਹਿਆਂ ਦੇ 3 ਲੱਖ ਲੋਕ ਹਾਲੇ ਵੀ ਪ੍ਰਭਾਵਿਤ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 1 ਅਗਸਤ। ਅਸਾਮ ਵਿੱਚ ਬੁੱਧਵਾਰ ਨੂੰ ਹੜ੍ਹ ਕਾਰਨ 3 ਹੋਰ ਲੋਕਾਂ ਦੀ ਮੌਤ ਹੋ ਗਈ, ਜਿਸ ਨਾਲ ਆਫ਼ਤ ਕਾਰਨ ਰਾਜ ਵਿਚ ਜਾਨ ਗੁਆਉਣ ਵਾਲਿਆਂ ਦੀ ਗਿਣਤੀ 78 ਤੱਕ ਪੁੱਜ ਗਈ ਹੈ। ਇੱਕ ਅਧਿਕਾਰਤ ਬੁਲੇਟਿਨ ਨੇ ਇਹ ਜਾਣਕਾਰੀ ਦਿੱਤੀ। ਬੁਲੇਟਿਨ ਅਨੁਸਾਰ, ਅਸਾਮ ਦੇ ਸੱਤ ਜ਼ਿਲ੍ਹਿਆਂ ਵਿੱਚ ਲਗਭਗ ਤਿੰਨ ਲੱਖ ਲੋਕ ਹੜ੍ਹਾਂ ਤੋਂ ਪ੍ਰਭਾਵਿਤ ਹਨ। ਭਾਰਤ ਮੌਸਮ ਵਿਭਾਗ ਨੇ ਅਗਲੇ ਤਿੰਨ ਦਿਨਾਂ ਦੌਰਾਨ ਰਾਜ ਦੇ ਕੁਝ ਹਿੱਸਿਆਂ ਦੇ ਨਾਲ-ਨਾਲ ਗੁਆਂਢੀ ਅਰੁਣਾਚਲ ਪ੍ਰਦੇਸ਼ ਅਤੇ ਨਾਗਾਲੈਂਡ ਵਿੱਚ ਵੀ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਦੇ ਨਾਲ-ਨਾਲ ਗਰਜ ਨਾਲ ਮੀਂਹ ਪੈਣ ਦੀ ਭਵਿੱਖਬਾਣੀ ਕੀਤੀ ਹੈ। ਅਸਾਮ ਰਾਜ ਆਫ਼ਤ ਪ੍ਰਬੰਧਨ ਅਥਾਰਟੀ ਦੇ ਅਧਿਕਾਰਤ ਬੁਲੇਟਿਨ ਵਿੱਚ ਪਿਛਲੇ 24 ਘੰਟਿਆਂ ਵਿੱਚ ਤਿੰਨ ਮੌਤਾਂ ਦੀ ਰਿਪੋਰਟ ਕੀਤੀ ਗਈ ਹੈ, ਸ਼ਿਵਸਾਗਰ ਜ਼ਿਲ੍ਹੇ ਵਿੱਚ ਦੋ ਅਤੇ ਗੋਲਾਘਾਟ ਵਿੱਚ ਇੱਕ। ਇਸ ਨਾਲ ਹੜ੍ਹਾਂ ਨਾਲ ਕੁੱਲ ਮੌਤਾਂ ਦੀ ਗਿਣਤੀ 78 ਹੋ ਗਈ ਹੈ। ਸੱਤ ਜ਼ਿਲ੍ਹੇ - ਸ਼ਿਵਸਾਗਰ, ਚਰਾਈਦੇਵ, ਗੋਲਾਘਾਟ, ਜੋਰਹਾਟ, ਨਾਗਾਓਂ, ਵਿਸ਼ਵਨਾਥ



ਅਤੇ ਕਾਮਰੂਪ ਮੈਟਰੋਪੋਲੀਟਨ ਪ੍ਰਭਾਵਿਤ ਹਨ, 551 ਪਿੰਡ ਉਨ੍ਹਾਂ ਦੀ ਲਪੇਟ ਵਿੱਚ ਹਨ। ਰਾਜ ਵਿੱਚ ਕੁੱਲ 3,00,031 ਲੋਕ ਹੜ੍ਹਾਂ ਤੋਂ ਪ੍ਰਭਾਵਿਤ ਹੋਏ ਹਨ। ਚਰਾਈਦੇਵ ਸਭ ਤੋਂ ਵੱਧ ਪ੍ਰਭਾਵਿਤ ਜ਼ਿਲ੍ਹਾ ਹੈ, ਜਿੱਥੇ 1,37,561 ਲੋਕ ਪ੍ਰਭਾਵਿਤ ਹੋਏ ਹਨ। ਸ਼ਿਵਸਾਗਰ ਵਿੱਚ 84,600 ਲੋਕ ਪ੍ਰਭਾਵਿਤ ਹੋਏ ਹਨ ਅਤੇ ਜੋਰਹਾਟ ਵਿੱਚ 49,911 ਲੋਕ ਹਨ। ਮੰਗਲਵਾਰ ਨੂੰ 6 ਜ਼ਿਲ੍ਹਿਆਂ ਵਿੱਚ 3.32 ਲੱਖ ਲੋਕ ਹੜ੍ਹਾਂ ਤੋਂ ਪ੍ਰਭਾਵਿਤ ਹੋਏ ਸਨ। ਹੜ੍ਹਾਂ ਤੋਂ ਬੇਘਰ ਹੋਏ 16,500 ਤੋਂ ਵੱਧ ਲੋਕਾਂ ਨੇ 71 ਰਾਹਤ ਕੈਂਪਾਂ ਵਿੱਚ ਪਨਾਹ ਲਈ ਹੈ। ਇਸ ਤੋਂ ਇਲਾਵਾ 30 ਰਾਹਤ ਵੰਡ ਕੇਂਦਰਾਂ ਰਾਹੀਂ 72,000 ਤੋਂ ਵੱਧ ਲੋਕਾਂ ਨੂੰ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਡਾਕਟਰਾਂ ਅਤੇ ਪਸ਼ੂਆਂ ਦੇ ਡਾਕਟਰਾਂ ਦੀਆਂ ਟੀਮਾਂ ਸਮੇਤ ਵੱਖ-ਵੱਖ ਏਜੰਸੀਆਂ ਪ੍ਰਭਾਵਿਤ ਖੇਤਰਾਂ ਵਿੱਚ ਬਚਾਅ ਕਾਰਜਾਂ ਵਿੱਚ ਲੱਗੀਆਂ ਹੋਈਆਂ ਹਨ। ਹੜ੍ਹਾਂ ਦੇ ਪਾਣੀ ਨੇ 21,523.08 ਹੈਕਟੇਅਰ ਖੇਤੀਬਾੜੀ ਜ਼ਮੀਨ ਨੂੰ ਡੁੱਬਾ ਦਿੱਤਾ ਹੈ। 11,000 ਤੋਂ ਵੱਧ ਪਸ਼ੂ ਵਹਿ ਗਏ ਹਨ, ਜਦੋਂਕਿ 17,000 ਹੋਰ ਪ੍ਰਭਾਵਿਤ ਹੋਏ ਹਨ। ASDMA ਬੁਲੇਟਿਨ ਵਿੱਚ ਵੱਖ-ਵੱਖ ਥਾਵਾਂ 'ਤੇ ਵੱਖ-ਵੱਖ ਬੁਨਿਆਦੀ ਢਾਂਚੇ ਨੂੰ ਨੁਕਸਾਨ ਹੋਣ ਦੀ ਵੀ ਰਿਪੋਰਟ ਦਿੱਤੀ ਗਈ ਹੈ ਜਿਸ ਵਿੱਚ ਬੰਨ੍ਹ, ਘਰ, ਸੜਕਾਂ, ਸਕੂਲ ਅਤੇ ਹੋਰ ਜਨਤਕ ਸੰਪਤੀਆਂ ਸ਼ਾਮਲ ਹਨ। ਇਸ ਦੌਰਾਨ IMD ਨੇ 1 ਅਗਸਤ ਤੋਂ 1 ਅਗਸਤ ਤੱਕ ਅਸਾਮ ਅਤੇ ਅਰੁਣਾਚਲ ਪ੍ਰਦੇਸ਼ ਦੇ ਦੂਰ-ਦੁਰਾਡੇ ਇਲਾਕਿਆਂ ਵਿੱਚ ਤੇਜ਼ ਹਵਾਵਾਂ ਦੇ ਨਾਲ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਦੀ ਭਵਿੱਖਬਾਣੀ ਕੀਤੀ ਹੈ। ਇਸਦਾ ਅਸਰ ਅਸਾਮ ਦੇ ਤਿਨਸੁਕੀਆ, ਧੇਮਾਜੀ ਅਤੇ ਲਖੀਮਪੁਰ ਜ਼ਿਲ੍ਹਿਆਂ 'ਤੇ ਪੈ ਸਕਦਾ ਹੈ। ਤਿਨਸੁਕੀਆ ਜ਼ਿਲ੍ਹੇ ਲਈ 'ਔਰੇਂਜ ਅਲਰਟ' ਜਾਰੀ ਕੀਤਾ ਗਿਆ ਹੈ ਅਤੇ ਲੋਕਾਂ ਨੂੰ ਸੁਚੇਤ ਰਹਿਣ ਦੀ ਸਲਾਹ ਦਿੱਤੀ ਗਈ ਹੈ। ਇਸ ਤੋਂ ਇਲਾਵਾ ਨਾਗਾਲੈਂਡ ਦੇ ਮੋਨ, ਮੋਕੋਕਚੁੰਗ ਅਤੇ ਵੋਖਾ ਜ਼ਿਲ੍ਹਿਆਂ ਲਈ 'ਔਰੇਂਜ ਅਲਰਟ' ਜਾਰੀ ਕੀਤਾ ਗਿਆ ਹੈ, ਜੋ ਅਸਾਮ ਦੇ ਚਰਾਈਦੇਵ, ਸ਼ਿਵਸਾਗਰ, ਜੋਰਹਾਟ ਅਤੇ ਗੋਲਾਘਾਟ ਜ਼ਿਲ੍ਹਿਆਂ ਨੂੰ ਵੀ ਪ੍ਰਭਾਵਿਤ ਕਰ ਸਕਦਾ ਹੈ।

# ਪੰਜਾਬ 'ਚ ਬਿਜਲੀ ਖ਼ਪਤਕਾਰਾਂ ਲਈ ਅਹਿਮ ਖ਼ਬਰ ! ਝੱਲਣੀ ਪਵੇਗੀ ਵੱਡੀ ਮੁਸੀਬਤ

ਜਲੰਧਰ 1 ਅਗਸਤ। ਪੀ. ਐੱਸ. ਈ. ਬੀ. ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਕਰਮਚਾਰੀ ਏਕਤਾ ਮੰਚ, ਜੇ. ਈ. ਕੌਂਸਲ, ਗਰਿੱਡ ਸਬ-ਸਟੇਸ਼ਨ ਯੂਨੀਅਨ, ਪਾਵਰਕਾਮ ਐਂਡ ਟ?ਰਾਂਸਕੋ ਯੂਨੀਅਨ (ਏਟਕ) ਅਤੇ ਪੈਨਸ਼ਨਰਜ਼ ਵੈੱਲਫੇਅਰ ਫੈੱਡਰੇਸ਼ਨ ਸਮੇਤ ਵੱਖ-ਵੱਖ ਕਰਮਚਾਰੀ ਸੰਗਠਨਾਂ ਵੱਲੋਂ ਚੱਲ ਰਹੀ ਹੜਤਾਲ ਚੌਥੇ ਦਿਨ ਵੀ ਜਾਰੀ ਰਹੀ। ਇਸ ਦੌਰਾਨ ਯੂਨੀਅਨਾਂ ਨੇ ਅੰਦੋਲਨ ਨੂੰ ਹੋਰ ਤੇਜ਼ ਕਰਦੇ ਹੜਤਾਲ ਨੂੰ 2 ਦਿਨਾਂ ਲਈ ਹੋਰ ਵਧਾਉਣ ਦਾ ਐਲਾਨ ਕਰ ਦਿੱਤਾ ਹੈ। ਹੜਤਾਲ ਅੱਗੇ ਵਧਣ ਨਾਲ ਪਾਵਰਕਾਮ ਮੈਨੇਜਮੈਂਟ ਦੀਆਂ ਮੁਸ਼ਕਿਲਾਂ ਹੋਰ ਵਧ ਗਈਆਂ ਹਨ ਅਤੇ ਵਿਭਾਗ ਨੂੰ ਬਿਜਲੀ ਵਿਵਸਥਾ ਸੁਚਾਰੂ ਬਣਾਈ ਰੱਖਣ ਲਈ ਬਦਲਵੇਂ ਪ੍ਰਬੰਧਾਂ 'ਤੇ ਨਿਰਭਰ ਰਹਿਣਾ ਪੈ ਰਿਹਾ ਹੈ। ਚੌਥੇ ਦਿਨ ਵੀ ਸ਼ਹਿਰ ਦੇ ਵੱਖ-ਵੱਖ ਦਫ਼ਤਰਾਂ ਵਿਚ ਕਰਮਚਾਰੀਆਂ ਨੇ ਵਿਭਾਗੀ ਮੈਨੇਜਮੈਂਟ ਅਤੇ ਸਰਕਾਰ ਖ਼?ਲਾਫ਼ ਰੋਸ ਪ੍ਰਦਰਸ਼ਨ ਕੀਤਾ। ਕਰਮਚਾਰੀਆਂ ਨੇ ਨਾਅਰੇਬਾਜ਼ੀ ਕਰਦਿਆਂ ਦੋਸ਼ ਲਾਇਆ ਕਿ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਦੇ ਹੱਲ ਨੂੰ ਲੈ ਕੇ ਕਈ ਗੇੜਾਂ ਦੀਆਂ ਮੀਟਿੰਗਾਂ ਅਤੇ ਭਰੋਸਿਆਂ ਦੇ ਬਾਵਜੂਦ ਕੋਈ ਠੋਸ ਫ਼ੈਸਲਾ ਨਹੀਂ ਲਿਆ ਗਿਆ। ਇਸੇ ਕਾਰਨ ਕਰਮਚਾਰੀਆਂ ਨੂੰ ਆਪਣਾ ਸੰਘਰਸ਼ ਜਾਰੀ ਰੱਖਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਯੂਨੀਅਨ ਆਗੂਆਂ ਨੇ ਕਿਹਾ ਕਿ ਕਰਮਚਾਰੀਆਂ ਦੀਆਂ ਮੰਗਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਕਈ ਵਾਰ ਗੱਲਬਾਤ ਹੋਣ ਦੇ ਬਾਵਜੂਦ ਸਿਰਫ਼ ਭਰੋਸੇ ਹੀ ਮਿਲੇ ਹਨ, ਜਦਕਿ ਧਰਾਤਲ 'ਤੇ ਕੋਈ ਕਾਰਵਾਈ ਨਹੀਂ ਹੋਈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਅਤੇ ਮੈਨੇਜਮੈਂਟ ਨੇ ਜਲਦ ਹਾਂ-ਪੱਖੀ ਫ਼ੈਸਲਾ ਨਾ ਲਿਆ ਤਾਂ ਅੰਦੋਲਨ ਨੂੰ ਹੋਰ ਵਿਆਪਕ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਵਿਭਾਗੀ ਪ੍ਰਬੰਧਕਾਂ ਦੀ ਹੋਵੇਗੀ। ਯੂਨੀਅਨਾਂ ਨੇ ਐਲਾਨ ਕੀਤਾ ਕਿ ਹੁਣ ਅੰਦੋਲਨ ਨੂੰ ਅਗਲੇ ਪੜਾਅ ਵਿਚ ਹੋਰ ਤੇਜ਼ ਕੀਤਾ ਜਾਵੇਗਾ।

## ਸ.ਫਾਈ ਸੇਵਕ ਯੂਨੀਅਨ ਵੱਲੋਂ ਦਿੱਤੇ ਬੰਦ ਦੇ ਸੱਦੇ ਨੂੰ ਅਕਾਲੀ ਦਲ ਦਾ ਪੂਰਨ ਸਮਰਥਨ: ਦੀਵਾਨਾ

ਬਰਨਾਲਾ 1 ਅਗਸਤ। ਸਫ਼ਾਈ ਸੇਵਕ ਯੂਨੀਅਨ ਪੰਜਾਬ ਅਤੇ ਬਰਨਾਲਾ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਦਿੱਤੇ ਗਏ ਬੰਦ ਦੇ ਸੱਦੇ ਨੂੰ ਸ਼੍ਰੋਮਣੀ ਅਕਾਲੀ ਦਲ ਨੇ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਬਰਨਾਲਾ ਪ੍ਰਧਾਨ ਯਾਦਵਿੰਦਰ ਸਿੰਘ ਬਿੱਟੂ ਦੀਵਾਨਾ ਨੇ ਦੱਸਿਆ ਕਿ ਸਫ਼ਾਈ ਸੇਵਕਾਂ ਦੀਆਂ ਜਾਇਜ਼ ਮੰਗਾਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹਨ, ਪਰ ਸਰਕਾਰ ਵੱਲੋਂ ਇਹਨਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਹਾ। ਉਨ੍ਹਾਂ ਨੇ ਆਖਿਆ ਕਿ ਸਫ਼ਾਈ ਕਰਮਚਾਰੀ ਸ਼ਹਿਰਾਂ ਅਤੇ ਕਸਬਿਆਂ ਨੂੰ ਸਾਫ਼-ਸੁਥਰਾ ਰੱਖਣ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ, ਪਰ ਇਸ ਦੇ ਬਾਵਜੂਦ ਉਹਨਾਂ ਦੇ ਹੱਕਾਂ ਦੀ ਅਣਦੇਖੀ ਕੀਤੀ ਜਾ ਰਹੀ ਹੈ। ਅਕਾਲੀ ਦਲ ਹਮੇਸ਼ਾ ਹੀ ਮਿਹਨਤਕਸ਼ ਅਤੇ ਸਮਾਜ ਦੇ ਹਰ ਵਰਗ ਦੇ ਨਾਲ ਚੱਟਾਨ ਵਾਂਗ ਖੜ੍ਹਾ ਰਿਹਾ ਹੈ, ਇਸੇ ਲਈ ਪਾਰਟੀ ਸਫ਼ਾਈ ਸੇਵਕਾਂ ਦੇ ਇਸ ਸੰਘਰਸ਼ ਵਿੱਚ ਉਹਨਾਂ ਦੇ ਨਾਲ ਹੈ। ਉਹਨਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਫ਼ਾਈ ਸੇਵਕਾਂ ਦੀਆਂ ਲਟਕਦੀਆਂ ਮੰਗਾਂ ਨੂੰ ਬਿਨਾਂ ਕਿਸੇ ਦੇਰੀ ਤੋਂ ਤੁਰੰਤ ਮੰਨਿਆ ਜਾਵੇ ਤਾਂ ਜੋ ਆਮ ਜਨਤਾ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

# ਪੰਜਾਬ 'ਚ ਪਵੇਗਾ ਮੀਂਹ, 2 ਦਿਨਾਂ ਲਈ ਇਨ੍ਹਾਂ ਜ਼ਿਲ੍ਹਿਆਂ 'ਚ ਯੈਲੋ ਅਲਰਟ ਜਾਰੀ

ਜਲੰਧਰ 1 ਅਗਸਤ। ਅੱਜ ਸੂਬੇ ਦੇ ਕਈ ਇਲਾਕਿਆਂ 'ਚ ਮੋਹਲੇਧਾਰ ਮੀਂਹ ਪੈਣ ਨਾਲ ਮੌਸਮ ਸੁਹਾਵਣਾ ਹੋ ਗਿਆ ਹੈ। ਤੇਜ਼ ਗਰਮੀ ਤੋਂ ਪ੍ਰੇਸ਼ਾਨ ਲੋਕਾਂ ਨੂੰ ਠੰਡੀਆਂ ਹਵਾਵਾਂ ਨਾਲ ਤੁਰੰਤ ਰਾਹਤ ਮਿਲੀ ਹੈ। ਕਈ ਥਾਵਾਂ 'ਤੇ ਤਾਪਮਾਨ 'ਚ ਕਾਫ਼ੀ ਗਿਰਾਵਟ ਦਰਜ ਕੀਤੀ ਗਈ ਹੈ, ਜਿਸ ਕਾਰਨ ਲੋਕਾਂ ਨੇ ਗਰਮੀ ਤੋਂ ਬਾਅਦ ਸੁਹਾਵਣੇ ਮੌਸਮ ਦਾ ਆਨੰਦ ਮਾਣਿਆ। ਮੌਸਮ ਵਿਭਾਗ ਮੁਤਾਬਕ ਅਗਲੇ 24 ਘੰਟੇ ਮੌਸਮ ਇਸੇ ਤਰ੍ਹਾਂ ਖ਼ੁਸ਼ਗਵਾਰ ਰਹਿਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਨੇ ਪੰਜਾਬ ਦੇ ਕਈ ਜ਼ਿਲ੍ਹਿਆਂ ਲਈ ਅੱਜ ਤੇ ਕੱਲ੍ਹ ਯੈਲੋ ਅਲਰਟ ਜਾਰੀ ਕੀਤਾ ਹੈ। ਵਿਭਾਗ ਮੁਤਾਬਕ ਇਨ੍ਹਾਂ ਦੋ ਦਿਨਾਂ ਦੌਰਾਨ ਤੇਜ਼ ਹਨ੍ਹੇਰੀ, ਬਿਜਲੀ ਚਮਕਣ ਅਤੇ 40-50 ਕਿਲੋਮੀਟਰ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਮੁਤਾਬਕ ਅੱਜ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜਲੰਧਰ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ, ਐਸਏਐਸ ਨਗਰ, ਫਤਿਹਗੜ੍ਹ ਸਾਹਿਬ ਅਤੇ ਫਾਜ਼ਿਲਕਾ 'ਚ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਇਨ੍ਹਾਂ ਇਲਾਕਿਆਂ 'ਚ ਹਨ੍ਹੇਰੀ ਦੇ ਨਾਲ ਮੀਂਹ ਪੈਣ ਦੀ ਸੰਭਾਵਨਾ ਹੈ। ਇਸ ਤਰ੍ਹਾਂ 27 ਨੂੰ ਕੁਝ ਹੱਦ ਤੱਕ ਮੌਸਮ ਸਾਫ਼ ਰਹਿਣ ਦੇ ਆਸਾਰ ਹਨ। 28 ਅਤੇ 29 ਜੂਨ ਨੂੰ ਸਿਰਫ਼ ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ ਅਤੇ ਐਸਏਐਸ ਨਗਰ ਦੇ ਕੁਝ ਹਿੱਸਿਆਂ 'ਚ ਮੀਂਹ ਤੇ ਹਨ੍ਹੇਰੀ ਦੇ ਹਲਕੇ ਆਸਾਰ ਹਨ। ਮੌਸਮ ਵਿਭਾਗ ਮੁਤਾਬਕ 25 ਤੋਂ 30 ਜੂਨ ਦੇ ਵਿਚਕਾਰ ਕਿਸੇ ਵੀ ਸਮੇਂ ਮੌਨਸੂਨ ਦੇ ਆਉਣ ਦੀ ਉਮੀਦ ਹੈ। ਵੱਡੇ ਸ਼ਹਿਰਾਂ ਵਿੱਚੋਂ ਮਾਨਸੂਨ ਪਹਿਲਾਂ ਅੰਮ੍ਰਿਤਸਰ ਅਤੇ ਅਖੀਰ ਵਿੱਚ ਬਠਿੰਡਾ ਪਹੁੰਚੇਗਾ। ਚੰਡੀਗੜ੍ਹ ਵਿਚ 27 ਤੋਂ 30 ਜੂਨ ਦੇ ਵਿਚਕਾਰ ਮਾਨਸੂਨ ਦੀ ਐਂਟਰੀ ਹੋਵੇਗੀ। ਪੰਜਾਬ ਅਤੇ ਗੁਆਂਢੀ ਖੇਤਰਾਂ ਨੂੰ ਪ੍ਰਭਾਵਿਤ ਕਰਨ ਵਾਲਾ ਪੱਛਮੀ ਗੜਬੜ ਪੂਰਬ ਵੱਲ ਵਧਿਆ ਹੈ, ਉੱਤਰ-ਪੱਛਮ ਉੱਤਰ ਪ੍ਰਦੇਸ਼ ਅਤੇ ਨਾਲ ਲੱਗਦੇ ਖੇਤਰਾਂ ਤੱਕ ਪਹੁੰਚ ਗਿਆ ਹੈ। ਇਸ ਦੌਰਾਨ, ਪਹਿਲਾਂ ਹਰਿਆਣਾ ਉੱਤੇ ਚੱਕਰਵਾਤੀ ਸਰਕੂਲੇਸ਼ਨ ਹੁਣ ਰਾਜ ਦੇ ਉੱਤਰੀ ਹਿੱਸੇ ਉੱਤੇ ਸਰਗਰਮ ਹੈ। ਇਨ੍ਹਾਂ ਮੌਸਮ ਪ੍ਰਣਾਲੀਆਂ ਦੇ ਪ੍ਰਭਾਵ ਹੇਠ, ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਗਰਜ, ਤੇਜ਼ ਹਵਾਵਾਂ ਅਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋ ਸਕਦੀ ਹੈ।

## .ਫਰੀਦਕੋਟ ਪੇਪਰ ਲੀਕ ਵਿਵਾਦ: ਰਜਿਸਟਰਾਰ ਤੋਂ ਬਾਅਦ ਸੁਪਰਡੈਂਟ ਨੀਤੂ ਕੁੱਕੜ ਵੀ ਬਦਲੇ

ਫ਼ਰੀਦਕੋਟ 1 ਅਗਸਤ। ਫ਼ਰੀਦਕੋਟ ਵਿਚ ਪਿਛਲੇ ਦਿਨੀਂ ਫਾਰਮੇਸੀ ਅਫ਼ਸਰ ਭਰਤੀ ਪ੍ਰੀਖਿਆ ਦੇ ਪੇਪਰ ਲੀਕ 'ਤੇ ਨਕਲ ਮਾਮਲੇ 'ਚ ਪੈਦਾ ਹੋਏ ਵਿਵਾਦ ਤੋਂ ਬਾਅਦ ਪੰਜਾਬ ਸਰਕਾਰ ਨੇ ਇੱਕ ਹੋਰ ਵੱਡੀ ਕਾਰਵਾਈ ਕੀਤੀ ਹੈ। ਪਿਛਲੇ ਦਿਨੀਂ ਬਾਬਾ ਫਰੀਦ ਯੂਨੀਵਰਸਿਟੀ ਦੇ ਰਜਿਸਟਰਾਰ ਦੀ ਬਦਲੀ ਤੋਂ ਬਾਅਦ ਹੁਣ ਸਰਕਾਰ ਨੇ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਦੀ ਮੈਡੀਕਲ ਸੁਪਰਡੈਂਟ ਡਾ. ਨੀਤੂ ਕੁੱਕੜ ਨੂੰ ਵੀ ਅਹੁਦੇ ਤੋਂ ਹਟਾ ਦਿੱਤਾ ਹੈ। ਜ਼ਿਕਰਯੋਗ ਹੈ ਕਿ ਡਾ. ਨੀਤੂ ਕੁੱਕੜ ਮੈਡੀਕਲ ਸੁਪਰਡੈਂਟ ਦੇ ਨਾਲ-ਨਾਲ ਯੂਨੀਵਰਸਿਟੀ ਹਸਪਤਾਲ ਦੇ ਕਈ ਹੋਰ ਮਹੱਤਵਪੂਰਨ ਅਹੁਦਿਆਂ 'ਤੇ ਵੀ ਤਾਇਨਾਤ ਸਨ। ਸਰਕਾਰ ਵਲੋਂ ਲਏ ਗਏ ਇਸ ਤਾਜ਼ਾ ਫੈਸਲੇ ਤੋਂ ਬਾਅਦ ਹੁਣ ਡਾਕਟਰ ਅਮਰਵੀਰ ਸਿੰਘ ਬੌਪਰਾਏ ਨੂੰ ਨਵਾਂ ਗੁਰੂ ਗੋਬਿੰਦ ਸਿੰਘ ਮੈਡੀਕਲ ਸੁਪਰਡੈਂਟ ਨਿਯੁਕਤ ਕੀਤਾ ਗਿਆ ਹੈ। ਜੋਂ ਪਹਿਲਾਂ ਚਮੜੀ ਦੀ ਬੀਮਾਰੀਆਂ ਦੇ ਸਪੈਸਲਿਸਟ ਮੈਡੀਕਲ ਹਸਪਤਾਲ ਵਿੱਚ ਹੀ ਸੇਵਾਵਾਂ ਨਿਭਾ ਰਹੇ ਸਨ ਜਿਨ੍ਹਾਂ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਨੇ ਮੈਡੀਕਲ ਸੁਪਰਡੈਂਟ ਲਗਾਇਆ ਹੈ ਉਨ੍ਹਾਂ ਨੇ ਅੱਜ ਡਾ. ਅਮਰਵੀਰ ਸਿੰਘ ਨੇ ਤੁਰੰਤ ਆਪਣਾ ਚਾਰਜ ਸੰਭਾਲ ਕੇ ਕੰਮਕਾਜ ਸ਼ੁਰੂ ਕਰ ਦਿੱਤਾ ਹੈ। ਪੇਪਰ ਲੀਕ ਮਾਮਲੇ ਤੋਂ ਬਾਅਦ ਲਗਾਤਾਰ ਹੋ ਰਹੀਆਂ ਇਨ੍ਹਾਂ ਬਦਲੀਆਂ ਨਾਲ ਪ੍ਰਸ਼ਾਸਨਿਕ ਫੇਰਬਦਲ ਤੇਜ਼ ਹੋ ਗਿਆ ਹੈ।

# ਕੈਂਸਰ ਵਿਰੁੱਧ ਵੱਡੀ ਮੁਹਿੰਮ: 9 ਤੋਂ 15 ਸਾਲ ਦੀਆਂ ਬੱਚੀਆਂ ਲਈ ਮੁ.ਫਤ ਐਚਪੀਵੀ ਟੀਕਾਕਰਨ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 1 ਅਗਸਤ। ਦਿੱਲੀ ਸਟੇਟ ਕੈਂਸਰ ਇੰਸਟੀਚਿਊਟ ਵੱਲੋਂ ਕੈਂਸਰ ਪ੍ਰਤੀ ਜਾਗਰੂਕਤਾ ਫੈਲਾਉਣ ਅਤੇ ਇਸ ਦੀ ਰੋਕਥਾਮ ਲਈ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਭਾਰਤ ਮੰਡਪਮ ਵਿੱਚ 25 ਤੋਂ 27 ਜੁਲਾਈ ਤੱਕ ਚੱਲੇ ਇਸ ਤਿੰਨ ਦਿਨਾਂ 'ਕੈਂਸਰ ਜਾਗਰੂਕਤਾ, ਰੋਕਥਾਮ ਅਤੇ ਸਕ੍ਰੀਨਿੰਗ' ਪ੍ਰੋਗਰਾਮ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਕੈਂਸਰ ਪ੍ਰਤੀ ਸੁਚੇਤ ਕਰਨਾ ਅਤੇ ਮੁਫ਼ਤ ਜਾਂਚ ਸਹੂਲਤਾਂ ਪ੍ਰਦਾਨ ਕਰਨਾ ਸੀ। ਇਸ ਪ੍ਰੋਗਰਾਮ ਦਾ ਮੁੱਖ ਆਕਰਸ਼ਣ 9 ਤੋਂ 15 ਸਾਲ ਦੀਆਂ ਬੱਚੀਆਂ ਲਈ ਲਗਾਇਆ ਗਿਆ ਮੁਫ਼ਤ ਐਚਪੀਵੀ ਟੀਕਾਕਰਨ ਕੈਂਪ ਰਿਹਾ। ਇਸ ਦੌਰਾਨ ਲਗਭਗ 200 ਵੈਕਸੀਨ ਖ਼ੁਰਾਕਾਂ 'ਪਹਿਲਾਂ ਆਓ, ਪਹਿਲਾਂ ਪਾਓ' ਦੇ ਆਧਾਰ 'ਤੇ ਬੱਚੀਆਂ ਨੂੰ ਲਗਾਈਆਂ ਗਈਆਂ। ਇਸ ਦੇ ਨਾਲ ਹੀ ਲੋਕਾਂ ਨੂੰ ਐਚਪੀਵੀ-ਡੀਐਨਏ ਸੈਲਫ ਟੈਸਟਿੰਗ ਬਾਰੇ ਵੀ ਜਾਗਰੂਕ ਕੀਤਾ ਗਿਆ। ਮਾਹਿਰਾਂ ਅਨੁਸਾਰ, ਇਹ ਵੈਕਸੀਨ 'ਹਿਊਮਨ ਪੈਪੀਲੋਮਾ ਵਾਇਰਸ' ਤੋਂ ਬਚਾਅ




ਦਾ ਇੱਕ ਬਹੁਤ ਹੀ ਕਾਰਗਰ ਤਰੀਕਾ ਹੈ। ਇਹ ਵਾਇਰਸ ਚਮੜੀ ਅਤੇ ਜਿਨਸੀ ਸੰਪਰਕ ਰਾਹੀਂ ਫੈਲ ਸਕਦਾ ਹੈ, ਜੋ ਔਰਤਾਂ ਵਿੱਚ ਸਰਵਾਈਕਲ (ਗਰਦਨ ਦੇ ਬੱਚੇਦਾਨੀ) ਕੈਂਸਰ ਦਾ ਮੁੱਖ ਕਾਰਨ ਬਣਦਾ ਹੈ। ਇਸ ਤੋਂ ਇਲਾਵਾ, ਇਹ ਵਾਇਰਸ ਮਰਦਾਂ ਅਤੇ ਔਰਤਾਂ ਦੋਵਾਂ ਵਿੱਚ ਗਲੇ ਅਤੇ ਹੋਰ ਅੰਗਾਂ ਦੇ ਕੈਂਸਰ ਦਾ ਖ਼ਤਰਾ ਵੀ ਪੈਦਾ ਕਰਦਾ ਹੈ। ਇਹ ਵੈਕਸੀਨ ਸਰੀਰ ਦੀ ਇਮਿਊਨ ਸਿਸਟਮ ਨੂੰ ਮਜ਼ਬੂਤ ਕਰਦੀ ਹੈ ਤਾਂ ਜੋ ਭਵਿੱਖ ਵਿੱਚ ਅਜਿਹੇ ਗੰਭੀਰ ਇਨਫੈਕਸ਼ਨਾਂ ਤੋਂ ਬਚਿਆ ਜਾ ਸਕੇ। ਪ੍ਰੋਗਰਾਮ ਦੌਰਾਨ ਮੂੰਹ, ਛਾਤੀ, ਸਰਵਾਈਕਲ ਅਤੇ ਪ੍ਰੋਸਟੇਟ ਕੈਂਸਰ ਦੀ ਮੁਫ਼ਤ ਸਕ੍ਰੀਨਿੰਗ ਕੀਤੀ ਗਈ। ਇਸ ਦੇ ਨਾਲ ਹੀ ਔਰਤਾਂ ਨੂੰ ਛਾਤੀ ਦੀ ਜਾਂਚ ਖ਼ੁਦ ਕਰਨ ਦੀ ਸਿਖਲਾਈ ਵੀ ਦਿੱਤੀ ਗਈ। ਡਾ. ਸਵਿਤਾ ਅਰੋੜਾ (ਡਾਇਰੈਕਟਰ,: ਉਨ੍ਹਾਂ ਕਿਹਾ ਕਿ ਕੈਂਸਰ ਦੀ ਸਮੇਂ ਸਿਰ ਪਛਾਣ ਕਰਕੇ ਲੱਖਾਂ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਸਾਡਾ ਮਕਸਦ ਕੈਂਸਰ ਦੀ ਰੋਕਥਾਮ ਨੂੰ ਇੱਕ ਜਨ-ਅੰਦੋਲਨ ਬਣਾਉਣਾ ਹੈ। ਡਾ. ਪ੍ਰਗਿਆ ਸ਼ੁਕਲਾ (ਵਿਭਾਗ ਮੁਖੀ, ਕਲੀਨਿਕਲ ਓਨਕੋਲੋਜੀ): ਉਨ੍ਹਾਂ ਦੱਸਿਆ ਕਿ ਨਿਯਮਤ ਸਕ੍ਰੀਨਿੰਗ ਨਾਲ ਕੈਂਸਰ ਦਾ ਸ਼ੁਰੂਆਤੀ ਪੜਾਅ 'ਤੇ ਪਤਾ ਲਗਾਇਆ ਜਾ ਸਕਦਾ ਹੈ, ਜਿਸ ਨਾਲ ਇਲਾਜ ਦੇ ਸਫਲ ਹੋਣ ਦੀ ਸੰਭਾਵਨਾ ਵੱਧ ਜਾਂਦੀ ਹੈ। ਉਨ੍ਹਾਂ ਨੇ ਮਾਪਿਆਂ ਨੂੰ ਆਪਣੀਆਂ ਬੇਟੀਆਂ ਦਾ ਟੀਕਾਕਰਨ ਕਰਵਾਉਣ ਦੀ ਅਪੀਲ ਕੀਤੀ। ਸੰਸਥਾ ਨੇ ਭਵਿੱਖ ਵਿੱਚ ਵੀ ਅਜਿਹੇ ਕਮਿਊਨਿਟੀ ਸਿਹਤ ਪ੍ਰੋਗਰਾਮ ਜਾਰੀ ਰੱਖਣ ਦਾ ਅਹਿਦ ਲਿਆ ਹੈ ਤਾਂ ਜੋ ਦੇਸ਼ ਨੂੰ ਕੈਂਸਰ ਮੁਕਤ ਬਣਾਉਣ ਵਿੱਚ ਮਦਦ ਮਿਲ ਸਕੇ।

# ਪਰਾਲੀ ਦਾ ਧੂੰਆਂ ਉੱਠਣ ਤੋਂ ਪਹਿਲਾਂ ਹੀ ਪੰਜਾਬ ਅਲਰਟ, ਇਸ ਵਾਰ ਡਰੋਨ ਨਾਲ ਹੋਵੇਗੀ ਖੇਤਾਂ ਦੀ ਨਿਗਰਾਨੀ

**ਕੌਮੀ ਪਤ੍ਰਿਕਾ**

ਚੰਡੀਗੜ੍ਹ 1 ਅਗਸਤ। ਪੰਜਾਬ ਵਿੱਚ ਝੋਨੇ ਦੀ ਕਟਾਈ ਅਤੇ ਪਰਾਲੀ ਸਾੜਨ ਦਾ ਸੀਜ਼ਨ ਵੀ ਸ਼ੁਰੂ ਨਹੀਂ ਹੋਇਆ ਹੈ ਪਰ ਇਸ ਵਾਰ ਪ੍ਰਦੂਸ਼ਣ ਨਾਲ ਨਜਿੱਠਣ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਮਿਸ਼ਨ ਫਾਰ ਏਅਰ ਕੁਆਲਿਟੀ ਮੈਨੇਜਮੈਂਟ ਨੇ ਪੰਜਾਬ ਸਰਕਾਰ ਨੂੰ ਆਉਣ ਵਾਲੇ ਸੀਜ਼ਨ ਲਈ ਡਰੋਨ ਆਧਾਰਿਤ ਨਿਗਰਾਨੀ ਪ੍ਰਣਾਲੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸ ਦਾ ਉਦੇਸ਼ ਪਰਾਲੀ ਸਾੜਨ 'ਤੇ ਕਾਰਵਾਈ ਕਰਨਾ ਨਹੀਂ ਹੈ, ਸਗੋਂ ਖੇਤ 'ਚ ਅੱਗ ਲੱਗਣ 'ਤੇ ਪ੍ਰਸ਼ਾਸਨ ਨੂੰ ਤੁਰੰਤ ਸੂਚਨਾ ਦੇ ਕੇ ਉਸੇ ਸਮੇਂ ਦਖਲ ਦੇਣਾ ਹੈ। ਦਰਅਸਲ, ਪਿਛਲੇ ਕੁਝ ਸਾਲਾਂ ਦੇ ਤਜ਼ਰਬੇ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਸਿਰਫ ਸੈਟੇਲਾਈਟ ਨਿਗਰਾਨੀ 'ਤੇ ਭਰੋਸਾ ਕਰਨਾ ਕਾਫ਼ੀ ਨਹੀਂ ਹੈ। ਕਈ ਅਧਿਐਨਾਂ ਤੋਂ ਪਤਾ ਲੱਗਾ ਹੈ ਕਿ ਕਿਸਾਨਾਂ ਨੇ ਸ਼ਾਮ ਨੂੰ ਜਾਂ ਰਾਤ ਨੂੰ ਪਰਾਲੀ ਨੂੰ ਅੱਗ ਲਾਉਣੀ ਸ਼ੁਰੂ ਕਰ ਦਿੱਤੀ ਹੈ, ਜਿਸ ਕਾਰਨ ਕਈ ਘਟਨਾਵਾਂ ਸੈਟੇਲਾਈਟ ਤੋਂ ਅਣਜਾਣ ਰਹਿ ਗਈਆਂ ਹਨ। ਇਸ ਦੀ ਸੂਚਨਾ ਪ੍ਰਸ਼ਾਸਨ ਤੱਕ ਪਹੁੰਚਣ 'ਚ ਵੀ ਸਮਾਂ ਲੱਗ ਗਿਆ ਅਤੇ ਟੀਮਾਂ ਦੇ ਮੌਕੇ 'ਤੇ ਪਹੁੰਚਣ ਤੱਕ ਅੱਗ 'ਤੇ ਕਾਬੂ ਪਾ ਲਿਆ ਗਿਆ, ਇਸ ਚੁਣੌਤੀ ਨੂੰ ਧਿਆਨ 'ਚ ਰੱਖਦੇ ਹੋਏ ਇਸ ਵਾਰ ਪੂਰੀ ਨਿਗਰਾਨੀ ਰਣਨੀਤੀ ਨੂੰ ਬਦਲਣ ਦੀ ਤਿਆਰੀ ਕੀਤੀ ਜਾ ਰਹੀ ਹੈ। CAQM ਨੇ ਮਈ ਵਿੱਚ ਪਟਿਆਲਾ ਜ਼ਿਲ੍ਹੇ ਵਿੱਚ ਡਰੋਨ ਦਾ ਇੱਕ ਪਾਇਲਟ ਪ੍ਰੋਜੈਕਟ ਚਲਾਇਆ ਸੀ। ਕਮਿਸ਼ਨ ਅਨੁਸਾਰ, ਡਰੋਨਾਂ ਨੇ ਫੀਲਡ ਫਾਇਰ ਨੂੰ ਵਧੇਰੇ ਸਹੀ ਅਤੇ ਤੇਜ਼ੀ ਨਾਲ ਪਛਾਣਨ ਵਿੱਚ ਮਦਦ ਕੀਤੀ। ਇਸ ਨਾਲ ਮੌਕੇ 'ਤੇ ਮੌਜੂਦ ਟੀਮਾਂ ਨੂੰ ਤੁਰੰਤ ਸੂਚਿਤ ਕਰਕੇ ਕਾਰਵਾਈ ਕੀਤੀ ਜਾ ਸਕੀ। ਇਸ ਤਜ਼ਰਬੇ ਦੇ ਆਧਾਰ 'ਤੇ ਹੁਣ ਪੰਜਾਬ ਅਤੇ ਹਰਿਆਣਾ ਦੋਵਾਂ ਰਾਜਾਂ ਵਿਚ ਡਰੋਨ ਆਧਾਰਿਤ



ਨਿਗਰਾਨੀ ਪ੍ਰਣਾਲੀ ਨੂੰ ਲਾਗੂ ਕਰਨ ਲਈ ਤਿਆਰੀਆਂ ਸ਼ੁਰੂ ਕਰਨ ਲਈ ਕਿਹਾ ਗਿਆ ਹੈ। ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਇਸ ਦੀ ਸ਼ੁਰੂਆਤ ਉਨ੍ਹਾਂ ਜ਼ਿਲ੍ਹਿਆਂ ਤੋਂ ਕੀਤੀ ਜਾਵੇਗੀ ਜਿੱਥੇ ਹਰ ਸਾਲ ਪਰਾਲੀ ਸਾੜਨ ਦੀਆਂ ਸਭ ਤੋਂ ਵੱਧ ਘਟਨਾਵਾਂ ਸਾਹਮਣੇ ਆਉਂਦੀਆਂ ਹਨ। ਇਸਦੇ ਲਈ ਵਿਸਤ੍ਰਿਤ ਸਟੈਂਡਰਡ ਓਪਰੇਟਿੰਗ ਪ੍ਰਕਿਰਿਆ ਤਿਆਰ ਕੀਤੀ ਜਾਵੇਗੀ। ਇਸ ਵਿੱਚ ਇਹ ਤੈਅ ਕੀਤਾ ਜਾਵੇਗਾ ਕਿ ਕਿੰਨੇ ਡਰੋਨ ਤਾਇਨਾਤ ਕੀਤੇ ਜਾਣਗੇ, ਕੌਣ ਉਨ੍ਹਾਂ ਨੂੰ ਚਲਾਏਗਾ ਅਤੇ ਪੂਰੀ ਨਿਗਰਾਨੀ ਪ੍ਰਣਾਲੀ ਕਿਵੇਂ ਕੰਮ ਕਰੇਗੀ। ਇਹ ਤਿਆਰੀ ਪੰਜਾਬ ਲਈ ਵੀ ਮਹੱਤਵਪੂਰਨ ਮੰਨੀ ਜਾਂਦੀ ਹੈ ਕਿਉਂਕਿ ਹਰ ਸਾਲ ਝੋਨੇ ਦੀ ਕਟਾਈ ਤੋਂ ਬਾਅਦ ਸੂਬੇ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਕੌਮੀ ਰਾਜਧਾਨੀ ਖੇਤਰ ਦੀ ਹਵਾ ਦੀ ਗੁਣਵੱਤਾ ਨੂੰ ਵੀ ਪ੍ਰਭਾਵਿਤ ਕਰਦੀਆਂ ਹਨ। ਭਾਰਤੀ ਖੇਤੀ ਖੋਜ ਸੰਸਥਾ (ਆਈਏਆਰਆਈ) ਦੇ ਅੰਕੜਿਆਂ ਅਨੁਸਾਰ, ਪੰਜਾਬ ਵਿੱਚ 1 ਅਪ੍ਰੈਲ ਤੋਂ 31 ਮਈ, 2026 ਦਰਮਿਆਨ ਪਰਾਲੀ ਸਾੜਨ ਦੀਆਂ 9,806 ਘਟਨਾਵਾਂ ਦਰਜ ਕੀਤੀਆਂ ਗਈਆਂ, ਜਦੋਂ ਕਿ ਪਿਛਲੇ ਸਾਲ ਇਸ ਸਮੇਂ ਦੌਰਾਨ ਇਹ ਗਿਣਤੀ 10,207 ਸੀ। ਭਾਵ ਹਾੜੀ ਦੇ ਸੀਜ਼ਨ 'ਚ ਕਰੀਬ 3.9 ਫੀਸਦੀ ਦੀ ਕਮੀ ਦਰਜ ਕੀਤੀ ਗਈ। ਹਾਲਾਂਕਿ, ਅਸਲ ਚੁਣੌਤੀ ਸਾਉਣੀ ਦੇ ਸੀਜ਼ਨ ਵਿੱਚ ਬਣੀ ਹੋਈ ਹੈ। ਪਿਛਲੇ ਸਾਉਣੀ ਸੀਜ਼ਨ (ਸਤੰਬਰ-ਨਵੰਬਰ) ਦੌਰਾਨ ਪੰਜਾਬ ਵਿੱਚ 10,909 ਘਟਨਾਵਾਂ ਦਰਜ ਕੀਤੀਆਂ ਗਈਆਂ ਸਨ।

# ਪੇਂਡੂ ਆਜੀਵਿਕਾ ਮਿਸ਼ਨ ਦੀ ਭਰਤੀ 'ਤੇ ਭਾਜਪਾ ਨੇ ਚੁੱਕੇ ਸਵਾਲ, ਸੁਨੀਲ ਜਾਖੜ ਨੇ ਸਰਕਾਰ ਤੋਂ ਮੰਗਿਆ ਜਵਾਬ

ਚੰਡੀਗੜ੍ਹ 1 ਅਗਸਤ। ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ ਵਿੱਚ ਭਰਤੀ ਪ੍ਰਕਿਰਿਆ ਨੂੰ ਲੈ ਕੇ ਭਾਜਪਾ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਸਵਾਲ ਚੁੱਕੇ ਹਨ। ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਨੇ ਇੰਟਰਨੈੱਟ ਮੀਡੀਆ ਪਲੇਟਫਾਰਮ 'ਤੇ ਪੋਸਟ ਕਰਦਿਆਂ ਕਿਹਾ ਕਿ ਸਖ਼ਤ ਇਮਾਨਦਾਰੀ ਦਾ ਦਾਅਵਾ ਕਰਨ ਵਾਲੀ ਸਰਕਾਰ ਦੇ ਸ਼ਾਸਨ 'ਚ ਭਰਤੀ ਪ੍ਰਕਿਰਿਆ 'ਤੇ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ। ਜਾਖੜ ਨੇ ਕਿਹਾ ਕਿ ਇਹ ਮਾਮਲਾ ਉਦੋਂ ਸਾਹਮਣੇ ਆਇਆ ਜਦੋਂ ਭਰਤੀ ਪ੍ਰਕਿਰਿਆ ਵਿੱਚ ਸ਼ਾਮਲ ਇੱਕ ਉਮੀਦਵਾਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਪਹੁੰਚਿਆ। ਉਨ੍ਹਾਂ ਮੁਤਾਬਕ ਅਦਾਲਤ ਨੇ ਮਾਮਲੇ ਦੀ ਨਿਰਪੱਖ ਜਾਂਚ ਕਰਨ ਲਈ ਜਾਂਚ ਕਮੇਟੀ ਦਾ ਗਠਨ ਕੀਤਾ ਹੈ। ਉਨ੍ਹਾਂ ਕਿਹਾ ਕਿ ਹੁਣ ਜਾਂਚ ਦੌਰਾਨ ਸਾਰਾ ਸੱਚ ਸਾਹਮਣੇ ਆਉਣ ਦੀ ਉਮੀਦ ਹੈ। ਸਰਕਾਰ ਨੂੰ ਕਈ ਸਵਾਲ ਪੁੱਛਦਿਆਂ ਭਾਜਪਾ ਆਗੂ ਨੇ ਕਿਹਾ ਕਿ ਜੇਕਰ ਭਰਤੀ ਵਿਚ ਕਥਿਤ ਬੇਨਿਯਮੀਆਂ ਹੋਈਆਂ ਹਨ



ਤਾਂ ਇਹ ਕਿਸ ਦੀ ਸਰਪ੍ਰਸਤੀ ਜਾਂ ਸਿਫ਼ਾਰਸ਼ 'ਤੇ ਹੋਈਆਂ ਹਨ? ਉਨ੍ਹਾਂ ਸਵਾਲ ਕੀਤਾ ਕਿ ਕੀ ਸਰਕਾਰ ਇਸ ਮਾਮਲੇ ਵਿੱਚ ਜ਼ਿੰਮੇਵਾਰ ਅਧਿਕਾਰੀਆਂ ਜਾਂ ਹੋਰ ਸਬੰਧਤ ਲੋਕਾਂ ਨੂੰ ਜ਼ਿੰਮੇਵਾਰ ਠਹਿਰਾਏਗੀ। ਨਾਲ ਹੀ ਸਵਾਲ ਵੀ ਚੁੱਕਿਆ ਗਿਆ ਕਿ ਕੀ ਇਸ ਮਾਮਲੇ ਦੀ ਨੈਤਿਕ ਜ਼ਿੰਮੇਵਾਰੀ ਲੈਂਦਿਆਂ ਸਬੰਧਤ ਮੰਤਰੀ ਦਾ ਅਸਤੀਫਾ ਲਿਆ ਜਾਵੇਗਾ। ਜਾਖੜ ਨੇ ਕਿਹਾ ਕਿ ਸਰਕਾਰ ਨੂੰ ਇਸ ਪੂਰੇ ਮਾਮਲੇ 'ਤੇ ਸਪੱਸ਼ਟ ਜਵਾਬ ਦੇਣਾ ਚਾਹੀਦਾ ਹੈ ਤਾਂ ਜੋ ਭਰਤੀ ਪ੍ਰਕਿਰਿਆ ਦੀ ਪਾਰਦਰਸ਼ਤਾ 'ਤੇ ਉੱਠ ਰਹੇ ਸਵਾਲਾਂ ਦਾ ਹੱਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੇ ਭਵਿੱਖ ਨਾਲ ਜੁੜੇ ਮਾਮਲਿਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਬੇਨਿਯਮੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ ਅਤੇ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਖ਼?ਲਾਫ਼ ਕਾਰਵਾਈ ਕੀਤੀ ਜਾਵੇ।

# ਜਥੇਦਾਰ ਵੱਲੋਂ ਬੇਅਦਬੀ ਕਾਨੂੰਨ ਮਾਮਲੇ 'ਚ ਵਿਧਾਨਸਭਾ ਦੇ ਸਪੀਕਰ, ਕੈਬਨਿਟ ਮੰਤਰੀਆਂ ਅਤੇ ਵਿਧਾਇਕਾਂ ਨੂੰ ਲਿਖੇ ਪੱਤਰ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 1 ਅਗਸਤ। ਪੰਜਾਬ ਸਰਕਾਰ ਵੱਲੋਂ ਬਣਾਏ ਗਏ 'ਦਾ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026' ਦੇ ਚੱਲ ਰਹੇ ਮਾਮਲੇ ਦੇ ਸਬੰਧ ਵਿਚ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਆਦੇਸ਼ ਅਨੁਸਾਰ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਨੂੰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਆਦੇਸ਼ ਪੱਤਰ ਲਿ?ਖਿਆ ਗਿਆ। ਇਹ ਪੱਤਰ ਜਥੇਦਾਰ ਦੇ ਆਦੇਸ਼ 'ਤੇ ਸਕੱਤਰੇਤ ਦੇ ਇੰਚਾਰਜ ਬਗੀਚਾ ਸਿੰਘ ਵੱਲੋਂ ਲਿ?ਖਿਆ ਗਿਆ ਹੈ। ਜਿਸ ਵਿਚ ਪੰਜਾਬ ਵਿਧਾਨਸਭਾ ਦੇ ਸਪੀਕਰ ਕੁਲਤਾਰ ਸਿੰਘ ਨੂੰ ਲਿ?ਖਿਆ ਕਿ ਪੰਜਾਬ ਸਰਕਾਰ ਵੱਲੋਂ ਬਣਾਏ ਗਏ 'ਦਾ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ 2026 ਦੇ ਸਬੰਧ ਵਿਚ ਜੋ ਮਾਮਲਾ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਚੱਲ ਰਿਹਾ ਹੈ, ਇਸ ਦੇ ਸੰਦਰਭ ਵਿਚ ਆਪ ਨੂੰ ਪਹਿਲਾਂ ਭੇਜੇ ਗਏ ਪੱਤਰ ਨੰ: ਅ:ਤ/26/187 ਮਿਤੀ 4 ਜੁਲਾਈ 2026 ਦੀ ਨਿਰੰਤਰਤਾ ਵਿਚ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ ਅਨੁਸਾਰ ਲਿ?ਖਿਆ ਜਾਂਦਾ ਹੈ ਕਿ ਸਰਕਾਰ ਨੇ ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਰਾਹੀਂ ਜੋ ਮਿਤੀ 29 ਜੁਲਾਈ 2026 ਨੂੰ ਆਪਣਾ ਜਵਾਬ ਭੇਜਿਆ ਹੈ ਉਹ ਤਸੱਲੀਬਖ਼ਸ਼ ਨਹੀਂ ਹੈ, ਇਸ ਲਈ ਉਸ ਨੂੰ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਸਰਕਾਰ ਦੇ ਜਵਾਬ ਤੋਂ ਇਹ ਸਪੱਸ਼ਟ ਹੈ ਕਿ ਉਹ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਭੇਜੇ ਗਏ ਇਤਰਾਜ਼ਾਂ ਅਤੇ ਅਹਿਮ ਨੁਕਤਿਆਂ ਦੀ ਭਾਵਨਾ ਅਨੁਸਾਰ ਕਾਨੂੰਨ ਵਿਚ ਵਧੇਰੀ ਸੋਧ ਕਰਨ ਨੂੰ ਤਿਆਰ ਨਹੀਂ ਹੈ। 29 ਜੂਨ 2026 ਨੂੰ ਆਪ ਸਮੇਤ ਪੰਜਾਬ ਵਿਧਾਨਸਭਾ ਦੇ ਬਾਕੀ ਸਿੱਖ ਵਿਧਾਇਕ ਅਤੇ ਕੈਬਨਿਟ ਮੰਤਰੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਜੋ ਸਹਿਮਤੀ ਦੇ ਕੇ ਗਏ ਸਨ, ਸਰਕਾਰ ਦੇ ਜਵਾਬ ਵਿਚ ਉਸ ਦੀ ਭਾਵਨਾ ਪੂਰੀ ਨਹੀਂ ਹੁੰਦੀ। ਜਵਾਬ ਭੇਜਣ ਤੋਂ ਪਹਿਲਾਂ ਸਰਕਾਰ ਨੇ ਇੱਕ ਮਹੀਨੇ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਤਾਲਮੇਲ ਦਾ ਕੋਈ ਰਾਹ ਵੀ ਨਹੀਂ ਖੋਲ੍ਹਿਆ। ਉਕਤ ਦੇ ਮੱਦੇਨਜ਼ਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਰਫ ਸਰਕਾਰ ਨਾਲ ਅਗਾਂਹ ਗੱਲਬਾਤ ਜਾਰੀ ਰੱਖਣ ਅਤੇ ਸਹਿਮਤੀ ਬਣਾਉਂਣ ਲਈ ਇੱਕ ਕਮੇਟੀ ਗਠਤ ਕੀਤੀ ਗਈ ਹੈ, ਜਿਸ ਵਿਚ ਜਸਟਿਸ (ਸੇਵਾਮੁਕਤ) ਰੁਪਿੰਦਰ ਸਿੰਘ ਸੋਢੀ, ਜਸਟਿਸ (ਸੇਵਾਮੁਕਤ) ਮੋਹਿੰਦਰ ਮੋਹਨ ਸਿੰਘ ਬੇਦੀ, ਸੀਨੀਅਰ ਐਡਵੋਕੇਟ ਪੂਰਨ ਸਿੰਘ ਹੁੰਦਲ, ਸਿੱਖ ਵਿਦਵਾਨ ਡਾ. ਕੇਹਰ ਸਿੰਘ ਪਟਿਆਲਾ, ਪ੍ਰੋ. ਜਗਮੋਹਨ ਸਿੰਘ ਲੁਧਿਆਣਾ ਅਤੇ ਸ਼?ਰੋਮਣੀ ਕਮੇਟੀ ਦੇ ਚੰਡੀਗੜ੍ਹ ਸਬ-ਦਫ਼ਤਰ ਵਿਖੇ ਵਧੀਕ ਸਕੱਤਰ ਲਖਵੀਰ ਸਿੰਘ ਕੋਆਰਡੀਨੇਟਰ ਵਜੋਂ ਸ਼ਾਮਲ ਹਨ। ਸਰਕਾਰ ਇਸ ਕਮੇਟੀ ਨਾਲ ਰਾਬਤਾ ਕਾਇਮ ਕਰਕੇ ਕਾਨੂੰਨ ਸਬੰਧੀ ਸਹਿਮਤੀ ਬਣਾ ਲਵੇ ਅਤੇ ਇਹ ਕਾਰਜ ਦੋ ਮਹੀਨਿਆਂ ਦੇ ਅੰਦਰ ਕੀਤਾ ਜਾਵੇ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸੰਵਾਦ ਦਾ ਰਾਹ ਅਜੇ ਵੀ ਖੁੱਲ੍ਹਾ ਹੈ ਪਰ ਸਰਕਾਰ ਸਾਫ ਨਿਯਤ ਨਾਲ ਅੱਗੇ ਵਧੇ ਨਾ ਕਿ ਕਿਸੇ ਤਰ੍ਹਾਂ ਦੀ ਚਲਾਕੀ ਵਰਤੇ। ਸ੍ਰੀ ਅਕਾਲ ਤਖ਼ਤ ਸਾਹਿਬ ਦੀਆਂ ਚਿੰਤਾਵਾਂ ਸਰਕਾਰ ਜਾਂ ਸਿਆਸਤ ਨੂੰ ਲੈ ਕੇ ਨਹੀਂ ਹਨ, ਪਰੰਤੂ ਕਈ ਵਾਰ ਅਸੀਂ ਚੰਗਾ ਕਰਦਿਆਂ ਮਾੜਾ ਜਿਆਦਾ ਕਰ ਜਾਂਦੇ ਹਾਂ। ਜਿਹੜੀਆਂ ਧਿਰਾਂ ਨੇ ਟੀਏਡੀਏ ਤੇ ਯੂਏਪੀਏ ਵਰਗੇ ਕਾਨੂੰਨ ਲਿਆਂਦੇ, ਮਗਰੋਂ ਉਨ੍ਹਾਂ ਦੇ



ਸਮਰਥਕਾਂ ਨੂੰ ਹੀ ਇਨ੍ਹਾਂ ਕਾਨੂੰਨਾਂ ਦੀ ਦੁਰਵਰਤੋਂ ਨਾਲ ਫਸਾਇਆ ਗਿਆ। ਇਸ ਕਰਕੇ ਸਾਡੀ ਚਿੰਤਾ ਭਵਿੱਖ ਦੀ ਹੈ, ਇਸ ਸਵਾਲ ਦਾ ਜਵਾਬ ਭਵਿੱਖ ਵਿਚ ਹੈ ਕਿ ਕੀ ਇਸ ਕਾਨੂੰਨ ਨਾਲ ਬੇਅਦਬੀਆਂ ਦਾ ਵਰਤਾਰਾ ਰੁਕੇਗਾ ਜਾਂ ਨਹੀਂ। ਪਰ ਇਹ ਤਾਂ ਸਾਡਾ ਤਜਰਬਾ ਹੈ ਕਿ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਭਾਵੇਂ ਰਾਜ ਜਾਂ ਕੇਂਦਰ ਸਰਕਾਰ ਦੀਆਂ ਹੋਣ, ਉਹਨਾਂ ਦੀ ਕੋਸ਼ਿਸ਼ ਬੇਅਦਬੀ ਦੇ ਅਸਲੀ ਦੋਸ਼ੀਆਂ ਨੂੰ ਬਚਾਉਂਣ ਦੀ ਰਹੀ ਹੈ। ਅਜਿਹੇ ਵਿਚ ਇਹ ਭਰੋਸਾ ਕਿਵੇਂ ਕਰ ਲਈਏ ਕਿ ਉਹੀ ਏਜੰਸੀਆਂ ਭਵਿੱਖ ਵਿਚ ਬੇਅਦਬੀਆਂ ਦੇ ਬਹਾਨੇ ਸਿੱਖਾਂ ਵਿਰੁੱਧ ਇਸੇ ਕਾਨੂੰਨ ਦੀ ਦੁਰਵਰਤੋਂ ਨਹੀਂ ਕਰਨਗੀਆਂ। ਜੇ ਅਜਿਹਾ ਹੁੰਦਾ ਹੈ ਤਾਂ ਅੱਜ ਜੋ ਪੰਜਾਬ ਵਿਧਾਨਸਭਾ ਵਿਚ ਬੈਠੇ ਹਨ, ਉਹਨਾਂ ਦੇ ਪੱਲੇ ਕੇਵਲ ਪਛਤਾਵਾ ਰਹਿ ਜਾਵੇਗਾ। ਇਸ ਕਰਕੇ ਜ਼ਰੂਰੀ ਹੈ ਕਿ ਇਸ ਕਾਨੂੰਨ ਦੇ ਮਸਲੇ ਨੂੰ ਮੌਜੂਦਾ ਸਿਆਸਤ 'ਚੋਂ ਬਾਹਰ ਨਿਕਲ ਕੇ ਦੇਖਿਆ ਤੇ ਸਮਝਿਆ ਜਾਵੇ। ਜਿੰਨਾ ਚਿਰ ਅਸੀਂ ਸਿਆਸੀ ਤੌਰ 'ਤੇ ਨਿਰਪੱਖ ਹੋ ਕੇ ਇਸ ਕਾਨੂੰਨ ਨੂੰ ਨਹੀਂ ਦੇਖਦੇ, ਓਨਾ ਚਿਰ ਸਾਨੂੰ ਇਸ ਕਾਨੂੰਨ ਦਾ ਕੋਝਾਪਣ ਨਜ਼ਰ ਨਹੀਂ ਆਵੇਗਾ। ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਹ ਜਾਣਕਾਰੀ ਵੀ ਪੁੱਜੀ ਹੈ ਕਿ ਪੰਜਾਬ ਸਰਕਾਰ ਵੱਲੋਂ ਵਿਧਾਨਸਭਾ ਦਾ ਜੋ ਸੈਸ਼ਨ 3 ਅਗਸਤ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ ਉਸ ਦੌਰਾਨ 'ਦਾ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026 ਵਿਚ ਵਧੇਰੀ ਸੋਧ ਕੀਤੀ ਜਾ ਸਕਦੀ ਹੈ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਆਪ ਨੂੰ ਤਾਕੀਦ ਕੀਤੀ ਹੈ ਕਿ ਤੁਸੀਂ ਬਤੌਰ ਸਿੱਖ ਆਪਣਾ ਫਰਜ਼ ਪਛਾਣੋ ਅਤੇ ਸਰਕਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਦਰਜ ਕਰਵਾਈਆਂ ਸਿੱਖ ਤਾਵਨਾਵਾਂ ਅਨੁਸਾਰ ਕਾਨੂੰਨ ਵਿੱਚ ਸੋਧ ਕਰਨ ਲਈ ਆਖੋ ਅਤੇ ਵਿਧਾਨ ਸਭਾ ਦੇ 3 ਅਗਸਤ ਤੋਂ ਸ਼ੁਰੂ ਹੋਣ ਵਾਲੇ ਸੈਸ਼ਨ ਵਿੱਚ ਇਹ ਯਕੀਨੀ ਬਣਾਉਣਾ ਹੈ ਕਿ ਜਦੋਂ ਤੱਕ ਇਸ ਕਾਨੂੰਨ ਦੇ ਮਸਲੇ ਉੱਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸ਼?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਹਿਮਤੀ ਨਹੀਂ ਬਣ ਜਾਂਦੀ ਉਦੋਂ ਤੱਕ ਤੁਹਾਡੇ ਵੱਲੋਂ ਕਾਨੂੰਨ ਵਿਚ ਕੀਤੀ ਜਾਣ ਵਾਲੀ ਵਧੇਰੀ ਸੋਧ ਨੂੰ ਕੋਈ ਸਹਿਮਤੀ ਨਹੀਂ ਦਿੱਤੀ ਜਾਵੇਗੀ। ਵਿਧਾਨ ਸਭਾ ਅੰਦਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਭਾਵਨਾ ਅਨੁਸਾਰ ਪੱਖ ਰੱਖਣਾ ਆਪ ਦੀ ਧਾਰਮਿਕ ਜ਼ਿੰਮੇਵਾਰੀ ਹੋਵੇਗੀ।